25-OCT-PAGE-1.qxd 10/24/2025 9:12 PM Page 1

ਸ਼ਨੀਵਾਰ, 25 ਅਕਤੂਬਰ, 2025, 9 ਕੱਤਕ, ਨਾਨਕਸ਼ਾਹੀ 557, ਬਿਕਰਮੀ 2082, ਜਿਲਦ/VOL. : 74, ਅੰਕ/NO. : 144

ਰੋਜ਼ਾਨਾ

# ਨਵਾਂ ਜ਼ਮਾਨਾ

ਜਲੰਧਰ


DAILY NAWAN ZAMANA • SATURDAY, 25 OCTOBER, 2025

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 ਸਫ਼ੇ : 12

## ਮਰਨ ਤੋਂ ਪਹਿਲਾਂ ਹੱਥ 'ਤੇ ਲਿਖ ਕੇ ਗਈ ਜਬਰ-ਜ਼ਨਾਹ ਦੀ ਦਾਸਤਾਨ

### ਮਹਾਰਾਸ਼ਟਰ ਦੀ ਡਾਕਟਰ ਬਣੀ ਦੋ ਪੁਲਸੀਆਂ ਦੀ ਧੱਕੇਸ਼ਾਹੀ ਦਾ ਸ਼ਿਕਾਰ

**ਪੁਣੇ** : ਮਹਾਰਾਸ਼ਟਰ ਦੇ ਸਤਾਰਾ ਜ਼ਿਲ੍ਹੇ ਵਿੱਚ ਇੱਕ ਸਰਕਾਰੀ ਹਸਪਤਾਲ ਦੀ ਮਹਿਲਾ ਡਾਕਟਰ ਨੇ ਖੁਦਕੁਸ਼ੀ ਕਰ ਲਈ ਅਤੇ ਖੁਦਕੁਸ਼ੀ ਨੋਟ ਵਿੱਚ ਦੋ ਪੁਲਸ ਕਰਮੀਆਂ 'ਤੇ ਬਲਾਤਕਾਰ ਅਤੇ ਮਾਨਸਿਕ ਤੌਰ 'ਤੇ ਪਰੇਸ਼ਾਨ ਕਰਨ ਦਾ ਦੋਸ਼ ਲਗਾਇਆ ਹੈ। ਇੱਕ ਅਧਿਕਾਰੀ ਨੇ ਦੱਸਿਆ ਕਿ ਵੀਰਵਾਰ ਦੇਰ ਰਾਤ ਫਲਟਨ ਦੇ ਇੱਕ ਹੋਟਲ ਦੇ ਕਮਰੇ ਵਿੱਚ ਪੀੜਤ ਦੀ ਲਾਸ਼ ਲਟਕਦੀ ਮਿਲੀ, ਜਿਸ ਤੋਂ ਬਾਅਦ ਪੁਲਸ ਨੂੰ ਸੂਚਿਤ ਕੀਤਾ ਗਿਆ। ਮ੍ਰਿਤਕ ਬੀਡ ਜ਼ਿਲ੍ਹੇ ਦੀ ਰਹਿਣ ਵਾਲੀ ਸੀ ਅਤੇ ਫਲਟਨ ਤਹਿਸੀਲ ਦੇ ਇੱਕ ਸਰਕਾਰੀ ਹਸਪਤਾਲ ਵਿੱਚ ਕੰਮ ਕਰਦੀ ਸੀ। ਆਪਣੀ ਹਥੇਲੀ 'ਤੇ ਲਿਖੇ ਸੁਸਾਈਡ ਨੋਟ ਵਿੱਚ ਪੀੜਤ ਨੇ ਦੋਸ਼ ਲਗਾਇਆ ਕਿ ਪਿਛਲੇ ਪੰਜ ਮਹੀਨਿਆਂ ਤੋਂ ਸਤਾਰਾ ਪੁਲਸ ਦੇ ਦੋ ਕਰਮਚਾਰੀਆਂ ਵੱਲੋਂ ਉਸ ਨਾਲ ਜਬਰ-ਜ਼ਨਾਹ ਕੀਤਾ ਗਿਆ ਅਤੇ ਮਾਨਸਿਕ ਤੌਰ 'ਤੇ ਪਰੇਸ਼ਾਨ ਕੀਤਾ ਗਿਆ। ਉਸ ਨੇ ਲਿਖਿਆ ਕਿ ਸਬ-ਇੰਸਪੈਕਟਰ ਗੋਪਾਲ ਬਦਾਨੇ ਨੇ ਕਈ ਵਾਰ ਉਸ ਨਾਲ ਜਬਰ-ਜ਼ਨਾਹ ਅਤੇ ਜਿਨਸੀ



ਸ਼ੋਸ਼ਣ ਕੀਤਾ। ਇੱਕ ਹੋਰ ਕਰਮਚਾਰੀ ਪ੍ਰਸ਼ਾਂਤ ਬਾਂਕਰ ਨੇ ਉਸ ਨੂੰ ਮਾਨਸਿਕ ਤੌਰ 'ਤੇ ਪਰੇਸ਼ਾਨ ਕੀਤਾ। ਸਤਾਰਾ ਪੁਲਸ ਅਨੁਸਾਰ ਮਾਮਲਾ ਦਰਜ ਕਰ ਲਿਆ ਹੈ ਅਤੇ ਲਾਸ਼ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਗਿਆ ਹੈ। ਪੀੜਤ ਦੇ ਹੱਥ 'ਤੇ ਲਿਖੇ ਸੁਸਾਈਡ ਨੋਟ ਵਿੱਚ ਲਾਏ ਗਏ ਦੋਸ਼ਾਂ ਦੀ ਵੀ ਜਾਂਚ ਕੀਤੀ ਜਾ ਰਹੀ ਹੈ। ਇਸ ਦੌਰਾਨ ਮਹਾਰਾਸ਼ਟਰ ਮਹਿਲਾ ਕਮਿਸ਼ਨ ਦੀ ਮੁਖੀ ਰੂਪਾਲੀ ਚਾਕਣਕਰ ਨੇ ਕਿਹਾ, 'ਅਸੀਂ ਮਾਮਲੇ ਦਾ ਨੋਟਿਸ ਲਿਆ ਹੈ ਅਤੇ ਸਤਾਰਾ ਪੁਲਸ ਨੂੰ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਕਰਨ ਦਾ ਨਿਰਦੇਸ਼ ਦਿੱਤਾ ਹੈ। ਦੋਸ਼ੀਆਂ ਦੀ ਭਾਲ ਲਈ ਟੀਮਾਂ ਤਾਇਨਾਤ ਕੀਤੀਆਂ ਗਈਆਂ ਹਨ।

ਡਾਕਟਰ ਦੇ ਚਚੇਰੇ ਭਰਾ ਨੇ ਦੋਸ਼ ਲਾਇਆ ਹੈ ਕਿ ਉਸ ਉਪਰ ਭਾਰੀ ਪੁਲਸ ਤੇ ਰਾਜਨੀਤਿਕ ਦਬਾਅ ਸੀ। ਉਸ ਨੂੰ ਫਰਜ਼ੀ ਪੋਸਟ ਮਾਰਟਮ ਰਿਪੋਰਟਾਂ ਤਿਆਰ ਕਰਨ ਲਈ ਮਜਬੂਰ ਕੀਤਾ ਜਾਂਦਾ ਸੀ। ਇੱਕ ਏਜੰਸੀ ਨਾਲ ਗੱਲਬਾਤ ਕਰਦਿਆਂ ਚਚੇਰੇ ਭਰਾ ਨੇ ਕਿਹਾ ਕਿ 'ਪਿਛਲੇ ਸਾਲ ਉਸ ਦੀ ਚਚੇਰੀ ਭੈਣ ਡਾਕਟਰ ਬਹੁਤ ਦਬਾਅ ਹੇਠ ਸੀ। ਉਸ ਨੇ ਇਸ ਸੰਬੰਧੀ ਡੀ ਸੀ ਪੀ ਨੂੰ ਸ਼ਿਕਾਇਤ ਵੀ ਕੀਤੀ ਸੀ ਪਰੰਤੂ ਕੋਈ ਕਾਰਵਾਈ ਨਹੀਂ ਹੋਈ। ਉਸ ਨੂੰ ਝੂਠੀਆਂ ਰਿਪੋਰਟਾਂ ਤਿਆਰ ਕਰਨ ਲਈ ਕਿਹਾ ਗਿਆ ਤੇ ਇਥੋਂ ਤੱਕ ਕਿ ਹਸਪਤਾਲ ਵਿੱਚ ਮਰੀਜ਼ ਦਾਖਲ ਵੀ ਨਹੀਂ ਹੋਇਆ ਪਰੰਤੂ ਉਸ ਨੂੰ ਮਰੀਜ਼ ਦੇ ਫਿੱਟ ਹੋਣ ਦੀ ਰਿਪੋਰਟ ਤਿਆਰ ਕਰਨ ਲਈ ਕਿਹਾ ਗਿਆ।'

## ਕਿਸਾਨ ਦਾ ਬੇਟੀ ਪਿਆਰ



**ਰਾਇਪੁਰ** : ਬੀਤੇ ਦਿਨ ਛੱਤੀਸਗੜ੍ਹ ਦੇ ਜਸ਼ਪੁਰ ਵਿੱਚ ਕਿਸਾਨ ਪਿਤਾ ਦੇ ਬੇਟੀ ਨਾਲ ਸਨੇਹ ਦਾ ਨਜ਼ਾਰਾ ਦੇਖਣ ਨੂੰ ਮਿਲਿਆ। ਕੇਸਰਾ ਪਿੰਡ ਦੇ ਬਜਰੰਗ ਰਾਮ ਭਗਤ ਨੇ ਬੇਟੀ ਚੰਪਾ ਨਾਲ ਸ਼ੋਅਰੂਮ ਪੁੱਜ ਕੇ ਪੁੱਛਿਆ, "ਅਸੀਂ ਸਕੂਟੀ ਲੈਣੀ ਹੈ ਤੇ ਸਾਡੇ ਕੋਲ ਸਿੱਕੇ ਹਨ। ਕੀ ਸਕੂਟੀ ਮਿਲ ਜਾਊ।" ਸਟਾਫ ਹੈਰਾਨ ਹੋਇਆ ਤੇ ਮਾਲਕ ਨੂੰ ਦੱਸਿਆ ਕਿ ਕਿਸਾਨ ਸਿੱਕਿਆਂ ਦੀ ਬੋਰੀ ਭਰ ਕੇ ਸਕੂਟੀ ਲੈਣ ਆਇਆ ਹੈ। ਮਾਲਕ ਨੇ ਕਿਸਾਨ ਦੇ ਬੇਟੀ ਪ੍ਰਤੀ ਸਨੇਹ ਨੂੰ ਦੇਖਦਿਆਂ ਕਿਹਾ ਕਿ ਸਿੱਕੇ ਚੱਲਣਗੇ ਤੇ ਸਟਾਫ ਨੂੰ ਸਿੱਕੇ ਗਿਣਨ 'ਤੇ ਲਾ ਦਿੱਤਾ। ਬੋਰੀ ਵਿੱਚੋਂ 10 ਤੇ 20 ਦੇ 40 ਹਜ਼ਾਰ ਰੁਪਏ ਦੇ ਸਿੱਕੇ ਨਿਕਲੇ, ਜਿਨ੍ਹਾਂ ਨੂੰ ਗਿਣਨ ਲਈ ਤਿੰਨ ਘੰਟੇ ਲੱਗੇ। ਬਾਕੀ ਪੈਸੇ ਉਸਨੇ ਨੋਟਾਂ ਵਿੱਚ ਦਿੱਤੇ। ਕਿਸਾਨ ਖੇਤੀਬਾੜੀ ਤੋਂ ਇਲਾਵਾ ਅੰਡਿਆਂ ਤੇ ਛੋਲਿਆਂ ਦੀ ਦੁਕਾਨ ਕਰਦਾ ਹੈ ਤੇ 98700 ਰੁਪਏ ਦੀ ਸਕੂਟੀ ਲਈ ਉਸਨੇ 6-7 ਮਹੀਨੇ 10 ਤੇ 20 ਰੁਪਏ ਦੇ ਸਿੱਕੇ ਜੋੜੇ। ਉਸਨੇ ਸਕੂਟੀ ਕੈਸ਼ ਵਿੱਚ ਖਰੀਦੀ, ਲੋਨ ਨਹੀਂ ਕਰਵਾਇਆ। ਦੀਵਾਲੀ ਮੌਕੇ ਲੱਕੀ ਡਰਾਅ ਤਹਿਤ ਉਸਦਾ ਇੱਕ ਮਿਕਸਰ ਗਰਾਈਂਡਰ ਵੀ ਨਿਕਲਿਆ। ਬੇਟੀ ਚੰਪਾ ਬੀ ਕਾਮ ਦੀ ਪੜ੍ਹਾਈ ਕਰ ਰਹੀ ਹੈ।

## ਦਿੱਲੀ 'ਚ ਹੋਵੇਗੀ ਨਕਲੀ ਬਾਰਿਸ਼

**ਚੰਡੀਗੜ੍ਹ** : ਪ੍ਰਦੂਸ਼ਣ ਘਟਾਉਣ ਲਈ ਦਿੱਲੀ ਕਲਾਊਡ ਸੀਡਿੰਗ ਰਾਹੀਂ ਆਪਣੇ ਪਹਿਲੇ ਨਕਲੀ ਮੀਂਹ ਲਈ ਤਿਆਰ ਹੈ, ਜੋ ਸੰਭਾਵਤ ਤੌਰ 'ਤੇ 29 ਅਕਤੂਬਰ ਨੂੰ ਹੋਵੇਗੀ। ਇਹ ਜਾਣਕਾਰੀ ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਵੱਲੋਂ ਸਾਂਝੀ ਕੀਤੀ ਗਈ ਹੈ। ਬੁਰਾੜੀ ਉੱਪਰ ਕੀਤੀ ਗਈ ਇੱਕ ਟਰਾਇਲ ਉਡਾਣ ਨੇ ਸਿਸਟਮ ਦੀ ਸਫਲਤਾਪੂਰਵਕ ਜਾਂਚ ਕੀਤੀ, ਜਿਸ ਵਿੱਚ ਬੱਦਲਾਂ ਵਿੱਚ ਸਿਲਵਰ ਆਇਓਡਾਈਡ ਅਤੇ ਸੋਡੀਅਮ ਕਲੋਰਾਈਡ ਛੱਡਿਆ ਗਿਆ। ਇਸ ਸੰਬੰਧੀ ਦਿੱਲੀ ਦੇ ਕੈਬਨਿਟ ਮੰਤਰੀ ਮਨਜਿੰਦਰ ਸਿੰਘ ਸਿਰਸਾ ਨੇ ਐਕਸ 'ਤੇ ਵੀਡੀਓ ਸਾਂਝੀ ਕਰਦਿਆਂ ਪ੍ਰੋਜੈਕਟ ਬਾਰੇ ਚਰਚਾ ਵੀ ਕੀਤੀ ਹੈ। ਜਾਣਕਾਰੀ ਅਨੁਸਾਰ ਇਹ ਯਤਨ ਦਿੱਲੀ ਸਰਕਾਰ ਅਤੇ ਆਈ ਆਈ ਟੀ-ਕਾਨਪੁਰ ਦੇ ਸਹਿਯੋਗ ਨਾਲ ਕੀਤਾ ਜਾ ਰਿਹਾ ਹੈ ਅਤੇ ਇਸ ਨੂੰ ਆਈ ਐੱਮ ਡੀ ਅਤੇ ਆਈ ਆਈ ਟੀ ਐੱਮ ਪੁਣੇ ਦਾ ਸਮਰਥਨ ਪ੍ਰਾਪਤ ਹੈ।







25-OCT-PAGE-1.qxd 10/24/2025 9:12 PM Page 2



## ਦਾਨੀ ਸੱਜਣਾਂ ਦੇ ਸਹਿਯੋਗ ਨਾਲ ਦੋ ਅਨਾਥ ਭਰਾਵਾਂ ਦਾ ਘਰ ਬਣਾਇਆ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਬੀਤੇ ਦਿਨ ਤੇਜ਼ ਬਾਰਸ਼ ਕਾਰਨ ਪਿੰਡ ਖਿਆਲੀ (ਬਰਨਾਲਾ) ਵਿਖੇ ਇੱਕ ਗਰੀਬ ਪਰਵਾਰ ਦੇ ਦੋ ਅਨਾਥ ਭਰਾਵਾਂ ਗੁਰਵਿੰਦਰ ਸਿੰਘ, ਬਲਜੀਤ ਸਿੰਘ ਦਾ ਘਰ ਢਹਿ ਗਿਆ ਸੀ।ਇਸ ਬਿਪਤਾ ਦੀ ਘੜੀ ਵਿੱਚ ਪਿੰਡ ਦੇ ਦਾਨੀ ਸੱਜਣਾਂ, ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ ਤੇ ਸਮੂਹ ਐੱਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਬੱਚਿਆਂ ਦੇ ਘਰ ਦੀ ਮੁੜ ਉਸਾਰੀ ਦਾ ਬੀੜਾ ਚੁੱਕਿਆ ਗਿਆ।ਲੰਬੀ ਮਿਹਨਤ ਸਦਕਾ ਮੁਹਤਬਰਾਂ ਦੀ ਅਗਵਾਈ ਹੇਠ ਮਕਾਨ ਦਾ ਲੈਂਟਰ ਪਾਇਆ ਗਿਆ।ਕਬੱਡੀ ਕੁਮੈਂਟੇਟਰ ਲੱਖਾ ਖਿਆਲੀ ਨੇ ਸਮੂਹ ਦਾਨੀ ਸੱਜਣਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਦਾਨੀ ਸੱਜਣਾਂ ਦੇ ਉੱਦਮ ਨਾਲ ਹੁਣ ਘਰ ਦਾ ਲੈਂਟਰ ਪੈ ਚੁੱਕਿਆ ਹੈ।ਪਲੱਸਤਰ, ਗੇਟ, ਬਾਰੀਆਂ ਦਾ ਕੰਮ ਮੁਕੰਮਲ ਕਰਨ ਲਈ ਹੋਰ ਸਹਿਯੋਗ ਦੀ ਲੋੜ ਹੈ।ਉਨ੍ਹਾਂ ਦਾਨੀ ਸੱਜਣਾਂ ਤੇ ਸਮਾਜ ਸੇਵੀ ਸੰਸਥਾਵਾਂ ਨੂੰ ਇਸ ਅਨਾਥ ਬੱਚਿਆਂ ਦੇ ਮਕਾਨ ਨੂੰ ਮੁਕੰਮਲ ਕਰਨ ਲਈ ਯੋਗਦਾਨ ਪਾਉਣ ਦੀ ਅਪੀਲ ਕੀਤੀ।

## ਰਾਜੋਆਣਾ ਨੂੰ ਮੈਡੀਕਲ ਚੈੱਕਅਪ ਲਈ ਲਿਆਂਦਾ ਹਸਪਤਾਲ

*ਬਹੁਤ ਹੋਈ ਉਡੀਕ, ਹੁਣ ਕੇਂਦਰ ਜਲਦ ਲਵੇ ਅੰਤਿਮ ਫੈਸਲਾ : ਰਾਜੋਆਣਾ*



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸਜ਼ਾ ਯਾਫਤਾ ਬਲਵੰਤ ਸਿੰਘ ਰਾਜੋਆਣਾ ਨੂੰ ਪਟਿਆਲਾ ਜੇਲ੍ਹ ਤੋਂ ਦੰਦਾਂ ਦੀ ਜਾਂਚ ਲਈ ਸਰਕਾਰੀ ਡੈਂਟਲ ਕਾਲਜ 'ਚ ਲਿਆਂਦਾ ਗਿਆ।ਇਸ ਦੌਰਾਨ ਰਾਜੋਆਣਾ ਨੇ ਕਿਹਾ ਕਿ ਫਾਂਸੀ ਸਬੰਧੀ ਮਾਮਲੇ 'ਚ ਅਜੇ ਤੱਕ ਕੋਈ ਫੈਸਲਾ ਨਹੀਂ ਹੋਇਆ ਹੈ, ਸੁਪਰੀਮ ਕੋਰਟ ਵਿੱਚ ਪੇਸ਼ ਸਾਡਾ ਤੋਂ ਮਾਮਲਾ ਪਿਆ ਹੈ, ਹੁਣ ਬਹੁਤ ਉਡੀਕ ਹੋ ਚੁੱਕੀ ਹੈ ਤੇ ਹੁਣ ਅੰਤਿਮ ਫ਼ੈਸਲਾ ਹੋਣਾ ਚਾਹੀਦਾ ਹੈ।ਰਾਜੋਆਣਾ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਅਪੀਲ ਕੀਤੀ ਕਿ ਉਹ ਵੀ ਅਗਲਾ ਫੈਸਲਾ ਲੈਣ। ਜ਼ਿਕਰਯੋਗ ਹੈ ਕਿ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਸੌਂਪਿਆ ਗਿਆ, ਜਿਸ 'ਚ ਕੇਂਦਰ ਸਰਕਾਰ ਵੱਲੋਂ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਫਾਂਸੀ ਰੱਦ ਕਰਨ 'ਤੇ ਪੰਜਾਬ 'ਚ ਤਾਇਨਾਤ ਡੀਜੀ ਦਸਤਾਵਾਂ ਨੂੰ ਤੁਰੰਤ ਵਾਪਸ ਬੁਲਾਉਣ ਦੀ ਮੰਗ ਕੀਤੀ ਗਈ।ਆਗੂਆਂ ਨੇ ਕਿਹਾ ਕਿ ਭਾਈ ਰਾਜੋਆਣਾ ਪਿਛਲੇ 30 ਸਾਲਾਂ ਤੋਂ ਕੈਦ 'ਚ ਹਨ ਤੇ ਉਨ੍ਹਾਂ ਦੀ ਸਜ਼ਾ-ਏ-ਮੌਤ ਰਾਜਨੀਤਕ ਪ੍ਰਭਾਵਾਂ ਦਾ ਨਤੀਜਾ ਹੈ।ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਇਸ ਫ਼ੈਸਲੇ ਨੂੰ ਧਾਰਮਿਕ ਤੇ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਕਰਾਰ ਦਿੱਤਾ ਗਿਆ।

## ਜਥੇਦਾਰ ਮਾਹਲਾ ਦੀ ਸੰਗਠਨਾਤਮਕ ਭੂਮਿਕਾ ਤੇ ਵਰਕਰਾਂ ਨਾਲ ਮਜ਼ਬੂਤ ਜੋੜ ਦੀ ਅਕਾਲੀ ਆਗੂਆਂ ਵੱਲੋਂ ਪ੍ਰਸ਼ੰਸਾ

*ਕਿਹਾ; ਤਰਨ ਤਾਰਨ ਦੀ ਜਿੱਤ 2027 'ਚ ਅਕਾਲੀ ਦਲ ਦੀ ਸਰਕਾਰ ਆਉਣ ਦਾ ਮੁੱਢ ਬੰਨ੍ਹੇਗੀ*



**ਬਾਘਾ ਪੁਰਾਣਾ (ਮਨੀ ਸਿਗਲਾ)**-ਪਿੰਡ ਜੈ ਸਿੰਘ ਵਾਲਾ ਦੇ ਸਰਪੰਚ ਜਗਸੀਰ ਸਿੰਘ, ਜ਼ਿਲ੍ਹਾ ਪ੍ਰਧਾਨ ਹਰਜੋਤ ਡੇਮਰੂ, ਯੂਥ ਆਗੂ ਵਿੱਕੀ ਡੂਲੇਵਾਲੀਆ ਤੇ ਰਾਜਵਿੰਦਰ ਸਿੰਘ ਜੈ ਸਿੰਘ ਵਾਲਾ ਨੇ ਕਿਹਾ ਹੈ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਤਰਨ ਤਾਰਨ ਉਪ-ਚੋਣ ਵਿੱਚ ਅਕਾਲੀ ਦਲ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕਰੇਗਾ।ਉਨ੍ਹਾਂ ਕਿਹਾ ਕਿ ਇਹ ਜਿੱਤ ਸਿਰਫ ਤਰਨ ਤਾਰਨ ਦੀ ਉਪ-ਚੋਣ ਤੱਕ ਸੀਮਤ ਨਹੀਂ ਰਹੇਗੀ, ਬਲਕਿ ਇਹੀ ਜਿੱਤ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਅੰਦਰ ਅਕਾਲੀ ਦਲ ਦੀ ਸਰਕਾਰ ਬਣਨ ਦਾ ਮੁੱਢ ਸਾਬਤ ਹੋਵੇਗੀ।ਆਗੂਆਂ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਲਕਾ ਬਾਘਾ ਪੁਰਾਣਾ ਦੇ ਹਲਕਾ ਇੰਚਾਰਜ ਜਥੇਦਾਰ ਤੀਰਥ ਸਿੰਘ ਮਾਹਲਾ ਦੀ ਅਗਵਾਈ ਹੇਠ ਪਾਰਟੀ ਚੜ੍ਹਦੀ ਕਲਾ ਵਿੱਚ ਹੈ।ਜਥੇਦਾਰ ਮਾਹਲਾ ਵੱਲੋਂ ਹਲਕੇ ਅੰਦਰ, ਜੋ ਵਿਕਾਸਕਾਰੀ ਤੇ ਸੰਗਠਨਾਤਮਕ ਮਿਹਨਤ ਕੀਤੀ ਜਾ ਰਹੀ ਹੈ, ਉਸ ਨਾਲ ਹਲਕੇ ਦੇ ਲੋਕ ਬਹੁਤ ਖੁਸ਼ ਹਨ ਤੇ ਉਤਸ਼ਾਹਤ ਹਨ।ਉਨ੍ਹਾਂ ਕਿਹਾ ਕਿ ਜਥੇਦਾਰ ਤੀਰਥ ਸਿੰਘ ਮਾਹਲਾ ਦੀ ਨਿਰੰਤਰ ਮਿਹਨਤ ਤੇ ਜਨਸੰਪਰਕ ਕਾਰਜਾਂ ਦੇ ਨਤੀਜੇ ਵਜੋਂ ਬਾਘਾ ਪੁਰਾਣਾ ਹਲਕੇ ਵਿੱਚ ਅਕਾਲੀ ਦਲ ਦੀ ਪਕੜ ਦਿਨੋਂ ਦਿਨ ਮਜ਼ਬੂਤ ਹੋ ਰਹੀ ਹੈ। ਆਗੂਆਂ ਨੇ ਵਿਸ਼ਵਾਸ ਜਤਾਇਆ ਕਿ ਜਥੇਦਾਰ ਮਾਹਲਾ ਦੀ ਅਗਵਾਈ ਹੇਠ 2027 ਵਿੱਚ ਬਾਘਾ ਪੁਰਾਣਾ ਹਲਕੇ ਦੀ ਸੀਟ ਸ਼੍ਰੋਮਣੀ ਅਕਾਲੀ ਦਲ ਦੀ ਝੋਲੀ ਵਿੱਚ ਪਾਵਾਂਗੇ ਤੇ ਅਕਾਲੀ ਦਲ ਮੁੜ ਪੰਜਾਬ ਵਿੱਚ ਆਪਣੀ ਸਰਕਾਰ ਬਣਾਵੇਗਾ।ਇਸ ਮੌਕੇ ਉਨ੍ਹਾਂ ਨੇ ਜਥੇਦਾਰ ਮਾਹਲਾ ਦੀ ਸੰਗਠਨਾਤਮਕ ਭੂਮਿਕਾ ਤੇ ਵਰਕਰਾਂ ਨਾਲ ਮਜ਼ਬੂਤ ਜੋੜ ਦੀ ਵੀ ਪ੍ਰਸ਼ੰਸਾ ਕੀਤੀ ਤੇ ਕਿਹਾ ਕਿ ਉਹ ਵੀ ਹਲਕੇ ਵਿੱਚ ਪਾਰਟੀ ਦੀ ਮਜ਼ਬੂਤੀ ਲਈ ਅਹਿਮ ਯੋਗਦਾਨ ਪਾ ਰਹੇ ਹਨ।

## ਕਿਸਾਨਾਂ ਨੂੰ ਪਰਾਲੀ ਦੀਆਂ ਗੱਠਾਂ ਬਣਾਉਣ ਵਾਲੀਆਂ ਮਸ਼ੀਨਾਂ ਦੀ ਉਡੀਕ !



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਭਾਕਿਯੂ ਡਕੌਂਦਾ (ਧਨੇਰ) ਇਕਾਈ ਪਿੰਡ ਲਹਿਰਾ ਮੁਹੱਬਤ ਵੱਲੋਂ ਪਰਾਲੀ ਦੇ ਮਸਲੇ ਸਬੰਧੀ ਮੀਟਿੰਗ ਕੀਤੀ ਗਈ। ਇਸ ਦੌਰਾਨ ਕਿਸਾਨ ਆਗੂਆਂ ਨੇ ਪਰਾਲੀ ਦੇ ਪ੍ਰਬੰਧਾਂ ਸਬੰਧੀ ਵਿਚਾਰਾਂ ਕਰਦਿਆਂ ਕਿਹਾ ਕਿ ਪਿਛਲੇ ਦਿਨੀਂ ਡਿਪਟੀ ਕਮਿਸ਼ਨਰ ਤੇ ਐੱਸ ਐੱਸ ਪੀ ਬਠਿੰਡਾ ਦੀ ਮੌਜੂਦਗੀ 'ਚ ਖੇਤੀਬਾੜੀ ਵਿਭਾਗ ਵੱਲੋਂ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਪਿੰਡ 'ਚ ਇਕੱਠ ਕਰਵਾਇਆ ਗਿਆ ਸੀ। ਪ੍ਰਸ਼ਾਸਨ ਵੱਲੋਂ ਦਾਅਵਾ ਕੀਤਾ ਗਿਆ ਸੀ ਕਿ ਪਰਾਲੀ ਦੀ ਸਾਂਭ ਸੰਭਾਲ ਲਈ ਮਸ਼ੀਨਰੀ ਉਪਲੱਬਧ ਹੈ, ਹੁਣ ਕਿਸਾਨਾਂ ਵੱਲੋਂ ਝੋਨੇ ਦੀ ਕਟਾਈ ਤੋਂ ਬਾਅਦ ਜੀਪਰ ਦੀ ਮਦਦ ਨਾਲ ਪਰਾਲੀ ਕੱਟ ਕੇ ਖੇਤਾਂ ਵਿੱਚ ਖਲਾਰ ਰੱਖੀ ਹੈ ਤੇ ਕਿਸਾਨ ਇੱਕ ਹਫ਼ਤੇ ਤੋਂ ਗੱਠਾਂ ਬਣਾਉਣ ਵਾਲੀਆਂ ਮਸ਼ੀਨਾਂ ਦੀ ਉਡੀਕ ਕਰ ਰਹੇ ਹਨ ਅਤੇ ਢੇਰ ਤੋਂ ਵੱਧ ਇੱਕ ਹਫ਼ਤੇ ਤੱਕ ਹੋਰ ਉਡੀਕ ਕੀਤੀ ਜਾ ਸਕਦੀ ਹੈ। ਕਿਸਾਨਾਂ ਕੋਲ ਇੰਨਾ ਸਮਾਂ ਤੇ ਸਾਧਨ ਨਹੀਂ ਕਿ ਉਹ ਇਕੱਲਿਆਂ ਇਸ ਸਮੱਸਿਆ ਦਾ ਹੱਲ ਕਰ ਸਕਣ। ਪਹਿਲਾਂ ਹੀ ਝੋਨੇ ਦੇ ਘੱਟ ਝਾੜ ਕਾਰਨ ਆਰਥਿਕ ਬੋਝ ਪੈਣ ਦਾ ਖ਼ਤਰਾ ਸਤਾ ਰਿਹਾ ਹੈ। ਆਗੂਆਂ ਨੇ ਪ੍ਰਸ਼ਾਸਨ ਨੂੰ ਅਪੀਲ ਕਰਦਿਆਂ ਕਿਹਾ ਕਿ ਜ਼ਮੀਨੀ ਹਕੀਕਤਾਂ ਨੂੰ ਮੱਦੇਨਜ਼ਰ ਪਰਾਲੀ ਦੀ ਸਮੱਸਿਆ ਵੱਲ ਫੌਰੀ ਧਿਆਨ ਦਿੱਤਾ ਜਾਵੇ। ਜੇਕਰ ਕਿਸਾਨਾਂ ਨੂੰ ਦਰਪੇਸ਼ ਸਮੱਸਿਆਵਾਂ ਦੀ ਅਣਦੇਖੀ ਕੀਤੀ ਗਈ ਜਥੇਬੰਦੀ ਅਗਲੇ ਐਕਸ਼ਨ ਲਈ ਮਜਬੂਰ ਹੋਵੇਗੀ। ਮੀਟਿੰਗ ਵਿੱਚ ਪਿੰਡ ਪ੍ਰਧਾਨ ਸੁਖਚਰਨ ਸਿੰਘ, ਮੀਤ ਪ੍ਰਧਾਨ ਜੀਊਣ ਸਿੰਘ, ਸਕੱਤਰ ਗੁਰਪ੍ਰੀਤ ਸਿੰਘ, ਖਜ਼ਾਨਚੀ ਮੇਜਰ ਸਿੰਘ, ਬਲਾਕ ਜਨਰਲ ਸਕੱਤਰ ਜਗਦੇਵ ਸਿੰਘ, ਮੀਤ ਪ੍ਰਧਾਨ ਜਗਰਾਜ ਸਿੰਘ ਪਾਲੀ, ਬਲੌਰ ਸਿੰਘ, ਕੁਲਵਿੰਦਰ ਸਿੰਘ ਤੇ ਹਰਦੀਪ ਸਿੰਘ ਬਧੀ ਸਮੇਤ ਹੋਰ ਕਿਸਾਨ ਸ਼ਾਮਲ ਸਨ।

## ਅਮਨਦੀਪ ਸਿੰਘ ਫਾਇਰ ਬ੍ਰਿਗੇਡ ਕਰਮਚਾਰੀ ਯੂਨੀਅਨ ਦੇ ਪ੍ਰਧਾਨ ਬਣੇ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਫਾਇਰ ਬ੍ਰਿਗੇਡ ਆਊਟ ਸੋਰਸ ਕਰਮਚਾਰੀ ਯੂਨੀਅਨ ਪੰਜਾਬ ਦੇ ਪ੍ਰਧਾਨ ਮਨਜੀਤ ਸਿੰਘ, ਸਾਹਿਬ ਸਿੰਘ ਤੇ ਸੁਖਵਿੰਦਰ ਸਿੰਘ ਵੱਲੋਂ ਪਟਿਆਲਾ ਫਾਇਰ ਸਟੇਸ਼ਨ ਵਿਖੇ ਪਹੁੰਚਕੇ ਇਕ ਅਹਿਮ ਮੀਟਿੰਗ ਕੀਤੀ ਗਈ।ਇਸ ਮੌਕੇ ਸਰਬ ਸੰਮਤੀ ਨਾਲ ਫਾਇਰ ਸਟੇਸ਼ਨ ਪਟਿਆਲਾ ਦੇ ਆਊਟਸੋਰਸ ਕਰਮਚਾਰੀ ਅਮਨਦੀਪ ਸਿੰਘ (ਅਮਨੀ) ਨੂੰ ਫਾਇਰ ਬ੍ਰਿਗੇਡ ਯੂਨੀਅਨ ਦਾ ਪਟਿਆਲਾ ਸਟੇਸ਼ਨ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ।ਇਸ ਮੌਕੇ ਅਮਨਦੀਪ ਸਿੰਘ ਵੱਲੋਂ ਆਪਣੀ ਨਵੀਂ ਟੀਮ ਤੇ ਕਮੇਟੀ ਦਾ ਗਠਨ ਕੀਤਾ ਗਿਆ, ਜਿਸ ਵਿੱਚ ਗੁਰਮੀਤ ਸਿੰਘ ਵਿਰਕ ਨੂੰ ਸੀਨੀਅਰ ਵਾਈਸ ਪ੍ਰਧਾਨ, ਸੁਮਿਤ ਸ਼ਰਮਾ ਨੂੰ ਵਾਈਸ ਪ੍ਰਧਾਨ, ਨਰਿੰਦਰ ਸਿੰਘ ਨੂੰ ਜਨਰਲ ਸੈਕਟਰੀ ਤਰੁਣ ਅਰੋੜਾ ਨੂੰ ਖਜ਼ਾਨਚੀ ਨਿਯੁਕਤ ਕੀਤਾ ਗਿਆ।ਇਸ ਇਸ ਮੌਕੇ ਅਮਨੀ ਨੇ ਕਿਹਾ ਕਿ ਉਹ ਮਿਲੀ ਹੋਈ ਇਸ ਅਹਿਮ ਜ਼ਿੰਮੇਵਾਰੀ ਨੂੰ ਆਪਣੀ ਮਿਹਨਤ ਤੇ ਲਗਨ ਨਾਲ ਨਿਭਾਉਣਗੇ ਤੇ ਫਾਇਰ ਕਰਮਚਾਰੀਆਂ ਨੂੰ ਆ ਰਹੀਆਂ ਮੁਸ਼ਕਲਾਂ ਨੂੰ ਵੀ ਹੱਲ ਕਰਵਾਉਣਗੇ।ਇਸ ਮੌਕੇ ਸਮੂਹ ਫਾਇਰ ਆਊਟ ਸੋਰਸ ਕਰਮਚਾਰੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਛੱਠ ਪੂਜਾ ਲਈ ਫਿਰੋਜ਼ਪੁਰ ਰੇਲਵੇ ਮੰਡਲ ਦਾ ਵੱਡਾ ਪ੍ਰਬੰਧ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਰੇਲਵੇ ਮੰਡਲ ਨੇ ਛੱਠ ਪੂਜਾ ਮਨਾਉਣ ਲਈ ਆਪਣੇ ਘਰਾਂ ਨੂੰ ਜਾਣ ਵਾਲੇ ਯਾਤਰੀਆਂ ਦੀ ਸਹੂਲਤ ਲਈ ਅੰਮ੍ਰਿਤਸਰ, ਜਲੰਧਰ ਸਿਟੀ, ਲੁਧਿਆਣਾ ਅਤੇ ਢੰਡਾਰੀ ਕਲਾਂ ਰੇਲਵੇ ਸਟੇਸ਼ਨਾਂ 'ਤੇ ਵਿਸ਼ਾਲ ਪ੍ਰਬੰਧ ਕੀਤੇ ਹਨ। ਨਿਯਮਤ ਨਿਰਧਾਰਤ ਰੇਲਗੱਡੀਆਂ ਤੋਂ ਇਲਾਵਾ, ਰੇਲ ਯਾਤਰੀਆਂ ਦੀ ਆਵਾਜਾਈ ਨੂੰ ਸੁਵਿਧਾਜਨਕ ਬਣਾਉਣ ਲਈ ਕਈ ਤਿਉਹਾਰ ਸਪੈਸ਼ਲ ਰੇਲਗੱਡੀਆਂ ਦਾ ਸੰਚਾਲਨ ਵੀ ਕੀਤਾ ਜਾ ਰਿਹਾ ਹੈ। ਪ੍ਰਮੁੱਖ ਰੇਲਵੇ ਸਟੇਸ਼ਨਾਂ 'ਤੇ ਯਾਤਰੀਆਂ ਦੀ ਸਹਾਇਤਾ ਲਈ ਅਧਿਕਾਰੀਆਂ ਸਮੇਤ ਲੋੜੀਂਦੇ ਰੇਲਵੇ ਕਰਮਚਾਰੀ ਤੈਨਾਤ ਕੀਤੇ ਗਏ ਹਨ। ਇਸ ਤੋਂ ਇਲਾਵਾ, ਮੰਡਲ ਦੇ ਸਕਾਊਟਸ ਐਂਡ ਗਾਈਡਜ਼ ਦੇ ਕਰਮਚਾਰੀ ਖਾਸ ਤੌਰ 'ਤੇ ਸੀਨੀਅਰ ਨਾਗਰਿਕਾਂ, ਦਿਵਿਆਂਗਜਨਾਂ (ਵਿਕਲਾਂਗ) ਤੇ ਔਰਤਾਂ ਦਾ ਲਗਾਤਾਰ ਮਾਰਗਦਰਸ਼ਨ ਤੇ ਸਹਾਇਤਾ ਕਰ ਰਹੇ ਹਨ। ਯਾਤਰੀਆਂ ਦੀ ਸਹੂਲਤ ਲਈ 21 ਅਕਤੂਬਰ 2025 ਤੋਂ 24 ਅਕਤੂਬਰ 2025 ਦੌਰਾਨ 10 ਤਿਉਹਾਰ ਸਪੈਸ਼ਲ ਰੇਲਗੱਡੀਆਂ ਚਲਾਈਆਂ ਗਈਆਂ ਹਨ। 21 ਤੋਂ 23 ਅਕਤੂਬਰ 2025 ਦੇ ਦੌਰਾਨ ਫਿਰੋਜ਼ਪੁਰ ਮੰਡਲ ਦੇ ਸਟੇਸ਼ਨਾਂ ਤੋਂ 3,28,138 ਯਾਤਰੀਆਂ ਨੇ ਆਪਣੀ ਮੰਜ਼ਲ ਲਈ ਸਫ਼ਰ ਕੀਤਾ। ਰੇਲ ਅਧਿਕਾਰੀਆਂ ਨੇ ਦੱਸਿਆ ਕਿ 25 ਅਕਤੂਬਰ ਨੂੰ ਦੋ ਹੋਰ ਤਿਉਹਾਰ ਸਪੈਸ਼ਲ ਰੇਲਗੱਡੀਆਂ ਦਾ ਸੰਚਾਲਨ ਕੀਤਾ ਜਾਵੇਗਾ। ਤਿਉਹਾਰ ਸਪੈਸ਼ਲ 05050, ਇਹ ਰੇਲਗੱਡੀ ਅੰਮ੍ਰਿਤਸਰ ਤੋਂ ਛਪਰਾ ਲਈ ਸ਼ਾਮ 17.45 ਵਜੇ ਚੱਲੇਗੀ। ਤਿਉਹਾਰ ਸਪੈਸ਼ਲ 05733, ਇਹ ਰੇਲਗੱਡੀ ਅੰਮ੍ਰਿਤਸਰ ਤੋਂ ਕਿਸ਼ਨਗੰਜ ਲਈ ਸਵੇਰੇ 04.25 ਵਜੇ ਰਵਾਨਾ ਹੋਵੇਗੀ। ਰੇਲ ਯਾਤਰੀਆਂ ਨੂੰ ਬੇਨਤੀ ਕੀਤੀ ਗਈ ਹੈ ਕਿ ਉਹ ਇਨ੍ਹਾਂ ਤਿਉਹਾਰ ਸਪੈਸ਼ਲ ਰੇਲਗੱਡੀਆਂ ਦਾ ਲਾਭ ਉਠਾਉਣ। ਯਾਤਰੀਆਂ ਨੂੰ ਕਿਸੇ ਵੀ ਕਿਸਮ ਦੀ ਅਸੁਵਿਧਾ ਤੋਂ ਬਚਾਉਣ ਲਈ, ਰੇਲਵੇ ਵੱਲੋਂ ਪ੍ਰਮੁੱਖ ਦਫ਼ਤਰਾਂ ਦੇ ਵਾਰ ਰੂਮ ਰਾਹੀਂ ਪ੍ਰਮੁੱਖ ਰੇਲਵੇ ਸਟੇਸ਼ਨਾਂ ਦੀ 24 ਘੰਟੇ ਲਗਾਤਾਰ ਨਿਗਰਾਨੀ ਕੀਤੀ ਜਾ ਰਹੀ ਹੈ।

# ਸੈਨ ਭਗਤ ਮਹਾਰਾਜ ਦੀ ਯਾਦ 'ਚ ਕਰਵਾਇਆ ਵਿਸ਼ਾਲ ਸਮਾਗਮ



**ਮੋਗਾ (ਇਕਬਾਲ ਸਿੰਘ ਖਹਿਰਾ)**-ਸੰਤ ਸ਼੍ਰੋਮਣੀ ਸ੍ਰੀ ਸੈਣ ਭਗਤ ਜੀ ਮਹਾਰਾਜ ਦੇ ਆਗਮਨ ਪੁਰਬ ਦੇ ਸਬੰਧ ਵਿੱਚ ਮੋਗਾ ਦੀ ਸੈਣ ਭਗਤ ਧਰਮਸ਼ਾਲਾ ਵਿਖੇ 27ਵਾਂ ਵਿਸ਼ਾਲ ਸਮਾਗਮ, ਸਮੂਹ ਸੈਨ ਸਮਾਜ ਅਤੇ ਟਰਸਟ ਸ੍ਰੀ ਸੈਣ ਭਗਤ ਮਹਾਰਾਜ ਪ੍ਰਬੰਧਕ ਕਮੇਟੀ ਮੋਗਾ ਪ੍ਰਧਾਨ ਪਵਨ ਕੁਮਾਰ, ਚੇਅਰਮੈਨ ਕੰਵਰ ਸਿੰਘ ਐਡਵੋਕੇਟ, ਸਰਪ੍ਰਸਤ ਕੇਦਾਰ ਮੱਲ ਦੀ ਸਰਪਰਸਤੀ ਹੇਠ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਕਰਵਾਇਆ ਗਿਆ।ਇਹ ਸਮਾਗਮ ਦੀ ਸ਼ੁਰੂਆਤ ਪੰਡਿਤ ਰਾਮ ਮੇਹਰ ਸ਼ਾਸਤਰੀ ਦੀ ਅਗਵਾਈ ਹੇਠ ਹਵਨ ਯਗ ਕਰਵਾਇਆ ਗਿਆ, ਜਿਸ ਵਿੱਚ ਸਮੂਹ ਮੈਂਬਰਾਂ ਨੇ ਅਹੂਤੀ ਪਾਈ ਇਸ ਦੌਰਾਨ ਮੋਗਾ ਦੀ ਹਲਕਾ ਵਿਧਾਇਕਾ ਡਾਕਟਰ ਅਮਨਦੀਪ ਕੌਰ ਅਰੋੜਾ, ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਡਾਕਟਰ ਹਰਜੋਤ ਕਮਲ, ਕਾਂਗਰਸ ਦੀ ਹਲਕਾ ਇੰਚਾਰਜ ਮਾਲਿਕ ਕਾ ਸੂਦ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਸੰਜੀਤ ਸਿੰਘ ਸਨੀ ਗਿੱਲ, ਸੰਦੀਪ ਕੌਰ ਖਾਲਸਾ ਪਤਨੀ ਮੈਂਬਰ ਪਾਰਲੀਮੈਂਟ ਸਰਬਜੀਤ ਸਿੰਘ ਖਾਲਸਾ ਵੱਲੋਂ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ ਗਈ।ਇਸ ਮੌਕੇ ਸੰਬੋਧਨ ਕਰਦਿਆਂ ਵੱਖ-ਵੱਖ ਪਾਰਟੀਆਂ ਦੇ ਆਗੂਆਂ ਨੇ ਕਿਹਾ ਕਿ ਸੈਣ ਭਗਤ ਜੀ ਦੇ ਵਡਮੁੱਲੇ ਸਬਦ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਅੰਕਿਤ ਹਨ। ਸਾਨੂੰ ਸੈਣ ਭਗਤ ਜੀ ਦੀਆਂ ਸਿੱਖਿਆਵਾਂ ਤੋਂ ਸੇਧ ਲੈਕੇ ਆਪਣਾ ਜੀਵਨ ਬਤੀਤ ਕਰਨਾ ਚਾਹੀਦਾ ਹੈ। ਸਮੁੱਚੇ ਆਗੂਆਂ ਨੇ ਸਹਿਣ ਸਮਾਜ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਦੁਨਿਆਵੀ ਵਿਦਿਆ ਦੇ ਕੇ ਸਮਰੱਥ ਬਣਾਉਣ ਤਾਂ ਜੋ ਉਹ ਆਪਣਾ ਜੀਵਨ ਸੁਚੱਜੇ ਢੰਗ ਨਾਲ ਬਸਰ ਕਰ ਸਕਣ।ਉਨ੍ਹਾਂ ਕਿਹਾ ਕਿ ਸੈਨ ਭਾਈਚਾਰੇ ਵੱਲੋਂ ਔਰਤਾਂ ਨੂੰ ਸਿਲਾਈ ਮਸ਼ੀਨਾਂ ਨਾਲ ਲੈਸ ਕਰਨ ਅਤੇ ਸਿੱਖਿਆ ਦੇ ਖੇਤਰ ਵਿੱਚ ਉੱਚ ਯੋਗਤਾ ਪ੍ਰਾਪਤ ਕਰਨ ਵਾਲੀਆਂ ਵਿਦਿਆਰਥਣਾਂ ਨੂੰ ਸਨਮਾਨਤ ਕਰਨ ਦੇ ਯਤਨ ਅਤਿਅੰਤ ਸ਼ਲਾਘਾਯੋਗ ਹੈ।

ਇਸ ਮੌਕੇ ਸਤਵਿੰਦਰ ਸਿੰਘ, ਮਨਜੀਤ ਸਿੰਘ, ਸਤਵੀਰ ਸਿੰਘ, ਓਮ ਪ੍ਰਕਾਸ਼, ਰਮੇਸ਼ ਕੁਮਾਰ ਤੇ ਸੁਰੇਸ਼ ਕੁਮਾਰ ਨੇ ਸਾਰਿਆਂ ਨੂੰ ਸੈਣ ਮਹਾਰਾਜ ਦੇ ਪ੍ਰਕਾਸ਼ ਪੁਰਬ ਦੀਆਂ ਵਧਾਈਆਂ ਦਿੱਤੀਆਂ।ਉਨ੍ਹਾਂ ਕਿਹਾ ਕਿ ਕੋਟਕਪੂਰਾ ਰੋਡ 'ਤੇ ਸੈਣ ਭਾਈਚਾਰੇ ਵੱਲੋਂ ਬਣਾਏ ਗਏ ਮੰਦਰ ਨੂੰ ਸੈਣ ਭਾਈਚਾਰੇ ਤੇ ਸ਼ਹਿਰ ਦੇ ਪਤਵੰਤਿਆਂ ਦਾ ਵਿਸ਼ੇਸ਼ ਸਮਰਥਨ ਪ੍ਰਾਪਤ ਹੈ।ਸੈਣ ਭਾਈਚਾਰੇ ਨੇ ਮੰਦਰ ਵਿੱਚ ਸੈਣ ਭਗਤ ਮਹਾਰਾਜ ਦੀ ਮੂਰਤੀ ਸਥਾਪਤ ਕੀਤੀ ਹੈ।ਆਗੂਆਂ ਨੇ ਦੱਸਿਆ ਕਿ ਭਵਿੱਖ ਵਿੱਚ ਸੈਣ ਭਾਈਚਾਰੇ ਵੱਲੋਂ ਆਯੋਜਿਤ ਸਾਰੇ ਸਮਾਜਿਕ ਤੇ ਧਾਰਮਿਕ ਸਮਾਗਮ ਇਸ ਮੰਦਰ ਵਿੱਚ ਹੋਣਗੇ।ਸੈਣ ਭਾਈਚਾਰੇ ਨੇ ਸਮਾਗਮ ਵਿੱਚ ਸ਼ਾਮਲ ਸਾਰੇ ਪਤਵੰਤਿਆਂ ਦਾ ਵਿਸ਼ੇਸ਼ ਸਨਮਾਨ ਕੀਤਾ।

## ਸੰਤ ਦਰਬਾਰਾ ਸਿੰਘ ਲੋਪੋਂ ਦੇ ਬਰਸੀ ਸਮਾਗਮਾਂ 'ਤੇ 1051 ਕੰਨਿਆ ਤੇ ਸਾਧੂਆਂ ਨੂੰ ਵਸਤਰ ਭੇਟ



**ਬੱਧਨੀ ਕਲਾਂ (ਲਵਲੀ ਮਾਛੀਕੇ)**-ਮਹਾਨ ਪਰਉਪਕਾਰੀ, ਵਿੱਦਿਆ ਦੇ ਚਾਨਣ ਮੁਨਾਰੇ, ਗਊ ਗਰੀਬ ਦੇ ਹਾਮੀ ਦਰਬਾਰ ਸੰਪ੍ਰਦਾਇ ਲੋਪੋਂ ਸਾਹਿਬ ਦੇ ਬਾਨੀ ਸ਼੍ਰੀਮਾਨ ਸੁਆਮੀ ਸੰਤ ਦਰਬਾਰਾ ਸਿੰਘ ਜੀ ਮਹਾਰਾਜ ਲੋਪੋਂ ਵਾਲਿਆਂ ਦੀ 47ਵੀਂ ਬਰਸੀ ਸਮਾਗਮਾਂ ਦੀ ਸਮਾਪਤੀ ਮੌਕੇ ਸੰਤ ਜੋਰਾ ਸਿੰਘ ਚੈਰੀਟੇਬਲ ਟਰੱਸਟ ਲੋਪੋਂ ਵੱਲੋਂ ਸੰਤ ਜਗਜੀਤ ਸਿੰਘ ਜੀ ਲੋਪੋਂ ਵਾਲਿਆਂ ਦੀ ਰਹਿਨੁਮਾਈ ਹੇਠ 1051 ਕੰਨਿਆ ਤੇ ਸਾਧੂਆਂ ਨੂੰ ਭਗੀਰਥ ਸਿੰਘ ਲੋਪੋਂ, ਅਮਰੀਕ ਸਿੰਘ ਇੰਗਲੈਂਡ, ਬੀਬੀ ਕਰਮਜੀਤ ਕੌਰ, ਹਰਪ੍ਰੀਤ ਕੌਰ ਚੂੱਘਾ ਆਸਟ੍ਰੇਲੀਆ, ਅਮਰਪਾਲ ਕੌਰ ਇੰਗਲੈਂਡ, ਗੁਰਸਵਰਨ ਕੌਰ ਕਲਸੀ ਸਿੰਗਾਪੁਰ ਦੀ ਅਗਵਾਈ ਹੇਠ ਬਸਤਰ ਤਕਸੀਮ ਕੀਤੇ ਗਏ।ਇਸ ਸਮੇਂ ਭਗੀਰਥ ਸਿੰਘ ਲੋਪੋਂ, ਸਿਧਾਰਥ ਸਿੰਘ ਚੂੱਘਾ ਆਸਟਰੇਲੀਆ, ਅਮਰੀਕ ਸਿੰਘ ਇੰਗਲੈਂਡ, ਹਰਭਜਨ ਸਿੰਘ ਇੰਗਲੈਂਡ, ਅਮਰੀਕ ਸਿੰਘ ਯੂ ਐੱਸ ਏ ਅਜਾਇਬ ਸਿੰਘ ਯੂ ਕੇ, ਥਾਣੇਦਾਰ ਲਾਭ ਸਿੰਘ ਅਹਿਮਦਗੜ੍ਹ, ਸੁਖਚੈਨ ਸਿੰਘ ਘੋਲੀਆ, ਜਥੇਦਾਰ ਮੇਜਰ ਸਿੰਘ ਆਨੰਦਪੁਰ, ਨਿਰੰਜਨ ਸਿੰਘ ਦਿੱਲੀ, ਹਰਗੋਬਿੰਦ ਸਿੰਘ ਦਿੱਲੀ, ਪਰਮਜੀਤ ਸਿੰਘ ਦਿੱਲੀ, ਮੇਵਾ ਸਿੰਘ ਡੱਬਵਾਲੀ, ਸੁਖਪ੍ਰੀਤ ਸਿੰਘ ਡੱਬਵਾਲੀ, ਜਰਨੈਲ ਸਿੰਘ ਰਾਜਸਥਾਨ, ਕਮਲਜੀਤ ਸਿੰਘ ਕੁਹਾੜਾ, ਹਰਦੀਪ ਸਿੰਘ ਕਲਕੱਤਾ, ਧਰਮ ਸਿੰਘ ਕਲਕੱਤਾ, ਪਾਲ ਸਿੰਘ ਹੰਬੜਾਂ, ਫੌਜੀ ਬਲਦੇਵ ਸਿੰਘ ਹੰਬੜਾਂ, ਲਖਵੀਰ ਸਿੰਘ ਲੱਖਾ, ਜਸਵਿੰਦਰ ਸਿੰਘ ਬੱਬੂ ਪਾਇਲ, ਇੰਦਰਜੀਤ ਸਿੰਘ ਪੱਪੀ, ਕਵੀਸ਼ਰ ਮਨਜੀਤ ਸਿੰਘ ਚੀਮਨਾ, ਕਵੀਸ਼ਰ ਮੇਵਾ ਸਿੰਘ, ਕਵਿਸ਼ਰ ਪ੍ਰੀਤ ਸਿੰਘ ਸੰਦਲ, ਕਵੀਸ਼ਰ ਕੁਲਵੰਤ ਸਿੰਘ ਮਾਣੂਕੇ, ਕਵਿਸ਼ਰ ਰਾਜਨਜੀਤ ਸਿੰਘ ਲੁਧਿਆਣਾ, ਕਵੀਸ਼ਰ ਮਨਜੀਤ ਸਿੰਘ ਲਾਡੀ, ਨੰਬਰਦਾਰ ਬਹਾਦਰ ਸਿੰਘ ਭੂੰਦੜੀ, ਗੁਰਨਾਮ ਸਿੰਘ ਦੇਹੜਕੇ, ਡਾਕਟਰ ਰਾਜ ਸਿੰਘ ਸ਼ੇਰਪੁਰ, ਜਸਵੀਰ ਸਿੰਘ ਗਾਲਬ, ਕਵਿਸ਼ਰ ਟਹਿਲ ਸਿੰਘ ਦੂਲੋ, ਫੌਜੀ ਸ਼ਿਵਚਰਨ ਸਿੰਘ ਜਗਰਾਉਂ, ਪਾਲ ਸਿੰਘ ਲਿੱਤਰਾਂ, ਬੰਟੀ ਇਆਲੀ, ਭਾਊ ਗੁਰਮੇਲ ਸਿੰਘ ਬਲਟੋਹਾ, ਮਾਸਟਰ ਅਮਰ ਸਿੰਘ ਅਕਾਲਗੜ੍ਹ, ਕਾਨੂੰਗੋ ਗੁਰਮੀਤ ਸਿੰਘ ਲੁਧਿਆਣਾ, ਦਲਜੀਤ ਸਿੰਘ ਰਸੂਲਪੁਰ, ਫੌਜੀ ਰਾਜਵਿੰਦਰ ਸਿੰਘ ਵਜੀਦ ਕੇ, ਮਾਸਟਰ ਬਲਦੇਵ ਸਿੰਘ, ਬਰਿੰਦਰ ਸਿੰਘ ਲੋਪੋ, ਮੈਂਬਰ ਗੁਰਮੀਤ ਸਿੰਘ ਲੋਪੋਂ, ਗੁਰਚਰਨ ਸਿੰਘ ਲੋਪੋ, ਜਸਪਾਲ ਸਿੰਘ ਰਾਏਕੋਟ, ਭੁਪਿੰਦਰ ਸਿੰਘ ਸੇਖੋਂ, ਸਰਪੰਚ ਅਵਤਾਰ ਸਿੰਘ ਧਨੇਰ, ਮਿਸਤਰੀ ਬਸੰਤ ਸਿੰਘ ਲੋਪੋਂ, ਜਥੇਦਾਰ ਮੱਖਣ ਸਿੰਘ ਗਊਸ਼ਾਲਾ, ਰਣਜੀਤ ਸਿੰਘ ਦਿੱਲੀ, ਮੈਂਬਰ ਗੁਰਚਰਨ ਸਿੰਘ, ਕਰਤਾਰ ਸਿੰਘ ਲੋਪੋਂ, ਗਿਆਨੀ ਰਜਿੰਦਰ ਸਿੰਘ ਛੱਜਾਂਵਾਲ, ਮਾਸਟਰ ਰਾਮ ਸਿੰਘ ਬੁੱਟਰ, ਸਰਪੰਚ ਬੁੱਧ ਸਿੰਘ ਲੋਪੋਂ, ਮੈਂਬਰ ਗੁਰਮੀਤ ਸਿੰਘ ਲੋਪੋਂ, ਮੈਂਬਰ ਬੂਟਾ ਸਿੰਘ ਲੋਪੋਂ, ਮੈਂਬਰ ਅਮਰਜੀਤ ਸਿੰਘ, ਮਨਪ੍ਰੀਤ ਸਿੰਘ ਮੰਤਰੀ ਬੀੜ ਰਾਊਕੇ, ਪ੍ਰਿਤਪਾਲ ਸਿੰਘ, ਮਨਿੰਦਰ ਸਿੰਘ ਢਿੱਲੋਂ, ਕੁਲਦੀਪ ਸਿੰਘ ਸੋਨੂੰ ਆਦਿ ਹਾਜ਼ਰ ਸਨ।

## ਭੈਣ-ਭਰਾ ਦੇ ਸੱਟਾਂ ਮਾਰਨ ਦੇ ਦੋਸ਼ 'ਚ 5 ਨਾਮਜ਼ਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਵਿਖੇ ਦੀਵਾਲੀ ਵਾਲੇ ਦਿਨ ਇਕ ਔਰਤ ਤੇ ਉਸ ਦੇ ਭਰਾ ਦੇ ਸੱਟਾਂ ਮਾਰਨ ਤੇ ਸ੍ਰੀ ਸਾਹਿਬ ਦੀ ਬੇਅਦਬੀ ਕਰਨ ਦੇ ਦੋਸ਼ ਵਿੱਚ ਥਾਣਾ ਫਿਰੋਜ਼ਪੁਰ ਸਿਟੀ ਫਿਰੋਜ਼ਪੁਰ ਨੇ 5 ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਮਨਜੀਤ ਕੌਰ ਪਤਨੀ ਪ੍ਰਗਟ ਸਿੰਘ ਵਾਸੀ ਦੁਲਚੀ ਕੇ ਨੇ ਦੱਸਿਆ ਕਿ ਬੀਤੀ 20 ਅਕਤੂਬਰ 2025 ਨੂੰ ਉਹ ਰਾਤ ਦਾ ਖਾਣਾ ਖਾ ਕੇ ਆਪਣੇ ਘਰ ਦੀਵਾਲੀ ਹੋਣ ਦੇ ਕਾਰਨ ਘਰ ਦੀ ਤੀਸਰੀ ਮੰਜ਼ਲ ਉਪਰ ਪਟਾਕੇ ਵਗੈਰਾ ਚਲਾ ਰਹੇ ਸੀ ਤਾਂ ਉਸ ਦਾ ਭਰਾ ਗੁਰਜੀਤ ਸਿੰਘ ਵੀ ਪਟਾਕੇ ਚਲਾ ਰਿਹਾ ਸੀ, ਜੋ ਸਾਡੇ ਘਰ ਦੇ ਬਾਹਰ ਬੋਬੀ ਚੰਗਿਆੜਾ, ਪੁਨੀਤ ਪੁੱਤਰ ਨਰਿੰਦਰ ਕੁਮਾਰ, ਕਰਨ, ਮੋਹਿਤ ਜੈਸਵਾਲ ਤੇ ਰੋਹਿਤ ਵਾਸੀਅਨ ਦੁਲਚੀ ਕੇ ਰੋਡ ਫਿਰੋਜ਼ਪੁਰ ਨੇ ਘਰ ਆ ਕੇ ਸੱਟਾਂ ਮਾਰੀਆਂ ਤੇ ਸ੍ਰੀ ਸਾਹਿਬ ਦੀ ਬੇਅਦਬੀ ਕੀਤੀ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਭੁਪਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

## ਝੋਨੇ ਦਾ ਝਾੜ ਘਟਣ ਨਾਲ ਕਿਸਾਨਾਂ ਨੂੰ ਭਾਰੀ ਨੁਕਸਾਨ, ਸਰਕਾਰ ਕਿਸਾਨਾਂ ਦੀ ਬਾਂਹ ਫੜੇ : ਆਲ ਇੰਡੀਆ ਕਿਸਾਨ ਸਭਾ



**ਦੋਰਾਹਾ (ਹਰਮਿੰਦਰ ਸੇਠ)**-ਜਿੱਥੇ ਪੰਜਾਬ ਦੇ ਦਰਿਆਵਾਂ ਨੇੜਲੇ ਲੋਕਾਂ ਫ਼ਸਲਾਂ ਤੇ ਘਰ ਤਬਾਹ ਹੋਣ ਨਾਲ ਬਹੁਤ ਵੱਡੀ ਮਾਰ ਪਈ ਹੈ, ਉਥੇ ਬਾਕੀ ਸਾਰੇ ਪੰਜਾਬ ਵਿੱਚ ਵੀ ਝੋਨੇ ਦਾ ਝਾੜ ਬਹੁਤ ਘੱਟ ਨਿਕਲਿਆ ਹੈ।

ਲੱਗਭੱਗ ਪੰਜ ਤੋਂ ਦਸ ਕੁਇੰਟਲ ਹੀ ਪ੍ਰਤੀ ਏਕੜ ਕਿਸਾਨ ਦੇ ਪੱਲੇ ਪੈ ਰਿਹਾ ਹੈ। ਅਜਿਹੇ ਹਾਲਤਾਂ ਵਿੱਚ ਸਰਕਾਰ ਨੂੰ ਕਿਸਾਨਾਂ ਦੀ ਬਾਂਹ ਫੜਨੀ ਚਾਹੀਦੀ ਹੈ।ਪ੍ਰੈੱਸ ਨੂੰ ਇਹ ਬਿਆਨ ਜਾਰੀ ਕਰਦਿਆਂ ਆਲ ਇੰਡੀਆ ਕਿਸਾਨ ਸਭਾ-1936 ਦੇ ਜ਼ਿਲ੍ਹਾ ਪ੍ਰਧਾਨ ਜਸਵੀਰ ਝੱਜ ਤੇ ਜਨਰਲ ਸਕੱਤਰ ਚਮਕੌਰ ਸਿੰਘ ਬਰਮੀ ਨੇ ਕਿਹਾ ਕਿ ਅਜਿਹੇ ਮਾੜੇ ਹਲਾਤ ਵਿੱਚ ਆਮ ਕਿਸਾਨ ਹੋਰ ਕਰਜ਼ੇ ਦੇ ਬੋਝ ਥੱਲੇ ਆ ਰਿਹਾ ਹੈ।ਇਸ ਕਰਕੇ ਪੰਜਾਬ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਇਸ ਘਾਟੇ ਦੀ ਪੂਰਤੀ ਲਈ ਕਿਸਾਨਾਂ ਨੂੰ ਮੁਆਵਜ਼ਾ ਦਿੱਤਾ ਜਾਵੇ ਤੇ ਬਿਨਾਂ ਵਿਆਜ ਲੋੜੀਂਦਾ ਕਰਜ਼ਾ ਦਿੱਤਾ ਜਾਵੇ।ਉਨ੍ਹਾਂ ਇਹ ਵੀ ਯਾਦ ਕਰਾਇਆ ਕਿ ਦੂਜੇ ਪਾਸੇ ਬਹੁਤ ਥਾਵਾਂ ਤੇ ਮੰਡੀਆਂ ਵਿੱਚ, ਵੱਧ ਸਿੱਲ ਦੇ ਬਹਾਨੇ ਕਿਸਾਨਾਂ ਨੂੰ ਕਾਫੀ ਰਗੜਾ ਲਾਇਆ ਜਾ ਰਿਹਾ ਹੈ।ਉਨ੍ਹਾਂ ਮੰਗ ਕੀਤੀ ਕਿ ਸਰਕਾਰ ਸਯੁੰਕਤ ਕਿਸਾਨ ਮੋਰਚੇ ਦੀ ਸਲਾਹ ਨਾਲ ਯੋਗ ਖੇਤੀ ਨੀਤੀ ਬਣਾਵੇ ਤਾਂ ਕਿ ਅਜਿਹੇ ਮਾੜੇ ਹਲਾਤ ਵਿੱਚ ਘਾਟੇ ਦੀ ਪੂਰਤੀ ਕੀਤੀ ਜਾਵੇ।ਕਣਕ ਦੀ ਬਿਜਾਈ ਲਈ ਡੀ.ਏ.ਪੀ. ਖਾਦ, ਸਹੀ ਰੇਟ ਉੱਤੇ ਤੇ ਬਿਨਾਂ ਵਾਧੂ ਸਾਜ਼ੋ ਸਾਮਾਨ ਮੜ੍ਹੇ ਤੋਂ ਕਿਸਾਨਾਂ ਨੂੰ ਮੁਹੱਈਆ ਕਰਵਾਈ ਜਾਵੇ।ਇਸ ਮੌਕੇ ਉਨ੍ਹਾਂ ਡਾਕਟਰ ਗੁਲਜ਼ਾਰ ਸਿੰਘ ਪੰਧੇਰ, ਜੰਗ ਸਿੰਘ ਸਿਰਥਲਾ, ਨਛੱਤਰ ਸਿੰਘ ਪੰਧੇਰ ਖੇੜ੍ਹੀ, ਗੁਰਮੇਲ ਸਿੰਘ ਮੇਲੀ, ਪਰਮਜੀਤ ਸਿੰਘ ਦੁੱਗਰੀ, ਕੇਵਲ ਸਿੰਘ ਮਜਾਲੀਆਂ, ਜੱਸਾ ਬਿਲਗਾ, ਗੁਰਨਾਮ ਸਿੰਘ ਬਹਾਦਰਕੇ, ਆਤਮਾ ਸਿੰਘ ਕੋਟਾਲਾ, ਮਨਜੀਤ ਸਿੰਘ ਪੌਂਤ, ਮਨੂੰ ਬੁਆਣੀ, ਜਗਜੀਤ ਸਿੰਘ ਬੁਆਣੀ, ਮਨਜੀਤ ਸਿੰਘ ਮਨਸੂਰਾਂ, ਦਾਨ ਸਿੰਘ ਓਸਹਾਨਾ, ਭਰਪੂਰ ਸਿੰਘ ਸਵੱਦੀ ਆਦਿ ਹਾਜ਼ਰ ਸਨ।

## ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਕਾਰਜਕਾਰਨੀ ਦੀ ਮੀਟਿੰਗ 28 ਨੂੰ : ਅਰੋੜਾ



**ਸੰਗਰੂਰ (ਪ੍ਰਵੀਨ ਸਿੰਘ)**-ਸਥਾਨਕ ਜ਼ਿਲ੍ਹਾ ਪੈਨਸ਼ਨਰ ਭਵਨ ਤਹਿਸੀਲ ਕੰਪਲੈਕਸ ਵਿਖੇ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ (ਰਜਿ.) ਜ਼ਿਲ੍ਹਾ ਸੰਗਰੂਰ ਦੇ ਪ੍ਰਧਾਨ ਤੇ ਪੰਜਾਬ ਸਟੇਟ ਪੈਨਸ਼ਨਰਜ਼ ਕੰਨਫੈਡਰੇਸ਼ਨ ਦੇ ਸੂਬਾਈ ਮੁੱਖ ਬੁਲਾਰੇ ਸ੍ਰੀ ਰਾਜ ਕੁਮਾਰ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਦੀਵਾਲੀ ਦੇ ਸ਼ੁੱਭ ਤਿਉਹਾਰ ਮੌਕੇ ਰਹਿੰਦੀਆਂ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਤੇ ਕਿਸ਼ਤਾਂ ਦੇ ਬਕਾਏ ਜਾਰੀ ਨਾ ਕਰਕੇ ਬਹੁਤ ਹੀ ਬੇਇਨਸਾਫ਼ੀ ਕੀਤੀ ਹੈ, ਜਿਸ ਕਾਰਨ ਪੰਜਾਬ ਦੇ ਲੱਖਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਵਿੱਚ ਸਰਕਾਰ ਵਿਰੁੱਧ ਬਾਰੀ ਰੋਸ ਤੇ ਗੁੱਸਾ ਪਾਇਆ ਗਿਆ ਹੈ, ਕਿਉਂਕਿ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਪੂਰਨ ਆਸ ਸੀ ਕਿ ਦੀਵਾਲੀ ਤੋਂ ਪਹਿਲਾਂ ਪੰਜਾਬ ਸਰਕਾਰ ਵੱਲੋਂ ਪੈਨਸ਼ਨਰਾਂ ਦੀਆਂ ਮੰਗਾਂ ਦੀ ਪੂਰਤੀ ਕੀਤੀ ਜਾਵੇਗੀ।ਸ੍ਰੀ ਅਰੋੜਾ ਨੇ ਕਿਹਾ ਕਿ ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਸੰਗਰੂਰ ਨਾਲ ਸੰਬੰਧਤ 09 ਯੂਨਿਟਾਂ ਦੇ ਪ੍ਰਧਾਨ/ਜਨਰਲ ਸਕੱਤਰ, ਸਮੂਹ ਜ਼ਿਲ੍ਹਾ ਕਾਰਜਕਾਰੀ ਮੈਂਬਰਾਂ (ਕਾਰਜਕਾਰਨੀ) ਦੀ ਇੱਕ ਅਹਿਮ ਮੀਟਿੰਗ 28 ਅਕਤੂਬਰ ਨੂੰ ਸਵੇਰੇ 10:30 ਵਜੇ ਪੈਨਸ਼ਨਰ ਭਵਨ ਤਹਿਸੀਲ ਕੰਪਲੈਕਸ ਵਿਖੇ ਸੱਦ ਲਈ ਗਈ ਹੈ।ਜ਼ਿਲ੍ਹਾ ਜਨਰਲ ਸਕੱਤਰ ਸ੍ਰੀ ਦਰਸ਼ਨ ਸਿੰਘ ਨੌਰਥ ਤੇ ਚੇਅਰਮੈਨ ਸ੍ਰੀ ਰਵਿੰਦਰ ਸਿੰਘ ਗੁੱਡੂ ਨੇ ਪੰਜਾਬ ਸਰਕਾਰ ਦੀਆਂ ਮੁਲਾਜ਼ਮ ਤੇ ਪੈਨਸ਼ਨਰ ਮਾਰੂ ਨੀਤੀਆਂ ਦੀ ਨਿਖੇਧੀ ਕੀਤੀ ਅਤੇ ਕਿਹਾ ਕਿ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਜੁਆਇੰਟ ਫਰੰਟ ਵੱਲੋਂ ਮੰਗਾਂ ਦੀ ਪ੍ਰਾਪਤੀ ਲਈ 16 ਨਵੰਬਰ ਨੂੰ ਮੁੱਖ ਮੰਤਰੀ ਦੇ ਹਲਕੇ ਧੂਰੀ ਵਿਖੇ ਸੂਬਾ ਪੱਧਰ ਦੀ ਵਿਸ਼ਾਲ ਰੈਲੀ ਕੀਤੀ ਜਾਵੇਗੀ। ਰੈਲੀ ਨੂੰ ਕਾਮਯਾਬ ਕਰਨ ਲਈ ਜ਼ਿਲ੍ਹਾ ਪੱਧਰੀ ਕੀਤੀ ਜਾ ਰਹੀ ਮੀਟਿੰਗ ਵਿੱਚ ਵਿਚਾਰਾਂ ਕੀਤੀਆਂ ਜਾਣਗੀਆਂ ਤੇ ਪੈਨਸ਼ਨਰਾਂ ਨੂੰ ਆ ਰਹੀਆਂ ਮੁਸ਼ਕਲਾਂ ਦਾ ਹੱਲ ਵੀ ਕੱਢਿਆ ਜਾਵੇਗਾ। ਸੀਨੀਅਰ ਮੀਤ ਪ੍ਰਧਾਨ ਸ੍ਰੀ ਆਰ. ਐੱਲ. ਪਾਂਧੀ ਵਿੱਤ ਸਕੱਤਰ ਕਰਨੈਲ ਸਿੰਘ ਸੇਖੋਂ ਨੇ ਕਿਹਾ ਕਿ ਪੰਜਾਬ ਸਰਕਾਰ ਨੂੰ ਪੈਨਸ਼ਨਰਾਂ ਦੀਆਂ ਮੰਗਾਂ ਵੱਲ ਤੁਰੰਤ ਧਿਆਨ ਦੇਣਾ ਚਾਹੀਦਾ ਹੈ, ਅਜਿਹਾ ਨਾ ਕਰਨ ਦੀ ਸੂਰਤ ਵਿੱਚ ਸਮੁੱਚੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਤਿੱਖੇ ਸੰਘਰਸ਼ ਕੀਤੇ ਜਾਣਗੇ।

## ਪੰਜਾਬ ਸਰਕਾਰ ਕੇਂਦਰ ਵੱਲੋਂ ਜੀ ਐੱਸ ਟੀ ਦਰਾਂ ਘੱਟ ਕੀਤੇ ਜਾਣ ਦਾ ਲੋਕਾਂ ਨੂੰ ਸਿੱਧਾ ਲਾਭ ਦੇਵੇ : ਮਲੂਕਾ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਬਠਿੰਡਾ ਦਿਹਾਤੀ ਗੁਰਪ੍ਰੀਤ ਸਿੰਘ ਮਲੂਕਾ ਨੇ ਸੂਬਾ ਸਰਕਾਰ 'ਤੇ ਜੀ ਐੱਸ ਟੀ ਦੀਆਂ ਦਰਾਂ ਘੱਟ ਹੋਣ ਦਾ ਲੋਕਾਂ ਨੂੰ ਲਾਭ ਨਾ ਦੇਣ ਦੇ ਦੋਸ਼ ਲਾਏ। ਮਲੂਕਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਭਾਜਪਾ ਦੀ ਕੇਂਦਰ ਸਰਕਾਰ ਸਭ ਦਾ ਸਾਥ ਸਭ ਵਿਕਾਸ ਦੀ ਵਿਚਾਰਧਾਰਾ ਨਾਲ ਅੱਗੇ ਵਧ ਰਹੀ ਕੇਂਦਰ ਸਰਕਾਰ ਹਰ ਉਸ ਮਸਲੇ 'ਤੇ ਗੰਭੀਰ ਹੈ, ਜਿਸ ਦਾ ਸਿੱਧਾ ਸਰੋਕਾਰ ਆਮ ਲੋਕਾਂ ਨਾਲ ਹੁੰਦਾ ਹੈ। ਲੋਕਾਂ ਦੀਆਂ ਮੁਢਲੀਆਂ ਤੇ ਰੋਜ਼ਮਰ੍ਹਾ ਲੋੜਾਂ ਵਾਲੀਆਂ ਵਸਤੂਆਂ ਤੇ ਕੇਂਦਰ ਸਰਕਾਰ ਨੇ ਜੀ ਐੱਸ ਟੀ ਦੀਆਂ ਦਰਾਂ 'ਚ ਇਤਿਹਾਸਕ ਤਬਦੀਲੀ ਕੀਤੀ ਸੀ, ਖਾਸ ਤੌਰ 'ਤੇ ਕਿਸਾਨੀ ਤੇ ਡੇਅਰੀ ਉਤਪਾਦਾਂ 'ਤੇ ਜੀ ਐੱਸ ਟੀ ਦੀ ਦਰ ਨਿਊਨਤਮ ਕਰ ਦਿੱਤੀ, ਡੇਅਰੀ ਉਤਪਾਦ 'ਤੇ ਜੀ ਐੱਸ ਟੀ ਘੱਟ ਹੋਣ ਨਾਲ ਆਮ ਲੋਕਾਂ ਨੂੰ ਸਿੱਧਾ ਲਾਭ ਮਿਲਣਾ ਸੀ। ਇਸ ਨਾਲ ਪੈਕਟ ਵਾਲਾ ਦੁੱਧ ਦਹੀ ਤੇ ਘਿਉ ਤੋਂ ਇਲਾਵਾ ਸਾਰੇ ਡੇਅਰੀ ਉਤਪਾਦ ਘੱਟ ਕੀਮਤ 'ਤੇ ਮਿਲਣੇ ਸਨ। ਭਾਰਤ ਦੀ ਵੱਡੀ ਡੇਅਰੀ ਉਤਪਾਦ ਕੰਪਨੀ ਅਮੁੱਲ ਨੇ ਜੀ ਐੱਸ ਟੀ ਦਰਾਂ ਘੱਟ ਹੋਣ 'ਤੇ ਦੁੱਧ ਤੇ ਹੋਰ ਉਤਪਾਦ ਸਸਤੇ ਕਰ ਦਿੱਤੇ ਹਨ, ਜਦਕਿ ਵੇਰਕਾ ਦਾ ਦੁੱਧ ਗੁਜਰਾਤ ਦੀ ਅਮੁੱਲ ਤੋਂ ਵੀ ਮਹਿੰਗਾ ਵੇਚਿਆ ਜਾ ਰਿਹਾ ਹੈ। ਮਲੂਕਾ ਨੇ ਕਿਹਾ ਕੇਂਦਰ ਸਰਕਾਰ ਲੋਕ ਪੱਖੀ ਫੈਸਲੇ ਲੈਂਦੀ ਹੈ, ਪਰ ਸੂਬਾ ਸਰਕਾਰ ਲੋਕਾਂ ਨੂੰ ਕਿਸੇ ਵੀ ਫੈਸਲੇ ਜਾਂ ਕੇਂਦਰੀ ਲੋਕ ਭਲਾਈ ਯੋਜਨਾ ਦਾ ਲੋਕਾਂ ਨੂੰ ਲਾਭ ਦੇਣ ਦੇ ਰੌਂ 'ਚ ਨਹੀਂ ਦਿੱਖ ਰਹੀ। ਭਾਜਪਾ ਆਗੂਆਂ ਵੱਲੋਂ ਲੱਗਣ ਵਾਲੇ ਲੋਕ ਸੇਵਾ ਕੈਂਪ ਵੀ ਸੂਬਾ ਸਰਕਾਰ ਨੇ ਬੰਦ ਕਰਵਾ ਕੇ ਲੋਕ ਵਿਰੋਧੀ ਕਾਰਾ ਕੀਤਾ ਸੀ ਪੰਜਾਬ ਸਰਕਾਰ ਨੂੰ ਚਾਹੀਦਾ ਹੈ ਕੇਂਦਰ ਵੱਲੋਂ ਜੀ ਐੱਸ ਟੀ ਦੀਆਂ ਦਰਾਂ ਦੇ ਘੱਟ ਕੀਤੇ ਜਾਣ ਦਾ ਸਿੱਧਾ ਲਾਭ ਲੋਕਾਂ ਨੂੰ ਦੇਵੇ ਤੇ ਵੇਰਕਾ ਦੇ ਉਤਪਾਦਾਂ ਦੀਆਂ ਕੀਮਤਾਂ ਘੱਟ ਕੀਤੀਆਂ ਜਾਣ।ਇਸ ਮੌਕੇ ਉਨ੍ਹਾਂ ਨਾਲ ਮੇਜਰ ਸਿੰਘ ਬਰਾੜ, ਜਸਪ੍ਰੀਤ ਸਿੰਘ ਜੱਸਾ, ਗੁਰਜੀਤ ਸਿੰਘ ਗੋਰਾ ਦਿਉਣ, ਚੰਦਨ ਕਾਂਤ, ਮੋਹਿਤ ਕੋਹਲ਼ੀ, ਨੀਰਜ ਸਿੰਗਲਾ, ਬੂਟਾ ਭਾਈਰੂਪਾ ਤੇ ਮੀਡੀਆ ਇੰਚਾਰਜ ਰਤਨ ਸ਼ਰਮਾ ਮਲੂਕਾ ਹਾਜ਼ਰ ਸਨ।



## ਬਾਬਾ ਫਰੀਦ ਯੂਨੀਵਰਸਿਟੀ ਵੱਲੋਂ ਪੰਜਾਬ ਪੱਧਰੀ ਇੰਟਰ-ਮੈਡੀਕਲ ਕਾਲਜ ਕਵਿੱਜ਼ ਮੁਕਾਬਲਾ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)**

ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼ (ਬੀ.ਐਫ.ਯੂ.ਐੱਚ.ਐੱਸ.), ਫਰੀਦਕੋਟ ਦੇ ਸੈਨੇਟ ਹਾਲ ਵਿੱਚ ਪੰਜਾਬ ਪੱਧਰੀ ਇੰਟਰ-ਮੈਡੀਕਲ ਕਾਲਜ ਕਵਿਜ ਮੁਕਾਬਲਾ ਆਯੋਜਿਤ ਕੀਤਾ ਗਿਆ।ਇਹ ਮੁਕਾਬਲੇ ਮੁੱਖ ਤੌਰ 'ਤੇ ਮੈਡੀਸਿਨ ਅਤੇ ਫਾਰਮਾਕੋਲੋਜੀ ਵਿਸ਼ੇ 'ਤੇ ਕੇਂਦਰਤ ਸਨ।ਪੰਜਾਬ ਦੇ ਵੱਖ-ਵੱਖ 12 ਮੈਡੀਕਲ ਕਾਲਜਾਂ ਦੀਆਂ 16 ਟੀਮਾਂ ਪੂਰੇ ਉਤਸ਼ਾਹ ਨਾਲ ਮੁਕਾਬਲੇ ਵਿੱਚ ਹਿੱਸਾ ਲਿਆ ਅਤੇ ਸਰਕਾਰੀ ਮੈਡੀਕਲ ਕਾਲਜ, ਚੰਡੀਗੜ੍ਹ ਦੀ ਟੀਮ ਵੀ ਸ਼ਾਮਲ ਰਹੀ।ਪ੍ਰੋ. (ਡਾ.) ਰਾਜੀਵ ਸੂਦ, ਵਾਈਸ ਚਾਂਸਲਰ ਨੇ ਇਸ ਮੌਕੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਆਪਣੇ ਸੰਬੋਧਨ ਵਿੱਚ ਡਾ ਸੂਦ ਨੇ ਮੈਡੀਕਲ ਸਿੱਖਿਆ ਨੂੰ ਅਮੀਰ ਬਣਾਉਣ ਅਤੇ ਰਾਸ਼ਟਰੀ ਸਿੱਖਿਆ ਨੀਤੀ ਦੇ ਦ੍ਰਿਸ਼ਟੀਕੋਣ ਨੂੰ ਉਤਸ਼ਾਹਤ ਕਰਨ ਵਿੱਚ ਅਜਿਹੇ ਅਕਾਦਮਿਕ ਸਮਾਗਮਾਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਉਨ੍ਹਾਂ ਸਾਰੀਆਂ ਭਾਗ ਲੈਣ ਵਾਲੀਆਂ ਟੀਮਾਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਨੂੰ ਸਿਹਤਮੰਦ ਮੁਕਾਬਲੇ ਤੇ ਸਹਿਯੋਗੀ ਸਿੱਖਿਆ ਰਾਹੀਂ ਅਕਾਦਮਿਕ ਉੱਤਮਤਾ ਨੂੰ ਅੱਗੇ ਵਧਾਉਣ ਲਈ ਉਤਸ਼ਾਹਤ ਕੀਤਾ।ਮੁਕਾਬਲੇ ਦੇ ਅੰਤਿਮ ਨਤੀਜਿਆਂ ਅਨੁਸਾਰ, ਗਵਰਨਮੈਂਟ ਮੈਡੀਕਲ ਕਾਲਜ, ਅੰਮ੍ਰਿਤਸਰ ਨੇ ਪਹਿਲਾ ਸਥਾਨ, ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ, ਫਰੀਦਕੋਟ ਨੇ ਦੂਜਾ ਸਥਾਨ ਤੇ ਸ੍ਰੀ ਗੁਰੂ ਰਾਮਦਾਸ ਮੈਡੀਕਲ ਕਾਲਜ ਅੰਮ੍ਰਿਤਸਰ ਨੇ ਤੀਜਾ ਸਥਾਨ ਹਾਸਲ ਕੀਤਾ।ਇਸ ਸਮਾਗਮ ਵਿੱਚ ਸ੍ਰੀ ਅਰਵਿੰਦ ਕੁਮਾਰ ਰਜਿਸਟਰਾਰ, ਡਾ. ਦੀਪਕ ਜੇ ਭੱਟੀ ਡੀਨ ਕਾਲਜਜ਼, ਡਾ. ਰਜੀਵ ਸ਼ਰਮਾ ਕੰਟਰੋਲਰ ਆਫ਼ ਏਗਜ਼ਾਮੀਨੇਸ਼ਨਜ਼, ਡਾ. ਸੰਜੇ ਗੁਪਤਾ ਪ੍ਰਿੰਸਿਪਲ ਜੀ.ਜੀ.ਐਸ.ਐਮ.ਸੀ. ਫਰੀਦਕੋਟ, ਡਾ. ਨੀਤੂ ਕੁੱਕੜ ਮੈਡੀਕਲ ਸੁਪਰਿੰਟੈਂਡੈਂਟ ਜੀ.ਜੀ.ਐਸ.ਐਮ.ਸੀ., ਡਾ. ਯੀਸ਼ੂ ਅਸੀਜਾ ਪ੍ਰਧਾਨ ਤੇ ਡਾ. ਸਕਸ਼ਿਕਾ ਗੋਂਦਰਾ ਉਪ-ਪ੍ਰਧਾਨ ਫਰੀਦਕੋਟ ਐਸੋਸੀਏਸ਼ਨ ਆਫ ਮੈਡੀਕਲ ਸਟੂਡੈਂਟਸ ਸਮੇਤ ਯੂਨੀਵਰਸਿਟੀ ਦੇ ਵੱਖ-ਵੱਖ ਕਾਲਜਾਂ ਦੇ ਫੈਕਲਟੀ ਮੈਂਬਰ ਤੇ ਵਿਦਿਆਰਥੀ ਮੌਜੂਦ ਸਨ।

## ਕਾਮੀ ਕਲਾਂ 'ਚ ਪਰਾਲੀ ਸੰਭਾਲ ਰਹੇ ਕਿਸਾਨਾਂ ਨਾਲ ਡੀ ਸੀ ਵੱਲੋਂ ਮੁਲਾਕਾਤ

*ਕਿਸਾਨਾਂ ਦਾ ਵਾਤਾਵਰਣ ਦੀ ਸੰਭਾਲ 'ਚ ਅਹਿਮ ਯੋਗਦਾਨ : ਡਾ. ਪ੍ਰੀਤੀ ਯਾਦਵ*



**ਘਨੌਰ/ਪਟਿਆਲਾ (ਰਾਜਿੰਦਰ ਥਿੰਦ)**-ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਕਿਹਾ ਹੈ ਕਿ ਕਿਸਾਨਾਂ ਦੇ ਸਹਿਯੋਗ ਸਦਕਾ ਪਟਿਆਲਾ ਜ਼ਿਲ੍ਹੇ 'ਚ ਇਸ ਵਾਰ ਪਰਾਲੀ ਨੂੰ ਅੱਗ ਲਾਉਣ ਦੇ ਮਾਮਲੇ ਕਾਫੀ ਹੱਦ ਤੱਕ ਘਟੇ ਹਨ।ਉਨ੍ਹਾਂ ਘਨੌਰ ਦੇ ਪਿੰਡ ਕਾਮੀ ਕਲਾਂ ਵਿਖੇ ਪਰਾਲੀ ਨੂੰ ਬਿਨਾਂ ਅੱਗ ਲਾਏ ਸੰਭਾਲਣ ਵਾਲੇ ਖੇਤਾਂ ਦਾ ਦੌਰਾ ਕੀਤਾ।ਡਾ. ਪ੍ਰੀਤੀ ਯਾਦਵ ਨੇ ਪਰਾਲੀ ਨੂੰ ਜ਼ਮੀਨ 'ਚ ਮਿਲਾ ਕੇ ਸੰਭਾਲਣ ਵਾਲੇ ਕਿਸਾਨਾਂ ਦੀ ਸ਼ਲਾਘਾ ਕਰਦਿਆਂ ਬਾਕੀ ਕਿਸਾਨਾਂ ਨੂੰ ਵੀ ਸੱਦਾ ਦਿੱਤਾ ਕਿ ਉਹ ਹੁਣ ਪਰਾਲੀ ਨੂੰ ਖੇਤਾਂ ਵਿੱਚ ਹੀ ਵਾਹ ਕੇ ਮਿਲਾ ਦੇਣ, ਕਿਉਂਕਿ ਇਸ ਵੇਲੇ ਕਣਕ ਦੀ ਫ਼ਸਲ ਬੀਜਣ ਦਾ ਸਮਾਂ ਆ ਗਿਆ ਹੈ, ਇਸ ਲਈ ਪਰਾਲੀ ਨੂੰ ਖੇਤਾਂ ਵਿੱਚ ਮਿਲਾਉਣ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਦੁੱਗਣੀ ਹੋ ਜਾਵੇਗੀ।ਉਨ੍ਹਾ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਦੇ ਯਤਨਾਂ ਤੇ ਕਿਸਾਨਾਂ ਦੇ ਸਹਿਯੋਗ ਸਦਕਾ ਹੁਣ ਤੱਕ ਇਸ ਵਾਰ ਕੇਵਲ 32 ਮਾਮਲੇ ਹੀ ਸਾਹਮਣੇ ਆਏ ਹਨ, ਜਦਕਿ 2023 ਵਿੱਚ 215 ਮਾਮਲੇ ਤੇ 2024 ਪਿਛਲੇ ਸਾਲ ਇਸ ਦਿਨ ਤੱਕ ਪਰਾਲੀ ਨੂੰ ਅੱਗ ਲਾਉਣ ਦੇ 210 ਮਾਮਲੇ ਸਾਹਮਣੇ ਆਏ ਸਨ।ਇਸ ਮੌਕੇ ਮੁੱਖ ਖੇਤੀਬਾੜੀ ਅਫ਼ਸਰ ਡਾ. ਜਸਵਿੰਦਰ ਸਿੰਘ ਨੇ ਕਿਹਾ ਕਿ ਪਰਾਲੀ ਨੂੰ ਜ਼ਮੀਨ 'ਚ ਮਿਲਾ ਕੇ ਕਣਕ ਦੀ ਬਿਜਾਈ ਕਰਨ ਲਈ ਸੁਪਰ ਸੀਡਰ, ਹੈਪੀ ਸੀਡਰ, ਜ਼ੀਰੋ ਟਿਲ ਡ੍ਰਿਲ ਮਸ਼ੀਨਾਂ ਲੋੜੀਂਦੀ ਮਾਤਰਾ 'ਚ ਉਪਲਬਧ ਹਨ, ਜਿਨ੍ਹਾਂ ਨਾਲ ਕਣਕ ਬੀਜਣ ਸਮੇਂ ਪਰਾਲੀ ਜ਼ਮੀਨ 'ਚ ਮਿਲ ਜਾਂਦੀ ਹੈ, ਜਿਸ ਨਾਲ ਅਗਲੀ ਫਸਲ ਦੇ ਝਾੜ ਵਿੱਚ ਚੋਖਾ ਵਾਧਾ ਹੁੰਦਾ ਹੈ।ਉਨ੍ਹਾਂ ਕਿਹਾ ਕਿ ਮਸ਼ੀਨਰੀ ਲਈ ਫੋਨ ਨੰਬਰ 0175-2350550 'ਤੇ ਸੰਪਰਕ ਕੀਤਾ ਜਾ ਸਕਦਾ ਹੈ।

## ਗਲੋਬਲ ਡਿਸਕਵਰੀ ਸਕੂਲ ਵਿਖੇ ਦੀਵਾਲੀ ਤੇ ਬੰਦੀ ਛੋੜ ਦਿਵਸ ਮਨਾਇਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸੀਬੀਐੱਸਈ ਦੁਆਰਾ ਮਾਨਤਾ ਪ੍ਰਾਪਤ ਸਰਾਫ ਐਜੂਬੀਕਨ ਗਲੋਬਲ ਡਿਸਕਵਰੀ ਸਕੂਲ ਰਾਮਪੁਰਾ ਫੂਲ ਵਿਖੇ ਦੀਵਾਲੀ ਤੇ ਬੰਦੀ ਛੋੜ ਦਿਵਸ ਮੌਕੇ 'ਤੇ ਇੱਕ ਵਿਸ਼ੇਸ਼ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਸਕੂਲ ਪ੍ਰਬੰਧਨ ਵੱਲੋਂ ਦੀਵੇ ਜਗਾਉਣ ਤੇ ਦੇਵੀ ਲਕਸ਼ਮੀ ਦੀ ਪੂਜਾ ਨਾਲ ਹੋਈ, ਜਿਸ ਵਿੱਚ ਵਿਦਿਆਰਥੀਆਂ ਤੇ ਅਧਿਆਪਕਾਂ ਨੇ ਸ਼ਰਧਾ ਨਾਲ ਹਿੱਸਾ ਲਿਆ।ਵਿਦਿਆਰਥੀਆਂ ਨੇ ਬੰਦੀ ਛੋੜ ਦਿਵਸ ਦੇ ਇਤਿਹਾਸਕ ਪਿਛੋਕੜ ਬਾਰੇ ਭਾਸ਼ਣ ਵੀ ਦਿੱਤੇ ਤੇ ਗੀਤ ਵੀ ਗਾਏ।ਇਸ ਦਿਨ ਦੀ ਮਹੱਤਤਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਵੀ ਪ੍ਰਦਾਨ ਕੀਤੀ ਗਈ।ਬੱਚਿਆਂ ਦਾ ਇੱਕ ਅੰਤਰ-ਹਾਊਸ ਰੰਗੋਲੀ ਮੁਕਾਬਲਾ ਵੀ ਕਰਵਾਇਆ ਗਿਆ, ਜਿਸ 'ਚ ਫਿਨਿਕਸ ਹਾਊਸ ਜੇਤੂ ਰਿਹਾ।ਸਕੂਲ ਦੇ ਚੇਅਰਮੈਨ ਇੰਜੀਨੀਅਰ ਕਮਲੇਸ਼ ਸਰਾਫ ਨੇ ਬੱਚਿਆਂ ਦੀਆਂ ਪੇਸ਼ਕਾਰੀਆਂ ਦੀ ਸ਼ਲਾਘਾ ਕੀਤੀ ਤੇ ਕਿਹਾ ਕਿ ਅਜਿਹੇ ਤਿਉਹਾਰ ਵਿਦਿਆਰਥੀਆਂ ਵਿੱਚ ਸੱਭਿਆਚਾਰਕ ਕਦਰਾਂ-ਕੀਮਤਾਂ ਤੇ ਪ੍ਰੰਪਰਾਵਾਂ ਪ੍ਰਤੀ ਸਤਿਕਾਰ ਪੈਦਾ ਕਰਦੇ ਹਨ।ਉਨ੍ਹਾ ਕਿਹਾ ਕਿ ਬੰਦੀ ਛੋੜ ਦਿਵਸ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਜੀਵਨ ਦੀ ਇੱਕ ਘਟਨਾ ਦੀ ਯਾਦ ਦਿਵਾਉਂਦਾ ਹੈ, ਜਦੋਂ ਉਨ੍ਹਾਂ ਨੇ 52 ਬੰਦੀ ਰਾਜਿਆਂ ਨੂੰ ਗਵਾਲੀਅਰ ਦੇ ਕਿਲ੍ਹੇ ਵਿੱਚੋਂ ਰਿਹਾਅ ਕਰਵਾਇਆ ਸੀ।ਇਹ ਦਿਨ ਸਾਨੂੰ ਸਿਰਫ਼ ਆਪਣੇ ਲਈ ਹੀ ਨਹੀਂ, ਸਗੋਂ ਦੂਜਿਆਂ ਦੀ ਭਲਾਈ ਲਈ ਵੀ ਅੱਗੇ ਵਧਣ ਲਈ ਪ੍ਰੇਰਿਤ ਕਰਦਾ ਹੈ।

## ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਪ੍ਰਭਾਤ ਫੇਰੀ ਕੱਢੀ



**ਬੁਢਲਾਡਾ (ਅਸ਼ੋਕ ਲਾਕੜਾ)**-ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦਾ 556ਵਾਂ ਪ੍ਰਕਾਸ਼ ਗੁਰਪੁਰਬ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਨਵੀਨ ਬੁਢਲਾਡਾ ਵਿਖੇ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਡਾਕਟਰ ਕਮਲਜੀਤ ਸਿੰਘ ਬੌਬੀ ਨੇ ਦੱਸਿਆ ਕਿ ਸਮੂਹ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਗੁਰਦੁਆਰਾ ਸਾਹਿਬ ਸ੍ਰੀ ਗੁਰੂ ਸਭਾ ਨਵੀਨ ਵਿਖੇ ਪ੍ਰਕਾਸ਼ ਗੁਰਪੁਰਬ ਨੂੰ ਸਮਰਪਤ ਰੋਜ਼ਾਨਾ ਪ੍ਰਭਾਤਫੇਰੀ ਕੱਢੀ ਜਾ ਰਹੀ ਹੈ, ਜੋ ਕਿ 3 ਨਵੰਬਰ ਤੱਕ ਨਿਰੰਤਰ ਜਾਰੀ ਰਹੇਗੀ।ਇਸ ਮੌਕੇ ਪ੍ਰਭਾਤਫੇਰੀ ਨਾਲ ਡਾਕਟਰ ਪ੍ਰਿਤਪਾਲ ਸਿੰਘ ਕੋਹਲੀ, ਸੁਰਜੀਤ ਸਿੰਘ ਟੀਟਾ, ਮਾਸਟਰ ਕੁਲਵੰਤ ਸਿੰਘ, ਮਿਸਤਰੀ ਜਰਨੈਲ ਸਿੰਘ, ਸੰਤੋਖ ਸਿੰਘ, ਕੁਲਦੀਪ ਸਿੰਘ, ਗੁਰਚਰਨ ਸਿੰਘ ਮਲਹੋਤਰਾ, ਜਸਵੰਤ ਸਿੰਘ, ਸੋਨੂੰ ਸਾਹਨੀ, ਗਿਆਨੀ ਨਿਧਾਨ ਸਿੰਘ, ਰਜਿੰਦਰ ਸਿੰਘ ਸੋਨੂੰ, ਰਘਬੀਰ ਸਿੰਘ ਚਹਿਲ, ਦਿਲਬਾਗ ਸਿੰਘ ਗੱਗੀ, ਅਮਰੀਕ ਸਿੰਘ, ਹਜ਼ੂਰੀ ਰਾਗੀ ਮੱਖਣ ਸਿੰਘ, ਮਾਸਟਰ ਰਜਿੰਦਰ ਸਿੰਘ ਤੇ ਦਵਿੰਦਰ ਸਿੰਘ ਕੋਹਲੀ ਆਦਿ ਹਾਜ਼ਰ ਸਨ।

## ਹੋਣਹਾਰ ਵਿਦਿਆਰਥਣਾਂ ਦਾ ਬੈਟਰ ਐਜੂਕੇਸ਼ਨ ਫਾਊਂਡੇਸ਼ਨ ਵੱਲੋਂ ਸਨਮਾਨ



**ਜਲਾਲਾਬਾਦ (ਜੀਤ ਕੁਮਾਰ)**-ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਜਲਾਲਾਬਾਦ ਵਿਖੇ ਬੈਟਰ ਐਜੂਕੇਸ਼ਨ ਫਿਊਚਰ ਫਾਊਂਡੇਸ਼ਨ ਵੱਲੋਂ ਸਾਲ 2024-25 ਦੌਰਾਨ ਵੱਖ ਵੱਖ ਜਮਾਤਾਂ ਵਿੱਚੋਂ ਪੁਜ਼ੀਸ਼ਨਾਂ ਲੈਣ ਵਾਲੇ ਵਿਦਿਆਰਨਾਂ ਨੂੰ ਸਨਮਾਨਤ ਕੀਤਾ ਗਿਆ। ਇਸ ਸਬੰਧੀ ਆਯੋਜਤ ਸਮਾਗਮ ਵਿੱਚ ਫਾਊਂਡੇਸ਼ਨ ਦੇ ਚੇਅਰਮੈਨ ਬੂਟਾ ਸਿੰਘ ਰਾਣਾ ਰਾਏ ਤੇ ਫਾਊਂਡੇਸ਼ਨ ਦੇ ਸੀਈਓ ਮੈਡਮ ਗੁਰਦੀਪ ਕੌਰ ਵਿਸ਼ੇਸ਼ ਤੌਰ 'ਤੇ ਪੁੱਜੇ, ਜਦੋਂਕਿ ਸਕੂਲ ਦੇ ਪ੍ਰਿੰਸੀਪਲ ਅਮਿਤ ਗਗਨੇਜਾ ਸਮੇਤ ਸਮੂਹ ਸਟਾਫ ਹਾਜ਼ਰ ਸਨ। ਇਸ ਮੌਕੇ ਫਾਊਡੇਸ਼ਨ ਦੇ ਚੇਅਰਮੈਨ ਰਾਣਾ ਰਾਏ ਨੇ ਵਿਦਿਆਰਥਣਾਂ ਨੂੰ ਸ਼ੀਲਡਾਂ, ਮੈਡਲਾਂ ਤੇ ਸਟੇਸ਼ਨਰੀ ਦੇ ਕੇ ਸਨਮਾਨਤ ਕੀਤਾ ਅਤੇ ਬੋਲਦੇ ਹੋਏ ਪ੍ਰਿੰਸੀਪਲ ਤੇ ਸਮੂਹ ਸਟਾਫ ਦਾ ਧੰਨਵਾਦ ਕੀਤਾ। ਉਨ੍ਹਾਂ ਸਕੂਲ ਦੀਆਂ ਵਿਦਿਆਰਥਣਾਂ ਨੂੰ ਦੱਸਿਆ ਕਿ ਕਿਸ ਤਰ੍ਹਾਂ ਅੱਜ ਲੜਕੇ ਤੇ ਲੜਕੀਆਂ ਵਿੱਚ ਬਿਲਕੁਲ ਵੀ ਫਰਕ ਨਹੀਂ ਹੈ ਅਤੇ ਲੜਕੀਆਂ ਮਿਹਨਤ ਤੇ ਲਗਨ ਨਾਲ ਪੜ੍ਹਾਈ ਕਰਕੇ ਆਪਣੇ ਮਾਤਾ-ਪਿਤਾ ਤੇ ਅਧਿਆਪਕਾਂ ਦਾ ਮਾਣ ਸਨਮਾਨ ਵਧਾ ਰਹੀਆਂ ਹਨ। ਉਨ੍ਹਾਂ ਨੇ ਕਿਹਾ ਕਿ ਆਉਣ ਵਾਲੇ ਸਾਲਾਂ ਵਿੱਚ ਵੀ ਇਹ ਜੋ ਪ੍ਰੰਪਰਾ ਚੱਲ ਰਹੀ ਹੈ, ਇਸ ਇਹ ਘਟਨ ਦੀ ਬਜਾਏ ਵਧੇਗੀ ਤੇ ਅੱਗੇ ਤੋਂ ਵੀ ਵਿਦਿਆਰਥਣਾਂ ਨੂੰ ਸਨਮਾਨ ਦਿੱਤਾ ਜਾਵੇਗਾ। ਇਸ ਮੌਕੇ ਸਕੂਲ ਪ੍ਰਿੰਸੀਪਲ ਅਮਿਤ ਗਗਨੇਜਾ ਵੱਲੋਂ ਫਾਊਂਡੇਸ਼ਨ ਦੇ ਚੇਅਰਮੈਨ ਬੂਟਾ ਸਿੰਘ ਰਾਣਾ ਰਾਏ ਹੋਣਹਾਰ ਵਿਦਿਆਰਥਣਾਂ ਨੂੰ ਸਨਮਾਨਤ ਕਰਨ 'ਤੇ ਧੰਨਵਾਦ ਕੀਤਾ।

## ਗੁਰਪ੍ਰੀਤ ਬਾਠ ਨੇ ਫਰੈਂਡਸ਼ਿਪ ਚੋਟੀ ਕੀਤੀ ਫਤਹਿ



**ਧੂਰੀ (ਸੁਖਦੇਵ ਧੂਰੀ)**-ਧੂਰੀ ਦੇ ਜੰਮਪਲ ਪਰਬਤਾਰੋਹੀ ਗੁਰਪ੍ਰੀਤ ਬਾਠ, ਜੋ ਕਿ ਮਲੇਰਕੋਟਲਾ ਜੇਲ੍ਹ ਵਿੱਚ ਵਾਰਡਰ ਦੇ ਤੌਰ 'ਤੇ ਸੇਵਾਵਾਂ ਨਿਭਾਅ ਰਹੇ ਹਨ, ਨੇ ਹਿਮਾਚਲ ਪ੍ਰਦੇਸ਼ ਦੀ ਚੁਣੌਤੀਪੂਰਨ ਚੋਟੀ ਫਰੈਂਡਸ਼ਿਪ ਪੀਕ (17352 ਫੁੱਟ) 'ਤੇ ਚੜ੍ਹਾਈ ਕਰਨ ਦਾ ਸਾਹਸਪੂਰਨ ਕਾਰਜ ਸੰਪੰਨ ਕੀਤਾ ਹੈ।ਗੁਰਪ੍ਰੀਤ ਬਾਠ ਨੇ ਦੱਸਿਆ ਕਿ ਉਨ੍ਹਾਂ ਦੀ ਇਸ ਟੀਮ ਵਿੱਚ ਕੁੱਲ ਚਾਰ ਸਾਥੀ ਸਨ, ਜਿਨ੍ਹਾਂ ਵਿੱਚੋਂ ਤਿੰਨ ਨੇ ਇਸ ਚੋਟੀ 'ਤੇ ਚੜ੍ਹਨ ਵਿੱਚ ਸਫਲਤਾ ਪ੍ਰਾਪਤ ਕੀਤੀ।ਉਨ੍ਹਾਂ ਦੱਸਿਆ ਕਿ ਵਿੰਟਰ ਸੀਜ਼ਨ ਵਿੱਚ ਇਸ ਚੋਟੀ ਨੂੰ ਸਰ ਕਰਨਾ ਬਹੁਤ ਵੱਡੀ ਪ੍ਰਾਪਤੀ ਹੈ, ਕਿਉਂਕਿ ਸਭ ਤੋਂ ਵੱਡੀ ਗੱਲ ਇਹ ਹੁੰਦੀ ਹੈ ਕਿ ਇਨ੍ਹਾਂ ਦਿਨਾਂ ਵਿੱਚ ਬਰਫ ਬਹੁਤ ਜ਼ਿਆਦਾ ਡਿੱਗ ਪੈਂਦੀ ਹੈ ਤੇ ਤਾਪਮਾਨ ਵੀ ਬਹੁਤ ਗਿਰ ਪੈਂਦਾ ਹੈ ਤੇ ਪਰਬਤਾਂ ਰੋਹੀਆਂ ਲਈ ਇੱਕ ਚੁਣੌਤੀ ਵਾਲਾ ਕਾਰਜ ਬਣ ਜਾਂਦਾ ਹੈ, ਪਰ ਸਾਡੀ ਟੀਮ ਨੇ ਇਹ ਕਾਰਜ ਕਰ ਦਿਖਾਇਆ।ਇਸ ਕਾਰਜ ਲਈ ਉਨ੍ਹਾਂ ਨੇ ਵਿਸ਼ੇਸ਼ ਤੌਰ 'ਤੇ ਮਲੇਰਕੋਟਲਾ ਜੇਲ੍ਹ ਦੇ ਸੁਪਰਡੈਂਟ ਪ੍ਰਦੂਮਣ ਜੀ ਦਾ ਵਿਸ਼ੇਸ਼ ਧੰਨਵਾਦ ਕੀਤਾ, ਕਿਉਂਕਿ ਉਨ੍ਹਾਂ ਨੇ ਹੀ ਉਸ ਨੂੰ ਇਸ ਕਾਰਜ ਲਈ ਵਿਸ਼ੇਸ਼ ਸਹਿਯੋਗ ਦਿੱਤਾ।ਵਰਨਣਯੋਗ ਹੈ ਕਿ ਇਸ ਤੋਂ ਪਹਿਲਾਂ ਗੁਰਪ੍ਰੀਤ ਬਾਠ ਸਟਾਕ ਕਾਂਗੜੀ, ਬਲੈਕ ਪੀਕ, ਮਾਊਂਟ ਕਨਾਮੋ, ਮਾਊਂਟ ਕੁਨ ਵਰਗੀਆਂ ਆਦਿ ਕਈ ਉੱਚੀਆਂ ਚੋਟੀਆਂ 'ਤੇ ਸਫਲਤਾ ਪੂਰਵਕ ਚੜ੍ਹਾਈ ਕਰ ਕਰਕੇ ਦੇਸ਼ ਤੇ ਜੇਲ੍ਹ ਵਿਭਾਗ ਦਾ ਨਾਮ ਰੋਸ਼ਨ ਕਰ ਚੁੱਕੇ ਹਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

25-OCT-PAGE-3.qxd 10/24/2025 9:16 PM Page 1

ਸ਼ਨੀਵਾਰ, 25 ਅਕਤੂਬਰ, 2025
9 ਕੱਤਕ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 144

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • SATURDAY, 25 OCTOBER, 2025
ਜਲੰਧਰ

‘ਨਵਾਂ ਜ਼ਮਾਨਾ’ ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in

## ਟਰੰਪ ਨੇ ਕੈਨੇਡਾ ਨਾਲ ਵਪਾਰਕ ਗੱਲਬਾਤ ਰੋਕੀ

### ਮਾਰਕ ਕਾਰਨੀ ਨੇ ਹੋਰਨਾਂ ਦੇਸ਼ਾਂ ਨੂੰ ਬਰਾਮਦ ਦੁੱਗਣੀ ਕਰਨ ਦਾ ਕੀਤਾ ਐਲਾਨ

**ਵਾਸ਼ਿੰਗਟਨ** : ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਇੱਕ ਵਾਰ ਫਿਰ ਕੈਨੇਡਾ ’ਤੇ ਹਮਲਾ ਬੋਲਿਆ ਹੈ। ਉਨ੍ਹਾਂ ਨੇ ਕੈਨੇਡਾ ਨਾਲ ਵਪਾਰਕ ਗੱਲਬਾਤ ਨੂੰ ਰੋਕਣ ਦਾ ਐਲਾਨ ਕੀਤਾ ਹੈ। ਟਰੰਪ ਨੇ ਸੋਸ਼ਲ ਮੀਡੀਆ ’ਤੇ ਇੱਕ ਪੋਸਟ ਵਿੱਚ ਕਿਹਾ ਕਿ ਇੱਕ ਕੈਨੇਡੀਅਨ ਟੀ ਵੀ ਚੈਨਲ ’ਤੇ ਅਮਰੀਕੀ ਟੈਰਿਫ ਦੀ ਆਲੋਚਨਾ ਕੀਤੀ ਜਾ ਰਹੀ ਹੈ, ਇਸ ਸਥਿਤੀ ਵਿੱਚ ਉਹ ਕੈਨੇਡਾ ਨਾਲ ਵਪਾਰਕ ਗੱਲਬਾਤ ਜਾਰੀ ਨਹੀਂ ਰੱਖ ਸਕਦੇ।

ਟਰੰਪ ਨੇ ਕਿਹਾ ਕਿ ਇਸ਼ਤਿਹਾਰ ਰਾਹੀਂ ਅਮਰੀਕੀ ਅਦਾਲਤਾਂ ਦੇ ਫੈਸਲਿਆਂ ਨੂੰ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਨ੍ਹਾਂ ਨੇ ਆਪਣੀ ਪੋਸਟ ਵਿੱਚ ਕਿਹਾ ਕਿ ਰੋਨਾਲਡ ਰੀਗਨ ਫਾਊਂਡੇਸ਼ਨ ਨੇ ਹੁਣੇ ਹੀ ਐਲਾਨ ਕੀਤਾ ਹੈ ਕਿ ਕੈਨੇਡਾ ਨੇ ਧੋਖਾਧੜੀ ਨਾਲ ਇੱਕ ਜਾਲ੍ਹੀ ਇਸ਼ਤਿਹਾਰ ਦੀ ਵਰਤੋਂ ਕੀਤੀ ਹੈ, ਜਿਸ ਵਿੱਚ ਰੋਨਾਲਡ ਰੀਗਨ ਟੈਰਿਫ ਬਾਰੇ ਨਕਾਰਾਤਮਕ ਬੋਲ ਰਿਹਾ ਹੈ। ਵਰਣਨਯੋਗ ਹੈ ਕਿ ਟਰੰਪ ਦੀਆਂ ਟਿੱਪਣੀਆਂ ਕੈਨੇਡੀਅਨ ਪ੍ਰਧਾਨ ਮੰਤਰੀ ਮਾਰਕ ਕਾਰਨੀ ਦੇ ਉਸ ਬਿਆਨ ਤੋਂ ਬਾਅਦ ਆਈਆਂ



ਹਨ, ਜਿਸ ਵਿੱਚ ਉਨ੍ਹਾ ਕਿਹਾ ਹੈ ਕਿ ਉਹ ਟਰੰਪ ਦੇ ਟੈਰਿਫ ਤੋਂ ਪੈਦਾ ਹੋਏ ਖ਼ਤਰੇ ਕਾਰਨ ਅਮਰੀਕਾ ਤੋਂ ਇਲਾਵਾ ਹੋਰ ਦੇਸ਼ਾਂ ਨੂੰ ਆਪਣੇ ਦੇਸ਼ ਦੇ ਨਿਰਯਾਤ ਨੂੰ ਦੁੱਗਣਾ ਕਰਨ ਦਾ ਟੀਚਾ ਰੱਖ ਰਹੇ ਹਨ। ਉਨ੍ਹਾਂ ਕਿਹਾ ਕਿ ਅਮਰੀਕੀ ਟੈਰਿਫਾਂ ਕਾਰਨ ਨਿਵੇਸ਼ ਵਿੱਚ ਠਹਿਰਾਅ ਆ ਰਿਹਾ ਹੈ। ਉਹ 4 ਨਵੰਬਰ ਨੂੰ ਆਪਣੀ ਸਰਕਾਰ ਦਾ ਬਜਟ ਜਾਰੀ ਕਰਨਗੇ। ਉਨ੍ਹਾਂ ਕਿਹਾ, “ਕੈਨੇਡਾ ਦੀਆਂ ਪੁਰਾਣੀਆਂ ਬਹੁਤ ਸਾਰੀਆਂ ਸਮੱਰਥਾਵਾਂ ਜੋ ਅਮਰੀਕਾ ਨਾਲ ਨਜ਼ਦੀਕੀ ਸੰਬੰਧਾਂ ’ਤੇ ਆਧਾਰਤ ਸਨ, ਹੁਣ ਕਮਜ਼ੋਰ ਪੈ ਗਈਆਂ ਹਨ। ਸਾਡੇ ਉਦਯੋਗਾਂ ਵਿੱਚ ਕਾਮਿਆਂ ਦੀਆਂ ਨੌਕਰੀਆਂ ’ਤੇ ਅਮਰੀਕੀ ਟੈਰਿਫਾਂ ਦਾ ਸਭ ਤੋਂ ਵੱਧ ਅਸਰ ਪਿਆ ਹੈ। ਉਨ੍ਹਾ ਕਿਹਾ ਅਮਰੀਕਾ ਨੇ ਵਪਾਰ ਪ੍ਰਤੀ ਆਪਣੀ ਪਹੁੰਚ ਨੂੰ ਬੁਨਿਆਦੀ ਤੌਰ ’ਤੇ ਬਦਲ ਦਿੱਤਾ ਹੈ। ਆਪਣੇ ਟੈਰਿਫ ਵਧਾ ਕੇ ਉਨ੍ਹਾਂ ਪੱਧਰਾਂ ’ਤੇ ਲਿਆਂਦਾ ਹੈ, ਜੋ ਮਹਾਂ ਮੰਦੀ ਦੌਰਾਨ ਆਖ਼ਰੀ ਵਾਰ ਦੇਖੇ ਗਏ ਸਨ। ਗੱਲਬਾਤ ਨੂੰ ਰੋਕਣ ਦਾ ਟਰੰਪ ਦਾ ਅਚਾਨਕ ਫੈਸਲਾ ਦੋਵਾਂ ਗੁਆਂਢੀ ਦੇਸ਼ਾਂ ਵਿਚਕਾਰ ਮਹੀਨਿਆਂ ਤੋਂ ਬਣੇ ਵਪਾਰਕ ਤਣਾਅ ਨੂੰ ਹੋਰ ਵਧਾ ਸਕਦਾ ਹੈ।

## ਮੁੱਛਾਂ ਨੂੰ ਤਾਅ ਦੇਣ ਵਾਲੇ ਪੇਸ਼ੀਆਂ ਭੁਗਤ ਰਹੇ : ਮਾਨ




**ਤਰਨ ਤਾਰਨ** : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਮ ਆਦਮੀ ਪਾਰਟੀ ਪੰਜਾਬ ਦੇ ਇੰਚਾਰਜ ਮਨੀਸ਼ ਸਿਸੋਦੀਆ, ਪੰਜਾਬ ਪ੍ਰਧਾਨ ਅਮਨ ਅਰੋੜਾ ਅਤੇ ਪਾਰਟੀ ਉਮੀਦਵਾਰ ਹਰਮੀਤ ਸਿੰਘ ਸੰਧੂ ਦੇ ਨਾਲ ਸ਼ੁੱਕਰਵਾਰ ਤਰਨ ਤਾਰਨ ਵਿੱਚ ਵਿਸ਼ਾਲ ਵਲੰਟੀਅਰ ਮੀਟਿੰਗ ਨੂੰ ਸੰਬੋਧਨ ਕੀਤਾ। ਇਸ ਦੌਰਾਨ ਤਰਨ ਤਾਰਨ ਵਿਧਾਨ ਸਭਾ ਹਲਕੇ ਦੇ 103 ਪਿੰਡਾਂ ਅਤੇ 23 ਵਾਰਡਾਂ ਦੇ ਮੈਂਬਰ ਅਤੇ ਇੰਚਾਰਜ ਸ਼ਾਮਲ ਹੋਏ। ਇਸ ਤੋਂ ਇਲਾਵਾ ਆਪ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਮਨਸ਼ੇਰ ਸਿੰਘ ਸ਼ੈਰੀ ਕਲਸੀ, ਮੰਤਰੀ ਲਾਲਜੀਤ ਸਿੰਘ ਭੁੱਲਰ (ਤਰਨ ਤਾਰਨ ਜ਼ਿਮਨੀ ਚੋਣ ਇੰਚਾਰਜ), ਕਈ ਕੈਬਨਿਟ ਮੰਤਰੀ, ਵਿਧਾਇਕ ਅਤੇ ਸੀਨੀਅਰ ਆਗੂ ਮੌਜੂਦ ਸਨ। ਮੁੱਖ ਮੰਤਰੀ ਮਾਨ ਨੇ ਕਿਹਾ ਕਿ ਇਹ ਜ਼ਿਮਨੀ ਚੋਣ ਨਹੀਂ ਹੋਣੀ ਸੀ। ਲੋਕਾਂ ਨੇ ਡਾ. ਕਸ਼ਮੀਰ ਸਿੰਘ ਸੋਹਲ ਨੂੰ ਪੰਜ ਸਾਲਾਂ ਲਈ ਚੁਣਿਆ ਸੀ। ਉਹ ਇੱਕ ਨੇਕ ਇਨਸਾਨ ਸਨ ਜੋ ਰਾਜਨੀਤੀ ਨੂੰ ਸਮਾਜ ਸੇਵਾ ਦਾ ਮਾਧਿਅਮ ਸਮਝਦੇ ਸਨ। ਅੱਜ ਅਸੀਂ ਉਨ੍ਹਾਂ ਨੂੰ ਸ਼ਰਧਾਂਜਲੀ ਦੇਣ ਲਈ ਇੱਥੇ ਇਕੱਠੇ ਹੋਏ ਹਾਂ।

ਮੁੱਖ ਮੰਤਰੀ ਨੇ ਜਨਤਾ ਨੂੰ 11 ਨਵੰਬਰ ਨੂੰ ਸਮਝਦਾਰੀ ਨਾਲ ਵੋਟ ਪਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ, ਤੁਸੀਂ ਅਗਲੇ ਡੇਢ ਸਾਲ ਲਈ ਤਰਨ ਤਾਰਨ ਦੀ ਕਿਸਮਤ ਦਾ ਫੈਸਲਾ ਕਰੋਗੇ। ਉਨ੍ਹਾ ਲੋਕਾਂ ਨੂੰ ਵਿਰੋਧੀ ਪਾਰਟੀਆਂ ਦੇ ਝੂਠੇ ਪ੍ਰਚਾਰ ਤੋਂ ਸਾਵਧਾਨ ਰਹਿਣ ਦੀ ਅਪੀਲ ਕੀਤੀ, ਖਾਸ ਕਰਕੇ ਉਨ੍ਹਾਂ ਵੰਸ਼ਵਾਦੀ ਆਗੂਆਂ ਤੋਂ ਜਿਨ੍ਹਾਂ ਨੇ ਲੋਕਾਂ ਤੋਂ ਸੱਤਾ ਖੋਹ ਲਈ ਹੈ। ਮਾਨ ਨੇ ਕਿਹਾ ਕਿ ਉਹ ਕਹਿੰਦੇ ਹਨ ਕਿ ਇਹ 2027 ਦਾ ਸੈਮੀਫਾਈਨਲ ਹੈ, ਪਰ ਇਹ ਕੋਈ ਖੇਡ ਨਹੀਂ ਹੈ-ਇਹ ਸਚਾਈ ਅਤੇ ਵਿਕਾਸ ਦੀ ਚੋਣ ਹੈ।ਮਾਨ ਨੇ ਕਿਹਾ ਕਿ ਤਰਨ ਤਾਰਨ ਨੇ ਉਹ ਦਿਨ ਦੇਖੇ ਹਨ ਜਦੋਂ ਪਰਵਾਰਾਂ ਨੇ ਹਿੰਸਾ ਅਤੇ ਨਸ਼ਿਆਂ ਦੀ ਦੁਰਵਰਤੋਂ ਕਾਰਨ ਇੱਕ ਹੀ ਦਿਨ ਵਿੱਚ ਕਈ ਮੈਂਬਰ ਗੁਆ ਦਿੱਤੇ ਸਨ। ਉਨ੍ਹਾ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਨੌਜਵਾਨਾਂ ਨੂੰ ਗੈਂਗਸਟਰਵਾਦ ਅਤੇ ਬਗਾਵਤ ਵੱਲ ਧੱਕਿਆ, ਆਮ ਲੋਕਾਂ ਵਿਰੁੱਧ ਝੂਠੇ ਕੇਸ ਦਰਜ ਕੀਤੇ। ਪਰ ਪਿਛਲੇ ਸਾਢੇ ਤਿੰਨ ਸਾਲਾਂ ਵਿੱਚ ਇੱਕ ਵੀ ਝੂਠਾ ਕੇਸ ਦਰਜ ਨਹੀਂ ਕੀਤਾ ਗਿਆ।ਮਾਨ ਨੇ ਕਿਹਾ ਕਿ ਸੁਖਬੀਰ ਬਾਦਲ ਦਾਅਵਾ ਕਰਦੇ ਹਨ ਕਿ ਹਰ ਬਾਜ਼ਾਰ, ਸੜਕ ਅਤੇ ਪੁਲ ਬਾਦਲ ਸਾਹਿਬ ਨੇ ਬਣਾਇਆ ਸੀ, ਤਾਂ ਫਿਰ ਜਦੋਂ ਉਹ ਬਰਗਾੜੀ ਅਤੇ ਕੋਟਕਪੂਰਾ ਵਿੱਚੋਂ ਲੰਘਦੇ ਹਨ ਤਾਂ ਉਹ ਚੁੱਪ ਕਿਉਂ ਰਹਿੰਦੇ ਹਨ? ਕੀ ਉਨ੍ਹਾਂ ਦੀ ਸਰਕਾਰ ਨੇ ਸ਼ਾਂਤਮਈ ਸਿੱਖ ਪ੍ਰਦਰਸ਼ਨਕਾਰੀਆਂ ’ਤੇ ਗੋਲੀਆਂ ਨਹੀਂ ਚਲਾਈਆਂ?

ਉਨ੍ਹਾਂ ਕਿਹਾ ਕਿ ਜਿਹੜੇ ਕਦੇ ਹੰਕਾਰ ਨਾਲ ਮੁੱਛਾਂ ਨੂੰ ਤਾਅ ਦਿੰਦੇ ਸਨ, ਉਹ ਹੁਣ ਅਦਾਲਤ ਵਿੱਚ ਪੇਸ਼ ਹੋ ਰਹੇ ਹਨ। ਜਿਨ੍ਹਾਂ ਦਸਤਾਵੇਜ਼ਾਂ ਤੋਂ ਉਨ੍ਹਾਂ ਨੇ ਇਨਕਾਰ ਕੀਤਾ ਸੀ, ਉਹ ਸਬੂਤ ਬਣ ਗਏ ਹਨ।ਭਗਵੰਤ ਮਾਨ ਨੇ ਐਲਾਨ ਕੀਤਾ ਕਿ ਉਹ 26 ਅਕਤੂਬਰ ਨੂੰ ਤਰਨ ਤਾਰਨ ਵਾਪਸ ਆਉਣਗੇ ਅਤੇ ਇੱਕ ਸ਼ਾਨਦਾਰ ਰੋਡ ਸ਼ੋਅ ਕਰਨਗੇ। ਅਮਨ ਅਰੋੜਾ ਨੇ ਕਿਹਾ ਕਿ ਆਉਣ ਵਾਲੀ ਤਰਨ ਤਾਰਨ ਜ਼ਿਮਨੀ ਚੋਣ ਡਾ. ਸੋਹਲ ਦੀ ਵਿਰਾਸਤ ਨੂੰ ਸੱਚੀ ਸ਼ਰਧਾਂਜਲੀ ਦੇਣ ਦਾ ਇੱਕ ਮੌਕਾ ਹੈ - ਉਨ੍ਹਾਂ ਦੀ ਇਮਾਨਦਾਰੀ ਅਤੇ ਵਚਨਬੱਧਤਾ ਦਾ ਸਨਮਾਨ ਕਰਦੇ ਹੋਏ ਇੱਕ ਵਾਰ ਫਿਰ ‘ਆਪ’ ਦੀ ਜਿੱਤ ਯਕੀਨੀ ਬਣਾਉਣੀ ਚਾਹੀਦੀ ਹੈ।

## ਬੱਸ ਨੂੰ ਅੱਗ ਲੱਗਣ ਕਾਰਨ 20 ਮੌਤਾਂ



**ਕੁਰਨੂਲ** : (ਆਂਧਰਾ ਪ੍ਰਦੇਸ਼)-ਹੈਦਰਾਬਾਦ ਤੋਂ ਬੰਗਲੁਰੂ ਜਾ ਰਹੀ ਇੱਕ ਪ੍ਰਾਈਵੇਟ ਬੱਸ ਦੀ ਸ਼ੁੱਕਰਵਾਰ ਨੂੰ ਦੋ-ਪਹੀਆ ਵਾਹਨ ਨਾਲ ਟੱਕਰ ਹੋਣ ਮਗਰੋਂ ਅੱਗ ਲੱਗਣ ਦੀ ਘਟਨਾ ਵਾਪਰੀ ਹੈ, ਜਿਸ ਵਿੱਚ 20 ਲੋਕਾਂ ਦੀ ਮੌਤ ਹੋ ਗਈ। ਪੁਲਸ ਨੇ ਦੱਸਿਆ ਕਿ ਮ੍ਰਿਤਕਾਂ ਵਿੱਚੋਂ ਜ਼ਿਆਦਾਤਰ ਬੁਰੀ ਤਰ੍ਹਾਂ ਝੁਲਸ ਚੁੱਕੇ ਹਨ ਅਤੇ ਉਨ੍ਹਾਂ ਦੀ ਪਛਾਣ ਕਰਨੀ ਮੁਸ਼ਕਲ ਹੈ। ਮਰਨ ਵਾਲਿਆਂ ਵਿੱਚ ਦੋ-ਪਹੀਆ ਵਾਹਨ ਦਾ ਚਾਲਕ ਵੀ ਸ਼ਾਮਲ ਹੈ। ਇੱਕ ਅਧਿਕਾਰੀ ਨੇ ਦੱਸਿਆ ਕਿ ਯਾਤਰੀ ਇਸ ਦੁਖਾਂਤ ਤੋਂ ਬਚ ਨਹੀਂ ਸਕੇ, ਕਿਉਂਕਿ ਇਹ ਹਾਦਸਾ ਰਾਤ ਨੂੰ ਉਸ ਸਮੇਂ ਵਾਪਰਿਆ, ਜਦੋਂ ਉਹ ਸੁੱਤੇ ਹੋਏ ਸਨ। ਮੁੱਢਲੀਆਂ ਰਿਪੋਰਟਾਂ ਅਨੁਸਾਰ ਕੁਰਨੂਲ ਦੇ ਚਿੰਨ੍ਹਟੇਕੁਰ ਨੇੜੇ ਮੋਟਰਸਾਈਕਲ ਬੱਸ ਨਾਲ ਟਕਰਾਅ ਗਿਆ ਅਤੇ ਇਸ ਦੇ ਹੇਠਾਂ ਘਸੀਟਿਆ ਗਿਆ।

ਪੁਲਸ ਨੇ ਦੱਸਿਆ ਕਿ ਸ਼ਾਰਟ ਸਰਕਟ ਕਾਰਨ ਬੱਸ ਦਾ ਦਰਵਾਜ਼ਾ ਜਾਮ ਹੋ ਗਿਆ ਅਤੇ ਬੱਸ ਕੁਝ ਹੀ ਮਿੰਟਾਂ ਵਿੱਚ ਪੂਰੀ ਤਰ੍ਹਾਂ ਸੜ ਗਈ।

## ਆਜ਼ਾਦ ਉਮੀਦਵਾਰ ਸੰਧੂ ਦੇ ਹੱਕ ’ਚ ਬੈਠਿਆ



**ਤਰਨ ਤਾਰਨ** : ਕਾਂਗਰਸ ਪਾਰਟੀ ਦੇ ਬਲਾਕ ਸੰਮਤੀ ਮੈਂਬਰ ਹਰਪਾਲ ਸਿੰਘ, ਜਿਨ੍ਹਾਂ ਨੇ ਆਜ਼ਾਦ ਉਮੀਦਵਾਰ ਵਜੋਂ ਆਪਣਾ ਨਾਮਜ਼ਦਗੀ ਪੱਤਰ ਦਾਖ਼ਲ ਕੀਤਾ ਸੀ, ਨੇ ਆਪ ਦੇ ਉਮੀਦਵਾਰ ਹਰਮੀਤ ਸਿੰਘ ਸੰਧੂ ਦੇ ਹੱਕ ਵਿੱਚ ਆਪਣੀ ਨਾਮਜ਼ਦਗੀ ਵਾਪਸ ਲੈ ਲਈ। ਆਪ ਦੇ ਸੂਬਾ ਪ੍ਰਧਾਨ ਅਮਨ ਅਰੋੜਾ ਨੇ ਉਨ੍ਹਾਂ ਨੂੰ ਪਾਰਟੀ ਵਿੱਚ ਸ਼ਾਮਲ ਕਰਾਇਆ।ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਆਮ ਆਦਮੀ ਪਾਰਟੀ ਦੇ ਪੰਜਾਬ ਪ੍ਰਧਾਨ ਅਮਨ ਅਰੋੜਾ ਨੇ ਕਿਹਾ ਕਿ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਅਤੇ ਸਰਕਾਰ ਦੇ ਕੰਮਾਂ ਤੋਂ ਪ੍ਰਭਾਵਿਤ ਹੋ ਕੇ ਚੰਗੇ ਕਿਰਦਾਰ ਵਾਲੇ ਲੋਕ ਦੂਜੀਆਂ ਪਾਰਟੀਆਂ ਛੱਡ ਕੇ ਆਪ ਪਰਿਵਾਰ ਦਾ ਹਿੱਸਾ ਬਣ ਰਹੇ ਹਨ। ਇਸ ਮੌਕੇ ਉਨ੍ਹਾਂ ਦੇ ਨਾਲ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ, ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ, ਤਲਬੀਰ ਗਿੱਲ, ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ (ਗਿੱਦੜਬਾਹਾ) ਅਤੇ ਵਿਧਾਇਕ ਦਵਿੰਦਰ ਸਿੰਘ ਲਾਡੀ ਢੋਸ ਸਮੇਤ ਹੋਰ ਸੀਨੀਅਰ ਆਗੂ ਵੀ ਹਾਜ਼ਰ ਸਨ।

### ਪਾਕਿਸਤਾਨੀ ਹਾਕੀ ਟੀਮ ਭਾਰਤ ਨਹੀਂ ਆਏਗੀ

**ਨਵੀਂ ਦਿੱਲੀ** : ਪਾਕਿਸਤਾਨ ਨੇ 28 ਨਵੰਬਰ ਤੋਂ 10 ਦਸੰਬਰ 2025 ਤੱਕ ਚੇਨਈ ਅਤੇ ਮਦੁਰਾਈ ਵਿੱਚ ਹੋਣ ਵਾਲੇ ਜੂਨੀਅਰ ਹਾਕੀ ਵਿਸ਼ਵ ਕੱਪ ਤੋਂ ਹਟਣ ਦਾ ਫੈਸਲਾ ਕੀਤਾ ਹੈ। ਪਹਿਲਗਾਮ ਵਿੱਚ ਹੋਏ ਅੱਤਵਾਦੀ ਹਮਲੇ ਅਤੇ ਉਸ ਤੋਂ ਬਾਅਦ ਆਪਰੇਸ਼ਨ ਸਿੰਧੂਰ ਵਜੋਂ ਜਾਣੇ ਜਾਂਦੇ ਭਾਰਤ ਦੇ ਜਵਾਬੀ ਹਮਲੇ ਤੋਂ ਬਾਅਦ ਦੋਵਾਂ ਦੇਸ਼ਾਂ ਵਿਚਕਾਰ ਖੇਡ ਸੰਬੰਧ ਪ੍ਰਭਾਵਿਤ ਹੋਏ ਹਨ।

### ਭਾਜਪਾ ਕੌਂਸਲਰ ਸ਼ਿਵਮ ਸ਼ਰਮਾ ‘ਆਪ’ ’ਚ ਸ਼ਾਮਲ

**ਜਲੰਧਰ** : ਜਲੰਧਰ ਸੈਂਟਰਲ ਵਿਚ ਸ਼ੁੱਕਰਵਾਰ ਨੂੰ ਇਕ ਵੱਡੀ ਰਾਜਨੀਤਕ ਤਬਦੀਲੀ ਵੇਖਣ ਨੂੰ ਮਿਲੀ, ਜਿਸ ਤਹਿਤ ਭਾਰਤੀ ਜਨਤਾ ਪਾਰਟੀ ਦਾ ਇਕ ਕੌਂਸਲਰ ਪਾਰਟੀ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਿਆ। ਵਾਰਡ ਨੰਬਰ 12 ਦੇ ਭਾਜਪਾ ਕੌਂਸਲਰ ਸ਼ਿਵਮ ਸ਼ਰਮਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਮੌਜੂਦਗੀ ਵਿਚ ਪਾਰਟੀ ’ਚ ਸ਼ਾਮਲ ਹੋਏ। ਇਸ ਮੌਕੇ ਮੇਅਰ ਵਿਨੀਤ ਧੀਰ, ਆਮ ਆਦਮੀ ਪਾਰਟੀ ਦੇ ਸੀਨੀਅਰ ਨੇਤਾ ਕਾਕੂ ਆਹਲੂਵਾਲੀਆ, ਸੌਰਭ ਸੇਠ ਅਤੇ ਸਰਪੰਚ ਬਲਕਰਨ ਸਿੰਘ ਵੀ ਮੌਜੂਦ ਸਨ।

### ਕਮਲ ਭਾਬੀ ਕਤਲ ਮਾਮਲੇ ’ਚ 2 ਖਿਲਾਫ਼ ਦੋਸ਼ ਆਇਦ

**ਬਠਿੰਡਾ** : ਬਹੁਚਰਚਿਤ ਕਮਲ ਕੌਰ ਭਾਬੀ ਕਤਲ ਮਾਮਲੇ ਵਿਚ ਇੱਕ ਅਦਾਲਤ ਨੇ ਦੋ ਦੋਸ਼ੀਆਂ ਖਿਲਾਫ ਦੋਸ਼ ਆਇਦ ਕਰ ਦਿੱਤੇ ਹਨ। ਇਸ ਕੇਸ ਵਿਚ ਜਸਪ੍ਰੀਤ ਸਿੰਘ ਅਤੇ ਨਿਮਰਤ ਪ੍ਰੀਤ ਕੌਰ ਖਿਲਾਫ ਚਲਾਨ ਪੇਸ਼ ਹੋਣ ਤੋਂ ਬਾਅਦ ਅਦਾਲਤ ਨੇ ਸ਼ੁੱਕਰਵਾਰ ਨੂੰ ਦੋਵਾਂ ਨੂੰ ਦੋਸ਼ੀ ਮੰਨਦੇ ਹੋਏ ਕੇਸ ਚਲਾਉਣ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ। ਹਾਲਾਂਕਿ ਦੋਵਾਂ ਨੇ ਦੋਸ਼ਾਂ ਤੋਂ ਇਨਕਾਰ ਕਰ ਦਿੱਤਾ। ਇਸ ਮਾਮਲੇ ’ਚ ਅੰਮ੍ਰਿਤਪਾਲ ਸਿੰਘ ਮਹਿਰੋ ਅਤੇ ਰਣਜੀਤ ਸਿੰਘ ਅਜੇ ਵੀ ਫਰਾਰ ਹਨ। ਸਮਝਿਆ ਜਾਂਦਾ ਹੈ ਕਿ ਅੰਮ੍ਰਿਤਪਾਲ ਸਿੰਘ ਸੰਯੁਕਤ ਅਰਬ ਅਮੀਰਾਤ ਭੱਜ ਗਿਆ ਹੈ, ਜਦੋਂ ਕਿ ਰਣਜੀਤ ਸਿੰਘ ਬਾਰੇ ਕੋਈ ਉੱਘ-ਸੁੱਘ ਨਹੀਂ ਹੈ। ਜਾਂਚ ਏਜੰਸੀਆਂ ਮੁਤਾਬਕ ਇੱਕ ਅਣਪਛਾਤੇ ਵਿਅਕਤੀ ਦੀ ਅਜੇ ਪਛਾਣ ਨਹੀਂ ਹੋ ਸਕੀ ਹੈ, ਜਿਸ ਦੀ ਭੂਮਿਕਾ ’ਤੇ ਵੀ ਸ਼ੱਕ ਹੈ। ਜ਼ਿਕਰਯੋਗ ਹੈ ਕਿ ਕਮਲ ਕੌਰ ਭਾਬੀ ਦੇ ਕਤਲ ਨੇ ਪੰਜਾਬ ਵਿੱਚ ਸਨਸਨੀ ਫੈਲਾ ਦਿੱਤੀ ਸੀ।

### ਓਂਟਾਰੀਓ ’ਚ ਟੂਰਿਸਟ ਵੀਜ਼ਾ ਧਾਰਕਾਂ ਨੂੰ ਨਹੀਂ ਮਿਲੇਗਾ ਡਰਾਈਵਿੰਗ ਲਾਇਸੈਂਸ

**ਵੈਨਕੂਵਰ** : ਸੈਲਾਨੀ ਵੀਜ਼ਾ (ਟੂਰਿਸਟ ਵੀਜ਼ਾ) ਲੈ ਕੇ ਕੈਨੇਡਾ ਆਏ ਲੋਕ ਹੁਣ ਓਂਟਾਰੀਓ ਸੂਬੇ ਤੋਂ ਡਰਾਈਵਿੰਗ ਲਾਇਸੈਂਸ ਨਹੀਂ ਲੈ ਸਕਣਗੇ। ਇਸ ਦੇ ਨਾਲ ਹੀ ਹੁਣ ਏ ਵਰਗ, ਭਾਵ ਟਰੱਕ, ਬੱਸ ਆਦਿ ਚਲਾਉਣ ਦਾ ਲਾਇਸੈਂਸ ਹਾਸਲ ਕਰਨ ਲਈ ਪਹਿਲਾਂ ਕਾਰ ਲਾਇਸੰਸ ਲੈ ਕੇ ਕੁਝ ਸਾਲ ਦਾ ਕਲੀਨ ਰਿਕਾਰਡ ਬਣਾਉਣ ਦੀ ਸ਼ਰਤ ਹੋਵੇਗੀ।



ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਟਰਾਂਸਪੋਰਟ ਮੰਤਰੀ ਸ. ਪ੍ਰਭਮੀਤ ਸਿੰਘ ਸਰਕਾਰੀਆ ਨੇ ਦੱਸਿਆ ਕਿ ਲੰਮੇ ਸਮੇਂ ਤੋਂ ਲੋਕਾਂ ਵੱਲੋਂ ਕੀਤੀ ਜਾ ਰਹੀ ਮੰਗ ’ਤੇ ਵਿਚਾਰ ਕਰਕੇ ਇਸ ਬਾਰੇ ਬਿੱਲ ਵਿਧਾਨ ਸਭਾ ਵਿੱਚ ਪੇਸ਼ ਕੀਤਾ ਗਿਆ ਹੈ, ਜਿਸ ਦੇ ਪਾਸ ਹੋਣ ’ਤੇ ਇਸ ਨੂੰ ਤੁਰੰਤ ਲਾਗੂ ਕਰ ਦਿੱਤਾ ਜਾਏਗਾ। ਉਨ੍ਹਾਂ ਦੱਸਿਆ ਕਿ ਇਸ ਤੋਂ ਬਾਅਦ ਸਿਰਫ ਕੈਨੇਡੀਅਨ ਨਾਗਰਿਕ, ਪੱਕੇ ਰਿਹਾਇਸ਼ੀ ਅਤੇ ਵਰਕ ਪਰਮਿਟ ਵਾਲੇ ਵਿਅਕਤੀ ਹੀ ਕਿਸੇ ਕਿਸਮ ਦਾ ਡਰਾਈਵਿੰਗ ਲਾਇਸੈਂਸ ਲੈਣ ਦੇ ਯੋਗ ਮੰਨੇ ਜਾਣਗੇ।

### ਜੰਮੂ -ਕਸ਼ਮੀਰ ਵਿੱਚ ਭਾਜਪਾ 1 ਰਾਜ ਸਭਾ ਸੀਟ ਜਿੱਤਣ ’ਚ ਸਫਲ

**ਸ੍ਰੀਨਗਰ** : ਧਾਰਾ 370 ਖਤਮ ਹੋਣ ਤੋਂ ਬਾਅਦ ਜੰਮੂ-ਕਸ਼ਮੀਰ ਵਿੱਚ 4 ਰਾਜ ਸਭਾ ਸੀਟਾਂ ਲਈ ਹੋਈ ਚੋਣ ਵਿੱਚ ਨੈਸ਼ਨਲ ਕਾਨਫਰੰਸ 3 ਸੀਟਾਂ ਜਿੱਤਣ ਵਿੱਚ ਸਫਲ ਰਹੀ ਜਦ ਕਿ ਭਾਰਤੀ ਜਨਤਾ ਪਾਰਟੀ ਨੇ 1 ਸੀਟ ਉਪਰ ਕਬਜ਼ਾ ਕਰ ਲਿਆ। ਨੈਸ਼ਨਲ ਕਾਨਫਰੰਸ ਦੇ ਮੁਹੰਮਦ ਰਮਜ਼ਾਨ, ਸਾਜਦ ਕਿਚਲੂ ਤੇ ਗੁਰਵਿੰਦਰ ਸਿੰਘ ਉਬਰਾਏ ਆਪਣੀਆਂ ਸਹਿਯੋਗੀ ਪਾਰਟੀਆਂ ਦੇ ਸਮਰਥਨ ਨਾਲ ਅਸਾਨੀ ਨਾਲ ਚੋਣ ਜਿੱਤਣ ਵਿੱਚ ਸਫਲ ਰਹੇ। ਨੈਸ਼ਨਲ ਕਾਨਫਰੰਸ ਉਮੀਦਵਾਰਾਂ ਦਾ ਕਾਂਗਰਸ, ਪੀ ਡੀ ਪੀ, ਸੀ ਪੀ ਆਈ (ਐਮ) ਤੇ ਅਜ਼ਾਦ ਉਮੀਦਵਾਰਾਂ ਨੇ ਸਮਰਥਨ ਕੀਤਾ। ਚੌਥੀ ਸੀਟ ਲਈ ਆਖਰ ਤੱਕ ਬੇਯਕੀਨੀ ਬਣੀ ਰਹੀ ਤੇ ਦੋਵੇਂ ਧਿਰਾਂ ਹੀ ਜਿੱਤ ਪ੍ਰਤੀ ਆਸਵੰਦ ਸਨ। ਆਖਰ ਭਾਜਪਾ ਦੇ ਉਮੀਦਵਾਰ ਸਤ ਸ਼ਰਮਾ ਕਰਾਸ ਵੋਟਿੰਗ ਸਦਕਾ ਜਿੱਤਣ ਵਿਚ ਕਾਮਯਾਬ ਰਹੇ।

ਦੋਨਾਂ ਧਿਰਾਂ ਦੇ ਆਗੂਆਂ ਨੇ ਨਤੀਜਿਆਂ ਉਪਰੰਤ ਆਪਣੀ ਸਥਿੱਤੀ ਮਜਬੂਤ ਹੋਣ ਦਾ ਦਾਅਵਾ ਕੀਤਾ ਹੈ। ਜੰਮੂ ਕਸ਼ਮੀਰ ਤੋਂ ਨੈਸ਼ਨਲ ਕਾਨਫਰੰਸ ਨੇ 3 ਸੀਟਾਂ ਜਿੱਤ ਕੇ ਰਾਜ ਸਭਾ ਵਿੱਚ ਆਪਣੀ ਸਥਿੱਤੀ ਨੂੰ ਮਜਬੂਤ ਕੀਤਾ ਹੈ ਜਦ ਕਿ ਭਾਜਪਾ ਨੇ ਇਕ ਸੀਟ ਜਿੱਤ ਕੇ ਰਾਜ ਵਿੱਚ ਆਪਣੀ ਅਹਿਮ ਮੌਜੂਦਗੀ ਦਰਜ ਕਰਵਾਈ ਹੈ।

## ਅੱਜ ਗੁਰਦੁਆਰਾ ਰਕਾਬ ਗੰਜ ਸਾਹਿਬ ’ਚ ਕੀਰਤਨ ਦਰਬਾਰ ਨਾਲ ਹੋਵੇਗੀ ਸ਼ਹੀਦੀ ਸਮਾਗਮਾਂ ਦੀ ਸ਼ੁਰੂਆਤ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਹਿੰਦ ਦੀ ਚਾਦਰ, ਸਰਬੰਸਦਾਨੀ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਤ ਮਹੀਨਾ ਭਰ ਚੱਲਣ ਵਾਲੇ ਸਮਾਗਮਾਂ ਦੀ ਸ਼ੁਰੂਆਤ 25 ਅਕਤੂਬਰ ਨੂੰ ਕੌਮੀ ਰਾਜਧਾਨੀ ਦਿੱਲੀ ਸਥਿਤ ਪਵਿੱਤਰ ਅਸਥਾਨਾਂ ਤੋਂ ਹੋਵੇਗੀ।ਇਹ ਸਮਾਗਮ ਪੰਜਾਬ ਸਰਕਾਰ ਵੱਲੋਂ ਪੂਰੀ ਸ਼ਰਧਾ, ਸਤਿਕਾਰ ਅਤੇ ਗੁਰ ਮਰਿਆਦਾ ਅਨੁਸਾਰ ਕਰਵਾਏ ਜਾ ਰਹੇ ਹਨ। ਮੁੱਖ ਮੰਤਰੀ ਭਗਵੰਤ ਮਾਨ ਸਵੇਰੇ ਗੁਰਦੁਆਰਾ ਸ੍ਰੀ ਸੀਸਗੰਜ ਸਾਹਿਬ ਵਿਖੇ ਨਤਮਸਤਕ ਹੋਣਗੇ ਅਤੇ ਗੁਰੂ ਸਾਹਿਬ ਦੇ ਨਾਲ ਲਾਸਾਨੀ ਸ਼ਹਾਦਤ ਦੇਣ ਵਾਲੇ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੇ ਸ਼ਹੀਦੀ ਸਥਾਨਾਂ ’ਤੇ ਜਾ ਕੇ ਸ਼ਰਧਾਂਜਲੀ ਭੇਟ ਕਰਨਗੇ।ਉਨ੍ਹਾਂ ਦੇ ਨਾਲ ਪੰਜਾਬ ਕੈਬਨਿਟ ਦੇ ਹੋਰ ਮੰਤਰੀ ਵੀ ਮੌਜੂਦ ਰਹਿਣਗੇ।ਸਾਰੇ ਮੰਤਰੀ ਸਾਂਝੇ ਤੌਰ ’ਤੇ ਰੁਮਾਲਾ ਸਾਹਿਬ ਭੇਟ ਕਰਨਗੇ ਅਤੇ ਸਵੇਰੇ 11 ਵਜੇ ਹੋਣ ਵਾਲੀ ਸਰਬੱਤ ਦੇ ਭਲੇ ਦੀ ਅਰਦਾਸ ਵਿੱਚ ਸ਼ਾਮਲ ਹੋਣਗੇ।

ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਮੁੱਖ ਮੰਤਰੀ ਮਾਨ ਗੁਰਦੁਆਰਾ ਸਾਹਿਬ ਦੇ ਬਿਲਕੁਲ ਬਾਹਰ ਸਥਿਤ, ਧਰਮ ਹਿੱਤ ਜਾਨਾਂ ਵਾਰਨ ਵਾਲੇ ਮਹਾਨ ਸਿੱਖ ਸ਼ਹੀਦਾਂ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੇ ਸ਼ਹੀਦੀ ਅਸਥਾਨਾਂ ’ਤੇ ਜਾਣਗੇ।ਇਨ੍ਹਾਂ ਮਹੀਨਾ ਭਰ ਚੱਲਣ ਵਾਲੇ ਸਮਾਗਮਾਂ ਦੀ ਰਸਮੀ ਸ਼ੁਰੂਆਤ ਕੱਲ੍ਹ ਸ਼ਾਮ 6 ਵਜੇ ਗੁਰਦੁਆਰਾ ਸ੍ਰੀ ਰਕਾਬ ਗੰਜ ਸਾਹਿਬ ਦਿੱਲੀ ਵਿਖੇ ਹੋਣ ਵਾਲੇ ਵਿਸ਼ੇਸ਼ ਕੀਰਤਨ ਸਮਾਗਮ ਨਾਲ ਹੋਵੇਗੀ।ਇੱਥੇ ਆਪ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਵੀ ਮੌਜੂਦ ਰਹਿਣਗੇ। ਮੁੱਖ ਮੰਤਰੀ ਭਗਵੰਤ ਮਾਨ ਦੇ ਦਿਸ਼ਾ-ਨਿਰਦੇਸ਼ਾਂ ’ਤੇ ਪੰਜਾਬ ਸਰਕਾਰ ਵੱਲੋਂ ਇਹ ਸ਼ਹੀਦੀ ਸਮਾਗਮ 25 ਅਕਤੂਬਰ ਤੋਂ 25 ਨਵੰਬਰ ਤੱਕ ਪੂਰਾ ਇੱਕ ਮਹੀਨਾ ਬਹੁਤ ਸ਼ਰਧਾ ਤੇ ਸਤਿਕਾਰ ਨਾਲ ਮਨਾਏ ਜਾਣਗੇ। ਇਨ੍ਹਾਂ ਮਹੀਨਾ ਭਰ ਚੱਲਣ ਵਾਲੇ ਸਮਾਗਮਾਂ ਦੀ ਸ਼ੁਰੂਆਤ ਸ਼ਾਮ 6 ਵਜੇ ਗੁਰਦੁਆਰਾ ਸ੍ਰੀ ਰਕਾਬ ਗੰਜ ਸਾਹਿਬ ਦਿੱਲੀ ਵਿਖੇ ਹੋਣ ਵਾਲੇ ਵਿਸ਼ੇਸ਼ ਸਮਾਗਮ ਨਾਲ ਹੋਵੇਗੀ।

### ਮੁੱਖ ਮੰਤਰੀਆਂ ਨੂੰ ਸੱਦਾ ਪੱਤਰ



**ਚੰਡੀਗੜ੍ਹ (ਗੁਰਜੀਤ ਬਿੱਲਾ)**-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਸਮਰਪਤ ਸਮਾਗਮਾਂ ਵਿੱਚ ਸ਼ਾਮਲ ਹੋਣ ਲਈ ਰਸਮੀ ਤੌਰ ’ਤੇ ਸੱਦਾ ਦੇਣ ਲਈ ਕੈਬਨਿਟ ਮੰਤਰੀਆਂ ਨੇ ਸ਼ੁੱਕਰਵਾਰ ਵੱਖ-ਵੱਖ ਰਾਜਾਂ ਦੇ ਮੁੱਖ ਮੰਤਰੀਆਂ ਨਾਲ ਮੁਲਾਕਾਤ ਕੀਤੀ।ਹਰਜੋਤ ਸਿੰਘ ਬੈਂਸ ਨੇ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਨਾਲ ਮਿਲ ਕੇ ਮਹਾਰਾਸ਼ਟਰ ਦੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ, ਡਾ. ਬਲਬੀਰ ਸਿੰਘ ਅਤੇ ਹਰਦੀਪ ਸਿੰਘ ਮੁੰਡੀਆਂ ਨੇ ਝਾਰਖੰਡ ਦੇ ਮੁੱਖ ਮੰਤਰੀ ਹੇਮੰਤ ਸੋਰੇਨ, ਤਰੁਨਪ੍ਰੀਤ ਸਿੰਘ ਸੌਂਧ ਨੇ ਦਿੱਲੀ ਦੇ ਮੁੱਖ ਮੰਤਰੀ ਰੇਖਾ ਗੁਪਤਾ ਅਤੇ ਸੰਜੀਵ ਅਰੋੜਾ ਤੇ ਗੁਰਮੀਤ ਸਿੰਘ ਖੁੱਡੀਆਂ ਨੇ ਤੇਲੰਗਾਨਾ ਦੇ ਮੁੱਖ ਮੰਤਰੀ ਰੇਵੰਤ ਰੈਡੀ ਨੂੰ ਸੱਦਾ ਪੱਤਰ ਦਿੱਤਾ।

### ਕਰੋੜਾਂ ਡਾਲਰਾਂ ਦੀ ਠੱਗੀ ਦੇ ਦੋਸ਼ਾਂ ਤਹਿਤ 12 ਪੰਜਾਬੀ ਗ੍ਰਿਫਤਾਰ

**ਵੈਨਕੂਵਰ** : ਅਮਰੀਕੀ ਪੁਲਸ ਨੇ ਦੇਸ਼ ਦੇ ਪੱਛਮੀ ਸੂਬਿਆਂ ਵਾਸ਼ਿੰਗਟਨ ਅਤੇ ਕੈਲੇਫੋਰਨੀਆ ਵਿੱਚ ਸਿੰਘ ਆਰਗੇਨਾਈਜ਼ੇਸ਼ਨ ਨਾਂਅ ਹੇਠ ਸੰਗਠਿਤ ਗੈਂਗ ਦੇ 12 ਮੈਂਬਰਾਂ ਨੂੰ ਕਰੋੜਾਂ, ਡਾਲਰਾਂ ਦੀ ਟਰਾਂਸਪੋਰਟ ਠੱਗੀ ਦੇ ਦੋਸ਼ ਹੇਠ ਗ੍ਰਿਫਤਾਰ ਕੀਤਾ ਹੈ। ਸੇਂਟ ਬਰਨਾਰਡ ਕਾਉਂਟੀ ਸ਼ੈਰਿਫ਼ (ਪੁਲਸ ਵਿਭਾਗ) ਵੱਲੋਂ ਕਥਿਤ ਦੋਸ਼ੀਆਂ ਦੀ ਪਛਾਣ ਪਰਮਵੀਰ ਸਿੰਘ (29), ਹਰਪ੍ਰੀਤ ਸਿੰਘ (26), ਅਰਸ਼ਪ੍ਰੀਤ ਸਿੰਘ (27) ਸਾਰੇ ਵਾਸੀ ਰੈਂਚੋ ਕੂਕਾਮੋਂਗਾ, ਸੰਦੀਪ ਸਿੰਘ (31) ਵਾਸੀ ਸੇਂਟ ਬਰਨਾਰਡ, ਮਨਦੀਪ ਸਿੰਘ (42), ਰਣਜੋਧ ਸਿੰਘ (38) ਦੋਹੇਂ ਵਾਸੀ ਬੇਕਰਜ਼ਫੀਲਡ, ਗੁਰਨੇਕ ਸਿੰਘ ਚੌਹਾਨ (40), ਵਿਕਰਮਜੀਤ ਸਿੰਘ (30), ਨਰਾਇਣ ਸਿੰਘ (27) ਤਿੰਨੇ ਵਾਸੀ ਫੋਨਟਾਨਾ, ਬਿਕਰਮਜੀਤ ਸਿੰਘ (27) ਵਾਸੀ ਸੈਕਰਾਮੈਂਟੋ, ਹਿੰਮਤ ਸਿੰਘ ਖਾਲਸਾ (28) ਵਾਸੀ ਰੈਂਟਨ (ਵਸ਼ਿੰਗਟਨ) ਤੇ ਉਨ੍ਹਾਂ ਦੇ ਸਾਥੀ ਐਲਗਰ ਹਰਨਾਂਦੇਜ (27) ਵਾਸੀ ਫੋਨਟਾਨਾ ਵਜੋਂ ਕੀਤੀ ਗਈ ਹੈ। ਪੁਲਸ ਦੀ ਸਾਂਝੀ ਜਾਂਚ ਟੀਮ ਵੱਲੋਂ ਦੱਸਿਆ ਗਿਆ ਕਿ 2021 ਤੋਂ ਢੋਆ-ਢੁਆਈ ਦੇ ਨਾਂਅ ਹੇਠ ਕੀਮਤੀ ਸਾਮਾਨ ਗਾਇਬ ਹੋਣ ਦੀਆਂ ਸੈਂਕੜੇ ਸ਼ਿਕਾਇਤਾਂ ਮਿਲਣ ਤੋਂ ਬਾਅਦ ਕੈਲੇਫੋਰਨੀਆ ਅਤੇ ਵਾਸ਼ਿੰਗਟਨ ਦੀਆਂ ਕਾਉਂਟੀ ਪੁਲਸ ਵੱਲੋਂ ਟੀਮਾਂ ਗਠਿਤ ਕੀਤੀਆਂ ਗਈਆਂ ਸੀ। ਇਨ੍ਹਾਂ ਟੀਮਾਂ ਨੇ ਲੰਮੀ ਜਾਂਚ ਤੋਂ ਬਾਅਦ ਪਤਾ ਲਾਇਆ ਕਿ ਕੁੱਝ ਵਿਅਕਤੀਆਂ ਨੇ ਸਿੰਘ ਆਰਗੇਨਾਈਜ਼ੇਸ਼ਨ ਨਾਂਅ ਹੇਠ ਗੈਂਗ ਬਣਾਇਆ ਹੋਇਆ ਸੀ, ਜੋ ਨਾਮੀ ਟਰਾਂਸਪੋਰਟ ਕੰਪਨੀਆਂ ਦੇ ਨਾਂਅ ਹੇਠ ਕੀਮਤੀ ਸਾਮਾਨ ਦੀ ਢੋਆ-ਢੁਆਈ ਦੇ ਠੇਕੇ ਲੈ ਕੇ ਸਾਮਾਨ ਲੋਡ ਕਰ ਲੈਂਦਾ ਤੇ ਠਿਕਾਣੇ ਉੱਤੇ ਪਹੁੰਚਾਣ ਦੀ ਥਾਂ ਵੇਚ ਦਿੰਦੇ। ਪੁਲਸ ਨੇ ਦੱਸਿਆ ਕਿ ਸਬੂਤ ਇਕੱਤਰ ਕਰਕੇ ਇੱਕੋ ਵੇਲੇ ਛਾਪੇ ਮਾਰਦਿਆਂ ਮੁਲਜ਼ਮਾਂ ਨੂੰ ਗ੍ਰਿਫਤਾਰ ਕਰ ਲਿਆ ਹੈ ਅਤੇ ਉਨ੍ਹਾਂ ਵੱਲੋਂ ਚਾਰ ਸਾਲਾਂ ਦੌਰਾਨ ਕੀਤੀਆਂ ਠੱਗੀਆਂ ਦੀ ਜਾਂਚ ਕੀਤੀ ਜਾ ਰਹੀ ਹੈ। ਅਧਿਕਾਰੀਆਂ ਨੇ ਕਿਹਾ ਕਿ ਇਹ ਪਤਾ ਵੀ ਲਾਇਆ ਜਾ ਰਿਹਾ ਹੈ ਕਿ ਇਹ ਲੋਕ ਚੋਰੀ ਕੀਤਾ ਕੀਮਤੀ ਸਾਮਾਨ ਆਪ ਵੇਚਦੇ ਸਨ ਜਾਂ ਕਿਸੇ ਵਿਕਰੇਤਾ ਨੂੰ ਸਸਤੇ ਰੇਟ ’ਤੇ ਵੇਚਦੇ ਸਨ।

### ਸੜਕ ਗੁਣਵੱਤਾ ਦੀ ਨਿਗਰਾਨੀ ਲਈ ‘ਫਲਾਇੰਗ ਸਕੁਐਡ’ ਗਠਿਤ

**ਚੰਡੀਗੜ੍ਹ** : ਮੁੱਖ ਮੰਤਰੀ ਭਗਵੰਤ ਮਾਨ ਨੇ ਸੂਬੇ ਵਿੱਚ ਬਣ ਰਹੀਆਂ ਲਿੰਕ ਸੜਕਾਂ ਦੀ ਗੁਣਵੱਤਾ ਦੀ ਜਾਂਚ ਲਈ ਇੱਕ ਸੀ ਐੱਮ ਫਲਾਇੰਗ ਸਕੁਐਡ ਦੇ ਗਠਨ ਦਾ ਐਲਾਨ ਕੀਤਾ ਹੈ। ਇਸ ਸਕੁਐਡ ਵਿੱਚ ਪੰਜਾਬ ਮੰਡੀ ਬੋਰਡ ਅਤੇ ਲੋਕ ਨਿਰਮਾਣ ਵਿਭਾਗ ਦੇ ਸੀਨੀਅਰ ਅਧਿਕਾਰੀ ਸ਼ਾਮਲ ਹਨ। ਦਵਿੰਦਰ ਸਿੰਘ, ਬਲਦੇਵ ਸਿੰਘ, ਮਨਪ੍ਰੀਤ ਸਿੰਘ ਦੂਆ ਅਤੇ ਰਾਜੀਵ ਸੈਣੀ, ਸਾਰੇ ਇੰਜੀਨੀਅਰ ਅਧਿਕਾਰੀ ਮਾਲਵਾ, ਮਾਝਾ ਅਤੇ ਦੋਆਬਾ ਖੇਤਰਾਂ ਵਿੱਚ ਉਸਾਰੀ ਦੇ ਕੰਮ ਦੀ ਗੁਣਵੱਤਾ ਦੀ ਨਿਗਰਾਨੀ ਕਰਨਗੇ।

ਦੱਸਣਯੋਗ ਹੈ ਕਿ ਮੁੱਖ ਮੰਤਰੀ ਨੇ ਹਾਲ ਹੀ ਵਿੱਚ ਤਰਨ ਤਾਰਨ ਤੋਂ 19,492 ਕਿਲੋਮੀਟਰ ਲਿੰਕ ਸੜਕਾਂ ਦੀ ਮੁਰੰਮਤ ਦੀ ਯੋਜਨਾ ਸ਼ੁਰੂ ਕੀਤੀ ਹੈ। ਇਸ ਯੋਜਨਾ ’ਤੇ ਕੁੱਲ 3,425 ਕਰੋੜ ਰੁਪਏ ਖਰਚ ਕੀਤੇ ਜਾਣਗੇ।

### ਅੱਜ-ਨਾਮਾ

ਰਾਜਸਥਾਨ ਵਿੱਚ ਸੜੀ ਸੀ ਬੱਸ ਪਹਿਲਾਂ,
ਸੜ ਗਈ ਆਂਧਰਾ ਵਿੱਚ ਆ ਹੋਰ ਬੇਲੀ।
ਸੜੀ ਬੱਸ ਇੱਕ ਸੀਗੀ ਸ਼ਰਧਾਲੂਆਂ ਦੀ,
ਸੜ ਗਏ ਲੋਕ ਨਾ ਖੁੱਲ੍ਹਿਆ ਡੋਰ ਬੇਲੀ।
ਕਿਧਰੇ ਹੁੰਦਾ ਕਾਨੂੰਨ ਨਹੀਂ ਕੋਈ ਲਾਗੂ,
ਮਿਲ ਕੇ ਖਾਂਦੇ ਈ ਥਾਂਉਂ ਥਾਂ ਚੋਰ ਬੇਲੀ।
ਮਗਰੋਂ ਜੋੜ ਕੇ ਹੱਥ ਇਹ ਆਖ ਛੱਡਣ,
ਕੁਦਰਤ ਮੂਹਰੇ ਨਾ ਚੱਲਦਾ ਜ਼ੋਰ ਬੇਲੀ।
ਜਿੱਥੇ ਫਰਜ਼ ਨਿਭਾਉਣਾ ਨਾ ਕੋਈ ਚਾਹੇ,
ਪੈਸਾ ਹੂੰਝਣ ਹੀ ਰੱਖ ਲਿਆ ਮੁੱਖ ਬੇਲੀ।
ਓਥੇ ਸੜਕਾਂ ’ਤੇ ਹੋਣੀ ਆ ਸੁੱਖ ਕਾਹਦੀ,
ਹੋ ਗਈ ਨੀਤ ’ਤੇ ਭਾਰੂ ਜਦ ਭੁੱਖ ਬੇਲੀ।

-ਤੀਸ ਮਾਰ ਖਾਂ

## ਬਿਜਲੀ ਨਿਗਮ ਦੀਆਂ ਜਾਇਦਾਦਾਂ ਵੇਚਣ ਦੀ ਤਜਵੀਜ਼ ਖਿਲਾਫ਼ 28 ਨੂੰ ਰੋਸ ਧਰਨਾ ਤੇ ਝੰਡਾ ਮਾਰਚ

**ਤਰਨ ਤਾਰਨ** : ਪਾਵਰਕਾਮ ਅਦਾਰੇ ਦੀਆਂ ਵੱਡੇ ਸ਼ਹਿਰਾਂ ਵਿੱਚ ਮੌਜੂਦ ਸੈਂਕੜੇ ਏਕੜ ਵਿੱਚ ਫੈਲੀਆਂ ਬਹੁਤ ਮਹਿੰਗੀਆਂ ਜਾਇਦਾਦਾਂ, ਜੋ ਕਈ ਦਹਾਕੇ ਪਹਿਲਾਂ ਜ਼ਿਆਦਾਤਰ ਪੰਚਾਇਤਾਂ ਵੱਲੋਂ ਅਤੇ ਕੁੱਝ ਨਿੱਜੀ ਤੌਰ ’ਤੇ ਲੋਕਾਂ ਵੱਲੋਂ ਦਫਤਰ ਅਤੇ ਗਰਿੱਡ ਬਣਾਉਣ ਲਈ ਉਸ ਵਕਤ ਬਿਜਲੀ ਬੋਰਡ ਨੂੰ ਦਾਨ ਵਜੋਂ ਦਿੱਤੀਆਂ ਸਨ, ਨੂੰ ਸਰਕਾਰ ਵੱਲੋਂ ਵੇਚਣ ਦੀ ਤਜਵੀਜ਼ ਦੇ ਖਿਲਾਫ਼ ਅਦਾਰੇ ਦੇ ਇੰਜੀਨੀਅਰਾਂ ਦੀ ਜਥੇਬੰਦੀ ਪੀ ਐੱਸ ਈ ਬੀ ਇੰਜੀਨੀਅਰ ਐਸੋਸੀਏਸ਼ਨ, ਮੁਲਾਜ਼ਮ ਅਤੇ ਪੈਨਸ਼ਨਰ ਜਥੇਬੰਦੀਆਂ ਦੇ ਸਾਂਝੇ ਸੰਗਠਨਾਂ ਪੀ ਐੱਸ ਈ ਬੀ ਇੰਪਲਾਈਜ਼ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ, ਐਸੋਸ਼ੀਏਸ਼ਨ ਆਫ ਜੂਨੀਅਰ ਇੰਜੀਨੀਅਰ, ਗਰਿੱਡ ਸਬ ਸਟੇਸ਼ਨ ਇੰਪਲਾਈਜ਼ ਯੂਨੀਅਨ (ਰਜਿ: 24), ਪਾਵਰਕਾਮ ਐਂਡ ਟ੍ਰਾਂਸਕੋ ਪੈਨਸ਼ਨਰ ਯੂਨੀਅਨ ਪੰਜਾਬ (ਸੰਬੰਧਤ ਏਟਕ), ਪੈਨਸ਼ਨਰ ਵੈੱਲਫੇਅਰ ਫੈਡਰੇਸ਼ਨ ਪਹਿਲਵਾਨ ਦੇ ਸੱਦੇ ’ਤੇ 16 ਅਕਤੂਬਰ ਤੋਂ 31 ਅਕਤੂਬਰ ਤੱਕ ਪਾਵਰਕਾਮ ਦੇ ਸਮੁੱਚੇ ਸਰਕਲਾਂ ਵਿੱਚ ਰੋਸ ਧਰਨੇ ਲਗਾਉਣ ਅਤੇ ਝੰਡਾ ਮਾਰਚ ਕੀਤੇ ਜਾਣ ਦੇ



ਫੈਸਲੇ ਤਹਿਤ 28 ਅਕਤੂਬਰ ਨੂੰ ਸਥਾਨਕ ਸਰਕਲ ਵਿੱਚ ਦਿੱਤੇ ਜਾ ਰਹੇ ਰੋਸ ਧਰਨੇ ਅਤੇ ਝੰਡਾ ਮਾਰਚ ਨੂੰ ਕਾਮਯਾਬ ਕਰਨ ਲਈ ਸਰਕਲ ਵਿੱਚ ਕੰਮ ਕਰ ਰਹੀਆਂ ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਦੀ ਭਰਵੀਂ ਮੀਟਿੰਗ ਗਾਂਧੀ ਪਾਰਕ ਵਿਖੇ ਮੇਜਰ ਸਿੰਘ ਮੱਲੀਆਂ ਅਤੇ ਪੂਰਨ ਦਾਸ ਦੀ ਸਾਂਝੀ ਪ੍ਰਧਾਨਗੀ ਹੇਠ ਹੋਈ।

ਇਸ ਮੀਟਿੰਗ ਵਿੱਚ ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਦੇ ਸੂਬਾ ਪ੍ਰਧਾਨ ਅਤੇ ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਦੇ ਸੂਬਾਈ ਕਨਵੀਨਰ ਗੁਰਪ੍ਰੀਤ ਸਿੰਘ ਗੰਡੀਵਿੰਡ, ਟੈਕਨੀਕਲ ਸਰਵਿਸ ਯੂਨੀਅਨ ਦੇ ਸੂਬਾ ਆਗੂ ਲਖਵੰਤ ਸਿੰਘ ਦਿਉਲ ਅਤੇ ਜ਼ੋਨ ਕਨਵੀਨਰ ਕਰਨਬੀਰ ਸਿੰਘ, ਪਾਵਰਕਾਮ ਐਂਡ ਟ੍ਰਾਂਸਕੋ ਪੈਨਸ਼ਨਰ ਯੂਨੀਅਨ ਪੰਜਾਬ ਸੰਬੰਧਤ ਏਟਕ ਦੇ ਸੂਬਾ ਆਗੂ ਤਾਰਾ ਸਿੰਘ ਖਹਿਰਾ, ਸਰਕਲ ਵਰਕਿੰਗ ਸਕੱਤਰ ਅਮਰਜੀਤ ਸਿੰਘ ਮਾੜੀਮੇਘਾ, ਲਖਵਿੰਦਰ ਸਿੰਘ ਗੋਇੰਦਵਾਲ, ਪ੍ਰੀਤਮ ਸਿੰਘ ਭਿੰਡਰ, ਇੰਪਲਾਈਜ਼ ਫੈਡਰੇਸ਼ਨ ਦੇ ਸਰਕਲ ਸਕੱਤਰ ਮੰਗਲ ਸਿੰਘ ਨਾਗੋਕੇ, ਕਰਮਚਾਰੀ ਦਲ ਦੇ ਡਵੀਜ਼ਨ ਆਗੂ ਦਿਲਬਾਗ ਸਿੰਘ ਭੁੱਲਰ ਅਤੇ ਧਰਮਵੀਰ ਸਿੰਘ, ਪੈਨਸ਼ਨਰ ਵੈੱਲਫੇਅਰ ਫੈਡਰੇਸ਼ਨ ਪਹਿਲਵਾਨ ਦੇ ਸਰਕਲ ਆਗੂ ਲਖਬੀਰ ਸਿੰਘ ਰੈਸੀਆਣਾ ਅਤੇ ਲਖਬੀਰ ਸਿੰਘ ਸੰਧੂ, ਫੈਡਰੇਸ਼ਨ ਏਟਕ ਦੇ ਮੇਜਰ ਸਿੰਘ ਪਨੂੰ ਤੋਂ ਇਲਾਵਾ ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਆਗੂ ਰਾਜਗੋਬਿੰਦ ਸਿੰਘ, ਅਜ਼ਾਦ ਕਿਸਾਨ ਸੰਘਰਸ਼ ਕਮੇਟੀ ਟਾਂਡਾ ਦੇ ਸੂਬਾ ਆਗੂ ਜੱਸਾ ਸਿੰਘ ਕੱਦ ਗਿੱਲ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਬਿਜਲੀ ਨਿਗਮ ਦੀਆਂ ਜਾਇਦਾਦਾਂ ਵੇਚਣ ਬਾਰੇ ਮੰਦਭਾਗੀ ਤਜਵੀਜ਼ ਵਿਰੁੱਧ 28 ਅਕਤੂਬਰ ਨੂੰ ਪਾਵਰਕਾਮ ਦੇ ਸਰਕਲ ਦਫਤਰ ਦੇ ਗੇਟ ’ਤੇ ਲਾਮਿਸਾਲ ਰੋਸ ਧਰਨਾ ਦੇਣ ਉਪਰੰਤ ਸ਼ਹਿਰ ਵਿੱਚ ਝੰਡਾ ਮਾਰਚ ਕਰਨ ਦੇ ਸੰਘਰਸ਼ ਪ੍ਰੋਗਰਾਮ ਨੂੰ ਕਾਮਯਾਬ ਕਰਨ ਲਈ ਵੱਧ ਤੋਂ ਵੱਧ ਮੁਲਾਜ਼ਮਾਂ, ਪੈਨਸ਼ਨਰਾਂ ਅਤੇ ਕਿਸਾਨ ਜਥੇਬੰਦੀਆਂ ਦੇ ਵਰਕਰਾਂ ਨੂੰ ਸ਼ਾਮਲ ਕੀਤਾ ਜਾਵੇਗਾ ਅਤੇ 2 ਨਵੰਬਰ ਨੂੰ ਬਿਜਲੀ ਮੰਤਰੀ ਖਿਲਾਫ਼ ਲੁਧਿਆਣਾ ਵਿਖੇ ਦਿੱਤੇ ਜਾ ਰਹੇ ਸੂਬਾ ਪੱਧਰੀ ਰੋਸ ਧਰਨੇ ਵਿੱਚ ਵਹੀਰਾਂ ਘੱਤ ਕੇ ਪਹੁੰਚਣ ਲਈ ਵੱਡੇ ਪੱਧਰ ’ਤੇ ਲਾਮਬੰਦੀ ਕੀਤੀ ਜਾਵੇਗੀ ।ਆਗੂਆਂ ਨੇ ਅਦਾਰੇ ਵਿੱਚ ਖਾਲੀ ਪਈਆਂ ਹਜ਼ਾਰਾਂ ਅਸਾਮੀਆਂ ’ਤੇ ਰੈਗੂਲਰ ਭਰਤੀ ਕਰਨ ਦੀ ਬਜਾਏ ਪੈਸਕੋ ਕੰਪਨੀ ਰਾਹੀਂ ਭਰਤੀ ਕਰਨ ਦੀ ਘਟੀਆ ਤਜਵੀਜ਼ ਦੀ ਵੀ ਜ਼ੋਰਦਾਰ ਨਿੰਦਾ ਕੀਤੀ।

ਮੁਲਾਜ਼ਮ ਅਤੇ ਪੈਨਸ਼ਨਰ ਆਗੂਆਂ ਨੇ 10 ਅਗਸਤ ਅਤੇ 14 ਅਗਸਤ 2025 ਨੂੰ ਪੰਜਾਬ ਸਰਕਾਰ ਅਤੇ ਪਾਵਰ ਮੈਨੇਜਮੈਂਟ ਨਾਲ ਮੁਲਾਜ਼ਮ ਅਤੇ ਪੈਨਸ਼ਨਰ ਦੀਆਂ ਮੰਗਾਂ ਸੰਬੰਧੀ ਜਥੇਬੰਦੀਆਂ ਨਾਲ ਹੋਏ ਸਮਝੌਤਿਆਂ ਸਮੇਂ ਮੰਨੀਆਂ ਸਾਰੀਆਂ ਮੰਗਾਂ ਜਲਦੀ ਲਾਗੂ ਕਰਨ ਦੀ ਮੰਗ ਕੀਤੀ। ਆਗੂਆਂ ਨੇ ਸੰਘਰਸ਼ਸ਼ੀਲ ਕਿਸਾਨ ਅਤੇ ਭਰਾਤਰੀ ਜਥੇਬੰਦੀਆਂ ਨੂੰ ਅਦਾਰੇ ਦੀਆਂ ਜਾਇਦਾਦਾਂ ਵੇਚਣ ਦੀ ਤਜਵੀਜ਼ ਵਿਰੁੱਧ ਲੜੇ ਜਾ ਰਹੇ ਸੰਘਰਸ਼ ਵਿੱਚ ਬਣਦਾ ਯੋਗਦਾਨ ਪਾਉਣ ਦੀ ਅਪੀਲ ਕੀਤੀ।

CMYK

24-Oct-PAGE-4.qxd 10/24/2025 10:37 PM Page 1

ਨਵਾਂ ਜ਼ਮਾਨਾ
ਸ਼ਨੀਵਾਰ, 25 ਅਕਤੂਬਰ 2025

# ਸਾਂਝਾ ਅੰਦੋਲਨ

ਕੇਂਦਰ ਸਰਕਾਰ ਦੀਆਂ ਕਾਰਪੋਰੇਟ ਹਮਾਇਤੀ, ਮਜ਼ਦੂਰ ਵਿਰੋਧੀ ਤੇ ਕਿਸਾਨ ਵਿਰੋਧੀ ਨੀਤੀਆਂ ਨੂੰ ਚੁਣੌਤੀ ਦੇਣ ਲਈ ਇਕਜੁਟਤਾ ਨਾਲ ਤਾਲਮੇਲ-ਭਰੀ ਤੇ ਬਾਮੌਕਾ ਕਾਰਵਾਈ ਜਾਰੀ ਰੱਖਣ ਦੇ ਸੰਕਲਪ ਨੂੰ ਦੁਹਰਾਉਂਦਿਆਂ ਸੰਯੁਕਤ ਕਿਸਾਨ ਮੋਰਚਾ (ਐੱਸ ਕੇ ਐੱਮ) ਅਤੇ 10 ਸੈਂਟਰਲ ਟਰੇਡ ਯੂਨੀਅਨਾਂ/ ਫੈਡਰੇਸ਼ਨਾਂ/ ਐਸੋਸੀਏਸ਼ਨਾਂ (ਸੀ ਟੀ ਯੂ) ਦੇ ਸਾਂਝੇ ਮੰਚ ਨੇ ਬਿਜਲੀ ਸੋਧ ਬਿੱਲ ਦੇ ਮਸੌਦੇ ਅਤੇ ਕੇਂਦਰੀ ਕਿਰਤ ਮੰਤਰਾਲੇ ਦੀ ਕਿਰਤ ਨੀਤੀ ਦੇ ਮਸੌਦੇ ਖਿਲਾਫ 26 ਨਵੰਬਰ ਨੂੰ ਹਰ ਜ਼ਿਲ੍ਹੇ ਵਿੱਚ ਪ੍ਰਦਰਸ਼ਨ ਕਰਕੇ ਡਿਪਟੀ ਕਮਿਸ਼ਨਰਾਂ ਰਾਹੀਂ ਰਾਸ਼ਟਰਪਤੀ ਦਰੋਪਦੀ ਮੁਰਮੂ ਦੇ ਨਾਂਅ ਮੈਮੋਰੰਡਮ ਦੇਣ ਦਾ ਫੈਸਲਾ ਕੀਤਾ ਹੈ। ਇਸ ਤੋਂ ਪਹਿਲਾਂ ਸੀ ਟੀ ਯੂ ਤੇ ਐੱਸ ਕੇ ਐੱਮ ਦੀਆਂ ਮੰਗਾਂ ਦੇ ਚਾਰਟਰ ਦੇ ਨਾਲ-ਨਾਲ ਹੋਰਨਾਂ ਮੁੱਦਿਆਂ ਨੂੰ ਲੈ ਕੇ ਮਹੀਨਾ-ਭਰ ਜ਼ਿਲ੍ਹਾ ਤੇ ਰਾਜ ਪੱਧਰ 'ਤੇ ਐਕਸ਼ਨ ਕੀਤੇ ਜਾਣਗੇ। ਇਨ੍ਹਾਂ ਜਥੇਬੰਦੀਆਂ ਵੱਲੋਂ ਕੀਤੀ ਗਈ ਸਾਂਝੀ ਮੀਟਿੰਗ ਵਿੱਚ ਇਸ ਗੱਲ 'ਤੇ ਜ਼ੋਰ ਦਿੱਤਾ ਗਿਆ ਕਿ ਧਰਮ-ਨਿਰਪੱਖ ਲੋਕਤੰਤਰ ਦੀ ਰਾਖੀ ਅਤੇ ਕੇਂਦਰ ਸਰਕਾਰ ਦੀਆਂ ਕਿਸਾਨ-ਮਜ਼ਦੂਰ ਵਿਰੋਧੀ ਨੀਤੀਆਂ ਖਿਲਾਫ ਆਵਾਜ਼ ਚੁੱਕਣੀ ਬੇਹੱਦ ਜ਼ਰੂਰੀ ਹੈ, ਕਿਉਂਕਿ ਸਰਕਾਰ ਦਮਨ ਵਧਾ ਰਹੀ ਹੈ। ਕੇਂਦਰ ਸਰਕਾਰ ਕੌਮਾਂਤਰੀ ਵਿੱਤੀ ਸੰਸਥਾਵਾਂ ਦੀ ਸੇਵਾ ਕਰ ਰਹੀ ਹੈ ਅਤੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੀ ਟੈਰਿਫ ਵਿਵਸਥਾ ਤੋਂ ਭਾਰਤੀ ਕਿਸਾਨਾਂ, ਮਜ਼ਦੂਰਾਂ, ਛੋਟੇ ਕਾਰੋਬਾਰੀਆਂ ਤੇ ਵਪਾਰ ਜਗਤ ਦੀ ਰਾਖੀ ਕਰਨ ਵਿੱਚ ਨਾਕਾਮ ਰਹੀ ਹੈ। ਜਨਤਕ ਖੇਤਰ ਦੇ ਉਦਮਾਂ ਤੇ ਜਨਤਕ ਸੇਵਾਵਾਂ ਦੇ ਨਿੱਜੀਕਰਨ ਦੇ ਨਵੇਂ ਯਤਨ ਕੀਤੇ ਜਾ ਰਹੇ ਹਨ, ਜਿਨ੍ਹਾਂ ਵਿੱਚ ਸਭ ਤੋਂ ਤਾਜ਼ਾ ਯਤਨ ਪ੍ਰਸਤਾਵਤ ਬਿਜਲੀ ਸੋਧ ਬਿੱਲ-2025 ਅਤੇ ਕਿਰਤ ਤੇ ਰੁਜ਼ਗਾਰ ਮੰਤਰਾਲੇ ਦਾ ਕਿਰਤ ਨੀਤੀ ਦਾ ਮਸੌਦਾ ਹੈ। ਚਾਰ ਕਿਰਤ ਕੋਡਾਂ ਦੇ ਏਜੰਡੇ ਨੂੰ ਅੱਗੇ ਵਧਾਉਣ ਲਈ ਰਾਜ ਸਰਕਾਰਾਂ ਨੂੰ ਦਰਕਿਨਾਰ ਕਰਨ ਅਤੇ ਸਰਕਾਰੀ ਮਸ਼ੀਨਰੀ ਰਾਹੀਂ ਕਿਸਾਨਾਂ ਦੀ ਜ਼ਮੀਨ ਹੜੱਪਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ।

ਮੋਦੀ ਸਰਕਾਰ ਨੇ ਕਿਰਤ ਸੁਧਾਰ ਦੇ ਨਾਂਅ 'ਤੇ ਤਿੰਨ ਬਿੱਲਾਂ— ਸਨਅਤੀ ਸੰਬੰਧਾਂ ਬਾਰੇ ਕੋਡ ਬਿੱਲ-2020, ਸਮਾਜੀ ਸੁਰੱਖਿਆ ਕੋਡ ਬਿੱਲ-2020 ਅਤੇ ਕਾਰੋਬਾਰੀ ਸੁਰੱਖਿਆ, ਸਿਹਤ ਤੇ ਕੰਮ ਹਾਲਤਾਂ ਕੋਡ ਬਿੱਲ-2020 ਸੰਸਦ ਤੋਂ ਪਾਸ ਕਰਾਏ ਸੀ। ਇਨ੍ਹਾਂ ਰਾਹੀਂ ਬਿਨਾਂ ਸਰਕਾਰੀ ਆਗਿਆ ਦੇ ਮਜ਼ਦੂਰਾਂ ਨੂੰ ਨੌਕਰੀ 'ਤੇ ਰੱਖਣ ਤੇ ਉਨ੍ਹਾਂ ਨੂੰ ਨੌਕਰੀ ਤੋਂ ਕੱਢਣ ਲਈ ਮਾਲਕ ਨੂੰ ਹੋਰ ਛੋਟ ਦਿੱਤੀ ਗਈ ਹੈ। ਮੰਗਾਂ ਮਨਾਉਣ ਲਈ ਹੜਤਾਲ 'ਤੇ ਜਾਣ ਦੇ ਅਧਿਕਾਰ 'ਤੇ ਸਖਤ ਪਾਬੰਦੀ ਲਾਉਣ ਦੀ ਵਿਵਸਥਾ ਹੈ। ਬਿਜਲੀ ਸੋਧ ਬਿੱਲ ਰਾਹੀਂ ਬਿਜਲੀ ਦੀ ਵੰਡ ਦੇ ਖੇਤਰ ਵਿੱਚ ਨਿੱਜੀ ਕੰਪਨੀਆਂ ਦਾ ਦਾਖਲਾ ਕਰਵਾਉਣ ਅਤੇ ਖਪਤਕਾਰਾਂ ਨੂੰ ਕਈ ਕੰਪਨੀਆਂ ਵਿੱਚੋਂ ਸਿਰਫ ਇੱਕ ਨੂੰ ਚੁਣਨ ਦੀ ਗੱਲ ਕਹੀ ਗਈ ਹੈ। ਇਹ ਬਿੱਲ ਬਿਜਲੀ ਖੇਤਰ ਦੇ ਅੰਨ੍ਹੇ ਨਿੱਜੀਕਰਨ ਦੀ ਵਿਵਸਥਾ ਕਰਦਾ ਹੈ ਅਤੇ ਇਸ ਵਿੱਚ ਰਾਜਾਂ ਨਾਲ ਮਸ਼ਵਰੇ ਨੂੰ ਦਰਕਿਨਾਰ ਕਰ ਦਿੱਤਾ ਗਿਆ ਹੈ, ਜਦਕਿ ਬਿਜਲੀ ਸਾਂਝੀ ਸੂਚੀ ਵਿੱਚ ਆਉਂਦੀ ਹੈ।

ਇਨ੍ਹਾਂ ਬਿੱਲਾਂ ਖਿਲਾਫ ਕਿਸਾਨਾਂ ਨੇ 13 ਅਗਸਤ ਨੂੰ ਰਾਸ਼ਟਰੀ ਪ੍ਰਭੂਸੱਤਾ ਦੀ ਰਾਖੀ ਤੇ ਕਾਰਪੋਰੇਟ ਲੁੱਟ ਵਿਰੁੱਧ ਦਿਨ ਮਨਾਇਆ ਸੀ। 22 ਸਤੰਬਰ ਨੂੰ ਕਿਰਤ ਕੋਡਾਂ ਵਿਰੁੱਧ ਕਾਲਾ ਦਿਨ ਮਨਾਇਆ ਗਿਆ, ਜਿਸ 'ਚ ਕਿਸਾਨ ਵੀ ਸ਼ਾਮਲ ਹੋਏ। 9 ਜੁਲਾਈ ਨੂੰ ਟਰੇਡ ਯੂਨੀਅਨਾਂ ਨੇ ਕੌਮੀ ਪੱਧਰ ਦੀ ਆਮ ਹੜਤਾਲ ਕੀਤੀ ਅਤੇ ਕਿਸਾਨਾਂ ਨੇ ਪੇਂਡੂ ਭਾਰਤ ਬੰਦ ਕੀਤਾ। ਹੁਣ ਕਿਸਾਨ ਤੇ ਮਜ਼ਦੂਰ ਆਪਣੇ ਸੰਘਰਸ਼ ਨੂੰ ਜਾਰੀ ਰੱਖਦਿਆਂ 'ਜਨਤਾ ਨੂੰ ਬਚਾਓ-ਰਾਸ਼ਟਰ ਨੂੰ ਬਚਾਓ' ਦੇ ਨਾਅਰੇ ਨਾਲ ਮੈਦਾਨ ਵਿੱਚ ਕੁੱਦਣ ਜਾ ਰਹੇ ਹਨ। ਇਸ ਲਈ ਉਹ ਆਮ ਲੋਕਾਂ ਨੂੰ ਵੀ ਹਮਾਇਤ ਲਈ ਪ੍ਰੇਰਨਗੇ।

# ਮਨੁੱਖੀ ਵਿਕਾਸ ਤੋਂ ਬਿਨਾਂ 2047 ਤੱਕ ਭਾਰਤ ਕਿਹੋ ਜਿਹਾ ਵਿਕਸਤ ਦੇਸ਼ ਹੋਵੇਗਾ?

**ਚਰਨ ਸਿੰਘ ਸਰਾਭਾ**

13 ਅਕਤੂਬਰ 2025 ਦੇ ਇੱਕ ਪ੍ਰਸਿੱਧ ਪੰਜਾਬੀ ਅਖਬਾਰ ਦੀ ਖ਼ਬਰ ਸੀ ਕਿ ਭਾਰਤ ਦੇ ਇੱਕ ਲੱਖ ਚਾਰ ਹਜ਼ਾਰ ਇੱਕ ਸੌ ਪੱਚੀ (1,04,125) ਸਕੂਲਾਂ ਵਿੱਚ ਕੇਵਲ ਇੱਕ ਅਧਿਆਪਕ ਹੀ ਪੜ੍ਹਾ ਰਿਹਾ ਹੈ। ਇਸ ਖ਼ਬਰ ਅਨੁਸਾਰ ਇਨ੍ਹਾਂ ਸਕੂਲਾਂ ਵਿੱਚ 33,76,769 ਵਿਦਿਆਰਥੀ ਪੜ੍ਹ ਰਹੇ ਹਨ। ਖ਼ਬਰ ਅਨੁਸਾਰ ਇਸ ਤਰ੍ਹਾਂ ਵਿਦਿਆਰਥੀਆਂ ਦੀ ਗਿਣਤੀ ਅਨੁਸਾਰ ਔਸਤਨ 34 ਬੱਚੇ ਇੱਕ ਸਕੂਲ ਦੀਆਂ ਵੱਖ-ਵੱਖ ਜਮਾਤਾਂ ਦੇ ਹੋਣਗੇ। ਤਾਂ ਇਹ ਸੰਬੰਧਤ ਅਧਿਆਪਕ ਹੀ ਦੱਸ ਸਕਦੇ ਹਨ ਕਿ ਉਹ ਇਨ੍ਹਾਂ ਵਿਦਿਆਰਥੀਆਂ ਨੂੰ ਕਿਵੇਂ ਪੜ੍ਹਾਉਂਦੇ ਹੋਣਗੇ। ਅਧਿਕਾਰੀਆਂ ਦਾ ਕਹਿਣਾ ਹੈ ਕਿ ਸਰਕਾਰ ਇਸ ਸਥਿਤੀ ਨੂੰ ਸੁਧਾਰਨ ਲਈ ਕੰਮ ਕਰ ਰਹੀ ਹੈ ਅਤੇ ਸਰੋਤਾਂ ਦੀ ਸਹੀ ਵਰਤੋਂ ਕਰਨ ਲਈ ਸਕੂਲਾਂ ਦਾ ਰਲੇਵਾਂ ਕਰਨ ਦੇ ਮਿਸ਼ਨ 'ਤੇ ਹੈ। ਇਸ ਖ਼ਬਰ ਤੋਂ ਜਾਪਦਾ ਹੈ ਕਿ ਸਰਕਾਰ ਅਜਿਹੇ ਸਕੂਲਾਂ ਵਿੱਚ ਲੋੜੀਂਦੇ ਸ਼੍ਰੇਣੀ ਅਧਾਰਤ ਅਧਿਆਪਕ ਦੇਣ ਦੀ ਥਾਂ ਸਕੂਲਾਂ ਦਾ ਰਲੇਵਾਂ ਭਾਵ ਅਜਿਹੇ ਕੁਝ ਸਕੂਲ ਬੰਦ ਕੀਤੇ ਜਾਣਗੇ। ਇਸੇ ਖ਼ਬਰ ਵਿੱਚ ਹੀ ਕਿਹਾ ਗਿਆ ਹੈ ਕਿ ਜਿਨ੍ਹਾਂ ਸਕੂਲਾਂ ਵਿੱਚ ਕੋਈ ਵਿਦਿਆਰਥੀ ਨਹੀਂ ਹੈ, ਉੱਥੋਂ ਅਧਿਆਪਕਾਂ ਨੂੰ ਇਨ੍ਹਾਂ ਸਕੂਲਾਂ ਵਿੱਚ ਤਬਦੀਲ ਕੀਤਾ ਜਾ ਰਿਹਾ ਹੈ। ਅਜਿਹੇ ਕਿੰਨੇ ਕੁ ਸਕੂਲ ਹੋਣਗੇ, ਜਿੱਥੇ ਕੋਈ ਅਧਿਆਪਕ ਹੈ, ਪਰ ਵਿਦਿਆਰਥੀ ਕੋਈ ਵੀ ਨਹੀਂ ਅਤੇ ਅਜਿਹੀ ਸਥਿਤੀ ਦੇ ਕਾਰਨ ਕੀ ਹਨ, ਆਪਣੇ ਆਪ ਵਿੱਚ ਵਿਚਾਰ ਮੰਗਦੀ ਗੱਲ ਹੈ।

ਇਸ ਤੋਂ ਪਹਿਲਾਂ 18 ਅਗਸਤ 2025 ਦੇ ਇੱਕ ਕੌਮੀ ਪੱਧਰ ਦੇ ਅੰਗਰੇਜ਼ੀ ਅਖ਼ਬਾਰ ਦੀ ਖ਼ਬਰ ਅਨੁਸਾਰ ਯੂ ਪੀ ਸੂਬੇ ਵਿੱਚ ਦਸ ਹਜ਼ਾਰ ਪ੍ਰਾਇਮਰੀ/ ਅਪਰ ਪ੍ਰਾਇਮਰੀ ਅਜਿਹੇ ਸਰਕਾਰੀ ਸਕੂਲ ਦੂਜੇ ਸਕੂਲਾਂ ਨਾਲ ਮਰਜ਼ ਕੀਤੇ ਜਾਣਗੇ, ਜਿਨ੍ਹਾਂ ਵਿੱਚ ਪੰਜਾਹ ਤੋਂ ਘੱਟ ਵਿਦਿਆਰਥੀ ਹਨ। ਅਜਿਹਾ ਫੈਸਲਾ ਲੈਣ ਪਿੱਛੇ ਅਧਿਕਾਰੀਆਂ ਦਾ ਪੱਖ ਹੈ ਕਿ ਅਜਿਹਾ ਕਰਨ ਨਾਲ ਬੱਚਿਆਂ ਨੂੰ ਪੜ੍ਹਾਈ ਲਈ ਵਧੇਰੇ ਲੋੜੀਂਦੀ ਸਮੱਗਰੀ, ਲੋੜ ਅਨੁਸਾਰ ਅਧਿਆਪਕਾਂ ਦੀ ਗਿਣਤੀ ਅਤੇ ਹੋਰ ਵਧੇਰੇ ਵਿਦਿਆਰਥੀਆਂ ਨਾਲ ਮਿਲ ਸਕਣ ਦੇ ਅਵਸਰ ਉਪਲੱਬਧ ਹੋਣਗੇ। ਵਿਰੋਧੀ ਧਿਰ ਦਾ ਕਹਿਣਾ ਹੈ ਕਿ ਇਹ ਵਿਚਾਰ ਅਸਲ ਵਿੱਚ ਸਰਕਾਰੀ ਸਕੂਲ ਬੰਦ ਕਰਨ ਦੀ ਚਾਲ 'ਤੇ ਪਰਦਾ ਪਾਉਣਾ ਹੀ ਹੈ। ਅਜਿਹੇ ਸਕੂਲ ਬੰਦ ਹੋਣ ਨਾਲ ਵੱਡੀ ਗਿਣਤੀ ਵਿੱਚ ਗਰੀਬ-ਪੇਂਡੂ ਪਰਵਾਰਾਂ ਦੇ ਬੱਚੇ ਸਿੱਖਿਆ ਖੇਤਰ ਤੋਂ ਬਾਹਰ ਹੋ ਜਾਣਗੇ। ਸਮਾਜਵਾਦੀ ਪਾਰਟੀ ਦੇ ਮੁਖੀ ਅਖਿਲੇਸ਼ ਯਾਦਵ ਨੇ ਕਿਹਾ ਕਿ ਇਹ ਗਰੀਬ, ਦਲਿਤ ਅਤੇ ਘੱਟ-ਗਿਣਤੀ ਬੱਚਿਆਂ ਨੂੰ ਸਿੱਖਿਆ ਪ੍ਰਾਪਤੀ ਤੋਂ ਵਾਂਝੇ ਰੱਖਣ ਅਤੇ ਉਨ੍ਹਾਂ ਦੀ ਰਾਜਨੀਤਕ ਆਵਾਜ਼ ਨੂੰ ਦਬਾਉਣ ਦੀ ਸਾਜ਼ਿਸ਼ ਹੈ। ਸੂਬੇ ਦੇ ਮੁਢਲੀ ਸਿੱਖਿਆ ਦੇ ਮੰਤਰੀ ਨੇ ਕਿਹਾ ਕਿ ਕੋਈ ਸਕੂਲ ਪੱਕੇ ਤੌਰ 'ਤੇ ਬੰਦ ਨਹੀਂ ਕੀਤਾ ਜਾਵੇਗਾ। ਮਰਜਰ ਦੀ ਨੀਤੀ ਕੇਵਲ ਪੰਜਾਹ ਤੋਂ ਘੱਟ ਵਿਦਿਆਰਥੀਆਂ ਵਾਲੇ ਸਕੂਲਾਂ 'ਤੇ ਲਾਗੂ ਹੋਵੇਗੀ। ਸੂਬੇ ਦੇ ਮੁੱਖ ਮੰਤਰੀ ਨੇ ਵੀ ਇਸ ਵਿਵਾਦ ਵਿੱਚ ਦਖ਼ਲ ਦੇਂਦੇ ਹੋਏ ਸਕੂਲ ਬੰਦ ਕਰਨ ਦਾ ਦੋਸ਼ ਰੱਦ ਕਰਦੇ ਹੋਏ ਕਿਹਾ ਕਿ ਅਜਿਹਾ ਸਿੱਖਿਆ ਦੇ ਆਧੁਨਿਕੀਕਰਨ ਕਰਨ ਵਾਲੀ ਨੀਤੀ ਦਾ ਹਿੱਸਾ ਹੈ। ਅਸੀਂ ਸਕੂਲਾਂ ਵਿੱਚ ਵਿਦਿਆਰਥੀ=ਅਧਿਆਪਕ ਅਨੁਪਾਤ 22:1 ਰੱਖਣ ਲਈ ਵਧੇਰੇ ਸਹੂਲਤਾਂ ਦੇਣ ਲਈ ਕਰ ਰਹੇ ਹਾਂ। ਅਜਿਹਾ ਸਿੱਖਿਆ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਕੀਤਾ ਜਾ ਰਿਹਾ ਹੈ, ਕਮਜ਼ੋਰ ਕਰਨ ਲਈ ਨਹੀਂ।

ਇਸ ਤਰ੍ਹਾਂ ਇੱਕ ਪਾਸੇ ਅਜਿਹਾ ਵਿਵਾਦ ਹੈ। ਦੂਜੇ ਪਾਸੇ ਪੰਜਾਬ ਤੋਂ ਛਪਦੇ 10 ਮਈ 2022 ਦੇ ਇੱਕ ਪੰਜਾਬੀ ਅਖਬਾਰ ਦੀ ਰਿਪੋਰਟ ਅਨੁਸਾਰ ਯੂ ਪੀ ਸਰਕਾਰ ਨੇ ਸਤੰਬਰ 2018 ਤੋਂ ਸਤੰਬਰ 2019 ਤੱਕ 26074 ਸਰਕਾਰੀ ਸਕੂਲ ਬੰਦ ਕਰ ਦਿੱਤੇ ਸਨ। ਇਸ ਤਰ੍ਹਾਂ ਦੇਸ਼ ਵਿੱਚ ਸਰਕਾਰੀ ਸਕੂਲ ਬੰਦ ਕਰਨ ਜਾਂ ਦੂਜੇ ਸਕੂਲਾਂ ਵਿੱਚ ਮਰਜ਼ ਕਰਨ ਦੀ ਨੀਤੀ ਕੋਈ ਨਵੀਂ ਗੱਲ ਨਹੀਂ ਹੈ। ਸਾਲ 2014 ਵਿੱਚ ਰਾਜਸਥਾਨ ਦੀ ਸਰਕਾਰ ਨੇ ਵੀ ਸਰਕਾਰੀ ਸਕੂਲ ਬੰਦ ਕਰਨ ਦੀ ਕਿਰਿਆ ਸ਼ੁਰੂ ਕੀਤੀ ਸੀ। ਸਾਲ 2022 ਵਿੱਚ ਹਰਿਆਣੇ ਵਿੱਚ ਵੀ 292 ਸਰਕਾਰੀ ਸਕੂਲ ਬੰਦ/ਮਰਜ਼ ਹੋਏ ਸਨ। ਪਿਛਲੇ ਸਾਲਾਂ ਵਿੱਚ ਅਜਿਹੀਆਂ ਖ਼ਬਰਾਂ ਪੰਜਾਬ ਦੇ ਕੁਝ ਇਲਾਕਿਆਂ ਵਿੱਚੋਂ ਵੀ ਆਉਂਦੀਆਂ ਰਹੀਆਂ ਹਨ। ਇਸ ਦੇ ਨਾਲ ਹੀ 27 ਅਪ੍ਰੈਲ ਤੇ 3 ਮਈ 2025 ਦੇ ਇੱਕ ਅੰਗਰੇਜ਼ੀ ਸਪਤਾਹਕ ਰਸਾਲੇ ਦੀ ਰਿਪੋਰਟ ਅਨੁਸਾਰ ਭਾਰਤ ਵਿੱਚ 2014 ਅਤੇ 2024 ਦੇ ਵਿਚਕਾਰ 89441 ਸਰਕਾਰੀ ਸਕੂਲ ਬੰਦ ਹੋ ਚੁੱਕੇ ਹਨ।

ਇਸੇ ਸੰਬੰਧ ਵਿੱਚ ਹੀ 30.8.2017 ਦੇ ਇੱਕ ਕੌਮੀ ਅੰਗਰੇਜ਼ੀ ਅਖ਼ਬਾਰ ਦੀ ਖ਼ਬਰ ਸੀ, ਜਿਸ ਅਨੁਸਾਰ ਭਾਰਤੀ ਨੀਤੀ ਅਯੋਗ ਨੇ ਕਿਹਾ ਸੀ ਕਿ ਵਿਦਿਆਰਥੀਆਂ ਦੀ 'ਘੱਟ ਗਿਣਤੀ' ਵਾਲੇ, ਸਕੂਲ ਲਾਹੇਵੰਦ ਨਾ ਰਹਿਣ ਵਾਲੇ ਸਰਕਾਰੀ ਸਕੂਲ ਪਬਲਿਕ-ਪ੍ਰਾਈਵੇਟ ਪਾਰਟਨਰਸ਼ਿਪ ਦੀ ਯੋਜਨਾ ਅਧੀਨ ਪ੍ਰਾਈਵੇਟ ਖੇਤਰ ਨੂੰ ਦੇ ਦਿੱਤੇ ਜਾਣ। ਉਸ ਸਮੇਂ ਦੀ ਹੀ 2.08.2017 ਦੇ ਇੱਕ ਹੋਰ ਅੰਗਰੇਜ਼ੀ ਅਖ਼ਬਾਰ ਦੀ ਰਿਪੋਰਟ ਅਨੁਸਾਰ ਕੇਂਦਰ ਸਰਕਾਰ ਸਥਾਨਕ ਸਥਿਤੀਆਂ ਨੂੰ ਧਿਆਨ ਵਿੱਚ ਰੱਖਦਿਆਂ 2,60,000 ਸਰਕਾਰੀ ਸਕੂਲਾਂ ਦੀ ਮਰਜ਼ਰ ਰਾਹੀਂ ਸਿੱਖਿਆ ਸੁਧਾਰ ਕਰਨ 'ਤੇ ਵਿਚਾਰ ਕਰ ਰਹੀ ਹੈ ਤਾਂ ਕਿ ਉਪਲੱਬਧ ਸੋਮਿਆਂ ਦਾ ਵੱਧ ਤੋਂ ਵੱਧ ਲਾਭ ਲਿਆ ਜਾ ਸਕੇ। ਇਸ ਤਰ੍ਹਾਂ 30.8.2017 ਦੇ ਨੀਤੀ ਅਯੋਗ ਵੱਲੋਂ ਅਤੇ 02.08.2017 ਦੀ ਰਿਪੋਰਟ ਅਨੁਸਾਰ ਕੇਂਦਰੀ ਮਨੁੱਖੀ ਵਿਕਾਸ ਮੰਤਰਾਲੇ ਵੱਲੋਂ ਸਰਕਾਰੀ ਸਕੂਲਾਂ ਦੇ ਬੰਦ ਕਰਨ ਅਤੇ ਰਲੇਵੇਂ ਸੰਬੰਧੀ ਵੱਖਰੇ-ਵੱਖਰੇ ਅਧਾਰ ਦੱਸੇ ਗਏ ਹਨ, ਜਿਸ ਕਾਰਨ ਅਜਿਹੇ ਫੈਸਲਿਆਂ ਦੀ ਸਾਰਥਿਕਤਾ ਆਪਣੇ-ਆਪ ਵਿੱਚ ਹੀ ਇੱਕ ਪ੍ਰਸ਼ਨ ਬਣ ਜਾਂਦੀ ਹੈ। ਲੋੜ ਤਾਂ ਇਸ ਗੱਲ ਦੀ ਹੈ ਕਿ ਇਹ ਵਿਚਾਰਿਆ ਜਾਵੇ ਕਿ ਜਦੋਂ ਇਹ ਸਕੂਲ ਖੋਲ੍ਹੇ ਗਏ ਸਨ, ਉਸ ਸਮੇਂ ਕਿਹੜੀਆਂ ਲੋੜਾਂ ਜਾਂ ਮੰਤਵਾਂ ਨੂੰ ਧਿਆਨ ਵਿੱਚ ਰੱਖਿਆ ਗਿਆ ਸੀ। ਕੀ ਉਸ ਸਮੇਂ ਮੰਨੇ ਗਏ ਅਧਾਰ ਜਾਂ ਲੋੜਾਂ ਹੁਣ ਨਹੀਂ ਰਹੀਆਂ। ਇਨ੍ਹਾਂ ਕੁਝ ਅਜਿਹੇ ਸਕੂਲਾਂ ਦੇ ਬੰਦ ਹੋਣ ਨਾਲ ਸੰਬੰਧਤ ਸਥਾਨਕ ਵਸੋਂ ਦੇ ਬੱਚਿਆਂ ਦੀ ਸਿੱਖਿਆ ਪ੍ਰਾਪਤੀ ਅਤੇ ਸਮਾਜਿਕ ਵਿਕਾਸ 'ਤੇ ਕੀ ਪ੍ਰਭਾਵ ਪੈਣਗੇ? ਕੀ ਅਜਿਹਾ ਕਰਨ ਨਾਲ ਸੰਬੰਧਤ ਸਥਾਨਕ ਵਸੋਂ ਦੇ ਹਰੇਕ ਬੱਚੇ ਦੀ ਸਿੱਖਿਆ ਪ੍ਰਾਪਤੀ ਦੇ ਸੰਵਿਧਾਨਕ ਹੱਕ ਦੀ ਗਰੰਟੀ ਹੋ ਸਕੇਗੀ? ਇਸ ਤੋਂ ਬਿਨਾਂ ਭਾਰਤੀ ਨੀਤੀ ਅਯੋਗ ਅਤੇ ਸਿੱਖਿਆ ਮੰਤਰਾਲੇ ਨੂੰ ਇਹ ਵੀ ਵਿਚਾਰ ਲੈਣਾ ਚਾਹੀਦਾ ਹੈ ਕਿ ਕੀ ਅੱਜ ਤੱਕ ਭਾਰਤ ਦੇ 0-14 ਆਯੂ ਗੁੱਟ ਦੇ ਹਰ ਇੱਕ ਭਾਰਤੀ ਬੱਚੇ ਨੂੰ ਗੁਣਾਤਮਕ ਐਲੀਮੈਂਟਰੀ ਸਿੱਖਿਆ ਪ੍ਰਦਾਨ ਕਰਨ ਦੇ ਸੰਵਿਧਾਨਕ ਆਦੇਸ਼ ਜੋ ਕਿ 1960 ਤੱਕ ਪੂਰਾ ਕਰਨਾ ਸੀ, ਪ੍ਰਾਪਤ ਕਰ ਲਿਆ ਗਿਆ ਹੈ। ਇੱਥੇ ਇਹ ਵੀ ਸਾਂਝਾ ਕੀਤਾ ਜਾਂਦਾ ਹੈ ਕਿ ਦੇਸ਼ ਵਿੱਚ ਵੱਖ-ਵੱਖ ਵੰਨਗੀਆਂ ਦੇ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਦੀ ਵਿਵਸਥਾ ਵਾਲੀ ਸਿੱਖਿਆ ਨੀਤੀ ਹੋਣ ਕਾਰਨ ਆਰੰਭਕ ਸਕੂਲ ਪੱਧਰ ਤੋਂ ਹੀ ਸਿੱਖਿਆ ਪ੍ਰਾਪਤੀ ਵਿੱਚ ਵਿਤਕਰੇ ਅਤੇ ਪਾੜੇ ਖੜੇ ਹੋ ਜਾਂਦੇ ਹਨ। ਜਦੋਂ ਸਰਕਾਰੀ ਪੱਖ ਹੀ ਪ੍ਰਾਈਵੇਟ ਸਕੂਲਾਂ ਨੂੰ ਚੰਗੇਰੇ ਸਕੂਲ ਮੰਨ ਕੇ ਪਬਲਿਕ ਪ੍ਰਾਈਵੇਟ-ਪਾਰਟਨਰਸ਼ਿਪ ਵਾਲੀ ਨੀਤੀ ਲਾਗੂ ਕਰੇਗਾ ਅਤੇ ਬੱਚਿਆਂ ਦੀ ਗਿਣਤੀ ਦੇ ਅਧਾਰ 'ਤੇ ਸਰਕਾਰੀ ਸਿੱਖਿਆ ਬੱਜਟ ਵਿੱਚ ਫੀਸਾਂ ਦੇ ਰੂਪ ਵਿੱਚ ਪ੍ਰਾਈਵੇਟ ਸਕੂਲਾਂ ਨੂੰ ਫੰਡ ਦਿੱਤੇ ਜਾਣਗੇ ਤਾਂ ਅਜਿਹੇ ਸਰਕਾਰੀ ਸਕੂਲਾਂ ਦੇ ਬੱਚੇ ਛੱਡ ਕੇ ਪ੍ਰਾਈਵੇਟ ਸਕੂਲਾਂ ਵੱਲ ਜਾਣ ਲਈ ਉਤਸ਼ਾਹਤ ਹੋਣਗੇ ਤਾਂ ਸਰਕਾਰੀ ਸਕੂਲਾਂ ਵਿੱਚ ਬੱਚਿਆਂ ਦੀ ਗਿਣਤੀ ਆਪ ਹੀ ਘਟੇਗੀ ਅਤੇ ਫਿਰ ਘੱਟ ਬੱਚਿਆਂ ਵਾਲੇ ਸਰਕਾਰੀ ਸਕੂਲ ਬੰਦ ਕੀਤੇ ਜਾਣਗੇ। ਸਿੱਟੇ ਵਜੋਂ ਸਰਕਾਰੀ ਸਕੂਲ ਪ੍ਰਣਾਲੀ ਹੋਰ ਸੁੰਗੜੇਗੀ ਅਤੇ ਸੰਬੰਧਤ ਪ੍ਰਭਾਵਤ ਇਲਾਕੇ ਦੇ ਗਰੀਬ ਪਰਵਾਰਾਂ ਦੇ ਬੱਚੇ ਵਿਸ਼ੇਸ਼ ਤੌਰ 'ਤੇ ਲੜਕੀਆਂ ਜੋ ਪ੍ਰਾਈਵੇਟ ਸਕੂਲਾਂ ਦੇ ਖਰਚੇ ਸਹਿਣ ਨਹੀਂ ਕਰ ਸਕਦੇ, ਸਿੱਖਿਆ ਪ੍ਰਾਪਤੀ ਤੋਂ ਵਾਂਝੇ ਰਹਿਣਗੇ। ਉਨ੍ਹਾ ਸੰਬੰਧੀ ਨੀਤੀ ਅਯੋਗ ਕੀ ਕਰੇਗਾ? ਸੰਵੇਦਨਸ਼ੀਲ ਜਨ ਸਮੂਹਾਂ ਅਤੇ ਭਾਰਤੀ ਵਿਕਾਸ ਦੀਆਂ ਸਰਕਾਰਾਂ ਦੇ ਵਿਚਾਰਨਯੋਗ ਪ੍ਰਸ਼ਨ ਹੈ।

ਇਸੇ ਸੰਬੰਧ ਵਿੱਚ ਇੱਥੇ ਇਹ ਵੀ ਦੱਸਿਆ ਜਾਂਦਾ ਹੈ ਕਿ ਤਤਕਾਲੀ ਪ੍ਰੈੱਸ ਦੀਆਂ ਖ਼ਬਰਾਂ ਅਨੁਸਾਰ ਸਾਲ 2022 ਵਿੱਚ ਦੇਸ਼ ਦੇ ਸਰਕਾਰੀ ਸਕੂਲਾਂ ਵਿੱਚ ਦਸ ਲੱਖ ਅਧਿਆਪਕ ਆਸਾਮੀਆਂ ਖਾਲੀ ਸਨ। ਇਸ ਤੋਂ ਬਿਨਾਂ ਇਹ ਵੀ ਹਕੀਕਤ ਹੈ ਕਿ ਆਜ਼ਾਦੀ ਪ੍ਰਾਪਤੀ ਦੇ 78 ਸਾਲਾਂ ਤੱਕ ਦੇਸ਼ ਦੇ ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚ ਪੰਜ ਜਮਾਤਾਂ ਲਈ ਪੰਜ ਰੈਗੂਲਰ ਅਧਿਆਪਕ ਨਿਯੁਕਤ ਨਹੀਂ ਕੀਤੇ ਜਾ ਸਕੇ। ਇਸ ਦੇ ਕਾਰਨ ਵੀ ਸਪੱਸ਼ਟ ਹਨ ਕਿ ਅੱਜ ਤੱਕ ਕਿਸੇ ਵੀ ਭਾਰਤੀ ਕੇਂਦਰ ਸਰਕਾਰ ਨੇ ਸਿੱਖਿਆ ਲਈ ਵਾਰਸ਼ਕ ਜੀ ਡੀ ਪੀ ਦਾ 6 ਫੀਸਦੀ ਰਾਖਵਾਂ ਨਹੀਂ ਕੀਤਾ, ਜਿਵੇਂ ਕਿ 1968 ਵਿੱਚ ਲੋਕ ਸਭਾ ਵੱਲੋਂ ਸਵੀਕਾਰ ਕੀਤਾ ਗਿਆ ਸੀ। ਸਾਲ 2009 ਵਿੱਚ ਬਣਾਏ ਗਏ 6-14 ਆਯੂ ਗੁੱਟ ਦੇ ਬੱਚਿਆਂ ਲਈ ਮਿਆਰੀ ਐਲੀਮੈਂਟਰੀ ਸਿੱਖਿਆ ਕਾਨੂੰਨ ਦੇ ਸੰਵਿਧਾਨਕ ਹੱਕ ਦੀ ਪੂਰਤੀ ਲਈ ਸਿੱਖਿਆ ਮੰਤਰਾਲਿਆਂ ਵੱਲੋਂ ਮੰਗੀ ਗਈ ਬੱਜਟ-ਰਾਸ਼ੀ ਵੀ ਉਪਲੱਬਧ ਨਹੀਂ ਕਰਵਾਈ ਗਈ। ਪ੍ਰੈੱਸ ਦੀਆਂ ਰਿਪੋਰਟਾਂ ਅਨੁਸਾਰ ਕੇਂਦਰੀ ਸਰਕਾਰ ਨੇ 2014 ਤੋਂ ਲੈ ਕੇ ਹੁਣ ਤੱਕ ਸਿੱਖਿਆ ਬੱਜਟ ਵਿੱਚ ਹੋਰ ਵਧੇਰੇ ਕੱਟਾਂ ਲਾਈਆਂ ਹਨ। ਇਨ੍ਹਾਂ ਸਥਿਤੀਆਂ ਤੋਂ ਸਪੱਸ਼ਟ ਹੈ ਕਿ ਮੁਢਲੀ ਪ੍ਰਾਇਮਰੀ ਐਲੀਮੈਂਟਰੀ ਸਿੱਖਿਆ ਪ੍ਰਤੀ ਸਰਕਾਰਾਂ ਦੀ ਗੈਰ ਸੰਜੀਦਗੀ ਕਾਰਨ ਹੀ ਸਰਕਾਰੀ ਪ੍ਰਾਇਮਰੀ ਐਲੀਮੈਂਟਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਗਿਣਤੀ ਘੱਟ ਰਹੀ ਹੈ ਅਤੇ ਹੁਣ ਸਰਕਾਰਾਂ ਇਨ੍ਹਾਂ ਘਾਟਾਂ ਨੂੰ ਦੂਰ ਕਰਕੇ ਸਰਕਾਰੀ ਸਕੂਲਾਂ ਨੂੰ ਸਮਰੱਥ ਬਣਾਉਣ ਦੀ ਥਾਂ ਅਜਿਹੇ ਬੱਚਿਆਂ ਦੀ ਘੱਟ ਗਿਣਤੀ ਵਾਲੇ ਸਕੂਲਾਂ ਨੂੰ ਮਰਜ਼ ਕਰਨ ਦੇ ਨਾਂਅ 'ਤੇ ਬੰਦ ਕਰਨ ਦੀ ਨਾਂਹ-ਪੱਖੀ ਪਹੁੰਚ ਧਾਰਨ ਕਰ ਰਹੀਆਂ ਹਨ। ਕੀ ਅਜਿਹੀ ਪਹੁੰਚ ਕਾਰਨ ਹਰ ਇੱਕ ਭਾਰਤੀ ਬੱਚੇ ਨੂੰ ਮੁਢਲੀ ਜ਼ਰੂਰੀ ਗੁਣਾਤਮਿਕ ਸਿੱਖਿਆ ਪ੍ਰਦਾਨ ਕਰਨ ਦੀ ਸੰਵਿਧਾਨਕ ਜ਼ਿੰਮੇਵਾਰੀ ਪੂਰੀ ਹੋ ਸਕੇਗੀ। ਸੰਸਾਰ ਭਰ ਦਾ ਤਜਰਬਾ ਸਪੱਸ਼ਟ ਕਰਦਾ ਹੈ ਕਿ ਕੋਈ ਵੀ ਦੇਸ਼ ਸਰਕਾਰੀ ਜ਼ਿੰਮੇਵਾਰੀ ਤੋਂ ਬਿਨਾਂ ਆਪਣੇ ਸਾਰੇ ਬੱਚਿਆਂ ਨੂੰ ਮੁਢਲੀ ਗੁਣਾਤਮਕ ਸਿੱਖਿਆ ਦੀ ਜ਼ਿੰਮੇਵਾਰੀ ਪੂਰੀ ਨਹੀਂ ਕਰ ਸਕਿਆ। ਜੇਕਰ ਸਰਕਾਰੀ ਸਕੂਲਾਂ ਪ੍ਰਤੀ ਸਾਡੀ ਇਹੀ ਪਹੁੰਚ ਰਹੀ ਤਾਂ 2047 ਤੱਕ ਭਾਰਤ ਵਿੱਚ ਕਿੰਨੇ ਸਰਕਾਰੀ ਸਕੂਲ ਰਹਿ ਜਾਣਗੇ ਅਤੇ ਭਾਰਤ ਕਿਹੋ ਜਿਹਾ ਵਿਕਸਤ ਦੇਸ਼ ਬਣ ਸਕੇਗਾ? ਕਿਉਂਕਿ ਅਸੀਂ ਸਮਝਦੇ ਹਾਂ ਕਿ ਮੁਢਲੀ ਗੁਣਾਤਮਕ ਸਿੱਖਿਆ ਦਾ ਦੇਸ਼ ਦੇ ਮਨੁੱਖੀ ਵਿਕਾਸ ਨਾਲ ਸਿੱਧਾ ਸੰਬੰਧ ਹੁੰਦਾ ਹੈ। ਸਮੁੱਚੇ ਮਨੁੱਖੀ ਵਿਕਾਸ ਤੋਂ ਬਿਨਾਂ ਭਾਰਤ 2047 ਤੱਕ ਵਿਸ਼ਵ ਗੁਰੂ ਕਿਵੇਂ ਬਣੇਗਾ? ਸਾਡੀਆਂ ਕੇਂਦਰ ਅਤੇ ਸੂਬਾਈ ਸਰਕਾਰਾਂ ਨੂੰ ਪੁਰਜ਼ੋਰ ਅਪੀਲ ਹੈ ਕਿ ਇਹ ਪ੍ਰਾਇਮਰੀ ਐਲੀਮੈਂਟਰੀ ਸਕੂਲਾਂ ਦੀ ਮਰਜ਼ਰ ਨੀਤੀ ਨੂੰ ਮੁੜ ਤੋਂ ਵਿਚਾਰਿਆ ਜਾਵੇ। ਜ਼ਰੂਰੀ ਲੋੜ ਹੈ ਇਨ੍ਹਾਂ ਸਕੂਲਾਂ ਵਿੱਚ ਲੋੜ ਅਨੁਸਾਰ ਰੈਗੂਲਰ ਅਧਿਆਪਕ ਪਹਿਲ ਦੇ ਅਧਾਰ 'ਤੇ ਨਿਯੁਕਤ ਕੀਤੇ ਜਾਣ। ਸਾਰੇ ਸਰਕਾਰੀ ਸਕੂਲਾਂ ਵਿੱਚ ਖਾਲੀ ਪਈਆਂ ਅਧਿਆਪਕ ਅਤੇ ਸਹਾਇਕ ਅਮਲੇ ਦੀਆਂ ਆਸਾਮੀਆਂ ਰੈਗੂਲਰ ਨਿਯੁਕਤੀਆਂ ਰਾਹੀਂ ਭਰੀਆਂ ਜਾਣ।

ਲੋੜ ਅਨੁਸਾਰ ਨਵੀਂਆਂ ਆਸਾਮੀਆਂ ਰਚੀਆਂ ਵੀ ਜਾਣ। ਇਨ੍ਹਾਂ ਲੋੜਾਂ ਦੀ ਪੂਰਤੀ ਲਈ ਵਾਰਸ਼ਕ ਜੀ ਡੀ ਪੀ ਦਾ 6 ਫੀਸਦੀ ਸਿੱਖਿਆ ਲਈ ਰਾਖਵਾਂ ਕੀਤਾ ਜਾਵੇ। ਅਤੇ ਰੱਖੇ ਗਏ ਸਿੱਖਿਆ ਬੱਜਟ ਵਿੱਚ 50 ਫੀਸਦੀ ਪ੍ਰਾਇਮਰੀ-ਐਲੀਮੈਂਟਰੀ ਸਿੱਖਿਆ ਲਈ ਰੱਖਿਆ ਜਾਵੇ। ਪ੍ਰੈੱਸ ਦੀਆਂ ਖ਼ਬਰਾਂ ਦੱਸਦੀਆਂ ਹਨ ਕਿ ਦੱਖਣੀ ਕੋਰੀਆ, ਸਿੰਗਾਪੁਰ, ਜਾਪਾਨ ਦੀ ਆਰਥਿਕ ਤਰੱਕੀ ਨੂੰ ਆਰਥਕ ਕ੍ਰਿਸ਼ਮਾ ਕਿਹਾ ਗਿਆ ਸੀ, ਪਰ ਇਸ ਦੇ ਨਾਲ ਹੀ ਕਿਹਾ ਗਿਆ ਸੀ ਕਿ ਇਸ ਪਿੱਛੇ ਸਿੱਖਿਆ ਦਾ ਕ੍ਰਿਸ਼ਮਾ ਸੀ, ਜਿਸ ਨੇ ਇਹ ਆਰਥਿਕ ਕ੍ਰਿਸ਼ਮਾ ਸੰਭਵ ਬਣਾਇਆ ਸੀ। ਜਾਪਾਨ, ਸਿੰਗਾਪੁਰ, ਦੱਖਣੀ ਕੋਰੀਆ ਨੇ ਸਿੱਖਿਆ ਲਈ ਜੀ ਡੀ ਪੀ ਦਾ ਲੱਗਭੱਗ 7 ਫੀਸਦੀ ਜਾਂ ਇਸ ਤੋਂ ਵੱਧ ਰੱਖਿਆ ਸੀ ਅਤੇ ਇਸ ਵਿੱਚੋਂ 75 ਫੀਸਦੀ ਜਾਂ ਇਸ ਤੋਂ ਵੀ ਵੱਧ ਰੱਖ ਕੇ ਸਰਕਾਰੀ ਜ਼ਿੰਮੇਵਾਰੀ ਅਧੀਨ ਮੁਢਲੀ ਸਕੂਲੀ ਸਿੱਖਿਆ ਨੂੰ ਪਹਿਲ ਦਿੱਤੀ ਸੀ ਅਤੇ ਸਿੱਖਿਆ ਨੂੰ ਹੀ ਦੇਸ਼ ਦੇ ਮਨੁੱਖੀ ਵਿਕਾਸ ਦਾ ਮੁੱਖ ਸੋਮਾ ਮੰਨਿਆ ਜਾਂਦਾ ਹੈ ਅਤੇ ਮਨੁੱਖੀ ਵਿਕਾਸ ਹੀ ਦੇਸ਼ ਦੇ ਆਰਥਿਕ, ਸਮਾਜਿਕ ਵਿਕਾਸ ਦਾ ਅਧਾਰ ਬਣਦਾ ਹੈ।

# ਸੰਪਰਕ : 94177-51888

# ਮੀਡੀਆ ਅਤੇ ਸਿਆਸਤ ਦੀ ਖਤਰਨਾਕ ਖੇਡ—ਡੀਪ ਸਟੇਟ

**ਸੰਦੀਪ ਕੁਮਾਰ**

ਪਿਛਲੇ ਦਸ-ਬਾਰਾਂ ਸਾਲਾਂ ਵਿੱਚ ਭਾਰਤ ਨੇ ਵਿਕਾਸ ਦੀਆਂ ਨਵੀਆਂ ਬੁਲੰਦੀਆਂ ਨੂੰ ਛੂਹਿਆ ਹੈ। ਅਰਥਵਿਵਸਥਾ, ਤਕਨੀਕ, ਬੁਨਿਆਦੀ ਢਾਂਚਾ ਅਤੇ ਅੰਤਰਰਾਸ਼ਟਰੀ ਸੰਬੰਧਾਂ ਵਿੱਚ ਭਾਰਤ ਦੀ ਪ੍ਰਗਤੀ ਨੇ ਦੁਨੀਆ ਦਾ ਧਿਆਨ ਖਿੱਚਿਆ ਹੈ। ਇਹ ਤਰੱਕੀ ਨਾ ਸਿਰਫ਼ ਭਾਰਤੀ ਨਾਗਰਿਕਾਂ ਦੀ ਮਿਹਨਤ ਅਤੇ ਸਰਕਾਰ ਦੀਆਂ ਨੀਤੀਆਂ ਦਾ ਨਤੀਜਾ ਹੈ, ਸਗੋਂ ਇੱਕ ਸਥਿਰ ਅਤੇ ਦੂਰਦਰਸ਼ੀ ਲੀਡਰਸ਼ਿਪ ਦਾ ਵੀ ਪ੍ਰਮਾਣ ਹੈ, ਪਰ ਇਸ ਸਫਲਤਾ ਦੇ ਨਾਲ-ਨਾਲ ਇੱਕ ਅਜਿਹੀ ਸਥਿਤੀ ਵੀ ਸਾਹਮਣੇ ਆਈ ਹੈ, ਜਿੱਥੇ ਕੁਝ ਵਿਦੇਸ਼ੀ ਸ਼ਕਤੀਆਂ ਅਤੇ ਦੇਸ਼ ਦੇ ਅੰਦਰ ਦੀਆਂ ਕੁਝ ਰਾਜਨੀਤਕ ਤਾਕਤਾਂ ਭਾਰਤ ਦੀ ਇਸ ਤਰੱਕੀ ਨੂੰ ਰੋਕਣ ਦੀਆਂ ਕੋਸ਼ਿਸ਼ਾਂ ਵਿੱਚ ਲੱਗੀਆਂ ਹੋਈਆਂ ਹਨ। ਇਹਨਾਂ ਕੋਸ਼ਿਸ਼ਾਂ ਨੂੰ ਅਕਸਰ ਡੀਪ ਸਟੇਟ ਦੇ ਸੰਕਲਪ ਨਾਲ ਜੋੜਿਆ ਜਾਂਦਾ ਹੈ, ਜੋ ਇੱਕ ਅਜਿਹੀ ਅਣਜਨਤਕ ਸੰਸਥਾਵਾਂ ਜਾਂ ਵਿਅਕਤੀਆਂ ਦੇ ਸਮੂਹ ਨੂੰ ਦਰਸਾਉਂਦਾ ਹੈ, ਜੋ ਸਰਕਾਰੀ ਨੀਤੀਆਂ ਅਤੇ ਦੇਸ਼ ਦੇ ਵਿਕਾਸ ਨੂੰ ਪ੍ਰਭਾਵਤ ਕਰਨ ਦੀ ਕੋਸ਼ਿਸ਼ ਕਰਦੇ ਹਨ।

ਡੀਪ ਸਟੇਟ ਦੀ ਧਾਰਨਾ ਸਭ ਤੋਂ ਪਹਿਲਾਂ ਪੱਛਮੀ ਦੇਸ਼ਾਂ, ਖਾਸਕਰ ਅਮਰੀਕਾ ਵਿੱਚ ਚਰਚਾ ਵਿੱਚ ਆਈ। ਇਹ ਸੰਕਲਪ ਉਹਨਾਂ ਸੰਸਥਾਵਾਂ ਜਾਂ ਵਿਅਕਤੀਆਂ ਨੂੰ ਸੰਬੋਧਿਤ ਕਰਦਾ ਹੈ, ਜੋ ਸਰਕਾਰ ਦੇ ਅੰਦਰ ਜਾਂ ਬਾਹਰ ਪਰਦੇ ਪਿੱਛੇ ਕੰਮ ਕਰਦੇ ਹਨ ਅਤੇ ਜਨਤਕ ਜਵਾਬਦੇਹੀ ਤੋਂ ਬਚਦੇ ਹੋਏ ਸੱਤਾ ਦੀਆਂ ਲੀਹਾਂ ਨੂੰ ਆਪਣੇ ਹਿੱਤ ਵਿੱਚ ਮੋੜਨ ਦੀ ਕੋਸ਼ਿਸ਼ ਕਰਦੇ ਹਨ। ਇਨ੍ਹਾਂ ਸੰਸਥਾਵਾਂ ਵਿੱਚ ਸਰਕਾਰੀ ਅਧਿਕਾਰੀ, ਖੁਫੀਆ ਏਜੰਸੀਆਂ, ਸੈਨਿਕ ਅਧਿਕਾਰੀ, ਵਪਾਰਕ ਸਮੂਹ ਜਾਂ ਮੀਡੀਆ ਦੇ ਕੁਝ ਹਿੱਸੇ ਸ਼ਾਮਲ ਹੋ ਸਕਦੇ ਹਨ। ਭਾਰਤ ਦੇ ਸੰਦਰਭ ਵਿੱਚ ਡੀਪ ਸਟੇਟ ਨੂੰ ਅਕਸਰ ਅਜਿਹੀਆਂ ਸ਼ਕਤੀਆਂ ਨਾਲ ਜੋੜਿਆ ਜਾਂਦਾ ਹੈ, ਜੋ ਦੇਸ਼ ਦੀ ਤਰੱਕੀ ਨੂੰ ਰੋਕਣ ਜਾਂ ਸਰਕਾਰੀ ਨੀਤੀਆਂ ਨੂੰ ਅਸਫਲ ਕਰਨ ਦੀ ਕੋਸ਼ਿਸ਼ ਕਰਦੀਆਂ ਹਨ। ਭਾਰਤ ਦੀ ਤਰੱਕੀ ਪਿਛਲੇ ਦਹਾਕੇ ਵਿੱਚ ਬਹੁਤ ਸਾਰੇ ਖੇਤਰਾਂ ਵਿੱਚ ਸਪੱਸ਼ਟ ਦਿਖਾਈ ਦਿੱਤੀ ਹੈ।

ਭਾਰਤ ਅੰਦਰ ਵਿਰੋਧੀ ਧਿਰ ਦੀ ਭੂਮਿਕਾ ਵੀ ਸਵਾਲਾਂ ਦੇ ਘੇਰੇ ਵਿੱਚ ਰਹੀ ਹੈ। ਅਕਸਰ ਦੇਖਿਆ ਜਾਂਦਾ ਹੈ ਕਿ ਜਦੋਂ ਮੌਜੂਦਾ ਸਰਕਾਰ ਦੇਸ਼ ਦੇ ਵਿਕਾਸ ਲਈ ਕੋਈ ਵੱਡਾ ਫੈਸਲਾ ਲੈਂਦੀ ਹੈ, ਜਿਵੇਂ ਕਿ ਬੁਨਿਆਦੀ ਢਾਂਚੇ ਦਾ ਵਿਕਾਸ, ਅਰਥਵਿਵਸਥਾ 'ਚ ਸੁਧਾਰ ਜਾਂ ਵਿਦੇਸ਼ ਨੀਤੀ ਨਾਲ ਜੁੜੇ ਮੁੱਦੇ ਤਾਂ ਵਿਰੋਧੀ ਧਿਰ ਬਿਨਾਂ ਕਿਸੇ ਠੋਸ ਕਾਰਨੋ ਇਸ ਦਾ ਵਿਰੋਧ ਕਰਦੀ ਹੈ। ਇਹ ਵਿਰੋਧ ਕਈ ਵਾਰ ਸਰਕਾਰ ਦੀਆਂ ਨੀਤੀਆਂ ਨੂੰ ਅਸਫਲ ਕਰਨ ਦੀ ਕੋਸ਼ਿਸ਼ ਦੇ ਰੂਪ ਵਿੱਚ ਦਿਖਾਈ ਦਿੰਦਾ ਹੈ। ਇਸ ਦੇ ਪਿੱਛੇ ਇੱਕ ਸਿਆਸੀ ਮਕਸਦ ਹੋ ਸਕਦਾ ਹੈ। ਜੇਕਰ ਭਾਰਤ ਇਸੇ ਰਫਤਾਰ ਨਾਲ ਤਰੱਕੀ ਕਰਦਾ ਰਿਹਾ ਤਾਂ ਮੌਜੂਦਾ ਸਰਕਾਰ ਦਾ ਜਨਤਕ ਸਮਰਥਨ ਵਧਦਾ ਜਾਵੇਗਾ, ਜਿਸ ਨਾਲ ਵਿਰੋਧੀ ਧਿਰ ਦੀ ਸੱਤਾ ਵਿੱਚ ਵਾਪਸੀ ਦੀਆਂ ਸੰਭਾਵਨਾਵਾਂ ਘਟਦੀਆਂ ਜਾਣਗੀਆਂ।

ਡੀਪ ਸਟੇਟ ਦੀ ਕਾਰਵਾਈ ਦਾ ਇੱਕ ਅਹਿਮ ਹਿੱਸਾ ਮੀਡੀਆ ਅਤੇ ਸੋਸ਼ਲ ਮੀਡੀਆ ਦੇ ਜ਼ਰੀਏ ਵੀ ਸਾਹਮਣੇ ਆਉਂਦਾ ਹੈ। ਅੱਜ ਦੇ ਡਿਜੀਟਲ ਯੁੱਗ ਵਿੱਚ ਜਿੱਥੇ ਸੋਸ਼ਲ ਮੀਡੀਆ ਜਨਤਕ ਵਿਚਾਰਧਾਰਾ ਨੂੰ ਪ੍ਰਭਾਵਤ ਕਰਨ ਦਾ ਸਭ ਤੋਂ ਵੱਡਾ ਸਾਧਨ ਹੈ, ਉੱਥੇ ਕੁਝ ਯੂਟਿਊਬਰ, ਪੱਤਰਕਾਰ ਅਤੇ ਸੋਸ਼ਲ ਮੀਡੀਆ ਪ੍ਰਭਾਵਕ ਅਜਿਹੀ ਸਮੱਗਰੀ ਪ੍ਰਕਾਸ਼ਿਤ ਕਰਦੇ ਹਨ, ਜੋ ਸਰਕਾਰ ਅਤੇ ਦੇਸ਼ ਦੀ ਤਰੱਕੀ ਦੇ ਵਿਰੁੱਧ ਜਾਂਦੀ ਹੈ। ਇਹਨਾਂ ਵਿੱਚੋਂ ਕਈਆਂ ਨੂੰ ਵਿਦੇਸ਼ੀ ਸੰਸਥਾਵਾਂ ਜਾਂ ਸ਼ਕਤੀਆਂ ਤੋਂ ਵਿੱਤੀ ਸਹਾਇਤਾ ਮਿਲਣ ਦੀਆਂ ਅਫਵਾਹਾਂ ਵੀ ਸੁਣਾਈ ਦਿੰਦੀਆਂ ਹਨ। ਅਜਿਹੇ ਵਿਅਕਤੀ ਜਾਂ ਸਮੂਹ ਅਕਸਰ ਸਰਕਾਰ ਦੀਆਂ ਨੀਤੀਆਂ ਤੇ ਬਿਨਾਂ ਕਿਸੇ ਠੋਸ ਸਬੂਤ ਦੇ ਨਕਾਰਾਤਮਕ ਟਿੱਪਣੀਆਂ ਕਰਦੇ ਹਨ, ਜਿਸ ਨਾਲ ਜਨਤਕ ਵਿਚਾਰਧਾਰਾ ਵਿੱਚ ਭੰਬਲਭੂਸਾ ਪੈਦਾ ਹੁੰਦਾ ਹੈ। ਉਦਾਹਰਣ ਵਜੋਂ ਜਦੋਂ ਸਰਕਾਰ ਨੇ ਵਪਾਰਕ ਨੀਤੀਆਂ ਨਾਲ ਜੁੜੇ ਕੁਝ ਫੈਸਲੇ ਲਏ ਤਾਂ ਸੋਸ਼ਲ ਮੀਡੀਆ 'ਤੇ ਅਜਿਹੀਆਂ ਅਫਵਾਹਾਂ ਫੈਲਾਈਆਂ ਗਈਆਂ ਕਿ ਇਹ ਨੀਤੀਆਂ ਕਿਸਾਨਾਂ ਜਾਂ ਆਮ ਜਨਤਾ ਦੇ ਵਿਰੁੱਧ ਹਨ। ਇਹ ਅਫਵਾਹਾਂ ਅਕਸਰ ਸੰਗਠਿਤ ਤਰੀਕੇ ਨਾਲ ਫੈਲਾਈਆਂ ਜਾਂਦੀਆਂ ਹਨ, ਜਿਸ ਵਿੱਚ ਵਿਦੇਸ਼ੀ ਸੰਗਠਨਾਂ ਦੀ ਸ਼ਮੂਲੀਅਤ ਦੀ ਸੰਭਾਵਨਾ ਨੂੰ ਨਕਾਰਿਆ ਨਹੀਂ ਜਾ ਸਕਦਾ। ਅਜਿਹੀਆਂ ਗਤੀਵਿਧੀਆਂ ਦਾ ਮਕਸਦ ਸਰਕਾਰ ਅਤੇ ਜਨਤਾ ਵਿਚਕਾਰ ਅਵਿਸ਼ਵਾਸ ਪੈਦਾ ਕਰਨਾ ਹੁੰਦਾ ਹੈ, ਜਿਸ ਨਾਲ ਦੇਸ਼ ਦੀ ਤਰੱਕੀ ਦੀ ਰਫਤਾਰ ਨੂੰ ਰੋਕਿਆ ਜਾ ਸਕੇ।

ਡੀਪ ਸਟੇਟ ਦੀ ਕਾਰਵਾਈ ਦਾ ਸਭ ਤੋਂ ਵੱਡਾ ਪਹਿਲੂ ਵਿਦੇਸ਼ੀ ਸ਼ਕਤੀਆਂ ਦੀ ਸ਼ਮੂਲੀਅਤ ਹੈ। ਕਈ ਅਜਿਹੇ ਦੇਸ਼ ਜਾਂ ਸੰਗਠਨ ਹਨ, ਜੋ ਭਾਰਤ ਦੀ ਤਰੱਕੀ ਨੂੰ ਆਪਣੇ ਹਿੱਤਾਂ ਲਈ ਖਤਰਾ ਮੰਨਦੇ ਹਨ। ਇਹ ਸ਼ਕਤੀਆਂ ਅਕਸਰ ਅਜਿਹੇ ਵਿਅਕਤੀਆਂ ਜਾਂ ਸਮੂਹਾਂ ਨੂੰ ਵਿੱਤੀ ਜਾਂ ਹੋਰ ਤਰ੍ਹਾਂ ਦੀ ਸਹਾਇਤਾ ਪ੍ਰਦਾਨ ਕਰਦੀਆਂ ਹਨ, ਜੋ ਦੇਸ਼ ਦੇ ਅੰਦਰ ਅਸਥਿਰਤਾ ਪੈਦਾ ਕਰ ਸਕਣ। ਇਹ ਸਹਾਇਤਾ ਕਈ ਰੂਪਾਂ ਵਿੱਚ ਹੋ ਸਕਦੀ ਹੈ—ਜਿਵੇਂ ਕਿ ਵਿੱਤੀ ਫੰਡਿੰਗ, ਸਿਆਸੀ ਸਮਰਥਨ ਜਾਂ ਸੋਸ਼ਲ ਮੀਡੀਆ 'ਤੇ ਪ੍ਰਚਾਰ। ਉਦਾਹਰਣ ਵਜੋਂ ਕੁਝ ਵਿਦੇਸ਼ੀ ਗੈਰ-ਸਰਕਾਰੀ ਸੰਗਠਨ ਅਤੇ ਮੀਡੀਆ ਸੰਸਥਾਵਾਂ ਨੂੰ ਭਾਰਤ ਵਿਰੋਧੀ ਬਿਰਤਾਂਤ ਨੂੰ ਬੜ੍ਹਾਵਾ ਦੇਣ ਦੇ ਇਲਜ਼ਾਮ ਲੱਗੇ ਹਨ।

ਇਸ ਸਥਿਤੀ ਵਿੱਚ ਜਨਤਕ ਜਾਗਰੂਕਤਾ ਅਤੇ ਸਰਕਾਰ ਦੀ ਸੁਚੇਤਤਾ ਸਭ ਤੋਂ ਅਹਿਮ ਹੈ। ਭਾਰਤ ਦੀ ਜਨਤਾ ਨੂੰ ਸਮਝਣਾ ਹੋਵੇਗਾ ਕਿ ਅਜਿਹੀਆਂ ਨਕਾਰਾਤਮਕ ਗਤੀਵਿਧੀਆਂ ਦਾ ਮਕਸਦ ਦੇਸ਼ ਦੀ ਤਰੱਕੀ ਨੂੰ ਰੋਕਣਾ ਹੈ। ਸੋਸ਼ਲ ਮੀਡੀਆ 'ਤੇ ਫੈਲਾਈਆਂ ਜਾਣ ਵਾਲੀਆਂ ਅਫਵਾਹਾਂ ਅਤੇ ਗਲਤ ਜਾਣਕਾਰੀਆਂ ਨੂੰ ਪਛਾਨਣ ਦੀ ਸਮਰੱਥਾ ਵਿਕਸਿਤ ਕਰਨੀ ਹੋਵੇਗੀ। ਸਰਕਾਰ ਨੂੰ ਵੀ ਅਜਿਹੀਆਂ ਸੰਸਥਾਵਾਂ ਅਤੇ ਵਿਅਕਤੀਆਂ 'ਤੇ ਨਜ਼ਰ ਰੱਖਣੀ ਹੋਵੇਗੀ, ਜੋ ਵਿਦੇਸ਼ੀ ਸਹਾਇਤਾ ਨਾਲ ਦੇਸ਼ ਵਿਰੋਧੀ ਗਤੀਵਿਧੀਆਂ ਵਿੱਚ ਸ਼ਾਮਲ ਹਨ। ਇਸ ਦੇ ਨਾਲ ਹੀ ਸਰਕਾਰ ਨੂੰ ਜਨਤਕ ਸੰਚਾਰ ਨੂੰ ਹੋਰ ਮਜ਼ਬੂਤ ਕਰਨ ਦੀ ਲੋੜ ਹੈ। ਜਨਤਾ ਨੂੰ ਸਰਕਾਰੀ ਨੀਤੀਆਂ ਅਤੇ ਉਹਨਾਂ ਦੇ ਫਾਇਦਿਆਂ ਬਾਰੇ ਸਹੀ ਅਤੇ ਸਮੇਂ ਸਿਰ ਜਾਣਕਾਰੀ ਮਿਲਣੀ ਚਾਹੀਦੀ ਹੈ। ਇਹ ਜਾਣਕਾਰੀ ਸੋਸ਼ਲ ਮੀਡੀਆ ਅਤੇ ਰਵਾਇਤੀ ਮੀਡੀਆ ਦੋਵਾਂ ਦੇ ਜ਼ਰੀਏ ਪਹੁੰਚਾਈ ਜਾਣੀ ਚਾਹੀਦੀ ਹੈ, ਤਾਂ ਜੋ ਨਕਾਰਾਤਮਕ ਪ੍ਰਚਾਰ ਦਾ ਮੁਕਾਬਲਾ ਕੀਤਾ ਜਾ ਸਕੇ।

ਭਾਰਤ ਦੀ ਤਰੱਕੀ ਦੀ ਰਫਤਾਰ ਨੂੰ ਰੋਕਣ ਦੀਆਂ ਕੋਸ਼ਿਸ਼ਾਂ ਚਾਹੇ ਉਹ ਵਿਰੋਧੀ ਧਿਰ ਦੀਆਂ ਸਿਆਸੀ ਰਣਨੀਤੀਆਂ ਦੇ ਰੂਪ ਵਿੱਚ ਹੋਣ, ਚਾਹੇ ਵਿਦੇਸ਼ੀ ਸ਼ਕਤੀਆਂ ਦੀਆਂ ਸਾਜ਼ਿਸ਼ਾਂ ਦੇ ਰੂਪ ਵਿੱਚ, ਡੀਪ ਸਟੇਟ ਦੀ ਕਾਰਵਾਈ ਦਾ ਹਿੱਸਾ ਹੋ ਸਕਦੀਆਂ ਹਨ। ਇਹ ਕਾਰਵਾਈਆਂ ਦੇਸ਼ ਦੇ ਅੰਦਰ ਅਸਥਿਰਤਾ ਪੈਦਾ ਕਰਨ, ਜਨਤਕ ਵਿਚਾਰਧਾਰਾ ਨੂੰ ਪ੍ਰਭਾਵਿਤ ਕਰਨ ਅਤੇ ਸਰਕਾਰ ਦੀਆਂ ਨੀਤੀਆਂ ਨੂੰ ਅਸਫਲ ਕਰਨ ਦੇ ਮਕਸਦ ਨਾਲ ਕੀਤੀਆਂ ਜਾਂਦੀਆਂ ਹਨ, ਪਰ ਜੇਕਰ ਜਨਤਾ ਜਾਗਰੂਕ ਰਹੇ ਅਤੇ ਸਰਕਾਰ ਸੁਚੇਤਤਾ ਨਾਲ ਕੰਮ ਕਰੇ ਤਾਂ ਅਜਿਹੀਆਂ ਸਾਜ਼ਿਸ਼ਾਂ ਨੂੰ ਨਾਕਾਮ ਕੀਤਾ ਜਾ ਸਕਦਾ ਹੈ।

# ਸੰਪਰਕ : 70098-07121

# ਡਿੱਕੇ-ਡੋਲੇ ਖਾ ਰਹੀ ਹੈ ਭਾਰਤ ਦੀ ਅਜੋਕੀ ਵਿਦੇਸ਼ ਨੀਤੀ

**ਪ੍ਰੋ. ਪਰਮਜੀਤ ਸਿੰਘ ਨਿੱਕੇ ਘੁੰਮਣ**

ਅਸਲ ਵਿਚ ਇਕ ਸੁੱਘੜ-ਸਿਆਣੀ ਸਰਕਾਰ ਦਾ ਕੰਮ ਹੁੰਦਾ ਹੈ ਕਿ ਉਹ ਅਜਿਹੀ ਵਿਦੇਸ਼ ਨੀਤੀ ਅਪਣਾਵੇ, ਜਿਸ ਨਾਲ ਗੁਆਂਢ ਦੇ ਮੁਲਕਾਂ ਨਾਲ ਅਤੇ ਦੁਨੀਆ ਦੇ ਆਰਥਿਕ ਅਤੇ ਸੈਨਿਕ ਸ਼ਕਤੀ ਪੱਖੋਂ ਮਹੱਤਵਪੂਰਨ ਮੁਲਕਾਂ ਨਾਲ ਦੋਸਤਾਨਾ ਅਤੇ ਵਪਾਰਕ ਸਬੰਧ ਕਾਇਮ ਕੀਤੇ ਜਾਣ, ਤਾਂ ਜੋ ਸਬੰਧਤ ਖਿੱਤੇ ਵਿਚ ਸ਼ਾਂਤੀ ਅਤੇ ਸਥਿਰਤਾ ਬਣੀ ਰਹੇ ਤੇ ਦੁਨੀਆ ਦੇ ਮਹੱਤਵਪੂਰਨ ਮੁਲਕਾਂ ਨਾਲ ਸਾਂਝ ਪਾ ਕੇ ਵਿਸ਼ਵ ਪੱਧਰ 'ਤੇ ਆਪਣਾ ਰੁਤਬਾ ਉੱਚਾ ਕੀਤਾ ਜਾਵੇ। ਇਸ ਦੇ ਨਾਲ ਹੀ ਇਸ ਗੱਲ ਦਾ ਵੀ ਖ਼ਿਆਲ ਰੱਖਿਆ ਜਾਂਦਾ ਹੈ ਕਿ ਕੋਈ ਵੀ ਅਜਿਹਾ ਕਦਮ ਨਾ ਚੁੱਕਿਆ ਜਾਵੇ, ਜਿਸ ਨਾਲ ਆਪਣੇ ਹੀ ਦੇਸ਼ ਦੀ ਸੁਰੱਖਿਆ, ਤਰੱਕੀ ਅਤੇ ਸਾਖ਼ ਦਾਅ 'ਤੇ ਨਾ ਲੱਗਦੀ ਹੋਵੇ। ਉਪਰੋਕਤ ਸੰਦਰਭ ਵਿਚ ਜੇਕਰ ਭਾਰਤ ਸਰਕਾਰ ਦੀ ਵਰਤਮਾਨ ਵਿਦੇਸ਼ ਨੀਤੀ ਦੀ ਗੱਲ ਕੀਤੀ ਜਾਵੇ ਤਾਂ ਪਤਾ ਲੱਗਦਾ ਹੈ ਕਿ ਸਾਲ 2014 ਵਿਚ ਜਦੋਂ ਤੋਂ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਐੱਨ ਡੀ ਏ ਸਰਕਾਰ ਨੇ ਸੱਤਾ ਸੰਭਾਲੀ ਹੈ, ਭਾਰਤ ਦੀ ਵਿਦੇਸ਼ ਨੀਤੀ ਡਿੱਕੇ-ਡੋਲੇ ਖਾ ਰਹੀ ਹੈ।

ਕੋਈ ਵੇਲਾ ਸੀ, ਜਦੋਂ ਦੁਨੀਆ ਦੀਆਂ ਵੱਡੀਆਂ ਸ਼ਕਤੀਆਂ ਮੰਨੇ ਜਾਂਦੇ ਅਮਰੀਕਾ ਅਤੇ ਰੂਸ ਵਰਗੇ ਮੁਲਕਾਂ ਨਾਲ ਭਾਰਤ ਸਰਕਾਰ ਇਕ ਸਤੁੰਲਨ ਬਣਾ ਕੇ ਚੱਲਦੀ ਸੀ, ਪਰ ਅੱਜ ਹਾਲਾਤ ਇਹ ਹਨ ਕਿ ਭਾਰਤ ਨੂੰ ਇਹ ਸਮਝ ਨਹੀਂ ਆ ਰਹੀ ਹੈ ਕਿ ਉਹ ਦੋਸਤੀ ਅਮਰੀਕਾ ਨਾਲ ਰੱਖੇ, ਰੂਸ ਨਾਲ ਰੱਖੇ ਜਾਂ ਫਿਰ ਚੀਨ ਨਾਲ? ਕੁਝ ਸਮਾਂ ਪਹਿਲਾਂ ਭਾਰਤੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸਾਹਿਬ ਅਮਰੀਕਾ ਵਿਖੇ ਜਾ ਕੇ ਉਥੇ ਰਹਿੰਦੇ ਭਾਰਤੀਆਂ ਨੂੰ ਸੰਬੋਧਨ ਕਰਦੇ ਸਮੇਂ 'ਅਬ ਕੀ ਬਾਰ ਟਰੰਪ ਸਰਕਾਰ' ਦੇ ਨਾਅਰੇ ਲਗਵਾ ਰਹੇ ਸਨ ਤੇ ਡੋਨਾਲਡ ਟਰੰਪ ਦੇ ਰਾਸ਼ਟਰਪਤੀ ਚੁਣੇ ਜਾਣ ਤੋਂ ਬਾਅਦ ਕਈ ਵਾਰ ਉਨ੍ਹਾ ਨਾਲ ਮੁਲਕਾਤ ਕਰ ਚੁੱਕੇ ਹਨ ਤੇ ਚੀਨ ਨੂੰ ਵਿਖਾਅ ਚੁੱਕੇ ਹਨ ਕਿ ਅਮਰੀਕਾ ਨਾਲ ਉਨ੍ਹਾ ਦਾ 'ਬਹੁਤ ਯਾਰਾਨਾ ਲਗਤਾ ਹੈ' ਪਰ ਚੰਦ ਮਹੀਨਿਆਂ ਬਾਅਦ ਹੀ ਭਾਰਤ ਸਰਕਾਰ ਨੇ ਅਮਰੀਕੀ ਡਾਲਰ ਨੂੰ ਚੁਣੌਤੀ ਦੇਣ ਦਾ ਮੂਡ ਬਣਾਉਂਦਿਆਂ ਹੋਇਆਂ ਇਸ ਡਾਲਰ ਦੀ ਵਿਸ਼ਵ ਪੱਧਰ ਦੀ ਅਜ਼ਾਰਦੇਾਰੀ ਤੋੜਨ ਲਈ ਦੂਜੇ ਦੇਸ਼ਾਂ ਨਾਲ ਏਕਾ ਕਰਨਾ ਸ਼ੁਰੂ ਕਰ ਦਿੱਤਾ, ਜਿਸ ਤੋਂ ਟਰੰਪ ਚਿੜ ਗਏ ਤੇ ਉਨ੍ਹਾ ਲਗਾਤਾਰ ਭਾਰਤ ਵਿਰੋਧੀ ਬਿਆਨ ਦੇਣ ਦੇ ਨਾਲ ਨਾਲ ਭਾਰਤੀ ਵਸਤਾਂ 'ਤੇ ਭਾਰੀ ਟੈਰਿਫ਼ ਲਗਾਉਣ ਦੇ ਵੀ ਐਲਾਨ ਕਰ ਦਿੱਤੇ ਤੇ ਗ਼ੈਰ-ਕਾਨੂੰਨੀ ਤੌਰ 'ਤੇ ਅਮਰੀਕਾ ਵਿਚ ਰਹਿ ਰਹੇ ਭਾਰਤੀਆਂ ਨੂੰ ਖ਼ਾਸੇ ਜ਼ਲੀਲ ਕਰਕੇ ਅਮਰੀਕਾ ਤੋਂ ਡਿਪੋਰਟ ਕੀਤਾ, ਜਿਸ ਦਾ ਭਾਰਤ ਸਰਕਾਰ ਲਫ਼ਜ਼ੀ ਵਿਰੋਧ ਵੀ ਦਰਜ ਨਹੀਂ ਕਰਵਾ ਪਾਈ। ਇਸ ਦੌਰਾਨ ਭਾਰਤ ਸਰਕਾਰ ਨੇ ਆਪਣੀ ਵਿਦੇਸ਼ ਨੀਤੀ ਵਿਚ 'ਯੂ-ਟਰਨ' ਪਰਿਵਰਤਨ ਲਿਆਉਂਦਿਆਂ ਹੋਇਆਂ ਅਮਰੀਕਾ ਨੂੰ ਛੱਡ ਕੇ ਇਕ ਪਾਸੇ ਚੀਨ ਦਾ ਹੱਥ ਜਾ ਫੜਿਆ ਤੇ ਦੂਜੇ ਪਾਸੇ ਰੂਸ ਤੋਂ ਤੇਲ ਲੈ ਕੇ ਅਮਰੀਕਾ ਦਾ ਪਾਰਾ ਹੋਰ ਚੜ੍ਹਾਅ ਦਿੱਤਾ। ਅੱਜ ਹਾਲਾਤ ਇਹ ਹਨ ਕਿ ਭਾਰਤ ਸਰਕਾਰ ਇਹ ਫ਼ੈਸਲਾ ਨਹੀਂ ਕਰ ਪਾ ਰਹੀ ਕਿ ਭਾਰਤ ਦਾ ਅਸਲ ਦੁਸ਼ਮਣ ਅਮਰੀਕਾ ਹੈ ਜਾਂ ਚੀਨ? ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਨੇ 'ਅਪ੍ਰੇਸ਼ਨ ਸਿੰਧੂਰ' ਨੂੰ ਰੁਕਵਾਉਣ ਬਾਰੇ 49 ਵਾਰ ਵਿਸ਼ਵ ਮੰਚ 'ਤੇ ਕਬੂਲਨਾਮਾ ਪੇਸ਼ ਕੀਤਾ ਹੈ ਤੇ ਭਾਰਤ ਦੇ ਵਿਦੇਸ਼ ਮੰਤਰਾਲੇ ਨੇ ਜਾਂ ਪ੍ਰਧਾਨ ਮੰਤਰੀ ਨੇ ਇਕ ਵਾਰ ਵੀ ਹਿੱਕ ਠੋਕ ਕੇ ਟਰੰਪ ਦੇ ਦਾਅਵੇ ਨੂੰ ਝੁਠਲਾਇਆ ਨਹੀਂ। ਅਮਰੀਕਾ ਨੇ ਭਾਰਤ 'ਤੇ ਪਲਟਵਾਰ ਜਾਰੀ ਰੱਖਦਿਆਂ ਹੋਇਆਂ ਪਾਕਿਸਤਾਨੀ ਸੈਨਾ ਮੁਖੀ ਆਸਿਫ਼ ਮੁਨੀਰ ਨਾਲ ਜਿਸ ਕਦਰ ਨੇੜਤਾ ਦਾ ਇਜ਼ਹਾਰ ਕੀਤਾ ਹੈ, ਉਹ ਭਾਰਤ ਦੀ ਅਸਫ਼ਲ ਵਿਦੇਸ਼ ਨੀਤੀ ਦਾ ਹੀ ਨਤੀਜਾ ਮੰਨਿਆ ਜਾ ਰਿਹਾ ਹੈ। ਅਮਰੀਕਾ ਵੱਲੋਂ ਲਗਾਏ ਜਾ ਰਹੇ ਟੈਰਿਫ਼ ਕਰਕੇ ਭਾਰਤ ਦਾ ਨਿਰਯਾਤ ਅਤੇ ਸਨਅਤਾਂ ਪ੍ਰਭਾਵਤ ਹੋ ਰਹੀਆਂ ਹਨ, ਪਰ ਸਰਕਾਰ ਕੋਈ ਠੋਸ ਨੀਤੀ ਘੜਨ ਜਾਂ ਠੋਸ ਕਦਮ ਚੁੱਕਣ ਵਿਚ ਅਸਮਰਥ ਨਜ਼ਰ ਆਉਂਦੀ ਹੈ।

ਸਿਤਮ ਦੀ ਗੱਲ ਇਹ ਹੈ ਕਿ ਮੀਡੀਆ ਦਾ ਇਕ ਵਰਗ ਵੀ ਸਰਕਾਰ ਦੀ ਸ਼ਹਿ 'ਤੇ 'ਟੈਰਿਫ਼' ਨੂੰ ਭਾਰਤ ਲਈ ਚੰਗਾ ਅਤੇ ਅਮਰੀਕਾ ਲਈ ਬੁਰਾ ਸਾਬਿਤ ਕਰਨ ਵਿਚ ਲੱਗਾ ਹੋਇਆ ਹੈ। ਇਹੋ ਮੀਡੀਆ ਕਦੇ ਜੀ ਐੱਸ ਟੀ ਨੂੰ ਮੋਦੀ ਸਰਕਾਰ ਦਾ 'ਮਾਸਟਰ ਸਟ੍ਰੋਕ' ਦੱਸਦਾ ਹੁੰਦਾ ਸੀ ਤੇ ਹੁਣ ਦੇਸ਼ਵਾਸੀਆਂ ਤੋਂ ਪਿਛਲੇ ਅੱਠ ਸਾਲਾਂ ਵਿਚ 127 ਲੱਖ ਕਰੋੜ ਦਾ ਟੈਕਸ ਉਗਰਾਹ ਲੈਣ ਤੋਂ ਬਾਅਦ ਜੀ ਐੱਸ ਟੀ ਸੁਧਾਰਾਂ ਨੂੰ ਵੀ ਮੋਦੀ ਸਰਕਾਰ ਦਾ 'ਮਾਸਟਰ ਸਟ੍ਰੋਕ' ਹੀ ਦੱਸ ਰਿਹਾ ਹੈ। ਇਹੋ ਹਾਲ ਇਸ ਮੀਡੀਆ ਦਾ ਭਾਰਤ-ਅਮਰੀਕਾ ਸਬੰਧਾਂ ਬਾਰੇ ਵੀ ਹੈ।

ਅੱਜ ਹਾਲਾਤ ਇਹ ਹਨ ਕਿ ਤਾਲਿਬਾਨ ਨੂੰ ਪਾਣੀ ਪੀ-ਪੀ ਕੇ ਕੋਸਣ ਵਾਲੇ ਭਾਰਤ ਦੇ ਪ੍ਰਧਾਨ ਮੰਤਰੀ, ਵਿਦੇਸ਼ ਮੰਤਰੀ ਅਤੇ ਭਾਰਤੀ ਮੀਡੀਆ ਹੁਣ ਭਾਰਤ ਦੇ ਵਿਦੇਸ਼ ਮੰਤਰੀ ਐਸ.ਜੈ ਸ਼ੰਕਰ ਅਤੇ ਅਫ਼ਗਾਨਿਸਤਾਨ ਤੋਂ ਆਏ ਤਾਲਿਬਾਨੀ ਵਿਦੇਸ਼ ਮੰਤਰੀ ਦੀਆਂ ਤਸਵੀਰਾਂ ਬੜੀ ਹੀ ਪ੍ਰਮੁੱਖਤਾ ਨਾਲ ਪੇਸ਼ ਕਰ ਰਿਹਾ ਹੈ। ਇਸ ਤਰ੍ਹਾਂ ਤਾਲਿਬਾਨ ਬਾਰੇ ਵੀ ਭਾਰਤ ਨੇ ਆਪਣੀ ਸਪੱਸ਼ਟ ਵਿਦੇਸ਼ ਨੀਤੀ ਨੂੰ ਹੁਣ 'ਅਸਪੱਸ਼ਟ' ਕਰ ਦਿੱਤਾ ਹੈ ਤੇ ਦੇਸ਼ ਵਿਚਲੇ ਭਾਜਪਾਈਆਂ ਨੂੰ ਹੁਣ ਸਮਝ ਨਹੀਂ ਆ ਰਿਹਾ ਹੈ ਕਿ ਉਹ ਤਾਲਿਬਾਨ ਨੂੰ 'ਮੰਦਾ' ਕਹਿਣ ਕਿ 'ਚੰਗਾ'? ਕਿੰਨੀ ਨਿੰਦਣਯੋਗ ਗੱਲ ਹੈ ਕਿ ਭਾਰਤ ਦੀ ਧਰਤੀ 'ਤੇ ਆ ਕੇ ਤਾਲਿਬਾਨੀ ਸ਼ਾਸਨ ਦੇ ਅਧਿਕਾਰੀ ਅਤੇ ਮੰਤਰੀ ਜਦੋਂ ਪੱਤਰਕਾਰ-ਵਾਰਤਾ ਕਰਦੇ ਹਨ ਤੇ ਉਸ ਪੱਤਰਕਾਰ-ਵਾਰਤਾ ਵਿੱਚੋਂ 'ਮਹਿਲਾ ਪੱਤਰਕਾਰਾਂ' ਨੂੰ ਬਾਹਰ ਕੱਢ ਦਿੰਦੇ ਹਨ ਤੇ ਬੀਤੇ ਦਸ ਸਾਲ ਤੋਂ 'ਮਹਿਲਾ ਅਧਿਕਾਰਾਂ' ਦਾ ਰੌਲਾ ਪਾਉਣ ਵਾਲੀ ਭਾਰਤ ਸਰਕਾਰ ਕੇਵਲ ਮੂਕ ਦਰਸ਼ਕ ਬਣ ਕੇ ਰਹਿ ਜਾਂਦੀ ਹੈ। ਇਸ ਵਿਤਕਰੇ ਬਾਰੇ ਕੋਈ ਵੀ ਪ੍ਰਤੀਕਿਰਿਆ ਨਹੀਂ ਦਿੰਦੀ। ਗੱਲ ਜੇਕਰ ਭਾਰਤ ਅਤੇ ਕੈਨੇਡਾ ਦਰਮਿਆਨ ਸਬੰਧਾਂ ਦੀ ਕੀਤੀ ਜਾਵੇ ਤਾਂ ਭਾਰਤ ਦੀ ਅਸਫ਼ਲ ਵਿਦੇਸ਼ ਨੀਤੀ ਦੇ ਚਲਦਿਆਂ ਭਾਰਤ ਦੇ ਸੰਬੰਧ ਕੈਨੇਡਾ ਨਾਲ ਐਸੇ ਵਿਗੜੇ ਕਿ ਭਾਰਤ ਤੋਂ ਕੈਨੇਡਾ ਜਾਣ ਵਾਲੇ ਭਾਰਤੀਆਂ ਤੇ ਖ਼ਾਸ ਕਰਕੇ ਪੰਜਾਬੀਆਂ ਦੀ ਸੰਖਿਆ ਹੁਣ ਅੱਧੇ ਤੋਂ ਵੀ ਘੱਟ ਰਹਿ ਗਈ ਹੈ। ਭਾਰਤ ਨੇ ਖ਼ਾਹ-ਮ-ਖ਼ਾਹ ਕੈਨੇਡਾ ਨਾਲ ਸੰਬੰਧ ਵਿਗਾੜ ਕੇ ਆਪਣਾ ਤੇ ਦੇਸ਼ ਵਾਸੀਆਂ ਦਾ ਨੁਕਸਾਨ ਹੀ ਕੀਤਾ ਹੈ। ਭਾਰਤ ਵੱਲੋਂ ਹੁਣ 'ਟੁੱਟੀ ਗੰਢਣ' ਦੀਆਂ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਉਹ ਦਿਨ ਕਦੇ ਵੀ ਵਾਪਿਸ ਨਹੀਂ ਲਿਆ ਸਕਣਗੀਆਂ, ਜਦੋਂ ਕੈਨੇਡਾ ਬਾਹਾਂ ਪਸਾਰੀ ਪੰਜਾਬੀਆਂ ਦੀ ਆਮਦ ਦਾ ਇੰਤਜ਼ਾਰ ਕਰ ਰਿਹਾ ਹੁੰਦਾ ਸੀ। ਕਿੰਨੀ ਹਾਸੋਹੀਣੀ ਗੱਲ ਹੈ ਕਿ ਭਾਰਤ ਆਪੇ ਬਣੇ 'ਵਿਸ਼ਵ ਗੁਰੂ' ਹੋਣ ਦਾ ਟੋਕਰਾ ਆਪਣੇ ਸਿਰ ਚੁੱਕੀ ਖੜਾ ਹੈ, ਪਰ ਕੋਈ ਵੀ ਮੁਲਕ ਉਸ ਨੂੰ ਵਿਸ਼ਵ ਗੁਰੂ ਤਸਲੀਮ ਕਰਨ ਨੂੰ ਤਿਆਰ ਨਹੀਂ।

ਭਾਰਤ ਦੀਆਂ ਸਰਹੱਦਾਂ ਅੰਦਰ ਮੌਜੂਦ ਲੱਦਾਖ਼ੀਆਂ ਨੇ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਲਈ ਭਾਰੀ ਯੋਗਦਾਨ ਪਾਇਆ ਹੈ ਤੇ ਨਿਰੰਤਰ ਪਾ ਰਹੇ ਹਨ। ਲੱਦਾਖ਼ ਨਾਲ ਸੰਬੰਧਤ ਸਮਾਜਿਕ ਕਾਰਕੁਨ ਸੋਨਮ ਵਾਂਗਚੁਕ ਨੇ ਆਪਣੇ ਲੋਕ ਭਲਾਈ ਦੇ ਕਾਰਜਾਂ ਨਾਲ ਲੱਦਾਖ਼ ਦਾ ਅਤੇ ਭਾਰਤ ਦਾ ਨਾਂਅ ਵਿਸ਼ਵ ਪੱਧਰ 'ਤੇ ਰੌਸ਼ਨ ਕੀਤਾ ਹੈ ਤੇ ਇਸ ਦੇ ਬਿਲਕੁਲ ਉਲਟ ਭਾਰਤ ਸਰਕਾਰ ਨੇ ਸੋਨਮ ਵਾਂਗਚੁਕ ਨੂੰ ਝੂਠੇ ਦੋਸ਼ਾਂ ਹੇਠ ਜੇਲ੍ਹ 'ਚ ਡੱਕ ਕੇ ਸਰਹੱਦ 'ਤੇ ਬੈਠੇ ਲੱਦਾਖ਼ੀਆਂ ਦੇ ਮਨ ਵਿਚ 'ਬੇਗਾਨਗੀ' ਦਾ ਅਹਿਸਾਸ ਭਰ ਦਿੱਤਾ ਹੈ। ਦੁਨੀਆ ਭਰ ਵਿਚ ਅਤੇ ਦੇਸ਼ ਭਰ ਵਿਚ ਸੋਨਮ ਵਾਂਗਚੁਕ ਦੀ ਗ੍ਰਿਫ਼ਤਾਰੀ ਦਾ ਵਿਰੋਧ ਹੋ ਰਿਹਾ ਹੈ, ਪਰ ਭਾਰਤ ਸਰਕਾਰ ਆਪਣੀ 'ਗ਼ਲਤੀ' ਨਹੀਂ ਸੁਧਾਰ ਰਹੀ ਹੈ, ਜਦੋਂ ਕਿ ਭਾਰਤੀ ਫ਼ੌਜ ਦੇ ਸਾਬਕਾ ਅਧਿਕਾਰੀ ਮੇਜਰ ਜਨਰਲ ਜੀ ਡੀ ਬਖ਼ਸ਼ੀ ਅਤੇ ਕਈ ਹੋਰ ਸੈਨਿਕ ਅਧਿਕਾਰੀ ਸੋਨਮ ਵਾਂਗਚੁਕ ਨੂੰ ਰਿਹਾਅ ਕਰਨ ਦੀ ਮੰਗ ਕਰ ਚੁੱਕੇ ਹਨ ਤੇ ਸਰਕਾਰ ਦੇ ਕਦਮ ਦੀ ਕਰੜੀ ਆਲੋਚਨਾ ਕਰ ਰਹੇ ਹਨ। ਉਨ੍ਹਾਂ ਨੂੰ ਖ਼ਦਸ਼ਾ ਹੈ ਕਿ ਲੱਦਾਖ਼ ਅਤੇ ਲੇਹ ਦੇ ਵਾਸੀਆਂ ਅੰਦਰ ਪੈਦਾ ਹੋ ਰਹੀ ਨਾਰਾਜ਼ਗੀ ਦਾ ਲਾਭ ਜੇਕਰ ਗੁਆਂਢੀ ਮੁਲਕ ਚੁੱਕ ਲੈਂਦੇ ਹਨ ਤਾਂ ਇਹ ਭਾਰਤ ਲਈ ਘਾਟੇ ਦਾ ਸੌਦਾ ਸਾਬਿਤ ਹੋਵੇਗਾ।

ਗੁਆਂਢੀ ਮੁਲਕ ਅਤੇ ਭਾਰਤ ਦੇ ਸਭ ਤੋਂ ਵੱਡੇ ਦੁਸ਼ਮਣ ਵਜੋਂ ਜਾਣੇ ਜਾਂਦੇ ਪਾਕਿਸਤਾਨ ਨੂੰ ਲੈ ਕੇ ਵੀ ਭਾਰਤ ਦੀ ਵਿਦੇਸ਼ ਨੀਤੀ ਬਿਲਕੁਲ ਵੀ ਸਪੱਸ਼ਟ ਨਹੀਂ। ਭਾਰਤ ਇਕ ਪਾਸੇ ਤਾਂ ਪਹਿਲਗਾਮ ਦੇ ਪੀੜਤਾਂ ਦਾ ਬਦਲਾ ਲੈਣ ਲਈ 'ਅਪ੍ਰੇਸ਼ਨ ਸਿੰਧੂਰ' ਨੂੰ ਅੰਜ਼ਾਮ ਦਿੰਦਾ ਹੈ, ਦੂਜੇ ਪਾਸੇ ਪਾਕਿਸਤਾਨੀ ਕ੍ਰਿਕਟ ਟੀਮ ਨਾਲ ਮੈਚ ਵੀ ਖੇਡਦਾ ਹੈ, ਜਦੋਂ ਕਿ ਸੰਨ 1971 ਦੀ ਜੰਗ,ਕਾਰਗਿਲ ਜੰਗ ਅਤੇ ਮੁੰਬਈ ਹਮਲੇ ਸਮੇਂ ਭਾਰਤ ਨੇ ਸਪੱਸ਼ਟ ਤੌਰ 'ਤੇ ਪਾਕਿਸਤਾਨ ਨਾਲ ਕ੍ਰਿਕਟ ਖੇਡਣ ਤੋਂ ਇਨਕਾਰ ਕੀਤਾ ਸੀ, ਜਦੋਂ ਕਿ ਇਸ ਵਾਰ ਭਾਰਤੀ ਟੀਮ ਨੇ ਮੈਚ ਖੇਡ ਕੇ ਪਾਕਿਸਤਾਨੀ ਕ੍ਰਿਕਟ ਕੰਟ੍ਰੋਲ ਬੋਰਡ ਨੂੰ ਸੈਂਕੜੇ ਕਰੋੜ ਰੁਪਏ ਦੀ ਕਮਾਈ ਵੀ ਕਰਵਾਈ ਹੈ।

ਮੁੱਕਦੀ ਗੱਲ ਇਹ ਹੈ ਕਿ ਭਾਰਤ ਆਪਣੀ ਫ਼ੇਲ੍ਹ ਵਿਦੇਸ਼ ਨੀਤੀ ਦੇ ਚਲਦਿਆਂ ਨਾ ਤਾਂ ਆਪਣੇ ਗੁਆਂਢੀ ਦੋਸਤਾਂ ਅਤੇ ਦੁਸ਼ਮਣਾਂ ਨਾਲ ਸਪੱਸ਼ਟ ਦੁਸ਼ਮਣੀ ਜਾਂ ਦੋਸਤੀ ਸਾਬਿਤ ਕਰ ਪਾ ਰਿਹਾ ਹੈ ਤੇ ਨਾ ਹੀ ਅਮਰੀਕਾ ਨਾਲ ਇਸ ਦੇ ਸਬੰਧਾਂ ਵਿਚ ਕੋਈ ਸੰਤੁਲਨ ਜਾਂ ਸਥਿਰਤਾ ਨਜ਼ਰ ਆ ਰਹੀ ਹੈ। ਅਮਰੀਕੀ ਸਬੰਧਾਂ ਨੂੰ ਲੈ ਕੇ ਭਾਰਤ ਸਰਕਾਰ ਦੇ ਹਰ ਰੋਜ਼ ਬਦਲ ਰਹੇ ਬਿਆਨ ਆਉਣ ਵਾਲੇ ਸਮੇਂ ਵਿਚ ਭਾਰਤ ਦੀ ਵਿਸ਼ਵ ਪੱਧਰ 'ਤੇ ਬਣਦੀ ਸਾਖ਼ ਲਈ ਕੋਈ ਸ਼ੁਭ ਸੰਕੇਤ ਨਹੀਂ ਹਨ। ਸਮਾਂ ਆ ਗਿਆ ਹੈ ਕਿ ਭਾਰਤ ਠੰਢੇ ਦਿਮਾਗ ਨਾਲ ਵਿਦੇਸ਼ ਨੀਤੀ ਘੜੇ ਅਤੇ ਵਿਦੇਸ਼ ਨੀਤੀ ਮਾਹਰਾਂ ਦਾ ਸਮੂਹ ਬਣਾ ਕੇ ਉਨ੍ਹਾਂ ਤੋਂ ਸਹੀ ਰਾਇ ਲੈ ਕੇ ਆਪਣੀ ਵਿਦੇਸ਼ ਨੀਤੀ ਨੂੰ ਨਵੇਂ ਸਿਰਿਉਂ ਘੜੇ ਅਤੇ ਦੇਸ਼ ਨੂੰ ਸੁਰੱਖਿਆ, ਸਥਿਰਤਾ ਅਤੇ ਤਰੱਕੀ ਦੇ ਰਾਹ 'ਤੇ ਅੱਗੇ ਤੋਰੇ।

# ਸੰਪਰਕ : 97816-46008

# ਕਿਸਾਨ ਜਥੇਬੰਦੀਆਂ ਵੱਲੋਂ ਮੰਗਾਂ ਨੂੰ ਲੈ ਕੇ ਡੀ ਐੱਸ ਪੀ ਦਫ਼ਤਰ ਅੱਗੇ ਧਰਨਾ



**ਪਾਤੜਾਂ/ਪਟਿਆਲਾ (ਸਿੰਗਲਾ/ਥਿੰਦ)**

ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਅੰਕੜੇ ਵਧਾਉਣ ਲਈ ਐੱਨਡੀਪੀਐੱਸ ਐਕਟ ਦੇ ਝੂਠੇ ਮੁਕੱਦਮੇ ਦਰਜ ਕੀਤੇ ਜਾਣ ਦੇ ਵਿਰੋਧ ਵਜੋਂ ਸੰਯੁਕਤ ਕਿਸਾਨ ਮੋਰਚਾ ਬਲਾਕ ਪਾਤੜਾਂ ਨਾਲ ਸਬੰਧਤ ਕਿਸਾਨ ਜਥੇਬੰਦੀਆਂ ਵੱਲੋਂ ਦਿੱਲੀ-ਸੰਗਰੂਰ ਕੌਮੀ ਮੁੱਖ ਮਾਰਗ ਦੇ ਸਰਵਿਸ ਰੋਡ 'ਤੇ ਡੀਐੱਸਪੀ ਦਫ਼ਤਰ ਪਾਤੜਾਂ ਦੇ ਬਾਹਰ ਚੇਤਾਵਨੀ ਧਰਨਾ ਲਗਾਇਆ ਗਿਆ।ਰੋਸ ਪ੍ਰਦਰਸ਼ਨ ਦੀ ਅਗਵਾਈ ਕਰ ਰਹੇ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਸੂਬਾ ਸੀਨੀਅਰ ਮੀਤ ਪ੍ਰਧਾਨ ਹਰਭਜਨ ਸਿੰਘ ਬੁੱਟਰ, ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਬਲਾਕ ਪ੍ਰਧਾਨ ਅਮਰੀਕ ਸਿੰਘ ਘੱਗਾ, ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਕਾਮਰੇਡ ਰਾਮਚੰਦ ਚੁਨਾਗਰਾ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰੈੱਸ ਸਕੱਤਰ ਗੁਰਵਿੰਦਰ ਸਿੰਘ ਦੇਧਨਾ ਤੇ ਮਹਿਲਾ ਕਿਸਾਨ ਆਗੂ ਚਰਨਜੀਤ ਕੌਰ ਧੂੜੀਆਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨਸ਼ਿਆਂ ਨੂੰ ਖਤਮ ਕਰਨ ਦੀ ਮੁਹਿੰਮ ਦੀ ਆੜ 'ਚ ਝੂਠ ਦਾ ਵਪਾਰ ਕਰ ਰਹੀ ਹੈ।ਉਨ੍ਹਾਂ ਇਲਜ਼ਾਮ ਲਾਇਆ ਕਿ ਇਹ ਕਦਮ ਸਿਰਫ ਐੱਨਡੀਪੀਐੱਸ ਐਕਟ ਦੇ ਹਜ਼ਾਰਾਂ ਮੁਕੱਦਮੇ ਦਰਜ ਕਰਕੇ ਲੋਕਾਂ ਨੂੰ ਗੁੰਮਰਾਹ ਕਰਨ ਲਈ ਚੁੱਕਿਆ ਜਾ ਰਿਹਾ ਹੈ ਤਾਂ ਜੋ ਲੋਕਾਂ ਨੂੰ ਇਹ ਦਿਖਾਇਆ ਜਾ ਸਕੇ ਕਿ ਸਰਕਾਰ ਨੇ ਨਸ਼ਿਆਂ ਵਿਰੁੱਧ ਬਹੁਤ ਕੰਮ ਕੀਤਾ ਹੈ।ਆਗੂਆਂ ਨੇ ਇਸ ਨੂੰ ਅੰਕੜੇ ਵਧਾ ਕੇ ਲੋਕਾਂ ਨੂੰ ਗੁੰਮਰਾਹ ਕਰਨ ਦੀ ਖੇਡ ਦੱਸਿਆ।ਆਗੂਆਂ ਨੇ ਦੱਸਿਆ ਕਿ ਬਲਾਕ ਦੇ ਵੱਖ-ਵੱਖ ਪਿੰਡਾਂ ਜਿਵੇਂ ਕਿ ਦੁਤਾਲ, ਹਾਮਝੇੜੀ, ਨਿਆਲ, ਕਕਰਾਲਾ ਤੇ ਹੋਰਨਾਂ ਵਿੱਚ ਅਜਿਹੇ ਮਾਮਲੇ ਸਾਹਮਣੇ ਆਏ ਹਨ, ਜਿੱਥੇ ਉਹ ਵਿਅਕਤੀ ਜੋ ਨਾ ਨਸ਼ਾ ਵੇਚਦੇ ਹਨ ਅਤੇ ਨਾ ਹੀ ਨਸ਼ੇ ਦੇ ਆਦੀ ਹਨ, ਜਿਨ੍ਹਾਂ ਦੇ ਡੋਪ ਟੈਸਟ ਵੀ ਨੈਗੇਟਿਵ ਆਏ ਹਨ, ਉਨ੍ਹਾਂ ਨੂੰ ਵੀ ਨਸ਼ਾ ਵਿਰੋਧੀ ਐਕਟ ਦੇ ਮੁਕੱਦਮਿਆਂ ਵਿੱਚ ਫਸਾਉਣ ਲਈ ਘਰਾਂ ਉੱਤੇ ਰੇਡਾਂ ਕੀਤੀਆਂ ਜਾ ਰਹੀਆਂ ਹਨ।ਉਨ੍ਹਾਂ ਪੁਲਸ ਦੀ ਇਸ ਕਾਰਵਾਈ ਨੂੰ ਪੰਜਾਬ ਸਰਕਾਰ ਦੇ ਇਸ਼ਾਰੇ 'ਤੇ ਪੁਲਸ ਦੀ ਗੁੰਡਾਗਰਦੀ ਤੇ ਕਾਨੂੰਨ ਵਿਵਸਥਾ ਦੀ ਕਮਜ਼ੋਰੀ ਦੱਸਿਆ, ਜਿਸ ਨਾਲ ਲੋਕਾਂ ਵਿੱਚ ਪੁਲਸ ਤੇ ਸਰਕਾਰ ਦਾ ਅਕਸ ਹੋਰ ਵਿਗੜੇਗਾ।ਇਸ ਦੌਰਾਨ ਕਿਸਾਨ ਜਥੇਬੰਦੀਆਂ ਨੇ ਚੇਤਾਵਨੀ ਧਰਨੇ ਦੀ ਸਮਾਪਤੀ ਸਮੇਂ ਮਤਾ ਪਾਸ ਕੀਤਾ ਕਿ ਕੱਲ੍ਹ ਡੀਸੀ ਪਟਿਆਲਾ ਦਫ਼ਤਰ ਵਿਖੇ ਧਰਨੇ ਤੋਂ ਬਾਅਦ ਐੱਸ ਐੱਸ ਪੀ ਨੂੰ ਮਿਲੇਗਾ ਤਾਂ ਜੋ ਭਵਿੱਖ ਵਿੱਚ ਕਿਸੇ ਵੀ ਨਿਰਦੋਸ਼ ਉੱਪਰ ਅਜਿਹੀ ਕੋਈ ਕਾਰਵਾਈ ਨਾ ਹੋਵੇ।ਇਸ ਧਰਨੇ ਵਿੱਚ ਰਘਵੀਰ ਸਿੰਘ ਨਿਆਲ, ਹਰਭਜਨ ਸਿੰਘ ਧੂਹੜ, ਅਵਤਾਰ ਸਿੰਘ ਬੁਰੜ, ਸੁਖਦੇਵ ਸਿੰਘ ਹਰਿਆਊ, ਸਾਹਿਬ ਸਿੰਘ ਦੁਤਾਲ, ਡਾਕਟਰ ਮਹਿੰਦਰ ਸਿੰਘ ਖਾਂਗ, ਬੱਲਮ ਸਿੰਘ ਨਿਆਲ, ਗੁਰਜੰਟ ਸਿੰਘ ਦੇਧਨਾ, ਤੇਜਾ ਸਿੰਘ ਤੇ ਅਮਰਜੀਤ ਸਿੰਘ ਦੁਗਾਲ ਆਦਿ ਹਾਜ਼ਰ ਸਨ।

# ਨਗਰ ਨਿਗਮ ਨਜਾਇਜ਼ ਤਰੀਕੇ ਨਾਲ ਰੇਹੜੀਆਂ ਚੁਕਵਾਉਣਾ ਬੰਦ ਕਰੇ : ਸੀ ਪੀ ਆਈ

**ਲੁਧਿਆਣਾ (ਰੈਕਟਰ ਕਥੂਰੀਆ)**

ਨਗਰ ਨਿਗਮ ਦੇ ਅਧਿਕਾਰੀ ਆਏ ਦਿਨ ਰੇਹੜੀ-ਫੜ੍ਹੀ ਵਾਲਿਆਂ ਦੀਆਂ ਰੇਹੜੀਆਂ ਗੈਰ-ਕਾਨੂੰਨੀ ਤਰੀਕੇ ਨਾਲ, ਬਿਨਾਂ ਕਿਸੇ ਨੋਟਿਸ ਦਿੱਤੇ ਚੁੱਕ ਲੈਂਦੇ ਹਨ ਅਤੇ ਉਨ੍ਹਾਂ ਦਾ ਸਾਜ਼ੋ ਸਾਮਾਨ ਖਿਲਾਰ ਦਿੰਦੇ ਹਨ ਜਾਂ ਤਬਾਹ ਕਰ ਦਿੰਦੇ ਹਨ।ਇਸ ਤਰ੍ਹਾਂ ਕਰਨ ਨਾਲ ਰੇਹੜੀ-ਫੜ੍ਹੀ ਵਾਲੇ ਬੇਕਾਰ ਹੋ ਜਾਂਦੇ ਹਨ ਤੇ ਉਨ੍ਹਾਂ ਦੀ ਰੋਟੀ-ਰੋਜ਼ੀ ਦਾ ਜ਼ਰੀਆ ਬੰਦ ਹੋ ਜਾਂਦਾ ਹੈ।ਅਜਿਹੀਆਂ ਘਟਨਾਵਾਂ ਨਿੱਤ ਦਿਨ ਅਖਬਾਰਾਂ ਦੀਆਂ ਸੁਰਖੀਆਂ ਬਣਦੀਆਂ ਆ ਰਹੀਆਂ ਹਨ।ਇਸ ਬੇਇਨਸਾਫੀ ਖਿਲਾਫ ਸੀ ਪੀ ਆਈ ਹਮੇਸ਼ਾ ਰੋਸ ਦਾ ਪ੍ਰਗਟਾਵਾ ਕਰਦੀ ਆਈ ਹੈ। ਕਮਿਸ਼ਨਰ ਨਗਰ ਨਿਗਮ ਲੁਧਿਆਣਾ ਨੂੰ ਲਿਖੇ ਪੱਤਰ, ਜਿਸ ਦਾ ਇੱਕ ਉਤਾਰਾ ਮੁੱਖ ਮੰਤਰੀ ਪੰਜਾਬ ਨੂੰ ਜਲਦੀ ਕਾਰਵਾਈ ਕਰਨ ਲਈ ਭੇਜਿਆ ਗਿਆ ਹੈ, ਵਿੱਚ ਭਾਰਤੀ ਕਮਿਊਨਿਸਟ ਪਾਰਟੀ (ਸੀਪੀਆਈ) ਦੇ ਸ਼ਹਿਰੀ ਸਕੱਤਰ ਕਾਮਰੇਡ ਮਨਿੰਦਰ ਸਿੰਘ ਭਾਟੀਆ ਨੇ ਕਿਹਾ ਹੈ ਕਿ ਨਿਸ਼ਮ ਬਨਾਮ ਚਾਵੱਕੜ ਨਗਰ ਪਾਲਿਕਾ ਤੇ ਹੋਰ, ਕੇਸ ਨੰ:2025: ਕੇਈਆਰ:74984 ਵਿੱਚ ਕੇਰਲ ਹਾਈ ਕੋਰਟ ਦੇ ਮਾਨਯੋਗ ਜੱਜ ਜਸਟਿਸ ਮੁਹੰਮਦ ਨਿਆਸ ਨੇ ਫੈਸਲਾ ਸੁਣਾਇਆ ਹੈ ਕਿ ਸਟ੍ਰੀਟ ਵੈਂਡਰਜ਼ (ਰੋਜ਼ੀ-ਰੋਟੀ ਦੀ ਸੁਰੱਖਿਆ ਤੇ ਸਟ੍ਰੀਟ ਵੈਂਡਿੰਗ ਦਾ ਨਿਯਮਨ) ਐਕਟ 2014 ਅਧੀਨ ਦਿੱਤੀਆਂ ਗਈਆਂ ਸ਼ਕਤੀਆਂ ਕੇਰਲ ਨਗਰ ਪਾਲਿਕਾ ਐਕਟ 1994 ਦੇ ਤਹਿਤ ਦਿੱਤੀਆਂ ਗਈਆਂ ਸ਼ਕਤੀਆਂ ਨਾਲੋਂ ਤਰਜੀਹ ਦਿੰਦੀਆਂ ਹਨ, ਭਾਵੇਂ ਕੋਈ ਸਟ੍ਰੀਟ ਵੈਂਡਰ ਬਿਨਾਂ ਕਿਸੇ ਵਪਾਰਕ ਲਾਇਸੈਂਸ ਦੇ ਕੰਮ ਹੀ ਕਿਉਂ ਨਾ ਕਰਦਾ ਹੋਵੇ।ਜਸਟਿਸ ਮੁਹੰਮਦ ਨਿਆਸ ਦੇ ਬੈਂਚ ਨੇ ਸਪੱਸ਼ਟ ਕੀਤਾ ਕਿ ਸਟ੍ਰੀਟ ਵੈਂਡਰ ਵਿਰੁੱਧ ਨਗਰ ਪਾਲਿਕਾ ਵੱਲੋਂ ਕੋਈ ਵੀ ਕਾਰਵਾਈ ਕਰਦੇ ਸਮੇਂ ਕੇਰਲ ਸਟ੍ਰੀਟ ਵੈਂਡਰਜ਼ ਸਕੀਮ

**ਵੈਂਡਿੰਗ ਜ਼ੋਨ ਚਾਲੂ ਕਰਕੇ ਹੀ ਸ਼ਹਿਰ ਵਾਸੀਆਂ ਨੂੰ ਰਾਹਤ ਦਿੱਤੀ ਜਾ ਸਕਦੀ : ਭਾਟੀਆ**



2019 ਵਿੱਚ ਨਿਰਧਾਰਤ ਪ੍ਰਕਿਰਿਆਤਮਕ ਸੁਰੱਖਿਆ ਉਪਾਵਾਂ ਦੀ ਸਖ਼ਤੀ ਨਾਲ ਪਾਲਣਾ ਕਰਨੀ ਚਾਹੀਦੀ ਹੈ, ਜੋ ਕਿ 2014 ਐਕਟ ਦੀ ਧਾਰਾ 38 ਦੇ ਤਹਿਤ ਬਣਾਈ ਗਈ ਸੀ।ਅਸੀਂ ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਲਗਾਤਾਰ ਨਗਰ ਨਿਗਮ ਲੁਧਿਆਣਾ ਦੀਆਂ ਇਨ੍ਹਾਂ ਕਾਰਵਾਈਆਂ ਦਾ ਵਿਰੋਧ ਕਰਦੇ ਆ ਰਹੇ ਹਾਂ।ਉਨ੍ਹਾਂ ਮੰਗ ਕੀਤੀ ਹੈ ਕਿ ਨਗਰ ਨਿਗਮ 2014 ਦੇ ਸਟਰੀਟ ਵੈਂਡਿੰਗ ਐਕਟ ਨੂੰ ਲਾਗੂ ਕਰੇ ਤੇ ਲੁਧਿਆਣੇ ਵਿੱਚ ਕਰਵਾਏ ਗਏ ਸਰਵੇ ਅਨੁਸਾਰ 64 ਵੈਂਡਿੰਗ ਜ਼ੋਨਾਂ ਨੂੰ ਬਿਨਾਂ ਕਿਸੇ ਦੇਰੀ ਦੇ ਚਾਲੂ ਕਰੇ।ਜ਼ਿਕਰਯੋਗ ਹੈ ਕਿ ਵੈਂਡਿੰਗ ਜ਼ੋਨ ਲਾਗੂ ਕਰਨ ਨਾਲ ਜਿੱਥੇ ਸ਼ਹਿਰ ਦੀ ਟ੍ਰੈਫਿਕ ਦੀ ਸਮੱਸਿਆ ਹੱਲ ਹੋਵੇਗੀ, ਉਥੇ ਹੀ ਲੋਕਾਂ ਨੂੰ ਸਾਫ ਸੁਥਰੀ ਥਾਂ 'ਤੇ ਸਾਮਾਨ ਖ੍ਰੀਦਣ ਦਾ ਮੌਕਾ ਮਿਲੇਗਾ ਅਤੇ ਰੇਹੜੀ-ਫੜ੍ਹੀ ਵਾਲੇ ਵੀ ਨਿੱਤ ਦਿਹਾੜੇ ਦੇ ਉਜਾੜੇ ਤੋਂ ਬਚ ਜਾਣਗੇ।

ਵੈਂਡਿੰਗ ਜ਼ੋਨ ਵਿੱਚ ਦਿੱਤੀ ਜਾਣ ਵਾਲੀ ਫੀਸ ਨਾਲ ਸਰਕਾਰੀ ਖਜ਼ਾਨੇ ਵਿੱਚ ਪੈਸਾ ਵੀ ਆਵੇਗਾ।ਬਿਆਨ ਵਿੱਚ ਇਹ ਵੀ ਕਿਹਾ ਹੈ ਕਿ ਜੇਕਰ ਨਗਰ ਨਿਗਮ ਦੇ ਅਧਿਕਾਰੀ ਇਸ ਵੈਂਡਿੰਗ ਜ਼ੋਨ ਨੂੰ ਚਾਲੂ ਕਰਨ ਲਈ ਹੋਰ ਦੇਰ ਕਰਨਗੇ ਤਾਂ ਭਾਰਤੀ ਕਮਿਊਨਿਸਟ ਪਾਰਟੀ ਲੁਧਿਆਣਾ ਰੇਹੜੀ-ਫੜ੍ਹੀ ਵਾਲਿਆਂ ਤੇ ਉਨ੍ਹਾਂ ਦੇ ਪਰਵਾਰਾਂ ਨੂੰ ਲੈ ਕੇ ਇੱਕ ਅੰਦੋਲਨ ਸ਼ੁਰੂ ਕਰੇਗੀ, ਜਿਸ ਦੀ ਜ਼ਿੰਮੇਵਾਰੀ ਨਗਰ ਨਿਗਮ ਦੀ ਹੋਵੇਗੀ।

# ਕਿਸਾਨਾਂ ਨੇ ਸ਼ੈਲਰ ਮਾਲਕ ਖਿਲਾਫ ਲਾਇਆ ਧਰਨਾ



**ਸਰਦੂਲਗੜ੍ਹ (ਅਵਤਾਰ ਜਟਾਣਾ)**

ਪੰਜਾਬ ਅੰਦਰ ਇਸ ਸਮੇਂ ਝੋਨੇ ਦੀ ਖਰੀਦ ਸਿਖਰਾਂ ਉੱਪਰ ਚੱਲ ਰਹੀ ਹੈ, ਪ੍ਰੰਤੂ ਸ਼ੈਲਰ ਮਾਲਕਾਂ ਵੱਲੋਂ ਕਾਟ ਉੱਪਰ ਝੋਨੇ ਦੀ ਫਸਲ ਖਰੀਦ ਕਰਕੇ ਕਿਸਾਨਾਂ ਦੀ ਲੁੱਟ ਕਰਨ ਦੀਆਂ ਖਬਰਾਂ ਲਗਾਤਾਰ ਆ ਰਹੀਆਂ ਹਨ।ਸ਼ੈਲਰ ਮਾਲਕਾਂ ਦੀ ਇਸ ਵਧੀਕੀ ਕਰਕੇ ਕਿਸਾਨਾਂ ਨੂੰ ਆਰਥਿਕ ਮਾਰ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਜਦਕਿ ਇਸ ਵਾਰ ਮੌਸਮ ਵਿੱਚ ਤਬਦੀਲੀ ਰਹਿਣ ਕਰਕੇ ਪਹਿਲਾਂ ਹੀ ਝੋਨੇ ਦੀ ਫਸਲ ਦਾ ਝਾੜ ਘਟਣ ਕਰਕੇ ਕਿਸਾਨ ਮਾਰ ਹੇਠਾਂ ਹਨ।ਇਸੇ ਦੌਰਾਨ ਅਨਾਜ ਮੰਡੀ ਜੌੜਕੀਆਂ ਵਿਖੇ ਕਿਸਾਨਾਂ ਤੇ ਸ਼ੈਲਰ ਮਾਲਕ ਵਿਚਕਾਰ ਤਕਰਾਰ ਦੇ ਚਲਦਿਆਂ ਕਿਸਾਨਾਂ ਨੇ ਮੰਡੀ ਵਿੱਚ ਧਰਨਾ ਲਗਾ ਦਿੱਤਾ।ਕਿਸਾਨਾਂ ਨੇ ਦੋਸ਼ ਲਗਾਏ ਕਿ ਸੈਲਰ ਮਾਲਕ ਵੱਲੋਂ ਉਨ੍ਹਾਂ ਦਾ ਸੁੱਕਾ ਝੋਨਾ ਨਾ ਖਰੀਦ ਕੇ ਕਾਟ ਲੈ ਕੇ ਬਾਹਰੋਂ ਝੋਨਾ ਖਰੀਦਿਆ ਜਾ ਰਿਹਾ ਹੈ, ਜਿਸ ਕਰਕੇ ਇਸ ਮੰਡੀ ਨੂੰ ਲੱਗਦੇ ਪਿੰਡਾਂ ਦੇ ਕਿਸਾਨ ਪ੍ਰੇਸ਼ਾਨ ਹਨ। ਇਸ ਪ੍ਰੇਸ਼ਾਨੀ ਦੇ ਚਲਦਿਆਂ ਕਿਸਾਨਾਂ ਨੇ ਮੰਡੀ ਅੰਦਰ ਧਰਨਾ ਲਗਾਇਆ।ਯੋਗੇਸ਼ ਕੁਮਾਰ ਮੈਨੇਜਰ ਸਰਦੂਲਗੜ੍ਹ ਨੇ ਵੀ ਮੌਕੇ 'ਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ ਤੇ ਉਨ੍ਹਾਂ ਦੱਸਿਆ ਕਿ ਜਾਂਚ ਪੜਤਾਲ ਕਰਨ ਤੋਂ ਬਾਅਦ ਮਾਰਕੀਟ ਕਮੇਟੀ ਜੋ ਬਣਦੀ ਕਾਰਵਾਈ ਕਰੇਗੀ, ਉਸ ਆਧਾਰ 'ਤੇ ਐਕਸ਼ਨ ਲਿਆ ਜਾਵੇਗਾ।

ਇਸ ਮੌਕੇ ਮਾਰਕੀਟ ਕਮੇਟੀ ਦੇ ਅਕਾਊਂਟੈਂਟ ਮਨਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਜਾਂਚ ਪੜਤਾਲ ਤੋਂ ਬਾਅਦ ਰਿਪੋਰਟ ਤਿਆਰ ਕਰ ਲਈ ਗਈ ਹੈ। ਉਨ੍ਹਾਂ ਦੱਸਿਆ ਕਿ ਇਸ ਫਾਰਮ ਵੱਲੋਂ 884 ਗੱਟੇ ਝੋਨੇ ਦੇ ਬਿਨਾਂ ਬੋਲੀ ਤੋਂ ਭਰੇ ਹੋਏ ਸਨ ਇਸ ਉੱਪਰ ਬਣਦੀ ਕਾਰਵਾਈ ਕੀਤੀ ਜਾਵੇਗੀ।

ਸਥਿਤੀ ਨੂੰ ਤਨਾਅਪੂਰਨ ਹੁੰਦਿਆਂ ਵੇਖ ਥਾਣਾ ਮੁਖੀ ਜੌੜਕੀਆਂ ਦੀਪ ਸਿੰਘ ਆਪਣੀ ਪਾਰਟੀ ਸਮੇਤ ਉੱਥੇ ਪਹੁੰਚੇ ਤੇ ਉਨ੍ਹਾਂ ਨੇ ਕਿਸਾਨਾਂ ਨੂੰ ਸ਼ਾਂਤਮਈ ਤਰੀਕੇ ਨਾਲ ਅਧਿਕਾਰੀਆਂ ਨਾਲ ਗੱਲਬਾਤ ਕਰਕੇ ਮਸਲਾ ਹੱਲ ਕਰਨ ਲਈ ਕਿਹਾ।ਇਸ ਮੌਕੇ ਕਿਸਾਨ ਯੂਨੀਅਨ ਦੇ ਪੰਜਾਬ ਪ੍ਰਧਾਨ ਮਲੂਕ ਸਿੰਘ ਹੀਰਕੇ, ਮਲਕੀਤ ਸਿੰਘ ਸਿੱਧੂ, ਜਗਦੇਵ ਸਿੰਘ ਸਿੱਧੂ, ਬਲਦੇਵ ਸਿੰਘ ਤੇ ਹੋਰ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ।

## ਕਾਤਰਾਂ

### ਅੱਜ ਬਿਜਲੀ ਬੰਦ ਰਹੇਗੀ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-66 ਕੇ. ਵੀ. ਸਬ-ਸਟੇਸ਼ਨ ਤੋਂ ਚਲਦਾ 11 ਕੇ.ਵੀ. ਫੀਡਰ ਫ਼ਤਹਿਗੜ੍ਹ ਸਾਹਿਬ ਜ਼ਰੂਰੀ ਮੁਰੰਮਤ ਕਾਰਨ 25 ਅਕਤੂਬਰ 2025 ਨੂੰ ਸਵੇਰੇ 10.00 ਵਜੇ ਤੋਂ ਸ਼ਾਮ 4.00 ਵਜੇ ਤੱਕ ਬਿਜਲੀ ਸਪਲਾਈ ਬੰਦ ਰਹੇਗੀ।ਇਸ ਸਮੇਂ ਦੌਰਾਨ ਸਰਹਿੰਦ ਸ਼ਹਿਰ, ਜੱਟਪੁਰਾ ਮੁਹੱਲਾ, ਡਿਫੈਂਸ ਬੰਧ, ਗੁਰਦੇਵ ਨਗਰ, ਅਫਸਰ ਕਲੋਨੀ, ਇੰਜਨੀਅਰਿੰਗ ਕਾਲਜ, ਮਦਰਾਸੀ ਕਲੋਨੀ, ਕੋਰਟ ਕੰਪਲੈਕਸ, ਪਾਲਮ ਸਿਟੀ ਆਦਿ ਏਰੀਏ ਦੀ ਸਪਲਾਈ ਪ੍ਰਭਾਵਿਤ ਰਹੇਗੀ।ਉਪਰੋਕਤ ਜਾਣਕਾਰੀ ਪ੍ਰੈੱਸ ਨੋਟ ਰਾਹੀਂ ਸਹਾਇਕ ਇੰਜੀਨੀਅਰ, ਪੀ ਐੱਸ ਪੀ ਸੀ ਐੱਲ ਸ਼ਹਿਰੀ ਸਰਹਿੰਦ ਵੱਲੋਂ ਦਿੱਤੀ ਗਈ।

### ਬਿਹਾਰੀ ਮਜ਼ਦੂਰ ਨੇ ਪਤਨੀ ਨੂੰ ਮੌਤ ਦੇ ਘਾਟ ਉਤਾਰਿਆ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਮੱਲਾਂਵਾਲਾ ਵਿਖੇ ਇਕ ਬਿਹਾਰੀ ਮਜ਼ਦੂਰ ਨੇ ਆਪਣੀ ਪਤਨੀ ਨੂੰ ਗਲ ਵਿੱਚ ਫਾਹਾ ਦੇ ਕੇ ਮੌਤ ਦੇ ਘਾਟ ਉਤਾਰ ਦਿੱਤਾ। ਇਹ ਘਟਨਾ 22 ਅਕਤੂਬਰ 2025 ਦੀ ਰਾਤ ਦੀ ਹੈ। ਇਸ ਸਬੰਧੀ ਥਾਣਾ ਮੱਲਾਂਵਾਲਾ ਪੁਲਸ ਨੇ ਮੁਲਜ਼ਮ ਨੂੰ ਗ੍ਰਿਫਤਾਰ ਕਰਕੇ ਉਸ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਪੂਨਿਆ ਪਤਨੀ ਰਣਜੀਤ ਚੌਧਰੀ ਵਾਸੀ ਪਿੰਡ ਰੋਹੀ ਯਾਮਾ ਵਾਰਡ ਨੰਬਰ 18 ਬੇਲਦੌਰ ਜ਼ਿਲ੍ਹਾ ਖਗੜਿਆ ਸਟੇਟ ਬਿਹਾਰ ਹਾਲ ਪਿੰਡ ਇਲਮੇ ਵਾਲਾ ਨੇ ਦੱਸਿਆ ਕਿ ਉਹ ਕਰੀਬ 2 ਮਹੀਨੇ ਤੋਂ ਇਲਮੇਵਾਲਾ ਭੱਠੇ 'ਤੇ ਸਮੇਤ ਪਰਵਾਰ ਲੇਬਰ ਦਾ ਕੰਮ ਕਰ ਰਹੀ ਸੀ। ਪੂਨਿਆ ਨੇ ਦੱਸਿਆ ਕਿ ਦੋਸ਼ੀ ਉਦੈ ਚੌਧਰੀ ਪੁੱਤਰ ਦੋਮਾਨ ਚੌਧਰੀ ਵਾਸੀ ਰਤਵਾਗ ਕੁਮਾਰਖੰਡ ਮੱਦੇਪੁਰਾ ਬਿਹਾਰ ਤੇ ਉਸ ਦੀ ਪਤਨੀ ਜੋ ਰਿਸ਼ਤੇ ਵਿੱਚ ਉਸ ਦੇ ਚਾਚੇ ਦੀ ਲੜਕੀ ਹੈ, ਇਨ੍ਹਾਂ ਵਿਚਕਾਰ ਆਪਸੀ ਲੜਾਈ ਝਗੜਾ ਹੋਇਆ ਸੀ। ਪੂਨਿਆ ਨੇ ਦੱਸਿਆ ਕਿ ਬੀਤੀ 22 ਅਕਤੂਬਰ 2025 ਦੀ ਦਰਮਿਆਨੀ ਰਾਤ ਨੂੰ ਉਕਤ ਮੁਲਜ਼ਮ ਨੇ ਆਪਣੀ ਪਤਨੀ ਨੂੰ ਗਲ ਵਿੱਚ ਫਾਹਾ ਦੇ ਕੇ ਮੌਤ ਦੇ ਘਾਟ ਉਤਾਰ ਦਿੱਤਾ। ਇਸ ਮਾਮਲੇ ਦੀ ਜਾਂਚ ਕਰ ਰਹੇ ਇੰਸਪੈਕਟਰ ਹਰਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਨੇ ਦੋਸ਼ੀ ਉਦੈ ਚੌਧਰੀ ਨੂੰ ਗ੍ਰਿਫਤਾਰ ਕਰਕੇ ਉਸ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

### ਗੁਰਮਤਿ ਸਮਾਗਮ ਭਲਕੇ

**ਸੰਗਰੂਰ (ਪ੍ਰਵੀਨ ਸਿੰਘ)**-ਬ੍ਰਹਮ ਗਿਆਨੀ ਭਗਤ ਨਾਮਦੇਵ ਜੀ ਦੇ ਜਨਮ ਦਿਹਾੜੇ ਨੂੰ ਸਮਰਪਤ ਚਾਰ ਰੋਜ਼ਾ ਗੁਰਮਤਿ ਸਮਾਗਮ ਗੁਰਦੁਆਰਾ ਸਾਹਿਬ ਬ੍ਰਹਮਗਿਆਨੀ ਭਗਤ ਨਾਮਦੇਵ ਜੀ ਵਿਖੇ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸੁਖਦੇਵ ਸਿੰਘ ਰਤਨ ਤੇ ਆਲ ਇੰਡੀਆ ਕਸ਼ੱਤਰੀਆ ਟਾਂਕ ਪ੍ਰਤੀਨਿਧੀ ਸਭਾ ਦੇ ਕੌਮੀ ਪ੍ਰਧਾਨ ਸਤਨਾਮ ਸਿੰਘ ਦਮਦਮੀ ਦੀ ਦੇਖ ਰੇਖ ਬੜੀ ਸ਼ਰਧਾ ਅਤੇ ਸਤਿਕਾਰ ਨਾਲ 23 ਤੋਂ 26 ਅਕਤੂਬਰ ਤੱਕ ਮਨਾਏ ਜਾ ਰਹੇ ਹਨ।ਸਮਾਗਮ ਦੀ ਲੜੀ ਤਹਿਤ ਅੱਜ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਏ।ਇਸ ਤੋਂ ਪਹਿਲਾਂ ਸ੍ਰੀ ਨਿਸ਼ਾਨ ਸਾਹਿਬ ਦਾ ਚੋਲਾ ਬਦਲੀ ਕੀਤਾ ਗਿਆ।ਇਸ ਮੌਕੇ ਹਰ ਸਾਲ ਦੀ ਤਰ੍ਹਾਂ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਸੰਗਰੂਰ ਜ਼ੋਨ ਵੱਲੋਂ 25 ਅਕਤੂਬਰ ਨੂੰ ਵਿਦਿਆਰਥੀਆਂ ਦੇ ਸ਼ਬਦ ਗਾਇਨ ਤੇ ਸੁੰਦਰ ਲਿਖਾਈ ਮੁਕਾਬਲੇ ਕਰਵਾਏ ਜਾ ਰਹੇ ਹਨ।ਮੁਕਾਬਲਿਆਂ ਦੇ ਜੇਤੂਆਂ ਨੂੰ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਨਗਦ ਇਨਾਮ ਦਿੱਤੇ ਜਾਣਗੇ।ਸਾਰੇ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਉਤਸ਼ਾਹਿਤ ਇਨਾਮ ਅਤੇ ਅਧਿਆਪਕ ਇੰਚਾਰਜਾਂ ਦਾ ਵੀ ਸਨਮਾਨ ਹੋਵੇਗਾ।

# ਪੱਤਰਕਾਰ ਜਗਦੀਸ਼ ਥਿੰਦ ਨੂੰ ਸਦਮਾ, ਚਾਚੇ ਦਾ ਦੇਹਾਂਤ

**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਥਿੰਦ ਪਰਵਾਰ ਨੂੰ ਉਸ ਵੇਲੇ ਵੱਡਾ ਸਦਮਾ ਲੱਗਿਆ, ਜਦੋਂ ਉਨ੍ਹਾਂ ਦੇ ਪਿਤਾ ਚੌਧਰੀ ਲਸ਼ਮਣ ਦਾਸ ਥਿੰਦ ਸੰਖੇਪ ਜਿਹੀ ਬਿਮਾਰੀ ਦੇ ਚਲਦਿਆਂ ਅਕਾਲ ਚਲਾਣਾ ਕਰ ਗਏ।ਇਸ ਦੁੱਖ ਦੀ ਘੜੀ ਵਿੱਚ ਪੱਤਰਕਾਰ ਜਗਦੀਸ਼ ਥਿੰਦ, ਬਲਦੇਵ ਥਿੰਦ, ਬਲਵਿੰਦਰ ਥਿੰਦ, ਡੇਰਾ ਭਜਨ ਗੜ੍ਹ ਯੂਥ ਵੈੱਲਫੇਅਰ ਸੋਸਾਇਟੀ ਦੇ ਪ੍ਰਧਾਨ ਵਿਜੇ ਥਿੰਦ ਨਾਲ ਰਾਜਨੀਤਕ ਤੇ ਸਮਾਜਿਕ ਆਗੂਆਂ ਤੋਂ ਇਲਾਵਾ ਰਿਸ਼ਤੇਦਾਰਾ ਵੱਲੋਂ ਡੂੰਘੇ ਦੁੱਖ ਦਾ ਇਜ਼ਹਾਰ ਕੀਤਾ ਹੈ।ਚੌਧਰੀ ਲਸਮਣ ਦਾਸ ਥਿੰਦ ਪਿਛਲੇ ਲੰਬੇ ਸਮੇਂ ਤੋਂ ਬਿਮਾਰ ਸਨ ਤੇ ਫਰੀਦਕੋਟ ਮੈਡੀਕਲ ਕਾਲਜ ਦੇ ਇਲਾਜ ਅਧੀਨ ਅੱਜ ਉਨ੍ਹਾਂ ਨੇ ਆਪਣੇ ਘਰ ਆਖਰੀ ਸਾਹ ਲਿਆ।ਉਨ੍ਹਾਂ ਦਾ ਅੰਤਿਮ ਸੰਸਕਾਰ ਕਰ ਦਿੱਤਾ ਗਿਆ ਹੈ।ਉਨ੍ਹਾਂ ਦੇ ਨਮਿੱਤ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦਾ ਭੋਗ ਤੇ ਅੰਤਿਮ ਅਰਦਾਸ 26 ਅਕਤੂਬਰ ਨੂੰ ਡੇਰਾ ਸ੍ਰੀ ਭਜਨਗੜ੍ਹ ਸਾਹਿਬ ਵਿਖੇ 10 ਵਜੇ ਤੋਂ 12 ਵਜੇ ਤੱਕ ਹੋਵੇਗੀ।ਇਸ ਮੌਕੇ ਡੇਰਾ ਸ਼੍ਰੀ ਭਜਨ ਗੜ੍ਹ ਦੇ ਗੱਦੀ ਨਸ਼ੀਨ ਸੰਤ ਬਾਬਾ ਰਜਿੰਦਰ ਸਿੰਘ ਜੀ, ਡੇਰਾ ਬਾਬਾ ਰਾਮ ਥੰਮਣ ਬਾਜੇ ਕੇ ਦੇ ਗੱਦੀ ਨਸ਼ੀਨ ਬਾਬਾ ਹਰਮੇਸ਼ ਦਾਸ, ਬਾਬਾ ਨਿਰਮਲ ਸਿੰਘ ਡੇਰਾ ਬਾਬਾ ਮਾਈ ਜੀਵਾਂ ਮੋਹਣ ਕੇ ਹਿਠਾੜ, ਪੱਛੜੀਆਂ ਸ਼੍ਰੇਣੀਆਂ ਪੰਜਾਬ ਦੇ ਚੇਅਰਮੈਨ ਮਲਕੀਤ ਥਿੰਦ, ਚੇਅਰਮੈਨ ਬਲਦੇਵ ਸਿੰਘ ਮਾਹਮੂ ਜੋਈਆ, ਇਕਬਾਲ ਸਿੰਘ ਤਰਪਾਲ ਕੇ, ਬਲਦੇਵ ਰਾਜ ਮੋਹਣ ਕੇ ਹਿਠਾੜ ਵੱਲੋਂ ਪਹੁੰਚ ਕੇ ਪਰਵਾਰ ਨਾਲ ਦੁੱਖ ਪ੍ਰਗਟ ਕੀਤਾ ਗਿਆ।



# ਮੁਲਾਜ਼ਮ ਤੇ ਪੈਨਸ਼ਨਰ ਮੁੱਖ ਮੰਤਰੀ ਦੇ ਹਲਕੇ 'ਚ ਕਰਨਗੇ 16 ਨੂੰ ਮਹਾਂ ਰੈਲੀ : ਗਿੱਲ



**ਮੋਗਾ (ਇਕਬਾਲ ਸਿੰਘ ਖਹਿਰਾ)**

ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਪੰਜਾਬ ਦੀ ਸੂਬਾ ਪੱਧਰੀ ਮੀਟਿੰਗ ਭਜਨ ਸਿੰਘ ਗਿੱਲ ਸੂਬਾ ਕਨਵੀਨਰ ਦੀ ਪ੍ਰਧਾਨਗੀ ਹੇਠ ਪੈਨਸ਼ਨਰ ਭਵਨ ਲੁਧਿਆਣਾ ਵਿਖੇ ਹੋਈ।ਮੀਟਿੰਗ ਵਿੱਚ ਵੱਖ ਵੱਖ ਜਥੇਬੰਦੀਆਂ ਗੁਰਪ੍ਰੀਤ ਸਿੰਘ ਗੰਡੀਵਿੰਡ, ਜਗਦੀਸ਼ ਸਿੰਘ ਚਾਹਲ, ਸ਼ਤੀਸ਼ ਰਾਣਾ, ਜਰਮਨ ਜੀਤ ਸਿੰਘ, ਧਨਵੰਤ ਸਿੰਘ ਭੱਠਲ, ਰਣਜੀਤ ਸਿੰਘ ਰਾਣਵਾਂ, ਕਰਮ ਸਿੰਘ ਧਨੋਆ, ਮਨਜਿੰਦਰ ਸਿੰਘ ਮਨਸੂਰਾਂ, ਅਮਰੀਕ ਸਿੰਘ, ਰਾਧੇ ਸ਼ਿਆਮ, ਕਨਵੀਨਰਾਂ ਕੋ ਕਨਵੀਨਰਾਂ ਤੇ ਮੈਂਬਰਾਂ ਨੇ ਆਪਣੇ ਵਿਚਾਰ ਪ੍ਰਗਟ ਕੀਤੇ।ਮੋਗਾ ਤੋਂ ਬਿਆਨ ਜਾਰੀ ਕਰਦਿਆਂ ਸੁਰਿੰਦਰ ਰਾਮ ਕੁੱਸਾ ਨੇ ਜਾਣਕਾਰੀ ਦਿੱਤੀ ਕਿ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਲਟਕਦੀਆਂ ਮੰਗਾਂ ਨੂੰ ਪੂਰੀਆਂ ਕਰਨ ਦੀ ਬਜਾਏ ਪੰਜਾਬ ਸਰਕਾਰ ਵੱਲੋਂ ਕੈਬਨਿਟ ਸਬ ਕਮੇਟੀਆਂ ਨਾਲ ਸਾਂਝੇ ਫਰੰਟ ਨੂੰ ਮੀਟਿੰਗਾਂ ਦੇ ਕੇ ਅੱਗੇ ਪਾਉਣ ਤੇ ਕਦੇ ਮੀਟਿੰਗ ਕਰਕੇ ਮੰਗਾਂ ਤੇ ਵਿਚਾਰ ਕਰਨ ਉਪਰੰਤ ਵੀ ਉਨ੍ਹਾਂ ਦੇ ਕੋਈ ਸਾਰਥਿਕ ਸਿੱਟੇ ਨਾ ਕੱਢਣ ਕਰਕੇ ਸਮੂਹ ਬੁਲਾਰਿਆਂ ਨੇ ਪੰਜਾਬ ਸਰਕਾਰ ਦੀ ਕਰੜੇ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ 16 ਨਵੰਬਰ ਨੂੰ ਸੰਗਰੂਰ ਵਿਚ ਹੋਣ ਵਾਲੀ ਰੈਲੀ ਤੇ ਮਾਰਚ ਹੁਣ ਮੁੱਖ ਮੰਤਰੀ ਦੇ ਹਲਕੇ ਧੂਰੀ 'ਚ ਕਰਨ ਦਾ ਫੈਸਲਾ ਕੀਤਾ ਹੈ, ਜਿਸ ਵਿੱਚ ਸਮੂਹ ਜੱਥੇਬੰਦੀਆਂ ਨੇ ਲਾਏ ਗਏ ਕੋਟੇ ਮੁਤਾਬਕ ਭਰਵੀਂ ਸ਼ਮੂਲੀਅਤ ਕਰਨ ਦਾ ਐਲਾਨ ਕੀਤਾ।

ਭਜਨ ਸਿੰਘ ਗਿੱਲ ਨੇ ਦੱਸਿਆ ਕਿ ਰੈਲੀ ਦੇ ਪ੍ਰਬੰਧਾਂ ਲਈ ਸੂਬਾ ਤੇ ਜ਼ਿਲ੍ਹਾ ਕਨਵੀਨਰਾਂ ਤੇ ਸਥਾਨਕ ਆਗੂਆਂ ਦੀ ਇੱਕ ਮੀਟਿੰਗ 27 ਅਕਤੂਬਰ ਨੂੰ ਬੱਸ ਸਟੈਂਡ ਦੇ ਨੇੜੇ ਫੂਡ ਸਪਲਾਈ ਦੇ ਦਫ਼ਤਰ ਧੂਰੀ ਵਿਖੇ ਸਾਢੇ ਦਸ ਵਜੇ ਹੋਵੇਗ, ਜਿਸ ਵਿੱਚ ਰੈਲੀ ਦਾ ਸਥਾਨ ਸਟੇਜ ਤੇ ਪੰਡਾਲ ਸਬੰਧੀ ਪ੍ਰਬੰਧ ਤੇ ਮਾਰਚ ਕਰਨ ਸਬੰਧੀ ਰੂਟ ਵਗੈਰਾ ਬਾਰੇ ਫੈਸਲਾ ਕੀਤਾ ਜਾਵੇਗਾ।ਹਰਦੀਪ ਸਿੰਘ ਟੋਡਰਪੁਰ, ਰਛਪਾਲ ਸਿੰਘ, ਸੁਰਿੰਦਰ ਕੁਮਾਰ ਪੁਆਰੀ, ਜੈਲ ਸਿੰਘ, ਨਿਰਭੈ ਸਿੰਘ, ਕੁਲਵਰਨ ਸਿੰਘ, ਸਰਬਜੀਤ ਸਿੰਘ ਦੌਧਰ ਬਿੱਕਰ ਸਿੰਘ ਮਾਛੀਕੇ, ਗੁਰਦੀਪ ਸਿੰਘ ਦਰਸ਼ਨ ਸਿੰਘ ਉਟਾਲ ਆਗੂਆਂ ਨੇ ਦੱਸਿਆ ਕਿ 16 ਨਵੰਬਰ ਦੀ ਰੈਲੀ ਤੋਂ ਪਹਿਲਾਂ ਸਾਂਝਾ ਫਰੰਟ ਦੀਆਂ ਸਮੂਹ ਜ਼ਿਲ੍ਹਾ ਕਮੇਟੀਆਂ ਦੀਆਂ ਮੀਟਿੰਗਾਂ 4 ਨਵੰਬਰ ਨੂੰ ਕੀਤੀਆਂ ਜਾਣਗੀਆਂ। ਆਗੂਆਂ ਨੇ ਦੱਸਿਆ ਕਿ ਮਾਨ ਸਰਕਾਰ ਵੱਲੋਂ ਸੱਤਾ ਵਿੱਚ ਆਉਣ ਤੋਂ ਪਹਿਲਾਂ ਜੋ ਵਾਅਦੇ ਕੀਤੇ ਗਏ ਸਨ, ਪਰ ਰਾਜ ਭਾਗ ਸਾਂਭਣ ਤੋਂ ਬਾਅਦ ਸਾਰੇ ਵਾਅਦੇ ਮਹਿੰਗਾਈ ਭੱਤਾ ਜਾਰੀ ਕਰਨ ਪੇ-ਕਮਿਸ਼ਨ ਦੀ ਪੂਰੀ ਰਿਪੋਰਟ ਲਾਗੂ ਕਰਕੇ ਨੈਸ਼ਨਲ ਤਨਖਾਹ ਸੋਧ ਵਿਧੀ ਰਾਹੀਂ ਪੈਨਸ਼ਨਾਂ ਦੀ ਸੁਧਾਈ, 2.59 ਦੇ ਗੁਣਾਂਕ ਨੂੰ ਲਾਗੂ ਕਰਨ, ਕੈਸ਼ਲੈੱਸ ਹੈਲਥ ਸਕੀਮ ਲਾਗੂ ਕਰਨ, ਮੁਲਾਜ਼ਮਾਂ ਦੇ ਕੱਟੇ ਗਏ ਭੱਤੇ ਬਹਾਲ ਕਰਨ, ਪੁਰਾਣੀ ਪੈਨਸ਼ਨ ਬਹਾਲ ਕਰਨ ਤੇ ਕੱਚੇ, ਆਊਟਸੋਰਸ ਤੇ ਇਨਕਿਸਟ ਮੈਂਟ ਵਾਲੇ ਕਾਮੇ ਰੈਗੂਲਰ ਕਰਨ, ਪ੍ਰੋਬੇਸ਼ਨ ਪੀਰੀਅਡ ਤਿੰਨ ਸਾਲ ਤੋਂ ਘਟਾ ਕੇ ਪੂਰੀ ਤਨਖਾਹ ਤੇ ਇੱਕ ਸਾਲ ਕਰਨ ਦੇ ਵਾਅਦੇ ਹਵਾ ਹੋ ਗਏ, ਜਿਸ ਕਰਕੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਵਿੱਚ ਭਾਰੀ ਰੋਸ ਤੇ ਗੁੱਸਾ ਹੋਣ ਹੈ।

# ਯੂਨਾਈਟਡ ਨਰਸਿੰਗ ਐਸੋਸੀਏਸ਼ਨ ਪੰਜਾਬ ਵੱਲੋਂ ਰੋਸ ਪ੍ਰਦਰਸ਼ਨ



**ਪਟਿਆਲਾ (ਰਾਜਿੰਦਰ ਥਿੰਦ)**

ਪਿਛਲੇ ਮਹੀਨੇ ਦੀ 25 ਸਤੰਬਰ ਤੋਂ ਲੈ ਕੇ ਹੁਣ ਤੱਕ ਪਟਿਆਲਾ, ਅੰਮ੍ਰਿਤਸਰ ਤੇ ਮੋਹਾਲੀ ਵਿੱਚ ਨਰਸਿੰਗ ਸਟਾਫ ਦਾ ਆਪਣੀ 4600 ਗ੍ਰੇਡ ਪੇਅ ਦੀ ਜਾਇਜ਼ ਮੰਗ ਨੂੰ ਲੈ ਕੇ ਸ਼ਾਂਤੀਪੂਰਕ ਧਰਨਾ ਲਗਾਤਾਰ ਚੱਲ ਰਿਹਾ ਸੀ, ਕੱਲ ਮਿਤੀ 23 ਅਕਤੂਬਰ 2025 ਨੂੰ ਅੰਬੇਡਕਰ ਇੰਸਟੀਟਿਊਟ ਆਫ ਮੈਡੀਕਲ ਸਾਇੰਸ ਮੋਹਾਲੀ ਵਿੱਚ ਆਫ ਡਿਊਟੀ ਨਰਸਿੰਗ ਸਟਾਫ ਵੱਲੋਂ ਕੀਤੇ ਗਏ ਸ਼ਾਂਤਮਈ ਸਿੰਬਲਿਕ ਰੋਸ ਪ੍ਰਦਰਸ਼ਨ ਦੌਰਾਨ ਉਥੋਂ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਭਵਨੀਤ ਭਾਰਤੀ ਵੱਲੋਂ ਕੀਤੇ ਗਏ ਗੈਰ-ਜ਼ਿੰਮੇਵਾਰਨਾ ਰਵਈਏ ਤੋਂ ਬਾਅਦ ਅੱਜ ਪਟਿਆਲਾ ਵਿਖੇ ਰਾਜਿੰਦਰਾ ਹਸਪਤਾਲ ਤੋਂ ਫੁਵਾਰਾ ਚੌਂਕ ਤੱਕ ਤੇ ਅੰਮ੍ਰਿਤਸਰ ਵਿਖੇ ਗੁਰੂ ਨਾਨਕ ਦੇਵ ਹਸਪਤਾਲ ਤੋਂ ਫੋਰੈਸ ਚੌਂਕ ਤੱਕ ਰੋਸ ਮਾਰਚ ਕੱਢ ਕੇ ਪੂਰਨ ਤੌਰ 'ਤੇ ਜਾਮ ਕੀਤਾ ਗਿਆ ਅਤੇ ਮੋਹਾਲੀ ਏਮਸ ਐਡਮਿਨਿਸਟਰੇਸ਼ਨ ਦੇ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਇਸ ਤੋਂ ਉਪਰੰਤ ਮੋਹਾਲੀ ਹਸਪਤਾਲ ਪ੍ਰਬੰਧਨ ਤੇ ਨਰਸਿੰਗ ਸਟਾਫ ਵਿਚਕਾਰ ਮੀਟਿੰਗ ਹੋਈ।ਇਸ ਮੀਟਿੰਗ ਦੌਰਾਨ ਮਾਣਯੋਗ ਡਾਇਰੈਕਟਰ ਪ੍ਰਿੰਸੀਪਲ ਡਾ. ਭਵਨੀਤ ਭਾਰਤੀ ਨੇ ਸਾਰੇ ਨਰਸਿੰਗ ਸਟਾਫ ਦੇ ਸਾਹਮਣੇ ਆਪਣੇ ਵਰਤਾਅ ਲਈ ਖੇਦ ਪ੍ਰਗਟ ਕੀਤਾ ਤੇ ਖੁੱਲ੍ਹੇ ਦਿਲ ਨਾਲ ਮਾਫ਼ੀ ਮੰਗੀ।ਉਨ੍ਹਾਂ ਨੇ ਕਿਹਾ ਕਿ ਉਹ ਹਮੇਸ਼ਾ ਨਰਸਿੰਗ ਸਟਾਫ ਦੇ ਯੋਗਦਾਨ ਦੀ ਕਦਰ ਕਰਦੇ ਹਨ ਅਤੇ ਭਵਿੱਖ ਵਿੱਚ ਮਿਲਜੁਲ ਕੇ ਕੰਮ ਕਰਨ ਲਈ ਵਚਨਬੱਧ ਹਨ।ਇਸ ਮੌਕੇ ਸਾਰੇ ਨਰਸਿੰਗ ਸਟਾਫ ਵੱਲੋਂ ਵੀ ਪ੍ਰਬੰਧਕੀ ਨਾਲ ਮਿਲ ਕੇ ਹਸਪਤਾਲ ਦੀ ਬਿਹਤਰੀ ਲਈ ਸਹਿਯੋਗ ਜਾਰੀ ਰੱਖਣ ਦਾ ਭਰੋਸਾ ਦਿੱਤਾ ਗਿਆ।ਯੂਨਾਈਟਡ ਨਰਸਿੰਗ ਐਸੋਸੀਏਸ਼ਨ ਆਫ ਪੰਜਾਬ ਵੱਲੋਂ ਡਾ. ਭਵਨੀਤ ਭਾਰਤੀ ਦੇ ਇਸ ਕਦਮ ਦਾ ਸਵਾਗਤ ਕੀਤਾ ਗਿਆ ਹੈ ਤੇ ਆਸ ਪ੍ਰਗਟ ਕੀਤੀ ਗਈ ਹੈ ਕਿ ਭਵਿੱਖ ਵਿੱਚ ਪ੍ਰਬੰਧਕੀ ਤੇ ਨਰਸਿੰਗ ਸਟਾਫ ਵਿਚਕਾਰ ਪਰਸਪਰ ਸਤਿਕਾਰ, ਸਮਝਦਾਰੀ ਤੇ ਇਕਤਾ ਦਾ ਮਾਹੌਲ ਬਣਿਆ ਰਹੇਗਾ।

# ਮਨੂੰਵਾਦੀ ਤਾਕਤਾਂ ਵੱਲੋਂ ਦਲਿਤਾਂ ਖ਼ਿਲਾਫ਼ ਨਫ਼ਰਤ ਤੇ ਮਨੁੱਖੀ ਕਦਰਾਂ ਕੀਮਤਾਂ ਦੇ ਘਾਣ ਵਿਰੁੱਧ ਆਵਾਜ਼ ਬੁਲੰਦ ਕਰੋ : ਇਨਕਲਾਬੀ ਕੇਂਦਰ ਪੰਜਾਬ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪਿਛਲੇ ਦਿਨੀਂ ਭਾਰਤ ਦੇ ਚੀਫ ਜਸਟਿਸ ਬੀ ਆਰ ਗਵਈ ਉੱਪਰ ਭਰੀ ਅਦਾਲਤ 'ਚ ਮਨੂੰਵਾਦੀ ਸੋਚ ਨਾਲ ਘੜੁੱਚ ਜੁੱਤੀ ਸੁੱਟਣ ਦੀ ਘਟਨਾ ਭਾਰਤ ਸਮਾਜ ਅੰਦਰ ਦਲਿਤਾਂ ਖ਼ਿਲਾਫ਼ ਜਾਤੀ ਨਫ਼ਰਤ ਦਾ ਖੁੱਲ੍ਹਾ ਪ੍ਰਗਟਾਵਾ ਅਤੇ ਮਨੁੱਖੀ ਤੇ ਜਮਹੂਰੀ ਕਦਰਾਂ ਕੀਮਤਾਂ ਦੀ ਘੋਰ ਉਲੰਘਣਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਇਨਕਲਾਬੀ ਕੇਂਦਰ ਪੰਜਾਬ ਦੇ ਪ੍ਰਧਾਨ ਨਰਾਇਣ ਦੱਤ ਤੇ ਜਨਰਲ ਸਕੱਤਰ ਕੰਵਲਜੀਤ ਖੰਨਾ ਨੇ ਕਿਹਾ ਕਿ ਕੇਂਦਰੀ ਹਕੂਮਤ, ਕਾਨੂੰਨ ਮਹਿਕਮੇ ਦੀ ਚੁੱਪੀ ਇੱਕ ਦਲਿਤ ਜੱਜ ਉੱਪਰ ਹਮਲੇ ਪ੍ਰਤੀ ਸਨਾਤਨੀ ਏਜੰਡੇ ਨੂੰ ਹੱਲਾਸ਼ੇਰੀ ਨੂੰ ਸੰਘ ਪਰਵਾਰ ਵੱਲੋਂ ਯੋਜਨਾਬੱਧ ਤਰੀਕੇ ਨਾਲ ਅੱਗੇ ਵਧਾਉਣਾ ਹੈ। ਇਨ੍ਹਾਂ ਹੀ ਦਿਨਾਂ ਵਿੱਚ ਜਾਤੀ ਨਫ਼ਰਤ ਤੇ ਵਿਤਕਰੇ ਦਾ ਸ਼ਿਕਾਰ ਹਰਿਆਣਾ ਦੇ ਉੱਚ ਪੁਲਸ ਅਧਿਕਾਰੀ ਵਾਈ ਪੀ ਕੁਮਾਰ ਨੂੰ ਉੱਚ ਜਾਤੀ ਨਾਲ ਸਬੰਧਤ ਆਪਣੇ ਹੀ ਡੀਜੀਪੀ ਤੇ ਇੱਕ ਐੱਸ ਪੀ ਹੱਥੋਂ ਘੋਰ ਵਿਤਕਰੇ ਦਾ ਸ਼ਿਕਾਰ ਹੁੰਦਿਆਂ ਖੁਦਕੁਸ਼ੀ ਕਰਨ ਲਈ ਮਜਬੂਰ ਹੋਣਾ ਪਿਆ। ਆਗੂਆਂ ਨੇ ਦਲਿਤਾਂ ਉੱਪਰ ਇਨ੍ਹਾਂ ਹਮਲਿਆਂ ਦੇ ਇਤਿਹਾਸਕ ਪਿਛੋਕੜ ਵਿੱਚ ਜਾਂਦਿਆਂ ਕਿਹਾ ਕਿ ਭਾਰਤੀ ਸਮਾਜ ਵਿੱਚ ਜਾਤ ਦਾ ਜੜ੍ਹਾਂ ਵਾਲਾ ਦਰਜਾਬੰਦੀ ਸਰਵ-ਵਿਆਪਕ ਹੈ, ਜੋ ਦਲਿਤ, ਬਹੁਜਨ ਤੇ ਆਦਿਵਾਸੀ ਵਿਅਕਤੀਆਂ ਦੇ ਜੀਵਨ ਨੂੰ ਵੱਖ-ਵੱਖ ਪੈਮਾਨਿਆਂ 'ਤੇ ਪ੍ਰਸਿੱਧ ਤੇ ਸੰਸਥਾਗਤ ਹਿੰਸਾ ਰਾਹੀਂ ਪ੍ਰਭਾਵਿਤ ਕਰਦਾ ਹੈ। ਇਹ ਇੱਕ ਆਮ ਪ੍ਰਕਿਰਿਆ ਹੈ, ਜੋ ਸਦੀਆਂ ਤੋਂ ਫੈਲੀ ਹੋਈ ਹੈ। ਲਗਭਗ ਹਿੰਦੂ ਧਰਮ ਦੇ ਜਨਮ ਤੋਂ ਇੱਕ ਧਰਮ ਦੇ ਰੂਪ ਵਿੱਚ ਅਤੇ ਇਸ ਲਈ ਅੱਤਿਆਚਾਰਾਂ ਨੂੰ ਸਮਾਜਿਕ ਵਿਵਸਥਾ ਵਿੱਚ ਕੁਦਰਤੀ ਬਣਾਇਆ ਗਿਆ ਹੈ। ਦਲਿਤਾਂ ਦੇ ਮਾਮਲੇ ਵਿੱਚ ਭਾਵੇਂ 'ਨਸਲਕੁਸ਼ੀ' ਯੋਜਨਾਬੱਧ ਰਹੀ ਹੈ, ਪਰ ਇਹ ਹੌਲੀ ਰਫ਼ਤਾਰ ਨਾਲ ਹੋਈ ਹੈ। ਕਤਲ, ਬਲਾਤਕਾਰ ਤੇ ਦਲਿਤਾਂ 'ਤੇ ਹਮਲੇ ਦੇ ਮੌਜੂਦਾ ਸਰਕਾਰੀ ਅੰਕੜੇ ਜੇਕਰ 3000 ਸਾਲਾਂ ਦੇ ਇਤਿਹਾਸ ਨੂੰ ਵਧਾਇਆ ਜਾਵੇ ਤਾਂ ਇੱਕ ਭਿਆਨਕ ਤਸਵੀਰ ਪੇਸ਼ ਕਰਦੇ ਹਨ। ਸਾਡੇ ਕੋਲ ਇਹ ਮੰਨਣ ਦਾ ਕਾਰਨ ਹੈ ਕਿ ਲਗਭਗ 2,190,000 ਦਲਿਤਾਂ ਦਾ ਕਤਲ ਕੀਤਾ ਗਿਆ ਹੈ, 3,285,000 ਨਾਲ ਬਲਾਤਕਾਰ ਕੀਤਾ ਗਿਆ ਹੈ ਅਤੇ 75,000,000 ਤੋਂ ਵੱਧ ਲੋਕਾਂ 'ਤੇ ਹਮਲਾ ਕੀਤਾ ਗਿਆ ਹੈ। ਸੂਬਾ ਆਗੂਆਂ ਮੁਖਤਿਆਰ ਪੂਹਲਾ, ਜਗਜੀਤ ਸਿੰਘ ਲਹਿਰਾ ਮੁਹੱਬਤ ਤੇ ਜਸਵੰਤ ਜੀਰਖ ਨੇ ਕਿਹਾ ਕਿ ਇਨ੍ਹਾਂ ਘਟਨਾਵਾਂ ਤੋਂ ਭਲੀਭਾਂਤ ਜ਼ਾਹਰ ਹੁੰਦਾ ਹੈ ਕਿ ਉੱਚ ਜਾਤੀ ਕੱਟੜ ਸਨਾਤਨੀਆਂ ਅੰਦਰ ਇਹ ਨਫਰਤ ਆਮ ਦਲਿਤਾਂ, ਔਰਤਾਂ, ਆਦਿਵਾਸੀਆਂ ਖਿਲਾਫ਼ ਨਿੱਤ ਵਾਪਰਦੀਆਂ ਬਲਾਤਕਾਰ ਤੇ ਹਿੰਸਾ ਦੀਆਂ ਬੇਹੱਦ ਕਰੂਰ ਵਾਰਦਾਤਾਂ ਦਾ ਕਿਆਸ ਸਹਿਜੇ ਹੀ ਲਗਾਇਆ ਜਾ ਸਕਦਾ ਹੈ। ਦਲਿਤਾਂ 'ਤੇ ਹਿੰਸਾ ਦਾ ਵਧਿਆ ਹੋਇਆ ਸਰੀਰਕ ਪ੍ਰਭਾਵ, ਸਿਰਫ਼ ਖ਼ਤਰੇ ਦੀ ਧਾਰਨਾ ਤੋਂ ਇਲਾਵਾ, ਪੱਖਪਾਤ ਤੇ ਜਾਤੀ ਹੰਕਾਰ ਵਿੱਚ ਡੁੱਬੀ ਪ੍ਰਚਲਿਤ ਮਾਨਸਿਕਤਾ ਪ੍ਰਤੀ ਪ੍ਰਤੀਕਿਰਿਆਤਮਕ ਪ੍ਰਤੀਕਿਰਿਆ ਹੈ। ਇਸ ਵਿਰੁੱਧ ਲੰਬੇ ਸਮੇਂ ਤੋਂ ਚੱਲੇ ਵਿਰੋਧ ਤੇ ਸੰਵਿਧਾਨਕ ਯਤਨਾਂ ਦੇ ਬਾਵਜੂਦ ਜਾਤੀ ਵਿਵਸਥਾ ਦੇ ਅੰਦਰ ਵਿਸ਼ੇਸ਼ ਅਧਿਕਾਰ ਪ੍ਰਾਪਤ ਅਹੁਦਿਆਂ ਨੂੰ ਬਰਕਰਾਰ ਰੱਖਣ ਦਾ ਪ੍ਰਗਟਾਵਾ ਹੈ। ਇਨਕਲਾਬੀ ਕੇਂਦਰ ਪੰਜਾਬ ਭਾਰਤ ਸਮਾਜ ਅੰਦਰ ਜੜ੍ਹਾਂ ਜਮਾਈ ਬੈਠੇ ਜਾਤੀ ਮਨੂੰਵਾਦੀ ਵਿਤਕਰੇ ਖਿਲਾਫ਼ ਸਭਨਾਂ ਇਨਕਲਾਬੀ ਜਮਹੂਰੀਅਤ ਪਸੰਦ ਤਾਕਤਾਂ ਨੂੰ ਜਮਾਤੀ ਨਜ਼ਰੀਏ ਤੋਂ ਜਥੇਬੰਦਕ ਸੰਘਰਸ਼ਾਂ ਦੇ ਰਾਹ ਪੈਣ ਦਾ ਸੱਦਾ ਦਿੰਦਾ ਹੈ।

# ਸੀ ਪੀ ਆਈ ਸ਼ਹਿਰੀ ਕਮੇਟੀ ਦੀ ਜਥੇਬੰਦਕ ਕਾਨਫਰੰਸ ਅੱਜ : ਰਤਨ ਭੋਲਾ

**ਮਾਨਸਾ (ਆਤਮਾ ਸਿੰਘ ਪਮਾਰ)**-ਸੀ ਪੀ ਆਈ ਸ਼ਹਿਰੀ ਕਮੇਟੀ ਮਾਨਸਾ ਦੀ ਜਥੇਬੰਦਕ ਕਾਨਫਰੰਸ 25 ਅਕਤੂਬਰ ਨੂੰ ਸਵੇਰੇ 10 ਸਥਾਨਕ ਤੇਜਾ ਸਿੰਘ ਸੁਤੰਤਰ ਭਵਨ ਵਿਖੇ ਹੋਵੇਗੀ।ਇਸ ਮੌਕੇ ਜ਼ਿਲ੍ਹਾ ਸਕੱਤਰ ਸਾਥੀ ਕ੍ਰਿਸ਼ਨ ਚੌਹਾਨ ਤੇ ਦਲਜੀਤ ਸਿੰਘ ਮਾਨਸ਼ਾਹੀਆ ਚੋਣ ਅਬਜ਼ਰਵਰ ਵਜੋਂ ਦੇਖ-ਰੇਖ ਕਰਨਗੇ।ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਸੀ ਪੀ ਆਈ ਦੀ ਸ਼ਹਿਰੀ ਕਮੇਟੀ ਦੇ ਸਕੱਤਰ ਕਾਮਰੇਡ ਰਤਨ ਭੋਲਾ ਨੇ ਕਿਹਾ ਕਿ ਪਾਰਟੀ ਵਿਧਾਨ ਮੁਤਾਬਕ ਤਿੰਨ ਸਾਲ ਦੇ ਲੇਖੇ ਜੋਖੇ ਦੀ ਰਿਪੋਰਟ ਪੇਸ਼ ਕਰਨ ਉਪਰੰਤ ਨਵੀਂ ਲੀਡਰਸ਼ਿਪ ਦੀ ਚੋਣ ਕੀਤੀ ਜਾਵੇਗੀ।ਕਮਿਊਨਿਸਟ ਆਗੂ ਨੇ ਕਿਹਾ ਕਿ ਕਾਨਫਰੰਸ ਮੌਕੇ ਪਾਰਟੀ ਦੀ ਹੋਈ 25ਵੀਂ ਪਾਰਟੀ ਕਾਂਗਰਸ ਚੰਡੀਗੜ੍ਹ ਉਲੀਕੇ ਪ੍ਰੋਗਰਾਮ ਤੇ ਰਿਪੋਰਟ ਰਾਜਨੀਤਕ ਖਰੜੇ ਬਾਰੇ ਵੀ ਵਿਸਥਾਰਤ ਚਰਚਾ ਕੀਤੀ ਜਾਵੇਗੀ।ਪੰਜਾਬ ਦੀ ਵਰਤਮਾਨ ਰਾਜਨੀਤਕ ਤੇ ਸਮਾਜਿਕ ਸਥਿਤੀ 'ਤੇ ਚਰਚਾ ਕੀਤੀ ਜਾਵੇਗੀ।ਪਾਰਟੀ ਦੀ ਮਜ਼ਬੂਤੀ ਲਈ ਨੀਤੀਗਤ ਪ੍ਰੋਗਰਾਮ ਨੂੰ ਆਮ ਲੋਕਾਂ ਦੀ ਸਮਝ ਦਾ ਹਿੱਸਾ ਬਣਾਉਣ ਲਈ ਵਰਕਰਾਂ ਨੂੰ ਸੁਚੇਤ ਕੀਤਾ ਜਾਵੇਗਾ।ਇਸ ਮੌਕੇ ਸੀ ਪੀ ਆਈ ਆਗੂ ਰਾਜ ਕੁਮਾਰ ਸ਼ਰਮਾ, ਭੂਸ਼ਨ ਸ਼ਰਮਾ, ਏਟਕ ਆਗੂ ਬੂਟਾ ਸਿੰਘ ਬਰਨਾਲਾ, ਸੁਖਦੇਵ ਸਿੰਘ ਮਾਨਸਾ, ਦਰਸ਼ਨ ਸਿੰਘ ਮਾਨਸ਼ਾਹੀਆ ਆਦਿ ਆਗੂ ਹਾਜ਼ਰ ਸਨ।



# ਪਰਾਲੀ ਨੂੰ ਸਮੇਟਣ ਦੇ ਪ੍ਰਬੰਧਨ 'ਚ ਸੂਬਾ ਸਰਕਾਰ ਬੁਰੀ ਤਰ੍ਹਾਂ ਫੇਲ੍ਹ : ਭਾਕਿਯੂ ਏਕਤਾ ਡਕੌਂਦਾ



**ਮਾਨਸਾ (ਅਸ਼ੋਕ ਲਾਕੜਾ)**-ਭਾਰਤੀ ਕਿਸਾਨ ਯੂਨੀਅਨ (ਏਕਤਾ) ਡਕੌਂਦਾ ਵੱਲੋਂ ਜ਼ਿਲ੍ਹਾ ਪ੍ਰਧਾਨ ਲਖਵੀਰ ਸਿੰਘ ਅਕਲੀਆ ਦੀ ਅਗਵਾਈ ਵਿੱਚ ਬੁਢਲਾਡਾ ਬਲਾਕ ਦੇ ਪਿੰਡਾਂ ਗੁਰਨੇ ਖੁਰਦ, ਦਿਆਲਪੁਰਾ ਤੇ ਹਸਨਪੁਰ ਵਿੱਚ ਰੈਲੀ ਕੀਤੀ ਗਈ ਤੇ ਪਰਾਲੀ ਦੇ ਪ੍ਰਬੰਧਨ ਵਿੱਚ ਆ ਰਹੀਆਂ ਮੁਸ਼ਕਲਾਂ ਸੰਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ।ਇਸ ਮੌਕੇ ਬੋਲਦਿਆਂ ਸੂਬਾ ਆਗੂ ਮੱਖਣ ਸਿੰਘ ਭੈਣੀ ਬਾਘਾ ਨੇ ਕਿਹਾ ਕਿ ਪੰਜਾਬ ਸਰਕਾਰ ਭਾਵੇਂ ਪਰਾਲੀ ਨੂੰ ਸਮੇਟਣ ਲਈ ਸੰਦ ਮੁਹੱਈਆ ਕਰਾਉਣ ਦੇ ਦਮਗਜ਼ੇ ਮਾਰ ਰਹੀ ਹੈ, ਪਰ ਜ਼ਿਲ੍ਹੇ ਦੀ ਹਕੀਕਤ ਇਸ ਤੋਂ ਬਿਲਕੁਲ ਉਲਟ ਹੈ।ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ ਤਕਰੀਬਨ ਅੱਧਾ ਰਕਬਾ ਝੋਨੇ ਦੀ ਵਾਢੀ ਹੋ ਚੁੱਕੀ ਹੈ ਤੇ ਖੇਤਾਂ ਵਿੱਚ ਪਰਾਲੀ ਜਿਉਂ ਦੀ ਤਿਉਂ ਹੈ, ਪਰ ਸਰਕਾਰ ਦੁਆਰਾ ਮੁਹੱਈਆ ਕਰਵਾਈ ਮਸ਼ੀਨਰੀ ਆਟੇ ਵਿੱਚ ਲੂਣ ਬਰਾਬਰ ਹੈ।ਜੇਕਰ ਕਿਸੇ ਪਿੰਡ ਵਿੱਚ ਗੱਠਾਂ ਬਣਾਈਆਂ ਜਾ ਰਹੀਆਂ ਹਨ ਤਾਂ ਉਸ ਨੂੰ ਚੁਕਾਈ ਦੇ ਬਦਲੇ ਕਿਸਾਨਾਂ ਤੋਂ ਭਾਰੀ ਰਕਮ ਦੀ ਵਸੂਲੀ ਦੀ ਮੰਗ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਕਣਕ ਦੀ ਬਿਜਾਈ ਦਾ ਸਮਾਂ ਨਜ਼ਦੀਕ ਹੋਣ ਕਾਰਨ ਕਿਸਾਨਾਂ ਵਿੱਚ ਭਾਰੀ ਬੇਚੈਨੀ ਹੈ ਤੇ ਜ਼ਿਲ੍ਹਾ ਪ੍ਰਸ਼ਾਸਨ ਮਸਲੇ ਦੇ ਹੱਲ ਸਬੰਧੀ ਪੂਰੀ ਤਰ੍ਹਾਂ ਮੌਨ ਹੈ।ਉਨ੍ਹਾਂ ਦੱਸਿਆ ਕਿ ਅੱਜ ਪਰਾਲੀ ਦੇ ਸੁਚੱਜੇ ਪ੍ਰਬੰਧਨ ਤੇ ਚੁਕਾਈ ਸਬੰਧੀ ਭਾਕਿਯੂ (ਏਕਤਾ) ਡਕੌਂਦਾ ਦਾ ਜ਼ਿਲ੍ਹਾ ਕਮੇਟੀ ਵਫ਼ਦ ਡਿਪਟੀ ਕਮਿਸ਼ਨਰ ਮਾਨਸਾ ਨੂੰ ਮੰਗ ਪੱਤਰ ਦਿੱਤਾ ਗਿਆ ਤੇ ਮੌਜੂਦਾ ਸਥਿਤੀ ਬਾਰੇ ਜਾਣੂ ਕਰਵਾਇਆ ਗਿਆ।ਉਨ੍ਹਾਂ ਦੱਸਿਆ ਕਿ ਡਿਪਟੀ ਕਮਿਸ਼ਨਰ ਵੱਲੋਂ ਦੱਸਣ ਮੁਤਾਬਕ ਜ਼ਿਲ੍ਹੇ ਭਰ ਵਿੱਚ ਬੇਲਰਾਂ ਦੀ ਗਿਣਤੀ ਰਕਬੇ ਦੀ ਸਮਰੱਥਾ ਅਨੁਸਾਰ ਨਿਗੂਣੀ ਹੈ, ਪਰ ਉਨ੍ਹਾਂ ਬਾਹਰੋਂ ਬੇਲਰ ਮੰਗਵਾ ਕੇ ਇਸ ਮਸਲੇ ਦੇ ਫੌਰੀ ਹੱਲ ਕਰਨ ਦਾ ਭਰੋਸਾ ਦਿੱਤਾ।ਉਨ੍ਹਾਂ ਕਿਹਾ ਕਿ ਜਥੇਬੰਦੀ, ਡਿਪਟੀ ਕਮਿਸ਼ਨਰ ਵੱਲੋਂ ਦਿੱਤੇ ਭਰੋਸੇ ਉੱਤੇ ਪਾਬੰਦ ਹੈ, ਪਰ ਜੇਕਰ ਕਿਸਾਨਾਂ ਦੀ ਪਰਾਲੀ ਦਾ ਪ੍ਰਸ਼ਾਸਨ ਵੱਲੋਂ ਫੌਰੀ ਪ੍ਰਬੰਧ ਨਹੀਂ ਕੀਤਾ ਜਾਂਦਾ ਅਤੇ ਉਲਟਾ ਕਿਸਾਨਾਂ ਉੱਤੇ ਭਾਰੀ ਜੁਰਮਾਨੇ ਤੇ ਗ੍ਰਿਫਤਾਰੀਆਂ ਕੀਤੀਆਂ ਜਾਂਦੀਆਂ ਹਨ ਤਾਂ ਜਥੇਬੰਦੀ ਇਸ ਦਾ ਸਖ਼ਤ ਨੋਟਿਸ ਲੈਂਦਿਆਂ ਇਸ ਦਾ ਡੱਟਵਾਂ ਵਿਰੋਧ ਕਰੇਗੀ।ਇਸ ਮੌਕੇ ਜ਼ਿਲ੍ਹਾ ਸਕੱਤਰ ਤਾਰਾ ਚੰਦ ਬਰੇਟਾ, ਮੀਤ ਪ੍ਰਧਾਨ ਦਰਸ਼ਨ ਸਿੰਘ ਗੁਰਨੇ, ਸੱਤਪਾਲ ਸਿੰਘ ਬਰੇ, ਜਗਜੀਵਨ ਸਿੰਘ ਹਸਨਪੁਰ, ਤੇਜਰਾਮ ਸਿੰਘ ਅਹਿਮਦਪੁਰ, ਮੇਲਾ ਸਿੰਘ ਦਿਆਲਪੁਰਾ, ਬਲਜੀਤ ਸਿੰਘ ਭੈਣੀ ਬਾਘਾ, ਗੁਰਸੇਵਕ ਸਿੰਘ ਖਿਆਲਾ ਸਮੇਤ ਵੱਡੀ ਗਿਣਤੀ ਵਿੱਚ ਕਿਸਾਨ ਮੌਜੂਦ ਰਹੇ।

# ਜੌੜਾਮਾਜਰਾ ਨੇ ਨਗਰ ਕੌਂਸਲ ਨੂੰ ਸੌਂਪੀ ਅਤਿ-ਆਧੁਨਿਕ ਅੱਗ ਬੁਝਾਊ ਗੱਡੀ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**

ਸਮਾਣਾ ਹਲਕੇ ਦੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਸਮਾਣਾ ਸ਼ਹਿਰ ਤੇ ਨੇੜਲੇ ਇਲਾਕਿਆਂ ਵਿੱਚ ਕਿਸੇ ਵੀ ਅੱਗ ਲੱਗਣ ਦੀ ਹੰਗਾਮੀ ਸਥਿਤੀ ਨਾਲ ਨਜਿੱਠਣ ਲਈ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਭੇਜੀ ਗਈ 45 ਲੱਖ ਰੁਪਏ ਦੀ ਨਵੀਂ ਅਤਿਆਧੁਨਿਕ ਅੱਗ ਬੁਝਾਊ ਕਿਊ.ਆਰ.ਵੀ. ਗੱਡੀ ਅੱਜ ਸਮਾਣਾ ਸ਼ਹਿਰ ਵਾਸੀਆਂ ਦੀ ਸੇਵਾ ਲਈ ਸਮਰਪਤ ਕੀਤੀ।

ਵਿਧਾਇਕ ਜੌੜਾਮਾਜਰਾ ਨੇ ਇਸ ਮੌਕੇ ਦੱਸਿਆ ਕਿ ਇਹ ਨਵੀਂ ਅੱਗ ਬੁਝਾਊ ਗੱਡੀ ਕਿਸੇ ਵੀ ਅੱਗ ਲੱਗਣ ਦੀ ਸੂਰਤ 'ਚ ਤੰਗ ਲੇਨ ਵਾਲੇ ਰਿਹਾਇਸ਼ੀ ਖੇਤਰਾਂ, ਭੀੜ-ਭੜੱਕੇ ਵਾਲੇ ਬਾਜ਼ਾਰਾਂ ਸਮੇਤ ਭਾਰੀ ਉਪਕਰਨਾਂ ਦੇ ਆਉਣ ਤੋਂ ਪਹਿਲਾਂ ਸ਼ੁਰੂਆਤੀ ਪੜਾਅ 'ਤੇ ਅੱਗ ਬੁਝਾਉਣ ਸਮੇਤ ਅਜਿਹੀਆਂ ਸਥਿਤੀਆਂ, ਜਿੱਥੇ ਵੱਡੀਆਂ ਗੱਡੀਆਂ ਦੇ ਪਹੁੰਚਣ 'ਚ ਦਿੱਕਤ ਹੁੰਦੀ ਹੈ, ਵਿਖੇ ਵੀ ਅੱਗ ਬੁਝਾਉਣ ਦੀ ਸਮਰੱਥਾ ਰੱਖਦੀ ਹੈ।ਉਨ੍ਹਾਂ ਦੱਸਿਆ ਕਿ ਇਸ ਨਵੀਂ ਗੱਡੀ ਕਿਸੇ ਵੀ ਵੱਡੀ ਬਿਲਡਿੰਗ ਦੇ ਉਪਰ ਚੜ੍ਹਨ ਲਈ ਪੌੜੀ ਸਮੇਤ ਕਟਰ, ਅੱਗ ਬੁਝਾਊ ਕੈਮੀਕਲ ਹੋਰ ਅਤਿ-ਆਧੁਨਿਕ ਸਹੂਲਤਾਂ ਨਾਲ ਪੂਰੀ ਤਰ੍ਹਾਂ ਲੈਸ ਹੈ।

ਚੇਤਨ ਸਿੰਘ ਜੌੜਾਮਾਜਰਾ ਨੇ ਦੱਸਿਆ ਕਿ ਪਿਛਲੀਆਂ ਸਰਕਾਰਾਂ ਨੇ ਕਦੇ ਸਮਾਣਾ ਹਲਕੇ ਵੱਲ ਧਿਆਨ ਹੀ ਨਹੀਂ ਦਿੱਤਾ, ਪ੍ਰੰਤੂ ਇਸ ਆਮ ਆਦਮੀ ਪਾਰਟੀ ਦੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸਮਾਣਾ ਹਲਕੇ ਵੱਲ ਵਿਸ਼ੇਸ਼ ਧਿਆਨ ਦਿੱਤਾ ਹੈ।ਉਨ੍ਹਾਂ ਕਿਹਾ ਕਿ ਜੇਕਰ ਕੋਈ ਵੀ ਅੱਗ ਲੱਗਣ ਦੀ ਬਿਪਤਾ ਆ ਪਵੇ ਤਾਂ ਅਜਿਹੀ ਸੂਰਤ 'ਚ ਇਹ ਨਵੀਂ ਕਿਉ ਆਰ ਵੀ ਅੱਗ ਬੁਝਾਊ ਗੱਡੀ ਬਹੁਤ ਕਾਰਗਰ ਸਾਬਿਤ ਹੋਵੇਗੀ।ਇਸ ਮੌਕੇ ਮਾਰਕੀਟ ਕਮੇਟੀ ਦੇ ਚੇਅਰਮੈਨ ਬਲਕਾਰ ਸਿੰਘ ਗੱਜੂਮਾਜਰਾ, ਗੁਰਦੇਵ ਸਿੰਘ ਟਿਵਾਣਾ, ਨਗਰ ਕੌਂਸਲ ਦੇ ਕਾਰਜ ਸਾਧਕ ਅਫ਼ਸਰ ਅਪਰ ਅਪਾਰ ਸਿੰਘ, ਫਾਇਰ ਅਫ਼ਸਰ ਰਾਜਿੰਦਰ ਸਿੰਘ, ਕੌਂਸਲਰ ਧਰਮਪਾਲ, ਸੰਜੇ ਕੁਮਾਰ, ਰਮੀ ਸ਼ਰਮਾ, ਰਵਿੰਦਰ ਸੋਹਲ, ਰਾਣਾ ਵਿਰਕ, ਸੰਜੇ ਸਿੰਗਲਾ, ਰਾਜੂ ਛਾਬੜਾ, ਵਿਸ਼ਾਲ ਜਿੰਦਲ, ਇੰਚਾਰਜ ਸਰਬਜੀਤ ਸਿੰਘ ਤੇ ਸਮੂਹ ਅਮਲੇ ਸਮੇਤ ਹੋਰ ਪਤਵੰਤੇ ਮੌਜੂਦ ਸਨ।

# ਨਗਰ ਕੌਂਸਲ ਪ੍ਰਧਾਨ ਜਤਿੰਦਰਪਾਲ ਰਾਣਾ ਬਰਖਾਸਤ

**ਜਗਰਾਉਂ (ਅਮਿਤ ਖੰਨਾ)**



ਪੰਜਾਬ ਸਰਕਾਰ ਦੇ ਸਥਾਨਕ ਸਰਕਾਰ ਵਿਭਾਗ ਵੱਲੋਂ ਜਗਰਾਉਂ ਨਗਰ ਕੌਂਸਲ ਦੇ ਪ੍ਰਧਾਨ ਜਤਿੰਦਰਪਾਲ ਰਾਣਾ ਨੂੰ ਸ਼ਕਤੀਆਂ ਦੀ ਦੁਰਵਰਤੋਂ ਤੇ ਭ੍ਰਿਸ਼ਟਾਚਾਰ ਦੇ ਮਾਮਲੇ ਵਿੱਚ ਪੰਜਾਬ ਮਿਊਂਸਪਲ ਐਕਟ 1911 ਦੀ ਧਾਰਾ 22 ਤਹਿਤ ਪ੍ਰਧਾਨਗੀ ਤੋਂ ਬਰਖਾਸਤ ਕਰ ਦਿੱਤਾ ਗਿਆ ਹੈ।ਚਰਨਜੀਤ ਸਿੰਘ ਪੁੱਤਰ ਕਰਮ ਸਿੰਘ ਵਾਸੀ ਸੁਭਾਸ਼ ਗੇਟ ਜਗਰਾਉਂ ਵੱਲੋਂ 22 ਮਈ 2025 ਨੂੰ ਸ਼ਿਕਾਇਤ ਦਰਜ ਕੀਤੀ ਗਈ ਸੀ ਕਿ ਪ੍ਰਧਾਨ ਨਗਰ ਕੌਂਸਲ ਜਗਰਾਉਂ ਆਪਣੇ ਅਧਿਕਾਰਾਂ ਦਾ ਗਲਤ ਇਸਤੇਮਾਲ ਕਰਦੇ ਹੋਏ ਪੁਰਾਣੀ ਦਾਣਾ ਮੰਡੀ ਸਮੇਤ ਨਗਰ ਕੌਂਸਲ ਦੀਆਂ ਹੋਰ ਮਹਿੰਗੀਆਂ ਸਰਕਾਰੀ ਜ਼ਮੀਨਾਂ ਉੱਤੇ ਨਾਜਾਇਜ਼ ਕਬਜ਼ੇ ਕਰਵਾ ਰਿਹਾ ਹੈ।ਸ਼ਿਕਾਇਤ ਮਿਲਣ ਤੋਂ ਬਾਅਦ ਮੁੱਖ ਚੌਕਸੀ ਅਫਸਰ ਸਥਾਨਕ ਸਰਕਾਰ ਨੂੰ ਜਾਂਚ ਦੀ ਜ਼ਿੰਮੇਵਾਰੀ ਸੌਂਪੀ ਗਈ।ਜਾਂਚ ਵਿੱਚ ਪਾਇਆ ਗਿਆ ਕਿ ਅਮਿਤ ਬਾਂਸਲ ਅਤੇ ਸਤੀਸ਼ ਬਾਂਸਲ ਵਾਸੀ ਪੁਰਾਣਾ ਦਾਣਾ ਮੰਡੀ ਜਗਰਾਉਂ ਵੱਲੋਂ ਨਾਜਾਇਜ਼ ਤਰੀਕੇ ਨਾਲ ਦੁਕਾਨਾਂ ਦੀ ਉਸਾਰੀ ਕੀਤੀ ਗਈ ਹੈ।ਮੁੱਖ ਚੌਕਸੀ ਅਫਸਰ ਵੱਲੋਂ 18 ਅਗਸਤ 2025 ਨੂੰ ਕਾਰਜਸਾਧਕ ਅਫਸਰ ਨਗਰ ਕੌਂਸਲ ਜਗਰਾਉਂ ਨੂੰ ਹਦਾਇਤ ਦਿੱਤੀ ਗਈ ਕਿ ਇਨ੍ਹਾਂ ਨਾਜਾਇਜ਼ ਕਬਜ਼ਿਆਂ ਤੇ ਗੈਰ-ਅਧਿਕਾਰਤ ਉਸਾਰੀਆਂ ਨੂੰ ਪੁਲਸ ਸਹਾਇਤਾ ਨਾਲ ਤੁਰੰਤ ਹਟਾਇਆ ਜਾਵੇ।ਸਥਿਤੀ ਦੀ ਗੰਭੀਰਤਾ ਨੂੰ ਦੇਖਦੇ ਹੋਏ ਪੰਜਾਬ ਸਰਕਾਰ ਵੱਲੋਂ 9 ਸਤੰਬਰ 2025 ਨੂੰ ਜਤਿੰਦਰਪਾਲ ਰਾਣਾ ਨੂੰ ਪੰਜਾਬ ਮਿਊਂਸਪਲ ਐਕਟ 1911 ਦੀ ਧਾਰਾ 22 ਤਹਿਤ ਕਾਰਨ ਦੱਸੋ ਨੋਟਿਸ ਜਾਰੀ ਕੀਤਾ ਗਿਆ ਸੀ ਤੇ 21 ਦਿਨਾਂ ਵਿੱਚ ਜਵਾਬ ਮੰਗਿਆ ਗਿਆ ਸੀ।ਪ੍ਰਧਾਨ ਜਤਿੰਦਰਪਾਲ ਰਾਣਾ ਵੱਲੋਂ 27 ਸਤੰਬਰ 2025 ਨੂੰ ਪੇਸ਼ ਕੀਤੇ ਗਏ ਜਵਾਬ ਨੂੰ ਪਰਖਣ ਤੋਂ ਬਾਅਦ ਸਪੱਸ਼ਟ ਨਹੀਂ ਹੋਇਆ ਕਿ ਸ਼ਿਕਾਇਤ ਵਿੱਚ ਦਰਸਾਏ ਗਏ ਦੋਸ਼ਾਂ ਨੂੰ ਦੂਰ ਕਰਨ ਲਈ ਕੋਈ ਠੋਸ ਕਾਰਵਾਈ ਕੀਤੀ ਗਈ ਹੈ।ਕਾਰਜਸਾਧਕ ਅਫਸਰ ਨਗਰ ਕੌਂਸਲ ਜਗਰਾਉਂ ਵੱਲੋਂ 21 ਜੁਲਾਈ 2025 ਨੂੰ ਮੁੱਖ ਚੌਕਸੀ ਅਫਸਰ ਨੂੰ ਸੂਚਿਤ ਕੀਤਾ ਗਿਆ ਕਿ ਮੌਕੇ 'ਤੇ ਅਜੇ ਵੀ ਨਾਜਾਇਜ਼ ਉਸਾਰੀ ਅਤੇ ਕਬਜ਼ਾ ਮੌਜੂਦ ਹੈ।ਅੰਤਿਮ ਫੈਸਲਾਸਬੂਤਾਂ ਅਤੇ ਮੁੱਖ ਚੌਕਸੀ ਅਫਸਰ ਦੀ ਟਿੱਪਣੀ ਦੇ ਅਧਾਰ ਤੇ ਸਪੱਸ਼ਟ ਹੋ ਗਿਆ ਕਿ ਪ੍ਰਧਾਨ ਜਤਿੰਦਰਪਾਲ ਰਾਣਾ ਵੱਲੋਂ ਆਪਣੇ ਅਹੁਦੇ ਦੀ ਸ਼ਕਤੀ ਦਾ ਗਲਤ ਇਸਤੇਮਾਲ ਕੀਤਾ ਗਿਆ ਹੈ। ਉਸਾਰੀਕਾਰਾਂ ਨੂੰ ਸੁਰੱਖਿਆ ਦੇਣਾ, ਨਾਜਾਇਜ਼ ਉਸਾਰੀਆਂ ਸਬੰਧੀ ਕੋਈ ਕਾਰਵਾਈ ਨਾ ਕਰਨਾ ਅਤੇ ਆਪਣੇ ਅਧਿਕਾਰਾਂ ਦੀ ਦੁਰਵਰਤੋਂ ਕਰਨ ਕਾਰਨ ਉਸ ਨੂੰ ਪਦ ਤੋਂ ਹਟਾ ਦਿੱਤਾ ਗਿਆ ਹੈ।ਇਹ ਹੁਕਮ ਵਧੀਕ ਮੁੱਖ ਸਕੱਤਰ ਤੇਜਵੀਰ ਸਿੰਘ ਆਈਏਐਸ, ਪੰਜਾਬ ਸਰਕਾਰ ਸਥਾਨਕ ਸਰਕਾਰ ਵਿਭਾਗ ਦੀ ਪ੍ਰਵਾਨਗੀ ਨਾਲ 23 ਅਕਤੂਬਰ 2025 ਨੂੰ ਜਾਰੀ ਕੀਤੇ ਗਏ ਹਨ।ਇਸ ਨੋਟੀਫਿਕੇਸ਼ਨ ਨੂੰ ਪੰਜਾਬ ਸਰਕਾਰ ਗਜ਼ਟ ਵਿੱਚ ਪ੍ਰਕਾਸ਼ਤ ਕੀਤਾ ਜਾਵੇਗਾ।

# ਸਾਧਾਂ ਵਾਲੇ ਬਸਤੀ 'ਚ ਸਮੱਗਲਰਾਂ ਦਾ ਘਰ ਕੀਤਾ ਢਹਿ ਢੇਰੀ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਪੁਲਸ ਦੇ ਡੀਜੀਪੀ ਵੱਲੋਂ ਮਾੜੇ ਅਨਸਰਾਂ ਖਿਲਾਫ ਚਲਾਈ ਮੁਹਿੰਮ ਤਹਿਤ ਅਜੈ ਗਾਂਧੀ ਐੱਸ.ਐੱਸ.ਪੀ. ਮੋਗਾ ਦੇ ਦਿਸ਼ਾ ਨਿਰਦੇਸ਼ਾਂ ਹੇਠ ਬਾਲ ਕ੍ਰਿਸ਼ਨ ਸਿੰਗਲਾ ਐੱਸ ਪੀ (ਆਈ) ਮੋਗਾ, ਗੁਰਪ੍ਰੀਤ ਸਿੰਘ ਡੀ ਐੱਸ ਪੀ ਸਿਟੀ ਮੋਗਾ ਦੀ ਸੁਪਰਵੀਜ਼ਨ ਹੇਠ ਮੋਗਾ ਪੁਲਸ ਵੱਲੋਂ 24.10.25 ਨੂੰ ਨਸ਼ਾ ਤਸਕਰਾਂ ਦੇ ਨਜਾਇਜ਼ ਬਣਾਏ ਗਏ ਘਰ ਢਾਹੇ ਗਏ।ਦੋਸ਼ੀ ਅਰੁਣ, ਰਾਹੁਲ ਪੁੱਤਰ ਨਛੱਤਰ ਉਰਫ ਮਰਦ ਵਾਸੀ ਲਾਲ ਸਿੰਘ ਰੋਡ ਮੋਗਾ, ਜੋ ਕਿ ਨਸ਼ੇ ਦਾ ਕਾਰੋਬਾਰ ਕਰਨ ਦੇ ਆਦੀ ਹਨ।ਉਕਤ ਦੋਸ਼ੀਆਂ ਖਿਲਾਫ ਕਈ ਅਪਰਾਧਿਕ ਤੇ ਨਸ਼ੇ ਦੇ ਕਾਰੋਬਾਰ ਸਬੰਧੀ ਮੁਕੱਦਮੇ ਦਰਜ ਕੀਤੇ ਹਨ। ਉਕਤ ਦੋਸ਼ੀਆਂ ਦੇ ਆਂਢ ਗੁਆਂਢ ਤੋਂ ਅਤੇ ਖੁਫੀਆ ਸੋਰਸਾਂ ਰਾਹੀਂ ਪਤਾ ਕੀਤਾ ਗਿਆ ਹੈ ਕਿ ਇਹ ਕੋਈ ਵੀ ਕੰਮ ਕਾਰ ਨਹੀਂ ਕਰਦੇ ਹਨ, ਪ੍ਰੰਤੂ ਫਿਰ ਵੀ ਇਨ੍ਹਾਂ ਵੱਲੋਂ ਗਲੀ ਨੰਬਰ 11 ਸਾਧਾਂ ਵਾਲੀ ਬਸਤੀ ਮੋਗਾ ਵਿੱਚ ਲਾਲ ਲਕੀਰ ਵਾਲੀ ਜਗ੍ਹਾ 'ਤੇ ਕਰੀਬ 6 ਮਰਲਿਆਂ ਵਿੱਚ ਬਿਨਾਂ ਕਿਸੇ ਮਨਜ਼ੂਰੀ ਤੋਂ ਨਜਾਇਜ਼ ਉਸਾਰੀ ਕਰਕੇ ਆਪਣਾ ਵਧੀਆ ਘਰ ਬਣਾਇਆ ਗਿਆ ਹੈ ਅਤੇ ਚੰਗਾ ਗੁਜ਼ਰ ਬਸਰ ਕਰ ਰਹੇ ਹਨ।ਇਨ੍ਹਾਂ ਦਾ ਸਮਾਜ 'ਤੇ ਮਾੜਾ ਪ੍ਰਭਾਵ ਪੈ ਰਿਹਾ ਹੈ।ਇਸ ਦੌਰਾਨ ਮੋਗਾ ਪੁਲਸ ਵੱਲੋਂ ਪੂਰਾ ਸੁਰੱਖਿਆ ਪ੍ਰਬੰਧ ਕੀਤਾ ਗਿਆ ਤੇ ਆਪ੍ਰੇਸ਼ਨ ਵਿੱਚ ਸੰਪੂਰਨ ਸਹਿਯੋਗ ਦਿੱਤਾ ਗਿਆ।ਇਸ ਕਾਰਵਾਈ ਵਿੱਚ ਉਹਨਾਂ ਵਿਅਕਤੀਆਂ ਦੀਆਂ ਜਾਇਦਾਦਾਂ ਨਿਸ਼ਾਨਾ ਬਣਾਈਆਂ ਗਈਆਂ, ਜੋ ਲੰਮੇ ਸਮੇਂ ਤੋਂ ਨਸ਼ਿਆਂ ਦੇ ਗੰਭੀਰ ਕਾਰੋਬਾਰ ਵਿੱਚ ਸ਼ਾਮਲ ਸਨ ਤੇ ਜਿਨ੍ਹਾਂ ਖ਼ਿਲਾਫ਼ ਕਈ ਕੇਸ ਦਰਜ ਹਨ।ਇਹ ਸੰਪਤੀਆਂ ਨਸ਼ਿਆਂ ਤੋਂ ਪ੍ਰਾਪਤ ਕੀਤੀ ਗਈ ਕਾਲੀ ਦੌਲਤ ਨਾਲ ਬਣਾਈਆਂ ਗਈਆਂ ਸਨ।ਇਹ ਕਾਰਵਾਈ ਨਾ ਸਿਰਫ਼ ਨਸ਼ਾ ਤਸਕਰਾਂ ਲਈ ਇੱਕ ਸਖ਼ਤ ਚੇਤਾਵਨੀ ਹੈ ਕਿ ਅਪਰਾਧੀ ਕਾਰੋਬਾਰ ਕਦੇ ਵੀ ਸੁਰੱਖਿਅਤ ਨਹੀਂ ਰਹੇਗਾ, ਬਲਕਿ ਆਮ ਜਨਤਾ ਲਈ ਵੀ ਇੱਕ ਨਵੀਂ ਉਮੀਦ ਦੀ ਚਮਕ ਹੈ।ਇਸ ਤੋਂ ਇਲਾਵਾ, ਇਹ ਮਿਸ਼ਨ ਲੋਕਾਂ ਨੂੰ ਪ੍ਰੇਰਿਤ ਕਰਦਾ ਹੈ ਕਿ ਉਹ ਆਪਣੇ ਵਾਤਾਵਰਨ ਤੇ ਕਮਿਊਨਿਟੀ ਵਿੱਚ ਨਸ਼ਿਆਂ ਨੂੰ ਰੋਕਣ ਤੇ ਨਸ਼ਾ-ਮੁਕਤ ਸਮਾਜ ਬਣਾਉਣ ਵਿੱਚ ਪੂਰਾ ਸਹਿਯੋਗ ਦੇਣ।ਮੋਗਾ ਪੁਲਸ ਦੀ ਇਹ ਕਾਰਵਾਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਤਹਿਤ ਜ਼ਿਲ੍ਹੇ ਦੇ ਨਾਗਰਿਕਾਂ ਨੂੰ ਇਹ ਸਿਦਕ ਦਿਖਾਉਂਦੀ ਹੈ ਕਿ ਨਸ਼ਿਆਂ ਦੇ ਕਾਰੋਬਾਰ ਤੇ ਮਾੜੇ ਅਨਸਰਾਂ ਖ਼ਿਲਾਫ਼ ਸਖ਼ਤ ਕਦਮ ਲਏ ਜਾ ਰਹੇ ਹਨ।ਇਸ ਤਰ੍ਹਾਂ ਦੇ ਕਾਰਵਾਈਆਂ ਨਾਲ, ਸੁਰੱਖਿਅਤ, ਨਸ਼ਾ-ਮੁਕਤ ਅਤੇ ਭਵਿੱਖ-ਉਮੀਦ ਵਾਲਾ ਪੰਜਾਬ ਬਣਾਉਣ ਦੀ ਯੋਜਨਾ ਨੂੰ ਅੱਗੇ ਵਧਾਇਆ ਜਾ ਰਿਹਾ ਹੈ।

# ਅੰਤਰਰਾਸ਼ਟਰੀ ਬਜ਼ੁਰਗ ਦਿਵਸ ਮੌਕੇ ਸੀ ਐੱਚ ਸੀ ਵਿਖੇ ਸਿਹਤ ਜਾਂਚ ਕੈਂਪ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਸਿਵਲ ਸਰਜਨ ਬਰਨਾਲਾ ਡਾ. ਬਲਜੀਤ ਸਿੰਘ ਤੇ ਐੱਸ ਐੱਮ ਓ ਮਹਿਲ ਕਲਾਂ ਡਾ: ਗੁਰਤੇਜਿੰਦਰ ਕੌਰ ਦੀ ਅਗਵਾਈ ਹੇਠ ਬਜ਼ੁਰਗਾਂ ਦੀ ਚੰਗੀ ਸਿਹਤ ਲਈ ਵਚਨਬੱਧ ਸਿਹਤ ਵਿਭਾਗ ਮਹਿਲ ਕਲਾਂ ਵੱਲੋਂ ਅੰਤਰਰਾਸ਼ਟਰੀ ਬਜ਼ੁਰਗਾਂ ਸੰਬੰਧੀ ਦਿਵਸ ਅਧੀਨ ਚੱਲ ਰਹੀ ਮੁਹਿੰਮ ਦੌਰਾਨ ਵੱਖ ਵੱਖ ਗਤਿਵਿਧਿਆਂ ਕਰਵਾਈਆਂ ਜਾ ਰਹੀਆਂ ਹਨ।ਇਸੇ ਲੜੀ ਤਹਿਤ ਸੀ ਐੱਚ ਸੀ ਮਹਿਲ ਕਲਾਂ ਵਿਖੇ ਬਜ਼ੁਰਗਾਂ ਦੇ ਦੰਦਾਂ ਦੀ ਦੇਖਭਾਲ ਸੰਬੰਧੀ ਚੈੱਕਅਪ ਕੈਂਪ ਲਗਾਇਆ ਗਿਆ।ਇਸ ਮੌਕੇ ਦੰਦਾਂ ਦੇ ਮਾਹਰ ਡਾ. ਅਮ੍ਰਿਤਪਾਲ ਕੌਰ ਵੱਲੋਂ ਬਜ਼ੁਰਗਾਂ ਨੂੰ ਦੰਦਾਂ ਦੀ ਦੇਖਭਾਲ ਤੇ ਨਕਲੀ ਦੰਦਾਂ ਦੀ ਸੰਭਾਲ ਸੰਬੰਧੀ ਜ਼ਰੂਰੀ ਹਦਾਇਤਾਂ ਦਿੱਤੀਆਂ ਗਈਆਂ ਅਤੇ ਸਮੇਂ ਸਮੇਂ 'ਤੇ ਦੰਦਾਂ ਦਾ ਚੈੱਕਅਪ ਕਰਵਾਉਣ ਲਈ ਕਿਹਾ ਗਿਆ।ਇਸ ਮੌਕੇ ਡਾ. ਗੁਰਤੇਜਿੰਦਰ ਕੌਰ ਨੇ ਦੱਸਿਆ ਕਿ ਸਿਹਤ ਬਲਾਕ ਮਹਿਲ ਕਲਾਂ ਅਧੀਨ ਸਮੂਹ ਸਿਹਤ ਸੰਸਥਾਵਾਂ 'ਚ ਬਜ਼ੁਰਗਾਂ ਦਾ ਬਲੱਡ ਪ੍ਰੈਸ਼ਰ, ਸ਼ੂਗਰ ਤੇ ਹੋਰ ਬਿਮਾਰੀਆਂ ਦਾ ਚੈੱਕਅਪ ਕਰਕੇ ਮੁਫ਼ਤ ਟੈਸਟ ਤੇ ਇਲਾਜ ਕੀਤਾ ਜਾਂਦਾ ਹੈ।ਉਨ੍ਹਾਂ ਕਿਹਾ ਕਿ 31 ਅਕਤੂਬਰ ਤੱਕ ਅੰਤਰਰਾਸ਼ਟਰੀ ਬਿਰਧ ਦਿਵਸ ਸੰਬੰਧੀ ਚੈੱਕਅਪ ਕੈਂਪ ਤੇ ਜਾਗਰੂਕਤਾ ਪ੍ਰੋਗਰਾਮ ਕਰਵਾ ਕੇ ਲੋਕਾਂ ਨੂੰ ਸਿਹਤ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਲੈਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ।ਇਸ ਮੌਕੇ ਬੀ ਈ ਈ ਸ਼ਿਵਾਨੀ ਨੇ ਕਿਹਾ ਕਿ ਬਜ਼ੁਰਗਾਂ ਨੂੰ ਆਪਣੀ ਸਿਹਤ ਦਾ ਧਿਆਨ ਰੱਖਣਾ ਚਾਹੀਦਾ ਹੈ, ਸਮੇਂ-ਸਮੇਂ ਬਲੱਡ ਪ੍ਰੈਸ਼ਰ ਤੇ ਸ਼ੂਗਰ ਚੈੱਕ ਕਰਵਾਉਣਾ ਚਾਹੀਦਾ ਹੈ। ਨਮਕ, ਚੀਨੀ ਤੇ ਤਲੀਆਂ ਮਸਾਲੇਦਾਰ ਖਾਣ ਵਾਲੇ ਪਦਾਰਥਾਂ ਦਾ ਸੇਵਨ ਨਹੀਂ ਕਰਨਾ ਚਾਹੀਦਾ।ਡਾਕਟਰਾਂ ਦੀ ਸਲਾਹ ਅਨੁਸਾਰ ਦਵਾਈਆਂ ਦਾ ਸੇਵਨ ਕਰਨਾ ਚਾਹੀਦਾ ਹੈ।ਮੌਸਮ ਅਨੁਸਾਰ ਫ਼ਲ ਸਬਜ਼ੀਆਂ ਦਾ ਇਸਤੇਮਾਲ ਕਰਨਾ ਚਾਹੀਦਾ ਹੈ ਤੇ ਰੋਜ਼ਾਨਾ ਸੈਰ ਕਰਨੀ ਚਾਹੀਦੀ ਹੈ।

# ਬਾਬਾ ਵਿਸ਼ਵਕਰਮਾ ਜੀ ਦਾ ਜਨਮ ਦਿਹਾੜਾ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ



**ਜਗਰਾਉਂ (ਅਮਿਤ ਖੰਨਾ)**-ਬਿਲਡਿੰਗ ਠੇਕੇਦਾਰ ਐਸੋਸੀਏਸ਼ਨ ਰਜਿ. 133 ਵੱਲੋਂ ਬਾਬਾ ਵਿਸ਼ਵਕਰਮਾ ਜੀ ਦਾ ਜਨਮ ਦਿਹਾੜਾ ਗੁਰਦੁਆਰਾ ਰਾਮਗੜ੍ਹੀਆ ਸਾਹਿਬ ਨੇੜੇ ਮਿਉਂਸਪਲ ਕਮੇਟੀ ਜਗਰਾਉਂ ਵਿਖੇ ਗੁਰਦੁਆਰਾ ਰਾਮਗੜ੍ਹੀਆ ਪ੍ਰਬੰਧਕ ਕਮੇਟੀ ਤੇ ਵਿਸ਼ਵਕਰਮਾ ਵੈੱਲਫੇਅਰ ਸਰਬ ਸਾਂਝੀ ਸੁਸਾਇਟੀ ਦੇ ਸਹਿਯੋਗ ਨਾਲ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਗਿਆ, ਜਿਸ ਵਿੱਚ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਉਸ ਤੋਂ ਬਾਅਦ ਪੰਡਿਤ ਬਲਵੰਤ ਰਾਏ ਹਰਦੁਆਰ ਵੱਲੋਂ ਹਵਨ ਕਰਵਾਇਆ ਗਿਆ। ਕੀਰਤਨੀ ਜਥਾ ਭਾਈ ਹਰਮੰਦਰ ਸਿੰਘ ਬੁੱਟਰ ਵਾਲੇ ਨੇ ਆਪਣੇ ਜਥੇ ਸਮੇਤ ਕੀਰਤਨ ਸੁਣਾ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਪਹੁੰਚੀਆਂ ਮੁੱਖ ਸ਼ਖ਼ਸੀਅਤਾਂ ਵਿਸ਼ਵਕਰਮਾ ਵੈੱਲਫੇਅਰ ਸਰਬ ਸਾਂਝੀ ਸੁਸਾਇਟੀ, ਦੁਸਹਿਰਾ ਕਮੇਟੀ, ਸ਼ਿਵ ਸ਼ੰਕਰ ਕਮੇਟੀ, ਪ੍ਰਧਾਨ ਆੜ੍ਹਤੀ ਐਸੋਸੀਏਸ਼ਨ ਬਾਂਕੇ ਲਾਲ ਗੁਪਤਾ ਸਕੂਟਰ ਐਸੋਸੀਏਸ਼ਨ, ਹਨੂਮਾਨ ਸੇਵਾ ਸਮਤੀ, ਮੌਰਨਿੰਗ ਵਾਕ ਕਲੱਬ, ਅਗਰਸੈਨ ਕਮੇਟੀ, ਵਿਸ਼ਕਰਮਾ ਮੰਦਿਰ ਅਗਵਾੜ ਲੋਪੋ ਡੱਲਾ, ਆਮ ਆਦਮੀ ਪਾਰਟੀ ਤੋਂ ਵਿਧਾਇਕਾ ਸਰਵਜੀਤ ਕੌਰ ਮਾਣੂਕੇ, ਬੀ ਜੇ ਪੀ ਤੋਂ ਜ਼ਿਲ੍ਹਾ ਪ੍ਰਧਾਨ ਡਾਕਟਰ ਰਾਜਿੰਦਰ ਸ਼ਰਮਾ ਸ਼੍ਰੋਮਣੀ ਅਕਾਲੀ ਦਲ, ਐੱਸ ਆਰ ਕਲੇਰ ਆਪਣੇ ਸਾਥੀਆਂ ਸਮੇਤ ਪਹੁੰਚੇ। ਇਸ ਮੌਕੇ ਬਿਲਡਿੰਗ ਠੇਕੇਦਾਰ ਐਸੋਸੀਏਸ਼ਨ ਦੇ ਪ੍ਰਧਾਨ ਜਿੰਦਰਪਾਲ ਧੀਮਾਨ, ਧੀਮਾਨ ਪ੍ਰੈੱਸ ਸਕੱਤਰ ਹਰਨੇਕ ਸਿੰਘ ਸੋਹੀ ਨੇ ਕਿਹਾ ਕਿ ਇਹ ਬੂਟਾ ਸਵਰਗੀ ਸ੍ਰ. ਮਹਿੰਦਰ ਸਿੰਘ ਸੋਹੀ ਤੇ ਸ੍ਰ. ਕਰਮ ਸਿੰਘ ਜਗਦੇ ਪ੍ਰਧਾਨ ਗੁਰਦੁਆਰਾ ਰਾਮਗੜ੍ਹੀਆ ਸਾਹਿਬ ਦੇ ਅਸ਼ੀਰਵਾਦ ਸਦਕਾ ਅਸੀਂ ਇਹ ਦਿਨ ਪਿਛਲੇ ਕਈ ਸਾਲਾਂ ਤੋਂ ਮਨਾ ਰਹੇ ਹਾਂ, ਕਿਉਂਕਿ ਸਾਨੂੰ ਆਪਣੇ ਗੁਰੂਆਂ ਦਾ ਦਿਨ ਕਦੇ ਵੀ ਨਹੀਂ ਭੁੱਲਣਾ ਚਾਹੀਦਾ। ਇਸ ਮੌਕੇ ਠੇਕੇਦਾਰ ਕਸ਼ਮੀਰੀ ਲਾਲ, ਠੇਕੇਦਾਰ ਗੁਰਮੇਲ ਸਿੰਘ ਢੁੱਡੀਕੇ, ਪ੍ਰਿਤਪਾਲ ਸਿੰਘ ਮਣਕੂ, ਕਰਮ ਸਿੰਘ ਜਗਦੇ, ਪ੍ਰਧਾਨ ਜਿੰਦਰਪਾਲ ਸਿੰਘ ਧੀਮਾਨ, ਜਨਰਲ ਸਕੱਤਰ ਠੇਕੇਦਾਰ ਅਮਰਜੀਤ ਸਿੰਘ ਘਟੌੜੇ, ਸੀਨੀਅਰ ਮੀਤ ਪ੍ਰਧਾਨ ਠੇਕੇਦਾਰ ਮੰਗਲ ਸਿੰਘ ਸਿੱਧੂ, ਮੀਤ ਪ੍ਰਧਾਨ ਠੇਕੇਦਾਰ ਬਹਾਦਰ ਸਿੰਘ ਕਮਾਲਪੁਰਾ, ਪ੍ਰੈੱਸ ਸਕੱਤਰ ਠੇਕੇਦਾਰ ਹਰਨੇਕ ਸਿੰਘ ਸੋਹੀ, ਜਸਪਾਲ ਸਿੰਘ ਕਲਿਆਣ, ਜਗਰੂਪ ਸਿੰਘ ਗੈਦੂ, ਜਗਦੀਸ਼ ਸਿੰਘ ਦੀਸ਼ਾ, ਮਨਦੀਪ ਸਿੰਘ ਮਨੀ, ਪ੍ਰੀਤਮ ਸਿੰਘ ਜੰਡੂ, ਤਰਲੋਚਨ ਸਿੰਘ ਸੀਹਰਾ, ਸੁਖਪਾਲ ਸਿੰਘ ਖਹਿਰਾ, ਸੁਦਾਗਰ ਸਿੰਘ ਕਲਸੀ, ਸੁਰਿੰਦਰ ਸਿੰਘ ਮਠਾੜੂ, ਸੁਖਦੇਵ ਸਿੰਘ ਘਟੋੜੇ, ਨਿਰਮਲ ਸਿੰਘ ਨਿੰਮਾ, ਪੱਪੂ ਯਾਦਵ, ਪਰਗਟ ਸਿੰਘ, ਭੀਮ ਸਿੰਘ, ਜਗਤਾਰ ਸਿੰਘ ਬੱਲੀ, ਬਲਜੀਤ ਸਿੰਘ, ਸੁਖਵਿੰਦਰ ਸਿੰਘ ਸੀਹਰਾ, ਸਤਪਾਲ ਸਿੰਘ ਮਲਕ, ਦਲਵਾਰਾ ਸਿੰਘ, ਰਾਜਵਿੰਦਰ ਸਿੰਘ, ਉਮੇਸ਼ ਛਾਬੜਾ, ਜਸਵਿੰਦਰ ਸਿੰਘ ਲੱਖਾ, ਡਾ. ਨਰਿੰਦਰ ਸਿੰਘ ਬੀ ਕੇ ਗੈਸ ਵਾਲੇ, ਪਿਆਰੇ ਲਾਲ, ਕੁਲਦੀਪ ਸਿੰਘ ਸਹੋਤਾ, ਸਰਪੰਚ ਬਿੰਦਰ ਮਨੀਲਾ, ਕਾਕਾ ਗਰੇਵਾਲ, ਵਰਿੰਦਰ ਕਲੇਰ, ਸੰਤੋਸ਼ ਕੁਮਾਰ, ਗੁਰਦੁਆਰਾ ਕਮੇਟੀ ਦੇ ਸਮੂਹ ਮੈਂਬਰ ਆਦਿ ਹਾਜ਼ਰ ਸਨ।

# ਪੀ ਜੀ ਆਈ 'ਚ ਛਾਤੀ ਕੈਂਸਰ ਜਾਗਰੂਕਤਾ ਦਿਵਸ ਮਨਾਇਆ



**ਸਮਰਾਲਾ (ਸੁਰਜੀਤ ਸਿੰਘ)**

ਪੀਜੀਆਈ ਚੰਡੀਗੜ੍ਹ ਵਿੱਚ ਨੈਸ਼ਨਲ ਇੰਸਟੀਚਿਊਟ ਆਫ ਨਰਸਿੰਗ ਐਜੂਕੇਸ਼ਨ (ਨਾਇਨ) ਵੱਲੋਂ ਛਾਤੀ ਦੇ ਕੈਂਸਰ ਸੰਬੰਧੀ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਸਮਾਰੋਹ ਦਾ ਉਦਘਾਟਨ ਜਨਰਲ ਸਰਜਰੀ ਵਿਭਾਗ ਦੀ ਪ੍ਰੋ. ਦਿਵਿਆ ਦਾਹੀਆ ਵੱਲੋਂ ਕੀਤਾ ਗਿਆ। ਉਨ੍ਹਾਂ ਸ਼ੁਰੂਆਤੀ ਪਛਾਣ ਤੇ ਮਹੀਨਾਵਾਰ ਸਕ੍ਰੀਨਿੰਗ ਦੀ ਲੋੜ 'ਤੇ ਜ਼ੋਰ ਦਿੱਤਾ।ਉਨ੍ਹਾਂ ਕਿਹਾ ਕਿ ਛਾਤੀ ਕੈਂਸਰ ਦੇ ਇਲਾਜ ਵਿੱਚ ਸਰਜਰੀ ਦੀ ਅਹਿਮ ਭੂਮਿਕਾ ਹੁੰਦੀ ਹੈ, ਜੋ ਰੇਡੀਓਥੈਰਪੀ ਤੇ ਕੀਮੋਥੈਰਪੀ ਨਾਲ ਮਿਲ ਕੇ ਕੀਤੀ ਜਾਂਦੀ ਹੈ।ਡਾ. ਸੁਖਪਾਲ ਕੌਰ, ਪ੍ਰਿੰਸੀਪਲ 'ਨਾਇਨ' ਨੇ ਕਿਹਾ ਕਿ ਫਲਾਂ, ਸਬਜ਼ੀਆਂ, ਅਨਾਜ ਤੇ ਪ੍ਰੋਟੀਨ ਨਾਲ ਭਰਪੂਰ ਸੰਤੁਲਿਤ ਖ਼ੁਰਾਕ ਛਾਤੀ ਕੈਂਸਰ ਦੇ ਖਤਰੇ ਨੂੰ ਘਟਾਉਣ ਵਿੱਚ ਮਹੱਤਵਪੂਰਨ ਹੈ।ਜੰਕ ਫੂਡ, ਲਾਲ ਮਾਸ ਤੇ ਸ਼ੱਕਰ ਵਾਲੀਆਂ ਵਸਤਾਂ ਦੀ ਵਰਤੋਂ ਘਟਾਉਣਾ ਵੀ ਉਨਾ ਹੀ ਜ਼ਰੂਰੀ ਹੈ, ਕਿਉਂਕਿ ਇਹ ਕੈਂਸਰ ਦੇ ਖਤਰੇ ਨਾਲ ਜੁੜੀਆਂ ਹੋਈਆਂ ਹਨ।ਨਿਯਮਿਤ ਕਸਰਤ ਕੈਂਸਰ ਤੋਂ ਬਚਾਅ ਦੀ ਮੁੱਢਲੀ ਕੁੰਜੀ ਹੈ।ਭਾਰਤ ਵਿੱਚ ਤੇਜ਼ ਤੁਰਨਾ ਤੇ ਯੋਗ ਵਰਗੀਆਂ ਗਤੀਵਿਧੀਆਂ ਰੋਜ਼ਾਨਾ ਜੀਵਨ ਵਿੱਚ ਆਸਾਨੀ ਨਾਲ ਸ਼ਾਮਲ ਕੀਤੀਆਂ ਜਾ ਸਕਦੀਆਂ ਹਨ ਅਤੇ ਇਹ ਸਿਹਤਮੰਦ ਵਜ਼ਨ ਬਣਾਈ ਰੱਖਣ ਵਿੱਚ ਮਦਦਗਾਰ ਹਨ, ਜੋ ਛਾਤੀ ਕੈਂਸਰ ਦੇ ਖਤਰੇ ਨੂੰ ਘਟਾਉਣ ਲਈ ਬਹੁਤ ਜ਼ਰੂਰੀ ਹੈ। ਇਸ ਮੌਕੇ 'ਛਾਤੀ ਕੈਂਸਰ : ਖਤਰਾ, ਰੋਕਥਾਮ, ਇਲਾਜ ਤੇ ਸੁਧਾਰ' ਵਿਸ਼ੇ 'ਤੇ ਪੈਨਲ ਚਰਚਾ ਕੀਤੀ ਗਈ। ਇਸ ਪੈਨਲ ਵਿੱਚ ਪ੍ਰਸਿੱਧ ਵਿਦਵਾਨਾਂ ਡਾ. ਦਿਵਿਆ ਦਾਹੀਆ ਬ੍ਰੈਸਟ ਕੈਂਸਰ ਯੂਨਿਟ, ਵਿਭਾਗ ਜਨਰਲ ਸਰਜਰੀ, ਡਾ. ਸੁਖਪਾਲ ਕੌਰ ਪ੍ਰਿੰਸੀਪਲ 'ਨਾਇਨ', ਡਾ. ਸੁਨੀਤਾ ਸ਼ਰਮਾ, ਡਾ. ਸੁਸ਼ਮਾ ਸੈਣੀ ਤੇ ਡਾ. ਮਨਿੰਦਰਦੀਪ ਕੌਰ ਨੇ ਹਿੱਸਾ ਲਿਆ ਅਤੇ ਛਾਤੀ ਕੈਂਸਰ ਦੇ ਵੱਖ-ਵੱਖ ਪੱਖਾਂ, ਜਿਨ੍ਹਾਂ ਵਿੱਚ ਸ਼ੁਰੂਆਤੀ ਪਛਾਣ, ਨਿਦਾਨ, ਇਲਾਜ ਦੇ ਤਰੀਕੇ ਤੇ ਇਲਾਜ ਤੋਂ ਬਾਅਦ ਦੀ ਦੇਖਭਾਲ ਬਾਰੇ ਆਪਣੇ ਮਹੱਤਵਪੂਰਨ ਵਿਚਾਰ ਸਾਂਝੇ ਕੀਤੇ।ਇਸ ਚਰਚਾ ਦਾ ਸੰਚਾਲਨ ਡਾ. ਮੀਨਾਕਸ਼ੀ ਅਗਨੀਹੋਤਰੀ ਨੇ ਕੀਤਾ, ਜਿਨ੍ਹਾਂ ਨੇ ਪੂਰੇ ਸੈਸ਼ਨ ਨੂੰ ਸੁਚਾਰੂ ਢੰਗ ਨਾਲ ਚਲਾਇਆ ਤੇ ਵਿਗਿਆਨਕ ਅਧਾਰਤ ਸਿਫ਼ਾਰਸ਼ਾਂ ਨਾਲ ਚਰਚਾ ਨੂੰ ਦਿਲਚਸਪ ਬਣਾਇਆ।ਇਸ ਸਮਾਰੋਹ ਨੂੰ ਡਾ. ਮਨਿਸ਼ਾ ਨਾਗੀ ਤੇ ਸ਼ਬਾਨਾ ਵੱਲੋਂ ਮਿਲੀ ਪ੍ਰੇਰਨਾ ਤੇ ਸਹਿਯੋਗ ਨਾਲ ਸਫ਼ਲਤਾਪੂਰਵਕ ਆਯੋਜਿਤ ਕੀਤਾ ਗਿਆ।ਪ੍ਰੋਗਰਾਮ ਦਾ ਉਦੇਸ਼ ਨਰਸਿੰਗ ਵਿਦਿਆਰਥੀਆਂ ਤੇ ਅਧਿਆਪਕਾਂ ਵਿੱਚ ਛਾਤੀ ਕੈਂਸਰ ਦੀ ਰੋਕਥਾਮ, ਸਮੇਂ ਸਿਰ ਸਕ੍ਰੀਨਿੰਗ ਤੇ ਮਰੀਜ਼ਾਂ ਦੀ ਸੰਪੂਰਨ ਦੇਖਭਾਲ ਬਾਰੇ ਜਾਗਰੂਕਤਾ ਵਧਾਉਣਾ ਸੀ।ਪ੍ਰੋਗਰਾਮ ਦਾ ਸਮਾਪਨ ਪ੍ਰਸ਼ਨੋਤਰੀ ਸੈਸ਼ਨ ਨਾਲ ਕੀਤਾ ਗਿਆ, ਜਿਸ ਦੌਰਾਨ ਸਿਹਤ ਪੇਸ਼ੇਵਰਾਨਾ ਵੱਲੋਂ ਮਰੀਜ਼-ਕੇਂਦ੍ਰਿਤ ਦੇਖਭਾਲ ਤੇ ਓਂਕੋਲੋਜੀ ਨਰਸਿੰਗ ਵਿੱਚ ਨਿਰੰਤਰ ਸਿੱਖਿਆ ਪ੍ਰਤੀ ਸਮਰਪਣ ਨੂੰ ਰੋਸ਼ਨ ਕੀਤਾ ਗਿਆ।

# ਕੈਬਨਿਟ ਮੰਤਰੀ ਨੇ ਨਵੇਂ ਮੁਹੱਲਾ ਕਲੀਨਿਕ ਦੀ ਕਰਵਾਈ ਸ਼ੁਰੂਆਤ



**ਮਲੋਟ/ਮੁਕਤਸਰ/ਗਿੱਦੜਬਾਹਾ (ਸ਼ਮਿੰਦਰ ਪਾਲ/ਓਮ ਪ੍ਰਕਾਸ਼ ਸੇਖੂ/ਪੂਜਾ/ਜਸਵੰਤ ਗਿੱਲ)** : ਕੈਬਨਿਟ ਮੰਤਰੀ ਡਾਕਟਰ ਬਲਜੀਤ ਕੌਰ ਨੇ ਮਲੋਟ ਦੇ ਵਾਰਡ ਨੰਬਰ 14 ਵਿੱਚ ਕਰੀਬ 38 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਹੋਣ ਵਾਲੇ ਨਵੇਂ ਮੁਹੱਲਾ ਕਲੀਨਿਕ ਦੇ ਕੰਮ ਦੀ ਸ਼ੁਰੂਆਤ ਟੱਕ ਲਗਾ ਕੇ ਕੀਤੀ।ਇਸ ਮੌਕੇ ਉਨ੍ਹਾਂ ਕਿਹਾ ਕਿ ਇਸ ਕਲੀਨਿਕ ਦੇ ਬਣਨ ਨਾਲ ਸ਼ਹਿਰ ਵਾਸੀਆਂ ਨੂੰ ਹੋਰ ਬਿਹਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਆਪਣੇ ਵੱਲੋਂ ਕੀਤੇ ਗਏ ਵਾਅਦਿਆਂ ਮੁਤਾਬਕ ਲੋਕਾਂ ਨੂੰ ਹੋਰ ਬਿਹਤਰ ਤੇ ਘਰ ਦੇ ਕੋਲ ਮਿਆਰੀ ਸਿਹਤ ਸਹੂਲਤਾਂ ਦੇਣ ਲਈ ਯਤਨਸ਼ੀਲ ਹੈ।ਪੰਜਾਬ ਵਿੱਚ ਮੁਹੱਲਾ ਕਲੀਨਿਕਾਂ ਵਿੱਚ ਲਗਾਤਾਰ ਵਾਧਾ ਕੀਤਾ ਜਾ ਰਿਹਾ ਹੈ ਤੇ ਇਹ ਕਲੀਨਕ ਕਰੀਬ ਤਿੰਨ ਮਹੀਨੇ ਵਿੱਚ ਬਣ ਕੇ ਤਿਆਰ ਹੋ ਜਾਵੇਗਾ ਤੇ ਸ਼ਹਿਰ ਵਾਸੀਆਂ ਨੂੰ ਸਿਹਤ ਸਹੂਲਤਾਂ ਲਈ ਸ਼ਹਿਰ ਵਾਸੀਆਂ ਨੂੰ ਅਰਪਨ ਕੀਤਾ ਜਾਵੇਗਾ।ਇਸ ਮੌਕੇ ਵਾਰਡ ਦੇ ਕੌਂਸਲਰ ਹਰਮੇਲ ਸਿੰਘ ਨੇ ਪੰਜਾਬ ਸਰਕਾਰ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਉਨ੍ਹਾਂ ਦਾ ਬਹੁਤ ਹੀ ਵਧੀਆ ਉਪਰਾਲਾ ਹੈ ਤੇ ਇਸ ਨਾਲ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਮਿਆਰੀ ਸਿਹਤ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਵੱਲੋਂ ਇਸ ਨਵੇਂ ਬਣਨ ਜਾ ਰਹੇ ਮੁਹੱਲਾ ਕਲੀਨਕ 'ਤੇ ਪੰਜਾਬ ਸਰਕਾਰ ਤੇ ਕੈਬਨਿਟ ਮੰਤਰੀ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਹੈਪੀ ਸਿੰਗਲਾ, ਅਸ਼ਵਨੀ ਕੁਮਾਰ ਗੋਇਲ, ਅਰਸ਼ ਸਿੱਧੂ, ਛਿੰਦਰ ਪਾਲ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀ ਤੇ ਪਾਰਟੀ ਵਰਕਰ ਹਾਜ਼ਰ ਸਨ।

# ਆਮ ਖਾਸ ਬਾਗ 'ਚ 7 ਨੂੰ ਹੋਵੇਗਾ ਸਿੱਖਿਆ ਸੰਵਾਦ : ਗੈਰੀ ਬੜਿੰਗ

## ਸਰਕਾਰੀ ਸਕੂਲਾਂ ਦੇ 100 ਅਗਾਂਹਵਧੂ ਅਧਿਆਪਕਾਂ ਨੂੰ ਕੀਤਾ ਜਾਵੇਗਾ ਸਨਮਾਨਤ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਜ਼ਿਲ੍ਹੇ ਦੇ ਸਰਕਾਰੀ ਸਕੂਲਾਂ ਵਿੱਚ ਆਪਣੇ ਤਜਰਬੇ ਤੇ ਹੁਨਰ ਦੇ ਆਧਾਰ 'ਤੇ ਗਿਆਨ ਦਾ ਚਾਨਣ ਫੈਲਾਉਣ ਵਾਲੇ ਅਧਿਆਪਕਾਂ ਨੂੰ ਉਨ੍ਹਾਂ ਦੀਆਂ ਸਰਵੋਤਮ ਪ੍ਰਾਪਤੀਆਂ ਲਈ ਸਨਮਾਨਤ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਿੱਖਿਆ ਵਿਭਾਗ ਤੇ ਸਾਂਝੀ ਸਿੱਖਿਆ ਫਾਊਂਡੇਸ਼ਨ ਦੇ ਸਹਿਯੋਗ ਨਾਲ 7 ਨਵੰਬਰ ਨੂੰ ਆਮ ਖਾਸ ਬਾਗ ਵਿਖੇ ਸਿੱਖਿਆ ਸੰਵਾਦ ਕਰਵਾਇਆ ਜਾ ਰਿਹਾ ਹੈ।ਇਹ ਪ੍ਰਗਟਾਵਾ ਵਿਧਾਇਕ ਅਮਲੋਹ ਗੁਰਿੰਦਰ ਸਿੰਘ ਗੈਰੀ ਬੜਿੰਗ ਨੇ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਦੀ ਮੌਜੂਦਗੀ ਵਿੱਚ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਤੇ ਸਾਂਝੀ ਸਿੱਖਿਆ ਫਾਊਂਡੇਸ਼ਨ ਦੇ ਅਹੁਦੇਦਾਰਾਂ ਨਾਲ ਸਮਾਗਮ ਦੀਆਂ ਮੁੱਢਲੀਆਂ ਤਿਆਰੀਆਂ ਵਜੋਂ ਮੀਟਿੰਗ ਕਰਦਿਆਂ ਕੀਤਾ।ਵਿਧਾਇਕ ਗੈਰੀ ਬੜਿੰਗ ਨੇ ਕਿਹਾ ਕਿ ਉਹ ਪਿਛਲੇ ਲੰਬੇ ਸਮੇਂ ਤੋਂ ਇਹ ਮਹਿਸੂਸ ਕਰ ਰਹੇ ਹਨ ਕਿ ਸਾਡੇ ਹੋਣਹਾਰ ਅਧਿਆਪਕ ਗਿਆਨ ਦਾ ਦੀਪਕ ਜਗਾਉਣ ਲਈ ਸਖ਼ਤ ਮਿਹਨਤ ਕਰਦੇ ਹਨ ਤੇ ਸਿੱਖਿਆ ਦੇ ਖੇਤਰ ਵਿੱਚ ਵਿਲੱਖਣ ਪ੍ਰਾਪਤੀਆਂ ਦਰਜ ਕਰਦੇ ਹਨ, ਇਸ ਲਈ ਇਨ੍ਹਾਂ ਅਨੁਭਵੀ ਅਧਿਆਪਕਾਂ ਨੂੰ ਇੱਕ ਸਾਂਝੇ ਮੰਚ 'ਤੇ ਲਿਆ ਕੇ ਸਨਮਾਨਤ ਕਰਦੇ ਹੋਏ ਹੱਲਾਸ਼ੇਰੀ ਦੇਣਾ ਸਮੇਂ ਦੀ ਅਹਿਮ ਲੋੜ ਹੈ।ਉਨ੍ਹਾਂ ਕਿਹਾ ਕਿ 7 ਨਵੰਬਰ ਦੇ ਉਲੀਕੇ ਜਾ ਰਹੇ ਸਮਾਗਮ ਦੌਰਾਨ ਜਿੱਥੇ ਜ਼ਿਲ੍ਹੇ ਦੇ ਸਰਕਾਰੀ ਸਕੂਲਾਂ ਦੇ 100 ਪ੍ਰਤਿਭਾਸ਼ਾਲੀ ਅਧਿਆਪਕਾਂ ਨੂੰ ਸਨਮਾਨਤ ਕੀਤਾ ਜਾਵੇਗਾ, ਉਥੇ ਹੀ ਵਿਸ਼ੇਸ਼ ਪ੍ਰਦਰਸ਼ਨੀ ਤੇ ਦੇਸ਼ ਦੇ ਵੱਖ-ਵੱਖ ਰਾਜਾਂ ਵਿੱਚੋਂ ਆਉਣ ਵਾਲੇ ਸਿੱਖਿਆ ਮਾਹਰਾਂ ਨਾਲ ਸੰਵਾਦ ਵੀ ਭਵਿੱਖ ਵਿੱਚ ਹੋਰ ਮੱਲਾਂ ਮਾਰਨ ਦੇ ਸਮਰੱਥ ਬਣਾਏਗਾ।

ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਕਿਹਾ ਕਿ ਇਹ ਇੱਕ ਵਿਲੱਖਣ ਉਦਮ ਸਾਬਿਤ ਹੋਵੇਗਾ ਤੇ ਸਮਰਪਣ ਭਾਵਨਾ ਨਾਲ ਅਣਥੱਕ ਮਿਹਨਤ ਕਰਨ ਵਿੱਚ ਜੁਟੇ ਰਹਿਣ ਵਾਲੇ ਸਾਰੇ ਹੀ ਅਧਿਆਪਕਾਂ ਨੂੰ ਨਿਰੰਤਰ ਹੱਲਾਸ਼ੇਰੀ ਦੇਣ ਦੀ ਦਿਸ਼ਾ ਵਿੱਚ ਮੀਲ ਪੱਥਰ ਸਾਬਿਤ ਹੋਵੇਗਾ।

# ਪਰਾਲੀ ਦੀ ਸੰਭਾਲ ਸੰਬੰਧੀ ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਬਲਾਕ ਪੱਧਰੀ ਕੈਂਪ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**-ਝੋਨੇ ਦੀ ਪਰਾਲੀ ਦੇ ਸੁਚੱਜੇ ਪ੍ਰਬੰਧਨ ਸਬੰਧੀ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ ਸ੍ਰੀ ਮੁਕਤਸਰ ਸਾਹਿਬ ਵੱਲੋਂ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਪੰਜਾਬ ਸ੍ਰੀ ਮੁਕਤਸਰ ਸਾਹਿਬ ਦੇ ਸਹਿਯੋਗ ਨਾਲ ਪਿੰਡ ਖਿਓਵਾਲੀ ਵਿਖੇ ਬਲਾਕ ਪੱਧਰੀ ਜਾਗਰੂਕਤਾ ਕੈਂਪ ਲਾਇਆ ਗਿਆ, ਜਿਸ ਵਿੱਚ ਲੰਬੀ ਬਲਾਕ ਦੇ ਵੱਖ-ਵੱਖ ਪਿੰਡਾਂ ਤੋਂ ਸੂਝਵਾਨ ਕਿਸਾਨ ਵੀਰਾਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ।

ਇਸ ਕੈਂਪ ਦੌਰਾਨ ਡਾ. ਕਰਮਜੀਤ ਸ਼ਰਮਾ ਐਸੋਸੀਏਟ ਡਾਇਰੈਕਟਰ (ਟ੍ਰੇਨਿੰਗ) ਕ੍ਰਿਸ਼ੀ ਵਿਗਿਆਨ ਕੇਂਦਰ ਸ੍ਰੀ ਮੁਕਤਸਰ ਸਾਹਿਬ ਨੇ ਕਿਸਾਨਾਂ ਨੂੰ ਪਰਾਲੀ ਸਾੜਨ ਦੇ ਮਾੜੇ ਪ੍ਰਭਾਵਾਂ ਬਾਰੇ ਚਾਨਣਾ ਪਾਉਂਦੇ ਹੋਏ ਪਰਾਲੀ ਦੇ ਸੁਚੱਜੇ ਪ੍ਰਬੰਧਨ ਦੇ ਵੱਖ-ਵੱਖ ਢੰਗ ਤਰੀਕਿਆਂ ਬਾਰੇ ਕਿਸਾਨਾਂ ਨਾਲ ਜਾਣਕਾਰੀ ਸਾਂਝੀ ਕੀਤੀ।ਇਸ ਦੌਰਾਨ ਉਨ੍ਹਾਂ ਪਰਾਲੀ ਦੀ ਸਾਂਭ ਸੰਭਾਲ ਲਈ ਕੇ.ਵੀ.ਕੇ. ਸ੍ਰੀ ਮੁਕਤਸਰ ਸਾਹਿਬ ਵੱਲੋਂ ਕੀਤੀਆਂ ਜਾਂਦੀਆਂ ਵੱਖ-ਵੱਖ ਗਤੀਵਿਧੀਆਂ ਦਾ ਵੀ ਜ਼ਿਕਰ ਕੀਤਾ।ਇਸ ਕੈਂਪ ਦੌਰਾਨ ਡਾ. ਵਿਵੇਕ ਕੁਮਾਰ, ਸਹਾਇਕ ਪ੍ਰੋਫ਼ੈਸਰ (ਫਸਲ ਵਿਗਿਆਨ) ਨੇ ਪਰਾਲੀ ਵਾਲੇ ਖੇਤਾਂ ਵਿੱਚ ਕਣਕ ਦੀ ਸਫ਼ਲ ਕਾਸ਼ਤ ਬਾਰੇ ਜਾਣਕਾਰੀ ਸਾਂਝੀ ਕੀਤੀ। ਡਾ: ਗੁਰਵਿੰਦਰ ਸਿੰਘ ਸਹਾਇਕ ਪ੍ਰੋਫ਼ੈਸਰ ਪਸਾਰ ਸਿੱਖਿਆ ਨੇ ਮੌਸਮੀ ਤਬਦੀਲੀ ਨਾਲ ਖੇਤੀਬਾੜੀ ਉੱਪਰ ਪੈਣ ਵਾਲੇ ਮਾੜੇ ਅਸਰ ਬਾਰੇ ਜਾਣਕਾਰੀ ਦਿੱਤੀ ਤੇ ਇਸ ਤੋਂ ਬਚਾਅ ਲਈ ਨੁਕਤੇ ਸਾਂਝੇ ਕੀਤੇ। ਡਾ: ਸੁਖਚੈਣ ਸਿੰਘ ਖੇਤੀਬਾੜੀ ਵਿਕਾਸ ਅਫਸਰ ਨੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਪੰਜਾਬ ਵੱਲੋਂ ਕਿਸਾਨਾਂ ਲਈ ਚੱਲ ਰਹੀਆਂ ਵੱਖ-ਵੱਖ ਸਕੀਮਾਂ ਤੇ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ।ਕੈਂਪ ਦੌਰਾਨ ਮੰਚ ਦੀ ਕਾਰਵਾਈ ਚਲਾਉਂਦਿਆਂ ਡਾ. ਗੁਰਜੀਤ ਸਿੰਘ ਖੇਤੀਬਾੜੀ ਵਿਕਾਸ ਅਫਸਰ ਨੇ ਕੈਂਪ ਵਿੱਚ ਆਏ ਹੋਏ ਕਿਸਾਨਾਂ ਦਾ ਧੰਨਵਾਦ ਕੀਤਾ।ਕੈਂਪ ਵਿੱਚ ਸ਼ਾਮਲ ਹੋਏ ਕਿਸਾਨ ਵੀਰਾਂ ਵੱਲੋਂ ਪਰਾਲੀ ਦੀ ਸਾਂਭ ਸੰਭਾਲ ਤੇ ਹੋਰ ਖੇਤੀ ਮਸਲਿਆਂ ਸੰਬੰਧੀ ਸਵਾਲ ਕੀਤੇ ਗਏ ਅਤੇ ਮਾਹਰਾਂ ਵੱਲੋਂ ਮੌਕੇ 'ਤੇ ਉਨ੍ਹਾਂ ਸਵਾਲਾਂ ਦੇ ਜਵਾਬ ਦਿੱਤੇ ਗਏ।


**ਉਤਰ ਰੇਲਵੇ**

**ਈ-ਨਿਵਿਦਾ ਸੂਚਨਾ**

ਸੀਨੀ. ਮੰਡਲ ਬਿਜਲੀ ਇੰਜੀਨੀਅਰ/ਸਾਧਾਰਨ, ਉਤਰ ਰੇਲਵੇ, ਫਿਰੋਜਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਈ-ਟੈਂਡਰਾਂ (www.ireps.gov.in) ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਾਰਕ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ।

| ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅੰਦਾਜਨ ਲਾਗਤ ਰੁ. | ਬਿਆਨਾ ਰਾਸ਼ੀ (ਰੁ.) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੈਬਸਾਈਟ |
|---|---|---|---|---|---|---|
| 251-ਬਿਜਲੀ-T-17R-2025-26 | ਫਿਰੋਜਪੁਰ ਡਵੀਜਨ ਵਿਚ ਏਰੀਅਲ ਬੰਚ ਕੇਬਲ (AB Cable) ਦੇ ਨਾਲ ਓਵਰਹੇਡ (O/H) ਕੰਡਕਟਰ ਦੇ ਅਪਗ੍ਰੇਡੇਸ਼ਨ ਦੇ ਸਬੰਧ ਵਿਚ ਬਿਜਲੀ ਕੰਮ ਅਤੇ ਹੋਰ ਸਬੰਧ ਕੰਮ। | ₹ 1,00,80,534.8/- | ₹ 2,00,400.00 | 06 ਮਹੀਨੇ | 13.11.2025 15:00 ਵਜੇ ਦੇ ਬਾਅਦ | www.ireps.gov.in |

ਨੰ. 251-ਬਿਜਲੀ ਟੈਂਡਰ ਨੋਟਿਸ ਨੰ. 19R/2025-26 ਮਿਤੀ 23.10.2025 3289/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



**ਉਤਰ ਰੇਲਵੇ**

**ਈ-ਨੀਲਾਮੀ ਸੂਚਨਾ**

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਸੀਨੀਅਰ ਮੰਡਲ ਵਾਣਿਜ ਪ੍ਰਬੰਧਕ/ ਮਾਲਭਾੜਾ, ਉਤਰ ਰੇਲਵੇ, ਫਿਰੋਜਪੁਰ ਦੁਆਰਾ ਹੇਠਾਂ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫਿਰੋਜਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਗਈ ਹੈ:

| ਨੀਲਾਮੀ ਸੂਚੀ ਨੰ. | ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ | ਕੰਮ ਦਾ ਨਾਮ |
|---|---|---|
| EAFZR-SLR25-117 | 03.11.25 ਨੂੰ 11:00 ਵਜੇ | ਗੱਡੀਆਂ ਦੇ ਪਾਰਸਲ ਸਪੇਸ ਨੂੰ ਲੀਸ ਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ਐਸਐਲਆਰ ਕੰਪਾਰਟਮੈਂਟ): 12014/F1, 14601/F2, 14508/R1, 14508/F1, 14601/R1, 14633/R1, 14601/F1, 12412/F1, 14632/F & 20424/F1. |
| EAFZR-SLR25-118 | 06.11.25 ਨੂੰ 11:00 ਵਜੇ | ਗੱਡੀਆਂ ਦੇ ਪਾਰਸਲ ਸਪੇਸ ਨੂੰ ਲੀਸ ਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ਐਸਐਲਆਰ ਕੰਪਾਰਟਮੈਂਟ): 14508/F2, 11906/F1, 14730/F1, 14630/F1, 11906/R1, 14505/F1, 14028/F1, 14028/F2, 14618/F1 & 14028/R1. |
| EAFZR-PACKING35 | 06.11.25 ਨੂੰ 11:00 ਵਜੇ | ਜਲੰਧਰ ਕੈਂਟ, ਜਲੰਧਰ ਸਿਟੀ ਅਤੇ ਫਿਰੋਜਪੁਰ ਕੈਂਟ ਵਿਚ ਦੋ ਪਹੀਆ ਵਾਹਨਾਂ ਅਤੇ ਹੋਰ ਪਾਰਸਲ ਪੈਕੇਜਾਂ ਦੀ ਪੈਕਿੰਗ ਦੇ ਲਈ ਕਾਂਟਰੈਕਟ ਦਾ ਅਲਾਟਮੈਂਟ। |
| EAFZR-SCANNER-22 | 07.11.25 ਨੂੰ 11:00 ਵਜੇ | ਫਿਰੋਜਪੁਰ ਕੈਂਟ, ਜਲੰਧਰ ਕੈਂਟ ਅਤੇ ਜਲੰਧਰ ਸਿਟੀ ਰੇਲਵੇ ਸਟੇਸ਼ਨ ਉਤੇ ਸਾਰੇ ਆਊਟਗੋਇੰਗ ਪਾਰਸਲਾਂ ਦੀ ਸਕੈਨਿੰਗ ਦੇ ਲਈ ਪਾਰਸਲ ਸਕੈਨਰ ਮਸ਼ੀਨ ਦੇ ਪ੍ਰਾਵਧਾਨ ਦੇ ਕੰਮ ਦੇ ਲਈ ਕਾਂਟਰੈਕਟ ਦਾ ਅਲਾਟਮੈਂਟ। |

ਵਿਸਤ੍ਰਿਤ ਜਾਣਕਾਰੀ ਅਤੇ ਪੰਜੀਕਰਨ ਦੇ ਲਈ, ਕਿਰਪਾ ਰੇਲਵੇ ਦੀ ਵੈਬਸਾਈਟ www.ireps.gov.in 'ਤੇ ਜਾਓ। 3282/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


# ਮਾਊਂਟ ਲਿਟਰਾ ਜ਼ੀ ਸਕੂਲ 'ਚ ਵਿਸ਼ਵ ਭੋਜਨ ਦਿਵਸ ਮਨਾਇਆ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਮਾਊਂਟ ਲਿਟਰਾ ਜ਼ੀ ਸਕੂਲ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਹੈ, ਜਿਸ ਵਿੱਚ ਪੜ੍ਹਾਈ ਦੇ ਨਾਲ-ਨਾਲ ਸਮਾਜਿਕ ਗਤੀਵਿਧੀਆਂ ਵੱਲ ਵੀ ਵਿਸ਼ੇਸ਼ ਧਿਆਨ ਦਿੱਤਾ ਜਾਂਦਾ ਹੈ।ਮਾਊਂਟ ਲਿਟਰਾ ਜ਼ੀ ਸਕੂਲ ਦੇ ਹੈੱਡ ਮੈਡਮ ਖੁਸ਼ਪ੍ਰੀਤ ਕੌਰ ਦੀ ਅਗਵਾਈ ਹੇਠ ਬੱਚਿਆਂ ਨੂੰ ਇਸ ਦਿਨ ਦੀ ਮਹੱਤਤਾ ਤੇ ਭੋਜਨ ਦੀ ਹੋ ਰਹੀ ਬਰਬਾਦੀ ਅਤੇ ਭੋਜਨ ਨੂੰ ਬਰਬਾਦ ਹੋਣ ਤੋਂ ਕਿਵੇਂ ਬਚਾਇਆ ਜਾ ਸਕਦਾ ਹੈ, ਦੀ ਪੀ ਪੀ ਟੀ ਬਣਾ ਕੇ ਕਲਾਸਾਂ ਵਿੱਚ ਲੱਗੇ ਸਮਾਰਟ ਬੋਰਡ ਉੱਪਰ ਦਿਖਾਈ ਗਈ।ਸੀਨੀਅਰ ਵਿਦਿਆਰਥੀਆਂ ਵੱਲੋਂ ਪੀ ਪੀ ਟੀ ਤਿਆਰ ਕੀਤੀ ਗਈ।ਸੀਨੀਅਰ ਵਿਦਿਆਰਥੀਆਂ ਨੇ ਛੋਟੀਆਂ ਜਮਾਤਾਂ ਦੇ ਵਿਦਿਆਰਥੀਆਂ ਨੂੰ ਭੋਜਨ ਦੀ ਹੋ ਰਹੀ ਬਰਬਾਦੀ ਨੂੰ ਰੋਕਣ ਬਾਰੇ ਦੱਸਿਆ।ਛੋਟੇ ਬੱਚਿਆਂ ਨੇ ਭੋਜਨ ਸੰਬੰਧੀ ਭਰਪੂਰ ਜਾਣਕਾਰੀ ਪ੍ਰਾਪਤ ਕੀਤੀ ਤੇ ਸੀਨੀਅਰ ਵਿਦਿਆਰਥੀਆਂ ਦਾ ਧੰਨਵਾਦ ਕੀਤਾ।ਮਾਊਂਟ ਲਿਟਰਾ ਜ਼ੀ ਸਕੂਲ ਦੇ ਹੈੱਡ ਮੈਡਮ ਖੁਸ਼ਪ੍ਰੀਤ ਕੌਰ ਨੇ ਬੱਚਿਆਂ ਨੂੰ ਸਿਖਾਇਆ ਕਿਵੇਂ ਘਰ ਵਿੱਚ ਬਚੇ ਹੋਏ ਭੋਜਨ ਦੀ ਵਰਤੋਂ ਕੀਤੀ ਜਾ ਸਕਦੀ ਹੈ।ਸਕੂਲ ਪ੍ਰਿੰਸੀਪਲ ਗੁਰਦੇਵ ਸਿੰਘ ਨੇ ਸੁਨੇਹਾ ਦਿੱਤਾ ਕਿ ਸਾਂਝੇ ਯਤਨਾਂ ਨਾਲ ਅਸੀਂ ਭੁੱਖਮਰੀ ਖਤਮ ਕਰ ਸਕਦੇ ਹਾਂ ਤੇ ਬਿਹਤਰ ਭਵਿੱਖ ਬਣਾ ਸਕਦੇ ਹਾਂ।ਇਸ ਮੌਕੇ ਡਾਇਰੈਕਟਰ ਤੇ ਪ੍ਰਿੰਸੀਪਲ ਸੰਦੀਪ ਮਹਿਤਾ ਨੇ ਬੱਚਿਆਂ ਨੂੰ ਪ੍ਰੇਰਿਤ ਕੀਤਾ ਕਿ ਉਹ ਆਪਣੇ ਘਰਾਂ ਤੇ ਭਾਈਚਾਰੇ ਵਿੱਚ ਭੋਜਨ ਦੀ ਬਰਬਾਦੀ ਘਟਾਉਣ ਤੇ ਲੋੜਵੰਦਾਂ ਦੀ ਮਦਦ ਕਰਨ।ਇਸ ਮੌਕੇ ਪ੍ਰਿੰਸੀਪਲ ਪਰਮਿੰਦਰ ਕੌਰ ਨੇ ਸੀਨੀਅਰ ਵਿਦਿਆਰਥੀਆਂ ਦੀ ਪੀ ਪੀ ਟੀ ਤੇ ਸਮੂਹ ਸਟਾਫ ਦੀ ਸ਼ਲਾਘਾ ਕੀਤੀ।ਇਸ ਮੌਕੇ ਸਮੂਹ ਸਟਾਫ ਹਾਜ਼ਰ ਸੀ।

# ਜ਼ਿਲ੍ਹਾ ਸੁਧਾਰ ਘਰ 'ਚ ਪੁਲਸ ਵੱਲੋਂ ਵਿਸ਼ੇਸ਼ ਤਲਾਸ਼ੀ ਮੁਹਿੰਮ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**-ਜਨਤਕ ਸੁਰੱਖਿਆ ਤੇ ਕਾਨੂੰਨ-ਵਿਵਸਥਾ ਨੂੰ ਮਜ਼ਬੂਤ ਬਣਾਉਣ ਦੇ ਮੱਦੇਨਜ਼ਰ ਸ੍ਰੀ ਮੁਕਤਸਰ ਸਾਹਿਬ ਪੁਲਸ ਵੱਲੋਂ ਜ਼ਿਲ੍ਹਾ ਸੁਧਾਰ ਘਰ (ਜੇਲ੍ਹ) ਵਿੱਚ ਇੱਕ ਵਿਸ਼ੇਸ਼ ਤਲਾਸ਼ੀ ਮੁਹਿੰਮ ਚਲਾਈ ਗਈ।ਇਸ ਦੌਰਾਨ ਜੇਲ੍ਹ ਅੰਦਰ ਗੈਰ-ਕਾਨੂੰਨੀ ਚੀਜ਼ਾਂ ਦੀ ਭਾਲ ਤੇ ਨਸ਼ਾ ਤਸਕਰੀ ਨਾਲ ਸੰਬੰਧਤ ਸੰਭਾਵੀ ਸਰਗਰਮੀਆਂ 'ਤੇ ਵਿਸ਼ੇਸ਼ ਧਿਆਨ ਦਿੱਤਾ ਗਿਆ।ਐੱਸ.ਐੱਸ.ਪੀ. ਸ੍ਰੀ ਮੁਕਤਸਰ ਸਾਹਿਬ ਡਾ. ਅਖਿਲ ਚੌਧਰੀ (ਆਈ.ਪੀ.ਐੱਸ.) ਹਦਾਇਤ ਮੁਤਾਬਿਕ ਐੱਸ ਪੀ ਇਨਵੈਸਟੀਗੇਸ਼ਨ ਮਨਮੀਤ ਸਿੰਘ ਢਿੱਲੋਂ ਦੀ ਹਾਜ਼ਰੀ 'ਚ ਇਹ ਸਰਚ ਅਭਿਆਨ ਪੂਰੀ ਯੋਜਨਾ ਤੇ ਰਣਨੀਤੀ ਅਧਾਰਤ ਤਰੀਕੇ ਨਾਲ ਕੀਤਾ ਗਿਆ, ਜਿਸ ਦਾ ਮੁੱਖ ਮਕਸਦ ਜੇਲ੍ਹ ਅੰਦਰ ਕਿਸੇ ਵੀ ਕਿਸਮ ਦੀ ਗੈਰ-ਕਾਨੂੰਨੀ ਗਤੀਵਿਧੀ ਨੂੰ ਰੋਕਣਾ ਤੇ ਨਸ਼ਿਆਂ ਦੇ ਜਾਲ ਨੂੰ ਅੰਦਰੋਂ ਹੀ ਤੋੜਨਾ ਸੀ। ਉਨ੍ਹਾਂ ਕਿਹਾ ਕਿ ਜੇਲ੍ਹਾਂ ਦੀ ਅੰਦਰੂਨੀ ਸੁਰੱਖਿਆ 'ਤੇ ਨਿਗਰਾਨੀ ਰੱਖਣਾ ਬਹੁਤ ਜ਼ਰੂਰੀ ਹੈ, ਕਿਉਂਕਿ ਅਕਸਰ ਇਹ ਥਾਵਾਂ ਨਸ਼ਾ ਤਸਕਰੀ ਦੇ ਸੰਪਰਕ ਕੇਂਦਰ ਵਜੋਂ ਵਰਤੀਆਂ ਜਾਂਦੀਆਂ ਹਨ।ਐੱਸ ਪੀ (ਇੰਨ) ਨੇ ਕਿਹਾ ਕਿ ਇਹ ਕਾਰਵਾਈ ਪੁਲਸ ਤੇ ਜੇਲ੍ਹ ਪ੍ਰਬੰਧਕ ਵਿਭਾਗ ਦੇ ਸਾਂਝੇ ਯਤਨਾਂ ਨਾਲ ਕੀਤੀ ਗਈ।ਇਸ ਮੁਹਿੰਮ ਦੀ ਅਗਵਾਈ ਸ੍ਰੀ ਨਵੀਨ ਕੁਮਾਰ ਡੀ.ਐੱਸ.ਪੀ. (ਸ.ਡ.) ਸ੍ਰੀ ਮੁਕਤਸਰ ਸਾਹਿਬ ਵੱਲੋਂ ਕੀਤੀ ਗਈ, ਜਦਕਿ ਇੰਸਪੈਕਟਰ ਹਰਪ੍ਰੀਤ ਸਿੰਘ (ਮੁੱਖ ਅਫਸਰ ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ) ਤੇ ਐੱਸ. ਆਈ. ਗੁਰਦੀਪ ਸਿੰਘ (ਮੁੱਖ ਅਫਸਰ ਥਾਣਾ ਬਰੀਵਾਲਾ) ਨੇ ਆਪਣੀਆਂ ਟੀਮਾਂ ਸਮੇਤ ਹਾਜ਼ਰ ਸਨ।ਇਸ ਦੌਰਾਨ ਸੁਪਰਡੈਂਟ ਜੇਲ੍ਹ ਤੇ ਐੱਸ. ਆਈ. ਗੁਰਦਿੱਤ ਸਿੰਘ, ਐੱਸ. ਆਈ. ਵਰਿੰਦਰ ਸਿੰਘ ਤੇ ਹੋਰ ਜੇਲ੍ਹ ਸਟਾਫ ਮੌਕੇ 'ਤੇ ਮੌਜੂਦ ਰਹੇ।ਜੇਲ੍ਹ ਦੀਆਂ ਸਾਰੀਆਂ ਬੈਰਕਾਂ ਦੀ ਵਿਸਥਾਰਪੂਰਕ ਚੈਕਿੰਗ ਕੀਤੀ ਗਈ।ਐੱਸ ਪੀ (ਇੰਨ) ਨੇ ਕਿਹਾ ਕਿ ਜੇਲ੍ਹਾਂ 'ਚ ਬੰਦ ਗੈਂਗਸਟਰਾਂ ਤੇ ਨਸ਼ਾ ਤਸਕਰਾਂ ਨੂੰ ਕਿਸੇ ਵੀ ਤਰੀਕੇ ਨਾਲ ਬਾਹਰੀ ਸੰਪਰਕ ਬਣਾਉਣ ਤੋਂ ਰੋਕਣਾ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਪੁਲਸ ਦਾ ਉਦੇਸ਼ ਕੇਵਲ ਜੇਲ੍ਹ ਚੈਕਿੰਗ ਕਰਨਾ ਹੀ ਨਹੀਂ, ਸਗੋਂ ਅਜਿਹੇ ਨੈੱਟਵਰਕਾਂ ਨੂੰ ਜੜ੍ਹ ਤੋਂ ਖਤਮ ਕਰਨਾ ਹੈ, ਜੋ ਅੰਦਰੋਂ ਨਸ਼ਾ ਤਸਕਰੀ ਜਾਂ ਧਮਕੀ ਸੰਬੰਧੀ ਕਾਰਵਾਈਆਂ ਚਲਾਉਂਦੇ ਹਨ।ਉਨ੍ਹਾਂ ਦੱਸਿਆ ਕਿ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੀਆਂ ਅਚਾਨਕ ਚੈਕਿੰਗ ਮੁਹਿੰਮਾਂ ਜਾਰੀ ਰਹਿਣਗੀਆਂ।

# ਐੱਨ ਪੀ ਐੱਸ ਕਰਮਚਾਰੀ ਯੂਨੀਅਨ ਵੱਲੋਂ ਤਰਨ ਤਾਰਨ 'ਚ ਝੰਡਾ ਮਾਰਚ 2 ਨੂੰ : ਅਲੀਸ਼ੇਰ




**ਮਾਨਸਾ/ਸਰਦੂਲਗੜ੍ਹ (ਆਤਮਾ ਸਿੰਘ ਪਮਾਰ)**-ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਤੇ ਸੀ ਪੀ ਐੱਫ ਕਰਮਚਾਰੀ ਯੂਨੀਅਨ ਸਾਂਝੇ ਤੌਰ 'ਤੇ 2 ਨਵੰਬਰ ਨੂੰ ਤਰਨਤਾਰਨ ਵਿਖੇ ਝੰਡਾ ਮਾਰਚ ਕਰਕੇ 'ਆਪ' ਸਰਕਾਰ ਦਾ ਮੁਲਾਜ਼ਮ ਤੇ ਲੋਕ ਵਿਰੋਧੀ ਚਿਹਰਾ ਜ਼ਿਮਨੀ ਚੋਣ ਦੌਰਾਨ ਵੋਟਰਾਂ ਦੀ ਕਚਹਿਰੀ 'ਚ ਨੰਗਾ ਕਰਨਗੇ।

ਸਰਦੂਲਗੜ੍ਹ ਵਿਖੇ ਝੰਡਾ ਮਾਰਚ ਦੀ ਤਿਆਰੀ ਮੀਟਿੰਗ ਦੌਰਾਨ ਜ਼ਿਲ੍ਹਾ ਕਨਵੀਨਰ ਦਰਸ਼ਨ ਸਿੰਘ ਅਲੀਸ਼ੇਰ, ਲਖਵਿੰਦਰ ਸਿੰਘ ਮਾਨ ਤੇ ਸਟੇਟ ਕੋ ਕਨਵੀਨਰ ਕਰਮਜੀਤ ਸਿੰਘ ਤਾਮਕੋਟ ਨੇ ਕਿਹਾ ਕਿ ਆਪ ਸਰਕਾਰ ਨੇ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਪੰਜਾਬ ਦੇ ਦੋ ਲੱਖ ਮੁਲਾਜ਼ਮਾਂ ਨੂੰ ਲਿਖਤੀ ਗਰੰਟੀ ਦਿੱਤੀ ਸੀ ਕਿ ਪੰਜਾਬ ਵਿੱਚ ਆਪ ਸਰਕਾਰ ਬਣਦਿਆਂ ਹੀ ਪੁਰਾਣੀ ਪੈਨਸ਼ਨ ਬਹਾਲ ਕਰ ਦਿੱਤੀ ਜਾਵੇਗੀ, ਪਰ ਪੰਜਾਬ ਸਰਕਾਰ ਦੁਆਰਾ 18 ਨਵੰਬਰ 2022 ਨੂੰ ਦਿਵਾਲੀ ਤੋਂ ਪਹਿਲਾਂ ਕੀਤਾ ਪੁਰਾਣੀ ਪੈਨਸ਼ਨ ਬਹਾਲੀ ਦਾ ਨੋਟੀਫਿਕੇਸ਼ਨ ਨਹੀਂ ਲਾਗੂ ਕਰ ਪਾਈ, ਜਦਕਿ ਗੁਆਂਢੀ ਸੂਬੇ ਹਿਮਾਚਲ ਨੇ ਛੇ ਮਹੀਨੇ ਅੰਦਰ ਹੀ ਪੁਰਾਣੀ ਪੈਨਸ਼ਨ ਬਹਾਲ ਕਰ ਆਪਣਾ ਚੋਣ ਵਾਅਦਾ ਇਮਾਨਦਾਰੀ ਨਾਲ ਨਿਭਾਇਆ।ਪੰਜਾਬ ਦੇ ਦੋ ਲੱਖ ਕਰਮਚਾਰੀਆਂ ਦੀ ਮੁੱਖ ਮੰਤਰੀ ਦੇ ਐਲਾਨ ਤੋਂ ਚਾਰ ਸਾਲ ਬਾਅਦ ਵੀ ਪੁਰਾਣੀ ਪੈਨਸ਼ਨ ਬਹਾਲ ਨਹੀਂ ਹੋਈ ਤੇ ਨਾ ਹੀ ਡੀ ਏ ਦੀਆਂ ਕਿਸ਼ਤਾਂ ਜਾਰੀ ਕੀਤੀਆਂ।ਕਰਮਚਾਰੀਆਂ ਨੂੰ ਐੱਨ ਪੀ ਐੱਸ ਅਧੀਨ ਹੀ ਨਿਗੂਣੀ ਪੈਨਸ਼ਨ ਦਿੱਤੀ ਜਾ ਰਹੀ।ਸਰਕਾਰ ਵੱਲੋਂ ਮੁਲਾਜ਼ਮਾਂ ਨਾਲ ਕੀਤੀ ਜਾ ਰਹੀ ਇਸ ਧੱਕੇਸ਼ਾਹੀ ਨੂੰ ਲੋਕ ਕਚਹਿਰੀ ਵਿੱਚ ਤਰਨਤਾਰਨ ਜ਼ਿਮਨੀ ਚੋਣ ਦੌਰਾਨ ਝੰਡਾ ਮਾਰਚ ਕਰ ਵੋਟਰਾਂ ਨੂੰ ਦੱਸਣਗੇ ਤੇ ਸਰਕਾਰ ਦੀ ਢਿੱਲੀ ਕਾਰਗੁਜ਼ਾਰੀ ਪ੍ਰਤੀ ਵੋਟਰਾਂ ਨੂੰ ਜਾਗਰੂਕ ਕਰਨਗੇ।ਆਗੂਆਂ ਨੇ ਕਿਹਾ ਕਿ ਕੇਂਦਰ ਤੇ ਰਾਜ ਸਰਕਾਰ ਦੀਆਂ ਕਾਰਪੋਰੇਟ ਪੱਖੀ ਨੀਤੀਆਂ ਵਿਰੁੱਧ ਦੇਸ਼ ਦੇ 70 ਲੱਖ ਐੱਨ ਪੀ ਐੱਸ ਪੀੜਤ ਮੁਲਾਜ਼ਮ 25 ਨਵੰਬਰ ਨੂੰ ਦਿੱਲੀ ਦੇ ਰਾਮਲੀਲ੍ਹਾ ਮੈਦਾਨ ਵਿੱਚ ਮਹਾਰੈਲੀ ਕਰਨਗੇ ਅਤੇ ਕੇਂਦਰ ਤੇ ਰਾਜ ਸਰਕਾਰ ਨੂੰ ਸਪੱਸ਼ਟ ਸੁਨੇਹਾ ਦੇਣਗੇ ਕਿ ਐੱਨ ਪੀ ਐੱਸ ਵਿੱਚ ਸਾਨੂੰ ਕੋਈ ਸੋਧ ਜਾਂ ਯੂ ਪੀ ਐੱਸ ਨਹੀਂ ਚਾਹੀਦੀ, ਦੇਸ਼ ਦੀ ਤਰੱਕੀ 'ਚ ਦਿਨ-ਰਾਤ ਇੱਕ ਕਰਨ ਵਾਲੇ ਕਰਮਚਾਰੀ ਨੂੰ ਹੁਣ ਪੁਰਾਣੀ ਪੈਨਸ਼ਨ ਬਹਾਲੀ ਤੋਂ ਘੱਟ ਕੁੱਝ ਵੀ ਮਨਜ਼ੂਰ ਨਹੀਂ।ਇਸ ਮੌਕੇ ਮੇਲਾ ਸਿੰਘ, ਰਾਜ ਕੁਮਾਰ, ਮੇਜ਼ਰ ਸਿੰਘ, ਬਿੰਦਰ ਕੌਰ, ਕਵਿਤਾ ਸ਼ਰਮਾ, ਲਵਲੀਨ ਕੌਰ, ਕ੍ਰਿਸ਼ਨ ਲਾਲ, ਕਰਮਜੀਤ ਸਿੰਘ, ਜਸਵੀਰ ਸਿੰਘ, ਸੁਭਾਸ਼ ਭਾਦੂ, ਬਲਵਿੰਦਰ ਸਿੰਘ, ਕਰਮਜੀਤ ਕੌਰ, ਜਗਪ੍ਰੀਤ ਕੌਰ, ਜਸਵਿੰਦਰ ਕੌਰ, ਹਰਪ੍ਰੀਤ ਕੌਰ, ਵਰਿੰਦਰ ਸਿੰਘ, ਬੀਰਬਲ ਸਿੰਘ, ਸਤਨਾਮ ਕੌਰ, ਜਸਕਰਨ ਸਿੰਘ, ਰਾਜਬੀਰ ਕੌਰ, ਨਵਦੀਪ ਕੌਰ, ਗਗਨਦੀਪ ਕੌਰ ਆਦਿ ਆਗੂ ਹਾਜ਼ਰ ਸਨ।

# ਖ਼ਾਲਸਾ ਕਾਲਜ 'ਚ ਲੱਗਾ ਦੋ ਰੋਜ਼ਾ ਦੀਵਾਲੀ ਪ੍ਰਦਰਸ਼ਨੀ-ਕਮ-ਸੇਲ ਮੇਲਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਖ਼ਾਲਸਾ ਕਾਲਜ ਵਿਖੇ ਫੈਸ਼ਨ ਡਿਜਾਈਨਿੰਗ ਵਿਭਾਗ ਵੱਲੋਂ 2 ਰੋਜ਼ਾ ਦੀਵਾਲੀ ਪ੍ਰਦਰਸ਼ਨੀ ਕਮ-ਸੇਲ ਮੇਲਾ ਕਰਵਾਇਆ ਗਿਆ।ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਦੇ ਨਿਰਦੇਸ਼ਾਂ 'ਤੇ ਲਗਾਈ ਗਈ ਉਕਤ ਪ੍ਰਦਰਸ਼ਨੀ ਦਾ ਉਦਘਾਟਨ ਮੁੱਖ ਮਹਿਮਾਨ ਵਜੋਂ ਪੁੱਜੇ ਖ਼ਾਲਸਾ ਯੂਨੀਵਰਸਿਟੀ ਦੇ ਉੱਪ ਕੁਲਪਤੀ ਡਾ. ਮਹਿਲ ਸਿੰਘ ਦੁਆਰਾ ਕੀਤਾ ਗਿਆ।ਇਸ ਮੇਲੇ 'ਚ ਵਿਦਿਆਰਥੀਆਂ ਵੱਲੋਂ ਆਪਣੀ ਕਲਾ ਦਾ ਮੁਜ਼ਾਹਰਾ ਕਰਦਿਆਂ ਸੂਟ, ਦੁਪੱਟੇ, ਚਾਦਰਾਂ, ਦੀਵੇ, ਕਢਾਈਆਂ, ਘਰ ਦੀ ਸਜਾਵਟ ਦਾ ਸਮਾਨ, ਰੰਗੋਲੀ, ਮਹਿੰਦੀ, ਨੇਲ ਆਰਟ, ਮੋਮਬੱਤੀਆਂ ਆਦਿ ਕਲਾਵਾਂ ਦਾ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਵਿਭਾਗ ਮੁੱਖੀ ਜਸਮੀਤ ਕੌਰ ਨੇ ਆਏ ਮਹਿਮਾਨਾਂ ਨੂੰ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਸਵਾਗਤ ਕੀਤਾ। ਉਪਰੰਤ ਡਾ. ਮਹਿਲ ਸਿੰਘ ਨੇ ਸਬੰਧਿਤ ਵਿਭਾਗ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਮਿਹਨਤ ਦੀ ਸ਼ਲਾਘਾ ਕਰਦਿਆਂ ਅਜਿਹੇ ਕਲਾ ਉਭਾਰਨ ਵਾਲੇ ਪ੍ਰੋਗਰਾਮਾਂ ਦਾ ਵੱਧ ਚੜ੍ਹ ਕੇ ਹਿੱਸਾ ਬਣ ਕੇ ਲਾਭ ਉਠਾਉਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਕਿਹਾ ਕਿ ਅਜੋਕੇ ਯੁੱਗ 'ਚ ਹੱਥੀਂ ਕੰਮ ਕਰਨ ਦੀ ਮੁਹਾਰਤ ਹੋਣੀ ਬਹੁਤ ਲਾਜ਼ਮੀ ਹੈ।ਹਰ ਵਿਦਿਆਰਥੀ ਨੂੰ ਚਾਹੀਦਾ ਹੈ ਕਿ ਉਹ ਹੱਥੀਂ ਕਿਰਤ ਕਰਕੇ ਆਪਣੇ ਰੋਜ਼ਗਾਰ ਦਾ ਸਾਧਨ ਬਣਾਵੇ ਅਤੇ ਆਪਣਾ ਭਵਿੱਖ ਸਵਾਰੇ।ਇਸ ਮੌਕੇ ਪ੍ਰਿੰ: ਡਾ. ਰੰਧਾਵਾ ਨੇ ਕਿਹਾ ਕਿ ਵਿਦਿਆਰਥੀਆਂ 'ਚ ਹੱਥੀਂ ਤਿਆਰ ਕੀਤੀਆਂ ਕਲਾ-ਕਿਰਤੀਆਂ ਦੀ ਪੇਸ਼ਕਾਰੀ ਕਰਕੇ ਉਨ੍ਹਾਂ ਵਿਚਲੇ ਹੁਨਰ ਨੂੰ ਬਾਹਰ ਲਿਆਉਣ ਦੇ ਸਾਧਨ ਵਜੋਂ ਇਹ ਸਮਾਗਮ ਪ੍ਰਸ਼ੰਸਾਯੋਗ ਉਪਰਾਲਾ ਹੈ।ਉਨ੍ਹਾਂ ਅਜਿਹਾ ਸਮਾਗਮ ਰਚਾਉਣ 'ਤੇ ਸਮੂਹ ਵਿਭਾਗ ਨੂੰ ਵਧਾਈ ਦਿੱਤੀ।

ਇਸ ਮੌਕੇ ਅਕਾਦਮਿਕ ਮਾਮਲੇ ਡੀਨ ਡਾ. ਤਮਿੰਦਰ ਸਿੰਘ ਭਾਟੀਆ, ਡਾ. ਸਤਨਾਮ ਸਿੰਘ, ਡਾ. ਦਲਜੀਤ ਸਿੰਘ, ਡਾ. ਹਰਵਿੰਦਰ ਕੌਰ, ਡਾ. ਜਸਪ੍ਰੀਤ ਕੌਰ, ਡਾ. ਸਵਰਾਜ ਕੌਰ, ਡਾ. ਕਮਲਜੀਤ ਕੌਰ, ਡਾ. ਗੁਰਸ਼ਰਨ ਕੌਰ, ਡਾ. ਦੀਪਕ ਦੇਵਗਨ ਤੋਂ ਇਲਾਵਾ ਹੋਰ ਸਟਾਫ਼ ਤੇ ਵੱਡੀ ਗਿਣਤੀ 'ਚ ਵਿਦਿਆਰਥੀ ਹਾਜ਼ਰ ਸਨ।


**ਉਤਰ ਰੇਲਵੇ**

**ਈ-ਨੀਲਾਮੀ ਸੂਚਨਾ**

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਸੀਨੀਅਰ ਮੰਡਲ ਵਾਣਿਜ ਪ੍ਰਬੰਧਕ/ ਮਾਲਭਾੜਾ, ਉਤਰ ਰੇਲਵੇ, ਫਿਰੋਜਪੁਰ ਦੁਆਰਾ ਹੇਠਾਂ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫਿਰੋਜਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਗਈ ਹੈ:

ਨੀਲਾਮੀ ਸੂਚੀ ਨੰ. EAFZR-SLR25-119

ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ 10/11/25 ਨੂੰ 11:00 Hrs.

ਕੰਮ ਦਾ ਨਾਮ: ਗੱਡੀਆਂ ਦੇ ਪਾਰਸਲ ਸਪੇਸ ਨੂੰ ਲੀਸ ਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ਐਸਐਲਆਰ ਕੰਪਾਰਟਮੈਂਟ): 14720/F1, 19612/F1, 14654/F1, 12032/F1, 14654/F2, 15212/F1, 14654/R1, 22486/F1, 11058/R1 & 15015/F1.

ਵਿਸਤ੍ਰਿਤ ਜਾਣਕਾਰੀ ਅਤੇ ਪੰਜੀਕਰਨ ਦੇ ਲਈ, ਕਿਰਪਾ ਰੇਲਵੇ ਦੀ ਵੈਬਸਾਈਟ www.ireps.gov.in 'ਤੇ ਜਾਓ। 3319/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



**ਉਤਰ ਰੇਲਵੇ**

**ਈ-ਨਿਵਿਦਾ ਸੂਚਨਾ**

ਮੰਡਲ ਇੰਜੀਨੀਅਰ-ਤੀਜਾ, ਫਿਰੋਜਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਈ-ਟੈਂਡਰ ਬੋਲੀ ਅੰਤਮ ਮਿਤੀ 17.11.2025 ਸਮਾਂ 15:00 ਵਜੇ ਤਕ www.ireps.gov.in ਤੇ ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ ਅਤੇ ਐਸੇ ਕਿਸੇ ਵੀ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਟੈਂਡਰ ਫਾਰਮ ਦੀ ਬਿਆਨਾ ਰਾਸ਼ੀ ਦਾ ਭੁਗਤਾਨ www.ireps.gov.in ਪੋਰਟਲ 'ਤੇ ਉਪਲਬਧ ਆਨ ਲਾਈਨ ਸਾਧਨਾਂ ਦੇ ਮਾਧਿਅਮ ਨਾਲ ਜਿਵੇਂ ਨੈਟ ਬੈਕਿੰਗ, ਡੇਬਿਟ ਕਾਰਡ ਕਰੈਡਿਟ ਕਾਰਡ ਆਦਿ ਦੇ ਭੁਗਤਾਨ ਨਾਲ ਕਰ ਸਕਦੇ ਹਨ। ਡਿਮਾਂਡ ਡ੍ਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜਾਜਤ ਨਹੀਂ ਹੈ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਏਕਲ ਬੋਲੀ ਪ੍ਰਣਾਲੀ |
| ਟੈਂਡਰ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ |
| 23.10.2025 | 03.11.2025 | 17.11.2025 / 15:00 ਵਜੇ |

| ਲੜੀ ਨੰਬਰ | ਨਿਵਿਦਾ ਨੰਬਰ | ਨਿਵਿਦਾ ਦਾ ਵੇਰਵਾ | | |
|---|---|---|---|---|
| 1 | 151-2025-26-ADEN-I-ASR | ਸਹਾਇਕ ਮੰਡਲ ਇੰਜੀਨੀਅਰ - ਫਸਟ ਅੰਮ੍ਰਿਤਸਰ ਦੇ ਸੈਕਸ਼ਨ ਵਿਚ ਖਰਾਬ ਵਿੰਗ/ ਰਿਟਰਨ ਵਾਲ ਅਤੇ ਗਾਈਡ ਬੰਡ ਦੀ ਮੁਰੰਮਤ, ਮੇਜਰ ਬ੍ਰਿਜ ਦੇ ਅਪ੍ਰੋਚ ਨੂੰ ਮਜਬੂਤ ਕਰਨਾ, ਕਟਾਅ ਰੋਕਣ ਦੇ ਲਈ ਸਟੋਨ ਪਿਚਿੰਗ ਅਤੇ ਵਖ-ਵਖ ਬ੍ਰਿਜ ਉਤੇ ਬੈਲਾਸਟ ਰਿਟੇਨਰ ਲਗਾਉਣ ਦਾ ਕੰਮ। | | |
| | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ (ਰੁ.) | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
| | 74,99,968.44 | 1,50,000.00 | 60 ਦਿਨ | 06 ਮਹੀਨੇ |

ਸਮਾਨ ਨੇਚਰ ਦਾ ਕੰਮ : -"ਰੇਲਵੇ ਪੁਲਾਂ/ਆਰਓਬੀ/ਐਲਐਚਐਸ/ਆਰਯੂਬੀ ਦੀ ਉਸਾਰੀ/ ਪੁਨਰਵਾਸ।"

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜੀ ਵਰਜਨ ਹੀ ਮਾਨਯ ਹੋਣਗੇ।

ਨਿਵਿਦਾ ਨੰ.: 151-2025-26-ADEN-I-ASR ਤਾਰੀਕ : 24.10.2025 3321/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



**ਤਰਸ ਦੇ ਆਧਾਰ ਉਤੇ ਨਿਯੁਕਤੀ ਨਾਲ ਸਬੰਧਿਤ ਮਾਮਲਿਆਂ ਦੇ ਜਲਦੀ ਨਿਪਟਾਰੇ ਲਈ**

**10 ਨਵੰਬਰ 2025**

**ਵਿਸ਼ੇਸ਼ ਅਦਾਲਤ**

ਦਿੱਲੀ, ਲਖਨਊ, ਮੁਰਾਦਾਬਾਦ, ਫਿਰੋਜਪੁਰ, ਅੰਬਾਲਾ ਮੰਡਲ, ਜੰਮੂ ਅਤੇ ਉਤਰ ਰੇਲਵੇ, ਹੈਡ ਆਫਿਸ, ਬੜੌਦਾ ਹਾਊਸ, ਨਵੀਂ ਦਿੱਲੀ ਦੇ ਦਫਤਰ ਪਰਿਸਰ ਵਿਚ 10.11.2025 ਨੂੰ ਸਵੇਰੇ 11 ਵਜੇ ਆਯੋਜਿਤ ਅਦਾਲਤ ਦੁਆਰਾ

ਮੌਕੇ ਉਤੇ ਹੀ ਮਾਮਲਿਆਂ ਦਾ ਨਿਪਟਾਰਾ

ਤਰਸ ਦੇ ਆਧਾਰ ਉਤੇ ਨਿਯੁਕਤੀ ਨਾਲ ਸਬੰਧਿਤ ਆਪਣਾ ਬਿਨੈਪੱਤਰ ਦੋ ਕਾਪੀਆਂ ਵਿਚ ਹੋਰ ਸਬੰਧਿਤ ਦਸਤਾਵੇਜ ਦੇ ਨਾਲ ਜਿਸ ਮੰਡਲ ਨਾਲ ਸਬੰਧਿਤ ਹੈ, ਉਸ ਮੰਡਲ ਦੇ ਸੀਨੀਅਰ ਮੰਡਲ ਕਾਰਮਿਕ ਅਧਿਕਾਰੀ ਜਾਂ ਮੰਡਲ ਕਾਰਮਿਕ ਅਧਿਕਾਰੀ ਨੂੰ ਅਤੇ ਹੈਡ ਆਫਿਸ ਦੇ ਮਾਮਲਿਆਂ ਵਿਚ ਉਪ ਮੁੱਖ ਕਾਰਮਿਕ ਅਧਿਕਾਰੀ (HQ-I) ਨੂੰ ਦੋ ਕਾਪੀਆਂ ਵਿਚ ਸਬੰਧਿਤ ਕਾਗਜਾਤ ਦੇ ਨਾਲ 04.11.2025 ਤਕ ਜਰੂਰੀ ਸਬਮਿਟ ਕਰੋ।

ਨੋਟ:- (i) ਵਰਕਸ਼ਾਪ ਅਤੇ ਵਾਧੂ ਇਕਾਈਆਂ ਨਾਲ ਸਬੰਧਿਤ ਤਰਸ ਦੇ ਮਾਮਲਿਆਂ ਵਿਚ ਨਥੀ ਮੰਡਲ ਨੂੰ ਬਿਨੈਪੱਤਰ ਦਿਉ
(ii) ਪੂਰਵ ਵਿਚ ਡਿਸਾਈਡ ਮਾਮਲਿਆਂ ਤੇ ਵਿਚਾਰ ਨਹੀਂ ਕੀਤਾ ਜਾਵੇਗਾ।

**ਉਪ ਮੁੱਖ ਕਾਰਮਿਕ ਅਧਿਕਾਰੀ**
(ਹੈਡਕੁਆਟਰ-I )ਉਤਰ ਰੇਲਵੇ, ਹੈਡਕੁਆਟਰ
ਬੜੌਦਾ ਹਾਊਸ ਕੇਜੀ ਮਾਰਗ,
ਨਵੀਂ ਦਿੱਲੀ-11001

**ਸੀਨੀਅਰ ਮੰਡਲ ਕਾਰਮਿਕ ਅਧਿਕਾਰੀ**
ਮੰਡਲ ਰੇਲ ਪ੍ਰਬੰਧਕ ਦਫਤਰ,
ਉਤਰ ਰੇਲਵੇ ਸਟੇਟ ਐਂਟਰੀ ਰੋਡ,
ਨਵੀਂ ਦਿੱਲੀ-110055

**ਸੀਨੀਅਰ ਮੰਡਲ ਕਾਰਮਿਕ ਅਧਿਕਾਰੀ**
ਮੰਡਲ ਰੇਲ ਪ੍ਰਬੰਧਕ ਦਫਤਰ, ਲਯ,
ਉਤਰ ਰੇਲਵੇ ਹਜਰਤਗੰਜ, ਲਖਨਊ-226001

**ਸੀਨੀਅਰ ਮੰਡਲ ਕਾਰਮਿਕ ਅਧਿਕਾਰੀ**
ਮੰਡਲ ਰੇਲ ਪ੍ਰਬੰਧਕ ਦਫਤਰ,
ਉਤਰ ਰੇਲਵੇ, ਰੇਲ ਵਿਹਾਰ, ਅੰਬਾਲਾ ਕੈਂਟ,
ਅੰਬਾਲਾ -133001

**ਸੀਨੀਅਰ ਮੰਡਲ ਕਾਰਮਿਕ ਅਧਿਕਾਰੀ**
ਮੰਡਲ ਰੇਲ ਪ੍ਰਬੰਧਕ ਦਫਤਰ,
ਉਤਰ ਰੇਲਵੇ, ਰੇਲਵੇ ਸਟੇਡੀਅਮ ਦੇ ਨੇੜੇ,
ਮੁਰਾਦਾਬਾਦ-244001

**ਸੀਨੀਅਰ ਮੰਡਲ ਕਾਰਮਿਕ ਅਧਿਕਾਰੀ**
ਮੰਡਲ ਰੇਲ ਪ੍ਰਬੰਧਕ ਦਫਤਰ,
ਉਤਰ ਰੇਲਵੇ, ਸਟੇਸ਼ਨ ਰੋਡ, ਫਿਰੋਜਪੁਰ ਕੈਂਟ
ਫਿਰੋਜਪੁਰ- 152001

**ਸੀਨੀਅਰ ਮੰਡਲ ਕਾਰਮਿਕ ਅਧਿਕਾਰੀ**
ਮੰਡਲ ਰੇਲ ਪ੍ਰਬੰਧਕ ਦਫਤਰ,
ਉਤਰ ਰੇਲਵੇ,
ਤ੍ਰਿਕੁਟਾ ਨਗਰ, ਜੰਮੂ - 180004

**ਉੱਤਰ ਰੇਲਵੇ**
ਤੁਹਾਡੀ ਸੇਵਾ ਵਿਚ ਹਮੇਸ਼ਾਂ ਤਿਆਰ

3299/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

25- Oct Page-7-Advt-25-D.qxd 10/24/2025 10:31 PM Page 1



## ਤਰਨ ਤਾਰਨ 'ਚ 16 ਕਰੋੜ ਦਾ ਟਰੌਮਾ ਸੈਂਟਰ ਤੇ ਪੱਟੀ 'ਚ 7 ਕਰੋੜ ਦਾ ਜੱਚਾ-ਬੱਚਾ ਕੇਂਦਰ ਸਰਕਾਰ ਦੀ ਵੱਡੀ ਦੇਣ: ਡਾ. ਬਲਬੀਰ ਸਿੰਘ

ਤਰਨਤਾਰਨ, (ਪ੍ਰਿਤਪਾਲ ਸਿੰਘ)—ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਪ ਸਰਕਾਰ ਨੇ ਪਿਛਲੀਆਂ ਸਰਕਾਰਾਂ ਵੱਲੋਂ ਅਣਗੌਲੇ ਗਏ ਇਸ ਸਰਹੱਦੀ ਖੇਤਰ (ਤਰਨਤਾਰਨ) ਦੀ ਨੁਹਾਰ ਬਦਲ ਕੇ ਰੱਖ ਦਿੱਤੀ ਹੈ।ਪੰਜਾਬ ਦੇ ਕੈਬਨਿਟ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਸੂਬਾ ਸਰਕਾਰ ਨੇ ਸਿਹਤ ਦੇ ਖੇਤਰ ਵਿੱਚ ਕ੍ਰਾਂਤੀਕਾਰੀ ਕਦਮ ਚੁੱਕੇ ਹਨ।ਉਨ੍ਹਾਂ ਉਮੀਦ ਜਤਾਈ ਕਿ ਤਰਨਤਾਰਨ ਦੇ ਲੋਕ ਇਸ ਵਿਕਾਸ ਦੇ ਸਫ਼ਰ ਨੂੰ ਜਾਰੀ ਰੱਖਣ ਲਈ ਹਰਮੀਤ ਸਿੰਘ ਸੰਧੂ ਨੂੰ ਵੱਡੇ ਫਰਕ ਨਾਲ ਜਿਤਾਉਣਗੇ।ਉਨ੍ਹਾਂ ਕਿਹਾ ਕਿ ਸਿਵਲ ਹਸਪਤਾਲ ਤਰਨਤਾਰਨ ਵਿਖੇ 16 ਕਰੋੜ ਰੁਪਏ ਦੀ ਲਾਗਤ ਨਾਲ ਅਤਿ-ਆਧੁਨਿਕ ਕ੍ਰਿਟੀਕਲ ਕੇਅਰ ਬਲਾਕ/ਟਰੌਮਾ ਸੈਂਟਰ ਦਾ ਨਿਰਮਾਣ ਜੰਗੀ ਪੱਧਰ ਤੇ ਜਾਰੀ ਹੈ।ਸਬ ਡਵੀਜ਼ਨ ਹਸਪਤਾਲ ਪੱਟੀ ਵਿਖੇ 7 ਕਰੋੜ ਰੁਪਏ ਦੀ ਲਾਗਤ ਨਾਲ 30 ਬੈੱਡਾਂ ਵਾਲੇ ਜੱਚਾ-ਬੱਚਾ ਸਿਹਤ ਸੰਭਾਲ ਕੇਂਦਰ ਦੀ ਇਮਾਰਤ ਲਗਭਗ ਮੁਕੰਮਲ ਹੋ ਚੁੱਕੀ ਹੈ ਅਤੇ ਜਲਦੀ ਹੀ ਇਸਨੂੰ ਇਲਾਕਾ ਨਿਵਾਸੀਆਂ ਨੂੰ ਸਮਰਪਿਤ ਕੀਤਾ ਜਾਵੇਗਾ।ਇਹ ਮਾਨ ਸਰਕਾਰ ਦੀ ਮਾਵਾਂ ਅਤੇ ਬੱਚਿਆਂ ਦੀ ਸਿਹਤ ਪ੍ਰਤੀ ਗੰਭੀਰਤਾ ਨੂੰ ਦਰਸਾਉਂਦਾ ਹੈ।ਡਾ. ਬਲਬੀਰ ਸਿੰਘ ਨੇ ਕਿਹਾ ਕਿ ਆਮ ਆਦਮੀ ਕਲੀਨਿਕ ਪੰਜਾਬ ਵਿੱਚ ਸਿਹਤ ਕ੍ਰਾਂਤੀ ਦਾ ਧੁਰਾ ਬਣ ਚੁੱਕੇ ਹਨ।



ਉਨ੍ਹਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਪ੍ਰੋਜੈਕਟ 'ਫਰਿਸ਼ਤੇ ਸਕੀਮ' ਦਾ ਜ਼ਿਕਰ ਕਰਦਿਆਂ ਕਿਹਾ ਕਿ ਇਹ ਸਕੀਮ ਕੀਮਤੀ ਜਾਨਾਂ ਬਚਾ ਰਹੀ ਹੈ।ਇਸ ਸਕੀਮ ਤਹਿਤ ਸੜਕ ਹਾਦਸੇ ਵਿੱਚ ਜ਼ਖ਼ਮੀ ਵਿਅਕਤੀ ਨੂੰ ਹਸਪਤਾਲ ਪਹੁੰਚਾਉਣ ਵਾਲੇ ਨੇਕ ਇਨਸਾਨ ਨੂੰ 2000 ਰੁਪਏ ਦੀ ਸਨਮਾਨ ਰਾਸ਼ੀ ਦਿੱਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਤਰਨਤਾਰਨ ਵਿੱਚ 15 ਪ੍ਰਾਈਵੇਟ ਅਤੇ 11 ਸਰਕਾਰੀ ਕੁੱਲ 26 ਹਸਪਤਾਲ ਇਸ ਸਕੀਮ ਅਧੀਨ ਇੰਪੈਨਲ ਕੀਤੇ ਗਏ ਹਨ ਤਾਂ ਜੋ ਹਰ ਕੀਮਤੀ ਜਾਨ ਨੂੰ ਤੁਰੰਤ ਇਲਾਜ ਮਿਲ ਸਕੇ।ਉਨ੍ਹਾਂ ਹਲਕਾ ਵਾਸੀਆਂ ਨੂੰ ਜ਼ੋਰਦਾਰ ਅਪੀਲ ਕੀਤੀ ਕਿ ਉਹ ਤਰਨਤਾਰਨ ਦੇ ਸਰਬਪੱਖੀ ਵਿਕਾਸ ਲਈ ਆਪ ਸਰਕਾਰ ਦੇ ਹੱਥ ਮਜ਼ਬੂਤ ਕਰਨ ਅਤੇ ਇਸ ਵਿਕਾਸ ਦੀ ਲਹਿਰ ਨੂੰ ਅੱਗੇ ਵਧਾਉਣ ਲਈ ਪਾਰਟੀ ਉਮੀਦਵਾਰ ਹਰਮੀਤ ਸਿੰਘ ਸੰਧੂ ਦੇ ਹੱਕ ਵਿੱਚ ਝਾੜੂ ਦਾ ਬਟਨ ਦਬਾ ਕੇ ਉਨ੍ਹਾਂ ਨੂੰ ਭਾਰੀ ਬਹੁਮਤ ਨਾਲ ਕਾਮਯਾਬ ਬਣਾਉਣ।

## ਦਲਵਿੰਦਰਜੀਤ ਸਿੰਘ ਨੇ ਅੰਮ੍ਰਿਤਸਰ ਨੇ ਨਵੇਂ ਡੀ ਸੀ ਵਜੋਂ ਅਹੁਦਾ ਸੰਭਾਲਿਆ

ਅੰਮ੍ਰਿਤਸਰ, (ਨਰਿੰਦਰਜੀਤ ਸਿੰਘ)-2017 ਬੈਚ ਦੇ ਅਧਿਕਾਰੀ ਦਲਵਿੰਦਰਜੀਤ ਸਿੰਘ ਨੇ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਵਜੋਂ ਆਪਣਾ ਅਹੁਦਾ ਸੰਭਾਲ ਲਿਆ ਹੈ।ਜ਼ਿਕਰਯੋਗ ਹੈ ਕਿ ਦਲਵਿੰਦਰਜੀਤ ਸਿੰਘ ਪਹਿਲਾਂ ਗੁਰਦਾਸਪੁਰ ਦੇ ਡੀਸੀ ਸਨ। ਪੁਲਸ ਦੇ ਜਵਾਨਾਂ ਨੇ ਸਲਾਮੀ ਦੇ ਕੇ ਉਨ੍ਹਾਂ ਨੂੰ ਅੰਮ੍ਰਿਤਸਰ ਪੁੱਜਣ 'ਤੇ ਜੀ ਆਇਆਂ ਕਿਹਾ। ਸ: ਦਲਵਿੰਦਰਜੀਤ ਸਿੰਘ ਨੇ ਕਿਹਾ ਕਿ ਉਹ ਖ਼ੁਸ਼ਕਿਸਮਤ ਹਨ ਕਿ ਉਨ੍ਹਾਂ ਨੂੰ ਗੁਰੂ ਨਗਰੀ ਦੀ ਸੇਵਾ ਕਰਨ ਦਾ ਮੌਕਾ ਮਿਲਿਆ ਹੈ, ਉਹ ਤਨਦੇਹੀ ਨਾਲ ਆਪਣੀ ਜ਼ਿੰਮੇਵਾਰੀ ਨਿਭਾਉਣਗੇ।ਅਹੁਦਾ ਸੰਭਾਲਣ ਉਪਰੰਤ ਉਨ੍ਹਾਂ ਜ਼ਿਲ੍ਹਾ ਅਧਿਕਾਰੀਆਂ ਨਾਲ ਪਰਾਲੀ ਪ੍ਰਬੰਧਨ, ਝੋਨੇ ਦੀ ਖਰੀਦ ਅਤੇ ਜ਼ਿਲ੍ਹੇ ਵਿਚ ਚਲ ਰਹੇ ਵਿਕਾਸ ਕਾਰਜਾਂ ਸਬੰਧੀ ਮੀਟਿੰਗ ਕੀਤੀ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਉਨ੍ਹਾਂ ਦੀ ਪਹਿਲੀ ਤਰਜੀਹ ਸਿਟੀਜ਼ਨ ਸੇਵਾਵਾਂ ਨੂੰ ਬਿਨਾਂ ਕਿਸੇ ਖੱਜਲ-ਖੁਆਰੀ ਤੋਂ ਲੋਕਾਂ ਨੂੰ ਮੁਹੱਈਆ ਕਰਵਾਉਣਾ ਹੈ।ਉਨ੍ਹਾਂ ਕਿਹਾ ਕਿ 90 ਫੀਸਦੀ ਲੋਕਾਂ ਨੂੰ ਕੰਮ ਸੇਵਾ ਕੇਂਦਰਾਂ ਅਤੇ ਫਰਦ ਕੇਂਦਰਾਂ ਨਾਲ ਪੈਂਦੇ ਹਨ ਅਤੇ ਪੈਂਡੈਂਸੀ ਖਤਮ ਹੋਣ ਨਾਲ ਲੋਕਾਂ ਨੂੰ ਕਾਫ਼ੀ ਰਾਹਤ ਮਿਲੇਗੀ।ਉਨ੍ਹਾਂ ਕਿਹਾ ਕਿ ਪਰਾਲੀ ਪ੍ਰਬੰਧਨ ਨੂੰ ਲੈ ਕੇ ਕਿਸਾਨਾਂ ਨੂੰ ਜਾਗਰੂਕ ਕਰਨ ਦੀ ਜ਼ਿਆਦਾ ਲੋੜ ਹੈ ਕਿ ਪਰਾਲੀ ਨੂੰ ਅੱਗ ਨਾ ਲਗਾਈ ਜਾਵੇ ਅਤੇ ਬਿਨਾਂ ਅੱਗ ਲਾਏ ਪਰਾਲੀ ਨੂੰ ਸੰਭਾਲਣ ਲਈ ਪ੍ਰੇਰਿਤ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਸਮੇਂ ਸਿਰ



ਲੋੜੀਂਦੀ ਮਸ਼ੀਨਰੀ ਮੁਹੱਈਆ ਕਰਵਾਈ ਜਾਵੇਗੀ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਜਨਰਲ ਰੋਹਿਤ ਗੁਪਤਾ, ਵਧੀਕ ਡਿਪਟੀ ਕਮਿਸ਼ਨਰ ਸ਼ਹਿਰੀ ਵਿਕਾਸ ਅਮਨਦੀਪ ਕੌਰ, ਐੱਸਡੀਐੱਮਜ਼ ਗੁਰਸਿਮਰਨਜੀਤ ਸਿੰਘ, ਮਨਕੰਵਲ ਸਿੰਘ ਚਾਹਲ, ਅਮਨਦੀਪ ਸਿੰਘ, ਸੰਜੀਵ ਸ਼ਰਮਾ, ਸਹਾਇਕ ਕਮਿਸ਼ਨਰ ਅੰਡਰ ਟ੍ਰੇਨਿੰਗ ਮੈਡਮ ਪਿਯੂਸ਼ਾ, ਜ਼ਿਲ੍ਹਾ ਮਾਲ ਅਫ਼ਸਰ ਸ: ਨਵਕਿਰਤ ਸਿੰਘ, ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਸ: ਸ਼ੇਰਜੰਗ ਸਿੰਘ ਹੁੰਦਲ, ਸਹਾਇਕ ਲੋਕ ਸੰਪਰਕ ਅਫ਼ਸਰ ਯੋਗੇਸ਼ ਕੁਮਾਰ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ।

## ਬਾਬਾ ਬੰਦਾ ਸਿੰਘ ਬਹਾਦਰ ਸਕੂਲ ਦੇ ਵਿਦਿਆਰਥੀ ਗੁਰਮਤਿ ਮੁਕਾਬਲੇ ਦੇ ਅਗਲੇ ਪੜਾਅ 'ਚ ਪਹੁੰਚੇ

ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਵਿਖੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ, ਸਕੱਤਰ ਮੈਡਮ ਪਰਮਿੰਦਰ ਕੌਰ ਚਾਹਲ ਅਤੇ ਪ੍ਰਿੰ. ਕਿਰਨ ਕੇਸਰ ਦੀ ਯੋਗ ਅਗਵਾਈ ਹੇਠ ਸਕੂਲ ਵਿਖੇ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ, ਭਾਈ ਮਤੀ ਦਾਸ, ਭਾਈ ਸਤੀ ਦਾਸ ਅਤੇ ਭਾਈ ਦਿਆਲਾ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਅਤੇ ਰੰਗਰੇਟਾ ਗੁਰੂ ਕਾ ਬੇਟਾ ਬਖਸ਼ਿਸ਼ ਦਿਵਸ ਤੇ 350 ਸਾਲਾ ਨੂੰ ਸਮਰਪਿਤ ਗੁਰੂ ਨਾਨਕ ਮਲਟੀਵਰਸਿਟੀ ਵੱਲੋਂ ਗੁਰਮਤਿ ਮੁਕਾਬਲੇ 2025 ਕਰਵਾਏ ਗਏ ਜਿਸ ਵਿੱਚ ਸਕੂਲ ਦੇ ਵਿਦਿਆਰਥੀਆਂ ਵੱਲੋਂ ਭਾਗ ਲਿਆ ਗਿਆ ਅਤੇ ਬਹੁਤ ਹੀ ਵਧੀਆ ਕਾਰਗੁਜ਼ਾਰੀ ਕਰਦੇ ਹੋਏ ਸਕੂਲ ਦੇ ਪੰਜ ਵਿਦਿਆਰਥੀਆਂ ਜੰਨਤ, ਤੇਜੌਰ ਕੌਰ, ਖਵਾਇਸ਼ਪ੍ਰੀਤ ਕੌਰ, ਮਨਦੀਪ, ਜਪਨੀਤ ਕੌਰ ਨੇ ਗੁਰਮਤਿ ਮੁਕਾਬਲਿਆਂ ਦੇ ਅਗਲੇ ਪੜਾਅ ਵਿੱਚ ਆਪਣੀ ਜਗ੍ਹਾ ਬਣਾਈ। ਇਸ ਤੋਂ ਇਲਾਵਾ ਸਕੂਲ ਦੇ 54 ਵਿਦਿਆਰਥੀਆਂ ਨੇ ਗੁਰਮਤਿ ਮੁਕਾਬਲਿਆਂ ਵਿੱਚ ਭਾਗ ਲਿਆ ਅਤੇ ਸਰਟੀਫਿਕੇਟ ਪ੍ਰਾਪਤ ਕੀਤੇ। ਪ੍ਰਿੰ. ਕਿਰਨ ਕੇਸਰ ਵੱਲੋਂ ਅਗਲੇ ਪੜਾਅ ਵਿੱਚ



ਆਪਣੀ ਜਗ੍ਹਾ ਬਣਾਉਣ ਵਾਲੇ ਸਾਰੇ ਵਿਦਿਆਰਥੀਆਂ ਨੂੰ ਅਤੇ ਮੁਕਾਬਲੇ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਵੀ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਉਨ੍ਹਾਂ ਨੇ ਅਗਲੇ ਪੜਾਅ ਵਿੱਚ ਪਹੁੰਚਣ ਵਾਲੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਤਾ ਪਿਤਾ ਨੂੰ ਵਧਾਈ ਦਿੱਤੀ।

## ਰਵਿੰਦਰ ਕੁਮਾਰ ਸਰਨਾ ਨੂੰ ਭਾਵਭਿੰਨੀਆਂ ਸ਼ਰਧਾਂਜਲੀਆਂ ਭੇਟ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸਰਨਾ ਟੈਲੀਕਾਮ ਦੇ ਮਾਲਕ ਰੋਹਿਤ ਸਰਨਾ ਅਤੇ ਐੱਚ ਡੀ ਐੱਫ ਸੀ ਬੈਂਕ ਡੇਰਾ ਬਾਬਾ ਨਾਨਕ ਦੇ ਮੈਨੇਜਰ ਮੋਹਿਤ ਸਰਨਾ ਦੇ ਪਿਤਾ ਕਰਿਆਨੇ ਦੇ ਕਾਰੋਬਾਰੀ ਰਵਿੰਦਰ ਕੁਮਾਰ ਸਰਨਾ (72) ਜੋ ਬੀਤੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ, ਦੀ ਆਤਮਿਕ ਸ਼ਾਂਤੀ ਲਈ ਸਰਨਾ ਪਰਿਵਾਰ ਵੱਲੋਂ ਸਥਾਨਕ 10 ਡੋਗਰਾ ਮਾਰਗ ਸਥਿਤ ਗੁਰਦੁਆਰਾ ਬਾਬਾ ਸ੍ਰੀ ਚੰਦ ਵਿਖੇ ਦਸਵੇਂ ਦੀ ਰਸਮ ਕਿਰਿਆ ਤੇ ਉਠਾਲਾ ਕੀਤਾ ਗਿਆ। ਪਰਿਵਾਰ ਵਿੱਚ ਸੁੱਖ ਸ਼ਾਂਤੀ ਦੀ ਅਰਦਾਸ ਕੀਤੀ ਗਈ।ਇਸ ਮੌਕੇ ਰਵਿੰਦਰ ਕੁਮਾਰ ਸਰਨਾ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਵੱਖ-ਵੱਖ ਬੁਲਾਰਿਆਂ ਨੇ ਕਿਹਾ ਕਿ ਰਵਿੰਦਰ ਕੁਮਾਰ ਦੇ ਅਕਾਲ ਚਲਾਣੇ ਨਾਲ ਸਰਨਾ ਪਰਿਵਾਰ ਨੂੰ ਬਹੁਤ ਵੱਡਾ ਘਾਟਾ ਪਿਆ ਹੈ। ਅਸੀਂ ਪ੍ਰਮਾਤਮਾ ਦੇ ਚਰਨਾਂ ਵਿੱਚ ਅਰਦਾਸ ਕਰਦੇ ਹਾਂ ਕਿ ਰਵਿੰਦਰ ਕੁਮਾਰ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ ਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ। ਇਸ ਮੌਕੇ ਸਾਬਕਾ ਨਗਰ ਕੌਂਸਲ ਪ੍ਰਧਾਨ ਐਡਵੋਕੇਟ ਪ੍ਰਮੀਤ ਸਿੰਘ ਬੇਦੀ, ਨਗਰ ਕੌਂਸਲ ਪ੍ਰਧਾਨ ਸ਼ਿਖਾ ਗੁਪਤਾ, ਮੁਨੀਸ਼ ਮਹਾਜਨ, ਨਰੇਸ਼ ਕੁਮਾਰ, ਐਕਸੀਅਨ ਐੱਸ. ਪੀ. ਸਿੰਘ ਰੰਧਾਵਾ, ਕੌਂਸਲਰ ਹਰਜਿੰਦਰ ਸਿੰਘ ਰੰਧਾਵਾ, ਆਪ ਆਗੂ ਸੰਜੀਵ ਸੈਨੀ, ਕਾਂਗਰਸੀ ਆਗੂ ਪਾਲੀ ਬੇਦੀ, ਮਾਸਟਰ ਸੰਜੀਵ ਸਰਨਾ, ਭਾਜਪਾ ਆਗੂ ਰਾਜੂ ਪੰਡਿਤ, ਡਾ. ਅਸ਼ੋਕ ਸੈਨੀ, ਪ੍ਰਿੰ. ਹਰਜੀਤ ਸਿੰਘ ਬੇਦੀ, ਗੁਰਮੀਤ ਸਿੰਘ, ਡਾ. ਵਿਜੇ ਕੁਮਾਰ, ਜੇਈ ਬਲਵਿੰਦਰ ਸਿੰਘ, ਜੇਈ ਬਲਦੇਵ ਰਾਜ, ਜੇਈ ਹਰਜੀਤ ਸਿੰਘ, ਜੇਈ ਚੰਦਰ ਮੋਹਨ, ਜੇਈ ਰਜਿੰਦਰ ਸਿੰਘ, ਜੇਈ ਹੀਰਾ ਲਾਲ, ਜੇਈ ਰੁਪਿੰਦਰ ਕੁਮਾਰ, ਸਾਬਕਾ ਜੇਈ ਜਸਪਾਲ ਸਿੰਘ ਬੇਦੀ, ਆੜ੍ਹਤੀ ਜਰਨੈਲ ਸਿੰਘ, ਆੜ੍ਹਤੀ ਸੱਜਣ ਸਿੰਘ, ਕਪਲ ਕੁਮਾਰ, ਤੇਜਿੰਦਰ ਸਿੰਘ ਪੂੰਨੀ, ਪਵਨ ਕੁਮਾਰ ਪੰਮਾ,



ਲਾਈਨਮੈਨ ਗੁਰਵਿੰਦਰ ਸਿੰਘ, ਸਤਨਾਮ ਸਿੰਘ, ਜਸਪਾਲ, ਸਰਪੰਚ ਹਰਪ੍ਰੀਤ ਸਿੰਘ ਹੈਪੀ, ਰਮੇਸ਼ ਢਿੱਲੋਂ, ਰਾਜੇਸ਼ ਡੋਗਰਾ, ਰਿੰਕੂ ਮਰਵਾਹਾ, ਰਾਜਨ ਡੋਗਰਾ, ਸੂਰਜ ਨਈਅਰ, ਲਵ ਸਰਨਾ, ਕੁਸ਼ ਸਰਨਾ, ਦੀਪਕ ਨਈਅਰ, ਥਾਣੇਦਾਰ ਨਿਰਮਲ ਸਿੰਘ ਤੋਂ ਇਲਾਵਾ ਸਰਨਾ ਪਰਿਵਾਰ ਦੇ ਰਿਸ਼ਤੇਦਾਰ ਤੇ ਸ਼ਹਿਰ ਦੇ ਦੁਕਾਨਦਾਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਐੱਸ ਏ ਈ ਐੱਲ ਵੱਲੋਂ ਇਸ ਵਾਢੀ ਦੇ ਸੀਜ਼ਨ 'ਚ ਲਗਭਗ 20 ਲੱਖ ਟਨ ਪੈਡੀ ਵੇਸਟ ਖਰੀਦਣ ਦਾ ਐਲਾਨ

**ਪਟਿਆਲਾ:** ਐੱਸ ਏ ਈ ਐੱਲ ਇੰਡ-ਸਟਰੀਜ਼ ਲਿਮਟਿਡ (ਸੇਲ) ਨੇ ਇਸ ਵਾਢੀ ਦੇ ਸੀਜ਼ਨ ਦੌਰਾਨ ਲਗਭਗ 2 ਮਿਲੀਅਨ ਟਨ ਝੋਨੇ ਦੀ ਰਹਿੰਦ-ਖੂੰਹਦ ਖਰੀਦਣ ਦੀਆਂ ਯੋਜਨਾਵਾਂ ਦਾ ਐਲਾਨ ਕੀਤਾ ਹੈ ਤਾਂ ਜੋ ਇਸਨੂੰ ਆਪਣੇ ਫਿਊਲ ਐਗਰੀਗੇਟਰ ਨੈੱਟਵਰਕ ਰਾਹੀਂ ਸਾਫ਼ ਬਿਜਲੀ ਵਿੱਚ ਬਦਲਿਆ ਜਾ ਸਕੇ।ਵੱਡੇ ਪੱਧਰ 'ਤੇ ਕੀਤੀ ਗਈ ਇਸ ਪਹਿਲਕਦਮੀ ਦਾ ਉਦੇਸ਼ ਉੱਤਰੀ ਭਾਰਤ ਵਿੱਚ ਪਰਾਲੀ ਸਾੜਨ ਨਾਲ ਨਜਿੱਠਣਾ ਅਤੇ ਖੇਤੀ-ਰਹਿਤ ਪ੍ਰਬੰਧਨ ਨੂੰ ਬਿਹਤਰ ਬਣਾਉਣਾ ਹੈ।ਐੱਸਏਈਐੱਲ ਪੰਜਾਬ, ਹਰਿਆਣਾ ਅਤੇ ਰਾਜਸਥਾਨ ਵਿੱਚ 11 ਵੇਸਟ-ਟੂ-ਐਨਰਜੀ ਪਲਾਂਟ ਚਲਾਉਂਦਾ ਹੈ, ਜਿਨ੍ਹਾਂ ਦੀ ਕੁੱਲ ਸਮਰੱਥਾ 165 ਮੈਗਾਵਾਟ ਹੈ, ਜਿਸ ਵਿੱਚ ਰਾਜਸਥਾਨ ਵਿੱਚ ਇੱਕ ਨਿਰਮਾਣ ਅਧੀਨ ਵੀ ਸ਼ਾਮਲ ਹੈ। ਇੰਡੀਅਨ ਜਰਨਲ ਆਫ਼ ਐਗਰੋਨੋਮੀ ਦੇ ਅਨੁਸਾਰ ਭਾਰਤ ਹਰ ਸਾਲ ਲਗਭਗ 500 ਮਿਲੀਅਨ ਟਨ ਫਸਲ ਦੀ ਰਹਿੰਦ-ਖੂੰਹਦ ਪੈਦਾ ਕਰਦਾ ਹੈ, ਜਿਸ ਵਿੱਚੋਂ ਲਗਭਗ 92 ਮਿਲੀਅਨ ਟਨ ਖੁੱਲ੍ਹੇਆਮ ਸਾੜਿਆ ਜਾਂਦਾ ਹੈ, ਜਿਸ ਨਾਲ ਗੰਭੀਰ ਹਵਾ ਪ੍ਰਦੂਸ਼ਣ ਅਤੇ ਸਿਹਤ ਸਮੱਸਿਆਵਾਂ ਪੈਦਾ ਹੁੰਦੀਆਂ ਹਨ। ਐੱਸਏਈਐੱਲ ਦੇ ਸੀਈਓ ਅਤੇ ਡਾਇਰੈਕਟਰ ਲਕਸ਼ਿਤ ਆਵਲਾ ਨੇ ਕਿਹਾ ਕਿ ਖੇਤੀ-ਕਚਰੇ ਨੂੰ ਸਾਫ਼ ਊਰਜਾ ਵਿੱਚ ਬਦਲ ਕੇ ਅਸੀਂ ਨਾ ਸਿਰਫ਼ ਕਿਸਾਨਾਂ ਲਈ ਆਮਦਨ ਦੇ ਨਵੇਂ ਮੌਕੇ ਪੈਦਾ ਕਰ ਰਹੇ ਹਾਂ, ਸਗੋਂ ਪਰਾਲੀ ਸਾੜਨ ਦੇ ਮੁੱਦੇ ਨੂੰ ਵੀ ਹੱਲ ਕਰ ਰਹੇ ਹਾਂ।

## ਪ੍ਰੈਸ਼ਰ ਹਾਰਨ 'ਤੇ ਪਾਬੰਦੀ ਦੇ ਹੁਕਮ

**ਜਲੰਧਰ (ਇਕਬਾਲ ਸਿੰਘ ਉਭੀ)**-ਵਧੀਕ ਮੈਜਿਸਟ੍ਰੇਟ ਅਮਨਿੰਦਰ ਕੌਰ ਵੱਲੋਂ ਸ਼ੋਰ ਪ੍ਰਦੂਸ਼ਣ (ਰੈਗੂਲੇਸ਼ਨ ਅਤੇ ਕੰਟਰੋਲ) ਰੂਲਜ਼, 2000 ਅਤੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੁਕਮ ਜਾਰੀ ਕੀਤੇ ਗਏ ਹਨ ਕਿ ਮੈਰਿਜ ਪੈਲੇਸਾਂ, ਪਬਲਿਕ ਲੋਕੇਸ਼ਨਾਂ ਅਤੇ ਧਾਰਮਿਕ ਸਥਾਨਾਂ 'ਤੇ ਲਾਊਡ ਸਪੀਕਰ ਦੀ ਆਵਾਜ਼ 10 ਡੈਸੀਬਲ ਤੋਂ ਘੱਟ ਹੋਣੀ ਚਾਹੀਦੀ ਹੈ।ਹੁਕਮਾਂ ਮੁਤਾਬਕ ਬੱਸਾਂ, ਕਾਰਾਂ, ਮੋਟਰਸਾਈਕਲਾਂ ਅਤੇ ਹਰ ਪ੍ਰਕਾਰ ਦੇ ਵਾਹਨਾਂ 'ਤੇ ਪ੍ਰੈਸ਼ਰ ਹਾਰਨਾਂ 'ਤੇ ਪੂਰਨ ਤੌਰ 'ਤੇ ਪਾਬੰਦੀ ਲਗਾਈ ਗਈ ਹੈ। ਇਸ ਤੋਂ ਇਲਾਵਾ ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਮੈਰਿਜ ਪੈਲੇਸਾਂ ਅਤੇ ਪਬਲਿਕ ਲੋਕੇਸ਼ਨਾਂ ਆਦਿ 'ਤੇ ਲਾਊਡ ਸਪੀਕਰ ਆਦਿ ਦੀ ਵਰਤੋਂ ਕਰਨ ਤੋਂ ਪਹਿਲਾਂ ਇਸ ਦੀ ਪੂਰਵ ਪ੍ਰਵਾਨਗੀ ਲੈਣੀ ਲਾਜ਼ਮੀ ਹੋਵੇਗੀ ਅਤੇ ਪ੍ਰਵਾਨਗੀ ਉਪਰੰਤ ਲਾਊਡ ਸਪੀਕਰ ਦੀ ਵਰਤੋਂ ਕਰਨ ਦਾ ਸਮਾਂ ਸਵੇਰੇ 6 ਵਜੇ ਤੋਂ ਰਾਤ 10 ਵਜੇ ਤੱਕ ਹੋਵੇਗਾ।ਇਹ ਹੁਕਮ 22 ਨਵੰਬਰ 2025 ਤੱਕ ਰਹੇਗਾ।


### Change of Name

I, Kuldeep Kaur W/o Rajinderpal Singh R/o Vill. Patti Nangli, Gilzian, P.O. Miani, Distt. Hoshiarpur, Punjab, have changed the name of my minor son from Robanpreet Singh to Robinpreet Singh. Please note.

### Public Notice

I Dilbag Singh S/o Bachan Singh R/o Village Rani Walah, Teh. & Distt. Tarn Taran declare that my son Gurwinder Singh is out of my control. So I disown him from my moveable & Immoveable Properties. Anybody deals with him at their own risk & responsibility. All concerned please note.

### ਨਿਲਾਮੀ ਸੂਚਨਾ

ਸ਼ਹੀਦ ਨਾਇਬ ਸੂਬੇਦਾਰ ਕਰਨੈਲ ਸਿੰਘ ਵੀਰ ਚੱਕਰ ਸਰਕਾਰੀ ਮਿਡਲ ਸਕੂਲ ਰਾਣੀ ਵਲਾਹ (ਤਰਨ ਤਾਰਨ) ਵਿਖੇ ਮਿਤੀ 29.10.2025 ਨੂੰ ਸਵੇਰੇ 10.30 ਵਜੇ ਪੁਰਾਣੀ ਬਿਲਡਿੰਗ ਦੇ ਤਿੰਨ ਕਮਰਿਆਂ ਨੂੰ ਢਾਹੁਣ ਸੰਬੰਧੀ ਨਿਲਾਮੀ ਕਰਵਾਈ ਜਾਣੀ ਹੈ। ਚਾਹਵਾਨ ਵਿਅਕਤੀ ਆਪਣੇ ਨਾਲ 10 ਹਜ਼ਾਰ ਰੁਪਏ ਦਾ ਬੈਂਕ ਡਰਾਫਟ ਲੈ ਕੇ ਆਉਣ। ਨਿਲਾਮੀ ਦੀਆਂ ਸ਼ਰਤਾਂ ਮੌਕੇ 'ਤੇ ਦੱਸੀਆਂ ਜਾਣਗੀਆਂ। ਚਾਹਵਾਨ ਵਿਅਕਤੀ ਹੇਠ ਲਿਖੇ ਨੰਬਰ 'ਤੇ ਸੰਪਰਕ ਕਰ ਸਕਦੇ ਹਨ। ਸੰਪਰਕ ਨੰਬਰ-85289-55950

ਵੱਲੋਂ-ਸ਼ਹੀਦ ਨਾਇਬ ਸੂਬੇਦਾਰ ਕਰਨੈਲ ਸਿੰਘ ਵੀਰ ਚੱਕਰ ਸਰਕਾਰੀ ਮਿਡਲ ਸਕੂਲ ਰਾਣੀ ਵਲਾਹ (ਤਰਨ ਤਾਰਨ)

### ਬੋਲੀ

ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਗ੍ਰਾਮ ਪੰਚਾਇਤ ਜਮਾਲਪੁਰ ਬਲਾਕ ਹਾਜੀਪੁਰ ਰਾਣੀ ਦੀ ਚਾਰ ਦੁਆਰੀ ਅੰਦਰ 21 ਦਰਖਤ ਜਿਨਾਂ ਵਿੱਚ 17 ਸਫੇਦੇ, ਦੋ ਟਾਹਲੀਆਂ ਇੱਕ ਡੇਕ ਇਕ ਸ਼ਰੀਂਹ ਇਸ ਤੋਂ ਇਲਾਵਾ ਆਬਾਦੀ ਲਾਗੇ ਇੱਕ ਰੁਬਲ ਦੇ ਦਰਖਤਾ ਦੀ ਬੋਲੀ 17-10-2025 ਦਿਨ ਸੋਮਵਾਰ, ਸਵੇਰ ਪੰਚਾਇਤ ਘਰ ਜਮਾਲਪੁਰ ਵਿਖੇ ਕੀਤੀ ਜਾਵੇਗੀ। ਸ਼ਰਤਾਂ ਮੌਕੇ 'ਤੇ ਦੱਸੀਆਂ ਜਾਣਗੀਆਂ।

ਵੱਲੋਂ ਗਰਾਮ ਪੰਚਾਇਤ ਜਮਾਲਪੁਰ

### ਆਮ ਸੂਚਨਾ

ਮੈਂ, ਰਾਜ ਕੁਮਾਰ ਪੁੱਤਰ ਝੰਡੂ ਰਾਮ ਵਾਸੀ ਨਿਜ਼ਾਤਮ ਨਗਰ, ਬਸਤੀ ਨੌਂ, ਜਲੰਧਰ ਸ਼ਹਿਰ। ਇਹ ਪ੍ਰਸ਼ਟੀ ਕਰਦਾ ਹਾਂ ਕਿ ਮੇਰੇ ਕੋਲੋਂ ਇੱਕ ਤਬਦੀਲ ਮਲਕੀਅਤਨਾਮਾ ਨੰ. 8828 ਮਿਤੀ 13.02.2018 ਜੋ ਕਿ ਮਨੀਸ਼ ਕੁਮਾਰ ਪੁੱਤਰ ਲੇਟ ਸ੍ਰੀ ਹਰਬੰਸ ਲਾਲ ਦੇ ਹੱਕ ਵਿੱਚ ਹੋਇਆ ਸੀ। ਜੋ ਕਿ ਵਾਕਿਆ ਅਬਾਦੀ ਨਿਜ਼ਾਤਮ ਨਗਰ, ਬਸਤੀ ਨੌਂ, ਜਲੰਧਰ ਮੇਂ ਮਕਾਨ ਨੰ. 227/6, ਵਿੱਚੋਂ ਪੈਂਤਰਾ ਰਕਬਾ ਤਕਰੀਬਨ 2.25 ਮਰਲੇ ਵਿੱਚ ਸਥਿਤ ਜਾਇਦਾਦ ਦਾ ਹੈ। ਜੋ ਕਿਧਰੇ ਗੁੰਮ/ਗੁਆਚ ਗਿਆ ਹੈ। ਜਿਸ ਦੀ ਮੈਂ ਸ਼ਿਕਾਇਤ ਐੱਸ ਆਰ ਨੰ. 639127/2025 ਮਿਤੀ 15.10.2025 ਨੂੰ ਥਾਣਾ ਡਵੀਜ਼ਨ ਨੰ. 5 ਵਿੱਚ ਦਰਜ ਕਰਵਾਈ ਹੈ। ਜੇ ਕਿਸੇ ਵਿਅਕਤੀ ਨੂੰ ਇਹ ਗੁੰਮ ਹੋਇਆ ਤਬਦੀਲ ਮਲਕੀਅਤਨਾਮਾ ਮਿਲਦਾ ਹੈ ਜਾਂ ਇਸ ਸੰਬੰਧੀ ਕੋਈ ਇਤਰਾਜ਼ ਹੈ ਤਾਂ ਮੈਨੂੰ ਐਡਵੋਕੇਟ ਵਿਕਾਸ ਸੂਦ ਨੂੰ ਇਸ ਨੰ. 98140-94356 'ਤੇ ਸੰਪਰਕ ਕਰ ਸਕਦਾ ਹੈ।

### ਛਿਲਕੇ ਵਾਲੇ ਅਤੇ ਬਿਨਾਂ ਛਿਲਕੇ ਤੋਂ ਬਦਾਮਾਂ ਵਾਲੇ ਹੜ੍ਹ ਪ੍ਰਭਾਵਿਤ ਸਟਾਕਾਂ ਲਈ ਈ-ਨਿਲਾਮੀ ਨੋਟਿਸ

ਛਿਲਕੇ ਵਾਲੇ ਅਤੇ ਬਿਨਾਂ ਛਿਲਕੇ ਤੋਂ ਬਦਾਮਾਂ ਦੇ ਹੜ੍ਹ ਪ੍ਰਭਾਵਿਤ ਸਟਾਕਾਂ ਦੀ ਪ੍ਰਤੀ ਕਿਲੋਗ੍ਰਾਮ ਆਧਾਰ 'ਤੇ ਅਤੇ ਜਿਵੇਂ ਹੈ ਜਿਥੇ ਹੈ' ਦੇ ਆਧਾਰ 'ਤੇ ਚਾਹਵਾਨ ਖਰੀਦਦਾਰ ਤੋਂ ਈ-ਨਿਲਾਮੀ 'ਚ ਭਾਗ ਲੈਣ ਲਈ ਫਾਰਮਾਂ ਦੀ ਮੰਗ ਕੀਤੀ ਜਾਂਦੀ ਹੈ। ਸਟਾਕ ਦਾ ਨਿਰੀਖਣ ਮੈਸਰਜ਼ ਗੋਲਡਨ ਵੈਲੀ ਪਿੰਡ ਤੇ ਡਾਕਖਾਨਾ ਧੰਨੋਵਾਲੀ, ਪਰਾਗਪੁਰ, ਜਲੰਧਰ-144005 ਵਿਖੇ ਕੀਤਾ ਜਾ ਸਕਦਾ ਹੈ। ਪੇਸ਼ਕਸ਼ ਵਸਤਾਂ ਦਾ ਨਿਰੀਖਣ ਸ੍ਰੀ ਸਤਬੀਰ ਸਿੰਘ-9465246800 ਤੋਂ ਪੂਰਵ ਸਹਿਮਤੀ ਲੈ ਕੇ 24-10-2025 ਤੋਂ 30-10-2025 ਤੱਕ ਕੀਤਾ ਜਾ ਸਕਦਾ ਹੈ। ਉਕਤ ਈ-ਨਿਲਾਮੀ ਜੋ 31-10-2025 ਨੂੰ ਹੋਣੀ ਹੈ, 'ਚ ਭਾਗ ਲੈਣ ਲਈ ਕਿਰਪਾ ਕਰਕੇ ਮਿਸ ਸਾਜਿਦਾ ਬੇਗ ਮੋਬਾਇਲ 81780-27913

ਸਾਲਵੇਜ ਸੈਟਲਰਜ਼ ਪ੍ਰਾਈਵੇਟ ਲਿਮਿਟਿਡ (ਨਿਲਾਮੀ ਕਰਤਾ) ਐੱਫ ਐੱਫ 20 ਅਤੇ 22 ਪਰਲ ਓਮੈਕਸ, ਨੇਤਾ ਜੀ ਸੁਭਾਸ਼ ਪਲੇਸ, ਪ੍ਰੀਤਮਪੁਰਾ, ਨਵੀਂ ਦਿੱਲੀ-110034 'ਤੇ ਸੰਪਰਕ ਕੀਤਾ ਜਾਵੇ

ਜਾਂ ਵੈੱਬਸਾਈਟ www. SalvageSettlers. com ਤੋਂ ਡਾਊਨਲੋਡ ਕੀਤਾ ਜਾਵੇ।

ਈ-ਨਿਲਾਮੀ ਫਾਰਮ ਜਮ੍ਹਾਂ ਕਰਨ ਦੀ ਅੰਤਮ ਮਿਤੀ 31-10-25 ਦੁਪਹਿਰ 12:00 ਵਜੇ ਹੈ।

### COURT NOTICE

(U/o 5 Rule 20 CPC)
IN THE COURT OF Sh.
Reetbrinder Singh Dhaliwal
Civil Judge (Junior Division)-13, Jalandhar
CNR No. PBJL02-004536-2025
Next Date:- 03-11-2025
KAMAL KISHORE
Vs.
GENERAL PUBLIC
PUBLICATION ISSUED TO: GENERAL PUBLIC : JALANDHAR

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 03-11-2025 at 10:00 a.m.

For details logon to https://highcourtchd.gov.in/?mod=district notice & district=Jalandhar

Civil Judge (Junior Division)-13 Jalandhar
Dated, this day of 23-10-2025

### COURT NOTICE

(U/o 5 Rule 20 CPC)
IN THE COURT OF
Sh. Barinder Singh Ramana
Additional District and Sessions Judge Ludhiana

Next Date, Purpose of case, Orders and Judgments as well as other case information is available on http://ecourts.gov.in

CNR No. PBLD01-004227-2025
Next Date:- 16-12-2025
NACHHATAR SINGH
Vs.
INDERJIT SINGH

PUBLICATION ISSUED TO: (1) Inderjit Singh S/o Jagi Singh R/o Village Kohara, Tehsil and District Ludhiana (since deceased) through his legal representatives:- (a) Manjit Singh, Son (b) Manpreet Singh, son (c) Manjit Kaur daughter (d) Surinder Kaur widow of Inderjit Singh (since deceased) through Lrs: i)Manjit Singh, Manpreet Singh, Manjit Kaur (3) Sukhwant Singh son of Hoshiar Singh r/o Kothi No.9, Karnail Singh Nagar, Near Gurudwara Jawaddi, Tehsil and District Ludhiana (4) Gurmail Kaur w/o Piara Singh (since deceased) through her legal representative Paramjit Singh S/o Piara Singh R/o h.no. 3839, New Janta Nagar, Petrol Pump Wali Gali, tehsil and District Ludhiana (5) Paramjit Singh son of Piara Singh R/o h.no. 3839, New Janta Nagar, Petrol Pump Wali Gali, tehsil and District Ludhiana (6) Jaspreet Singh (7) Manpreet Singh Both residents of Inderjit Singh R/o Kohara, Tehsil and District Ludhiana

Whereas it has been proved to the satisfaction of the Court that the defendant(s)/respondent(s) above named cannot be served in the ordinary way of service. Hence this proclamation under order 5 Rule 20 CPC is hereby issued against him/them and shoud appear personally or through their counsel on 16-12-2025 at 10:00 a.m.

Take notice that, in default of his/her appearance on the day before mentioned, the above said case will be heard and determined in his/their absence according to law

Given under my hand and seal of the court, this 23-10-2025

Additional District and Sessions Judge Ludhiana

### Capital Small Finance Bank Ltd.

HO:- MIDAS Corporate Park, 3rd Floor, 37, G.T. Road, Jalandhar-144001, Punjab, India

**ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)**

ਜਦੋਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਿਟਿਡ (ਪਹਿਲਾਂ ਕੈਪੀਟਲ ਲੋਕਲ ਏਰੀਆ ਬੈਂਕ ਲਿਮਿਟਿਡ) ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ ਦਾ ਫਾਇਨੈਂਸ਼ੀਅਲ ਐਸੇਟਸ ਅਤੇ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ, 2002 (2002 ਦਾ 54) ਅਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰਾਂ (1) ਸ੍ਰੀ ਗੁਰਪ੍ਰੀਤ ਪੁੱਤਰ ਸ੍ਰੀ ਮੁਖਤਿਆਰ ਸਿੰਘ ਵਾਸੀ ਪਿੰਡ ਥੰਮੂਵਾਲ, ਸੰਧਾਂਵਾਲ, ਜਲੰਧਰ, ਪੰਜਾਬ-144703, 2. ਸ੍ਰੀ ਮੁਖਤਿਆਰ ਸਿੰਘ ਪੁੱਤਰ ਸ੍ਰੀ ਗੁਰਮੀਤ ਸਿੰਘ ਵਾਸੀ ਪਿੰਡ ਥੰਮੂਵਾਲ, ਸੰਧਾਂਵਾਲ, ਜਲੰਧਰ, ਪੰਜਾਬ-144703, (ਇਸ ਤੋਂ ਬਾਅਦ ਕਰਜ਼ਦਾਰਾਂ ਵਜੋਂ ਹਵਾਲਾ) ਅਤੇ ਗਰੰਟਰ 3. ਸ੍ਰੀ ਸੁਰਿੰਦਰ ਸਿੰਘ ਪੁੱਤਰ ਮੇਜਰ ਸਿੰਘ, ਵਾਸੀ ਪਿੰਡ ਥੰਮੂਵਾਲ, ਡਾਕ. ਸੰਧਾਂਵਾਲ, ਤਹਿਸੀਲ ਸ਼ਾਹਕੋਟ, ਜਲੰਧਰ, ਪੰਜਾਬ-144703, (ਇਸ ਤੋਂ ਬਾਅਦ ਗਰੰਟਰ ਵਜੋਂ ਹਵਾਲਾ) ਨੂੰ ਡਿਮਾਂਡ ਨੋਟਿਸ ਦੀ ਮਿਤੀ ਨੂੰ ਐੱਚ ਐੱਲ/054611000036 'ਚ ਰੁਪਏ 21,78,552.70 ਦੀ ਬਕਾਇਆ ਰਕਮ ਉਕਤ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ- ਅੰਦਰ ਮੋੜਨ ਲਈ ਮਿਤੀ 23-12-2024 ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਕਰਜ਼ਦਾਰ ਰਕਮ ਵਾਪਸ ਮੋੜਨ 'ਚ ਅਸਫਲ ਰਹੇ ਹਨ। ਕਰਜ਼ਦਾਰਾਂ ਅਤੇ ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਗਿਆ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ ਸੰਕੇਤਕ ਕਬਜ਼ਾ ਹਾਸਲ ਕਰ ਲਿਆ ਹੈ।

ਉਪਲੱਬਧ ਸਮੇਂ 'ਚ ਸਕਿਉਰਡ ਐਸੇਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਸੰਬੰਧੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਨਾਲ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਿਟਿਡ ਵੱਲੋਂ ਐੱਚ ਐੱਲ/054611000036 'ਚ ਰੁਪਏ 21,78,552.70 ਸਮੇਤ 01.12.2024 ਤੋਂ ਭਵਿੱਖੀ ਵਿਆਜ ਦੇ ਵਸੂਲੀ ਹੇਠ ਹੋਵੇਗੀ।

**ਅਚੱਲ ਜਾਇਦਾਦ ਦਾ ਵੇਰਵਾ**

ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ : ਤਬਾਦਲਾ ਬੈਨਾਮਾ ਦਸਤਾਵੇਜ਼ ਨੰ. 2022-23/177/1/25 ਮਿਤੀ 05.04.2022 ਅਤੇ ਸੋਧਿਆ ਟਾਈਟਲ ਬੈਨਾਮਾ ਨੰ: 2022-23/177/1/232 ਮਿਤੀ 05.05.2022 ਅਨੁਸਾਰ ਸ੍ਰੀ ਗੁਰਪ੍ਰੀਤ ਪੁੱਤਰ ਸ੍ਰੀ ਮੁਖਤਿਆਰ ਸਿੰਘ ਦੀ ਮਲਕੀਅਤ ਜਾਇਦਾਦ ਰਕਬਾ 06 ਮਰਲੇ ਥੰਮੂਵਾਲ ਵਿਖੇ ਸਥਿਤ, ਹੱਦਬਸਤ ਨੰ: 278, ਤਹਿਸੀਲ ਸ਼ਾਹਕੋਟ ਅਤੇ ਜ਼ਿਲ੍ਹਾ ਜਲੰਧਰ ਨਾਲ ਸੰਬੰਧਤ ਸਭ ਕੁਝ। (ਮੌਜੂਦਾ ਪਤਾ : ਨੇੜੇ ਗੁਰਦੁਆਰਾ ਸਾਹਿਬ, ਪਿੰਡ ਥੰਮੂਵਾਲ, ਡਾਕ. ਸੰਧਾਂਵਾਲ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ)

ਮਿਤੀ : 24-10-2025 ਸਥਾਨ : ਜਲੰਧਰ (ਅਧਿਕਾਰਤ ਅਫਸਰ)

### Capital Small Finance Bank Ltd.

HO:- MIDAS Corporate Park, 3rd Floor, 37, G.T. Road, Jalandhar-144001, Punjab, India

**ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)**

ਜਦੋਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਿਟਿਡ (ਪਹਿਲਾਂ ਕੈਪੀਟਲ ਲੋਕਲ ਏਰੀਆ ਬੈਂਕ ਲਿਮਿਟਿਡ) ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਾਇਨੈਂਸ਼ੀਅਲ ਐਸੇਟਸ ਅਤੇ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ, 2002 (2002 ਦਾ 54) ਅਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰਾਂ (1) ਸ੍ਰੀਮਤੀ ਬਿੰਦਰ ਕੌਰ ਪਤਨੀ ਸ੍ਰੀ ਮੁਖਤਿਆਰ ਸਿੰਘ ਵਾਸੀ ਥੰਮੂਵਾਲ, ਸੰਧਾਂਵਾਲ, ਜਲੰਧਰ, ਪੰਜਾਬ-144703 (2) ਸ੍ਰੀ ਮੁਖਤਿਆਰ ਸਿੰਘ ਪੁੱਤਰ ਸ੍ਰੀ ਗੁਰਮੀਤ ਸਿੰਘ ਵਾਸੀ ਥੰਮੂਵਾਲ, ਸੰਧਾਂਵਾਲ, ਜਲੰਧਰ, ਪੰਜਾਬ-144703 (ਇਸ ਤੋਂ ਬਾਅਦ ਕਰਜ਼ਦਾਰਾਂ ਵਜੋਂ ਹਵਾਲਾ) ਅਤੇ ਗਰੰਟਰ (3) ਸ੍ਰੀ ਸਤਨਾਮ ਸਿੰਘ ਪੁੱਤਰ ਸ੍ਰੀ ਦਿਆਲ ਸਿੰਘ ਵਾਸੀ ਪਿੰਡ ਤੇਲਿਆਂਵਾਲ, ਜਲੰਧਰ, ਪੰਜਾਬ-144703 (ਇਸ ਤੋਂ ਬਾਅਦ ਗਰੰਟਰ ਵਜੋਂ ਹਵਾਲਾ) ਨੂੰ ਡਿਮਾਂਡ ਨੋਟਿਸ ਦੀ ਮਿਤੀ ਨੂੰ ਐੱਚ ਐੱਲ/07061100010 'ਚ ਰੁਪਏ 23,10,478.10 ਦੀ ਬਕਾਇਆ ਰਕਮ ਉਕਤ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਵਾਪਸ ਮੋੜਨ ਲਈ ਮਿਤੀ 27.02.2025 ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਕਰਜ਼ਦਾਰ ਰਕਮ ਵਾਪਸ ਮੋੜਨ 'ਚ ਅਸਫਲ ਰਹੇ ਹਨ। ਕਰਜ਼ਦਾਰਾਂ ਅਤੇ ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਗਿਆ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ ਸੰਕੇਤਕ ਕਬਜ਼ਾ ਹਾਸਲ ਕਰ ਲਿਆ ਹੈ।

ਉਪਲੱਬਧ ਸਮੇਂ 'ਚ ਸਕਿਉਰਡ ਐਸੇਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਸੰਬੰਧੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਨਾਲ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਿਟਿਡ ਵੱਲੋਂ ਐੱਚ ਐੱਲ/07061100010 'ਚ ਰੁਪਏ 23,10,478.10 ਸਮੇਤ 01.02.2025 ਤੋਂ ਭਵਿੱਖੀ ਵਿਆਜ ਦੇ ਵਸੂਲ ਕੀਤੀ ਜਾਵੇਗੀ।

**ਅਚੱਲ ਜਾਇਦਾਦ ਦਾ ਵੇਰਵਾ**

ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ : ਤਬਾਦਲਾ ਬੈਨਾਮਾ ਦਸਤਾਵੇਜ਼ ਨੰ. 2020-21/177/1/752 ਮਿਤੀ 27.11.2020 ਅਨੁਸਾਰ ਸ੍ਰੀਮਤੀ ਬਿੰਦਰ ਕੌਰ ਪਤਨੀ ਸ੍ਰੀ ਮੁਖਤਿਆਰ ਸਿੰਘ ਦੀ ਮਲਕੀਅਤ ਜਾਇਦਾਦ ਰਕਬਾ 01 ਕਨਾਲ (20 ਮਰਲੇ) ਥੰਮੂਵਾਲ ਵਿਖੇ ਸਥਿਤ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ, ਹੱਦਬਸਤ ਨੰ. 273 ਨਾਲ ਸੰਬੰਧਤ ਸਭ ਕੁਝ।

ਮਿਤੀ : 24-10-2025, ਸਥਾਨ : ਜਲੰਧਰ (ਅਧਿਕਾਰਤ ਅਫਸਰ)

### ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸਹਾਇਕ ਕੁਲੈਕਟਰ ਦਰਜਾ (ਦੋਇਮ)-ਕਮ-ਨਾਇਬ ਤਹਿਸੀਲਦਾਰ, ਬੁਢਲਾਡਾ।

ਵਿਸ਼ਾ : ਦਰਖਾਸਤ ਵੱਲੋਂ ਗੁਰਬਖ਼ਸ਼ ਸਿੰਘ ਪੁੱਤਰ ਪ੍ਰੀਤਮ ਸਿੰਘ ਵਾਸੀ ਬੋੜ੍ਹਾਵਾਲ ਤਹਿਸੀਲ ਬੁਢਲਾਡਾ ਜ਼ਿਲ੍ਹਾ ਮਾਨਸਾ ਬਾਬਤ ਸਿਹਤ ਇੰਦਰਾਜ਼ ਇੰਤਕਾਲ ਦੀ ਦਰੁਸਤੀ ਕਰਵਾਉਣ ਸੰਬੰਧੀ।

ਨੋਟਿਸ ਬਨਾਮ : ਆਮ ਜਨਤਾ।

ਇਸ ਨੋਟਿਸ ਰਾਹੀਂ ਆਮ ਤੇ ਖਾਸ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਅਦਾਲਤ ਵਿੱਚ ਗੁਰਬਖ਼ਸ਼ ਸਿੰਘ ਪੁੱਤਰ ਪ੍ਰੀਤਮ ਸਿੰਘ ਵਾਸੀ ਬੋੜ੍ਹਾਵਾਲ ਤਹਿਸੀਲ ਬੁਢਲਾਡਾ ਜ਼ਿਲ੍ਹਾ ਮਾਨਸਾ ਵੱਲੋਂ ਸਿਹਤ ਇੰਦਰਾਜ਼ ਇੰਤਕਾਲ ਦੀ ਦਰੁਸਤੀ ਕਰਵਾਉਣ ਸੰਬੰਧੀ ਇੱਕ ਦਰਖਾਸਤ ਪੇਸ਼ ਕਰਕੇ ਬੇਨਤੀ ਕੀਤੀ ਗਈ ਹੈ ਕਿ ਵਰਾਸਤ ਇੰਤਕਾਲ ਨੰ: 3256 ਪਿੰਡ ਬੋੜ੍ਹਾਵਾਲ ਅਤੇ ਇੰਤਕਾਲ ਨੰ: 1035 ਪਿੰਡ ਬੁੱਧਪੁਰਾ ਜੋ ਪ੍ਰਵਾਨ ਹੋਏ ਸਨ, ਜਿਸ ਵਿੱਚ ਕਾਕੂ ਸਿੰਘ ਮੁਤਵਫੀ ਬਿਲਾ ਸ਼ਾਦੀ ਬਿਲਾ ਔਲਾਦ ਫੌਤ ਹੋ ਗਿਆ ਸੀ। ਉਸ ਸਮੇਂ ਉਸ ਦੇ ਭਰਾ ਅਲਬੇਲ ਸਿੰਘ ਅਤੇ ਹਰਦਮ ਸਿੰਘ ਵੀ ਜੀਵਤ ਸਨ, ਜੋ ਕਿ ਤਿੰਨੋਂ ਸਕੇ ਭਰਾ ਸਨ, ਭੈਣ ਨਹੀਂ ਸੀ, ਪ੍ਰੰਤੂ ਇੰਤਕਾਲ ਵਿੱਚ ਬਿਨਾਂ ਭੈਣ ਦਾ ਨਾਂਅ ਦਿਖਾਏ ਵਿਅਕਤੀ (ਚਤਿੰਨ ਸਿੰਘ, ਭਾਣਜਾ ਅਤੇ ਕਾਕੀ ਭਾਣਜੀ) ਕੁਰਸੀਨਾਮੇ ਵਿੱਚ ਦਰਜ ਕਰ ਦਿੱਤੇ ਸਨ, ਜਦੋਂ ਕਿ ਬੁੱਧਪੁਰੇ ਵਿੱਚ ਕਾਕੀ ਦਾ ਨਾਂਅ ਕੱਟ ਕੇ ਜੰਗੀਰ ਕੌਰ ਦਰਜ ਹੈ, ਜਦੋਂ ਕਿ ਕਾਕੂ ਸਿੰਘ ਦੀ ਕੋਈ ਭੈਣ ਨਹੀਂ ਸੀ। ਇਸ ਦੀ ਤਸਦੀਕ ਪਿੰਡ ਦੇ ਸਮੂਹ ਨੰਬਰਦਾਰਾਂ ਅਤੇ ਪੰਚਾਇਤ ਵਾ ਪਿੰਡ ਦੀ ਵੱਡੀ ਉਮਰ ਦੇ ਮੋਹਤਬਰ ਵਿਅਕਤੀਆਂ ਪਾਸੋਂ ਤਸਦੀਕ ਕਰਵਾਈ ਜਾਵੇ। ਇੰਤਕਾਲ 3256 ਪਿੰਡ ਬੋੜ੍ਹਾਵਾਲ ਅਤੇ ਇੰਤਕਾਲ ਨੰ: 1035 ਪਿੰਡ ਬੁੱਧਪੁਰਾ ਮੌਕਾ ਪਰ ਪਿੰਡ ਦੇ ਮੋਹਤਬਰ ਵਿਅਕਤੀਆਂ ਪਾਸੋਂ ਤਸਦੀਕ ਕਰਵਾ ਕੇ ਰਿਕਾਰਡ ਮਾਲ ਵਿੱਚ ਦਰੁਸਤੀ ਕੀਤੀ ਜਾਵੇ, ਤਾਂ ਕਿ ਰਿਕਾਰਡ ਮਾਲ ਵਿੱਚ ਫਾਲਤੂ ਨਾਂਅ (ਜੋ ਮੌਕਾ ਪਰ ਦੁਨੀਆ ਵਿੱਚ ਮੌਜੂਦ ਨਹੀਂ ਹਨ) ਕਲਮਜਨ ਕਰਕੇ ਦਰੁਸਤ ਕੀਤਾ ਜਾਵੇ।

ਉਕਤ ਸਿਹਤ ਇੰਦਰਾਜ਼ ਇੰਤਕਾਲ ਦੀ ਦਰੁਸਤੀ ਕਰਨ ਵਿੱਚ ਜੇਕਰ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ ਹੋਵੇ ਤਾਂ ਉਹ ਨੋਟਿਸ ਦੇ ਛਪਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਅਸਾਲਤਨ ਜਾਂ ਵਕਾਲਤਨ ਆਪਣਾ ਉਜ਼ਰ/ਇਤਰਾਜ਼ ਇਸ ਅਦਾਲਤ ਵਿੱਚ ਪੇਸ਼ ਕਰ ਸਕਦਾ ਹੈ। ਬਾਅਦ ਗੁਜਰਾਨੇ ਮਿਆਦ ਕੋਈ ਉਜ਼ਰ/ਇਤਰਾਜ਼ ਕਾਬਲੇ ਸਮਾਇਤ ਨਹੀਂ ਹੋਵੇਗਾ ਅਤੇ ਨਿਯਮਾਂ ਅਨੁਸਾਰ ਉਕਤ ਦਰਜ ਸਿਹਤ ਇੰਦਰਾਜ਼ ਇੰਤਕਾਲਾਂ ਦੀ ਦਰੁਸਤੀ ਕਰ ਦਿੱਤੀ ਜਾਵੇਗੀ।

ਅੱਜ ਮਿਤੀ 24-10-2025 ਨੂੰ ਇਹ ਮੇਰੀ ਮੋਹਰ ਅਦਾਲਤ ਅਤੇ ਦਸਤਖਤਾਂ ਹੇਠ ਜਾਰੀ ਕੀਤਾ ਗਿਆ।

ਸਹਾਇਕ ਕੁਲੈਕਟਰ ਦਰਜਾ ਦੂਜਾ, ਨਾਇਬ ਤਹਿਸੀਲਦਾਰ, ਬੁਢਲਾਡਾ।

### ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਮਨਿੰਦਰ ਸਿੰਘ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਪਹਿਲਾ, ਨਵਾਂ ਸ਼ਹਿਰ

ਮਿਸਲ ਨੰਬਰ : 36/ਟੀ ਦਾਇਰ ਮਿਤੀ : 10.01.2025

ਕਿਸਮ : ਤਕਸੀਮ ਅਗਲੀ ਤਾਰੀਕ ਪੇਸ਼ੀ ਮਿਤੀ : 27.10.2025

ਪਿੰਡ ਭਾਰਟਾ ਕਲਾਂ

ਅਨੁਵਾਨ ਮੁਕੱਦਮਾ : 1 ਅਮਰਜੀਤ ਕੌਰ ਪਤਨੀ ਜਸਵਿੰਦਰ ਸਿੰਘ ਪੁੱਤਰ ਅਮਰ ਸਿੰਘ, ਵਾਸੀ ਪਿੰਡ ਭਾਰਟਾ ਕਲਾਂ, ਤਹਿਸੀਲ ਨਵਾਂ ਸ਼ਹਿਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ। ...ਫਰੀਕ ਅੱਵਲ

ਬਨਾਮ

1. ਜਸਵਿੰਦਰ ਸਿੰਘ ਪੁੱਤਰ ਤਾਰਾ ਸਿੰਘ ਪੁੱਤਰ ਨੰਤਾ ਸਿੰਘ, 2. ਗੁਰਮੇਲ ਸਿੰਘ ਪੁੱਤਰ ਭਗਤ ਸਿੰਘ ਪੁੱਤਰ ਬਸੰਤਾ ਸਿੰਘ (ਰਾਹੀਂ ਵਾਰਿਸ ਮੋਹਨ ਸਿੰਘ ਪੁੱਤਰ) 3. ਸੁਰਜੀਤ ਸਿੰਘ ਪੁੱਤਰ ਤਾਰਾ ਸਿੰਘ ਉਰਫ਼ ਮਹਿੰਗਾ ਸਿੰਘ ਪੁੱਤਰ ਰਾਮ ਧੰਨ 4. ਦਰਸ਼ਨ ਕੌਰ ਵਿਧਵਾ ਬਲਵੀਰ ਸਿੰਘ ਪੁੱਤਰ ਤਾਰਾ ਸਿੰਘ ਉਰਫ਼ ਮਹਿੰਗਾ 5. ਮਨਦੀਪ ਸਿੰਘ 6. ਦਵਿੰਦਰਜੀਤ ਸਿੰਘ ਪੁੱਤਰਾਨ ਬਲਵੀਰ ਸਿੰਘ ਪੁੱਤਰ ਤਾਰਾ ਸਿੰਘ ਉਰਫ਼ ਮਹਿੰਗਾ 7. ਗੁਰਪ੍ਰੀਤ ਕੌਰ ਪੁੱਤਰੀ ਬਲਵੀਰ ਸਿੰਘ ਪੁੱਤਰ ਤਾਰਾ ਸਿੰਘ ਉਰਫ਼ ਮਹਿੰਗਾ 8. ਜਸਵੀਰ ਸਿੰਘ 9. ਹਰਜੀਤ ਸਿੰਘ ਉਰਫ਼ ਸਰਵਨ ਸਿੰਘ (ਰਾਹੀਂ ਵਾਰਿਸ ੳ. ਕੁਲਜੀਤ ਕੌਰ ਪੁੱਤਰੀ, ਅ. ਵਿੱਕੀ ਪੁੱਤਰ ੲ. ਆਸ਼ੂ ਰਾਣੀ) 10. ਬਲਵੀਰ ਸਿੰਘ ਪੁੱਤਰਾਨ ਪ੍ਰੀਤਮ ਸਿੰਘ ਪੁੱਤਰ ਲੱਭੂ ਰਾਮ 11. ਰਣਜੀਤ ਕੌਰ, 12 . ਸੁਰਜੀਤ ਕੌਰ 13. ਪਰਮਜੀਤ ਕੌਰ, 14. ਮਨਜੀਤ ਕੌਰ ਪੁੱਤਰੀਆਂ ਪ੍ਰੀਤਮ ਸਿੰਘ ਪੁੱਤਰ ਲੱਭੂ ਰਾਮ, 15. ਦਿਲਬਾਰਾ ਸਿੰਘ ਪੁੱਤਰ ਤਾਰਾ ਸਿੰਘ ਉਰਫ਼ ਮਹਿੰਗਾ ਪੁੱਤਰ ਰਾਮ ਧੰਨ 16. ਕੁਲਦੀਪ ਸਿੰਘ ਪੁੱਤਰ ਮਹਿੰਗਾ ਸਿੰਘ ਉਰਫ਼ ਤਾਰਾ ਸਿੰਘ ਪੁੱਤਰ ਧੰਨਪਤ 17. ਬਤਨਾ ਪੁੱਤਰ ਮੂਲਾ (ਰਾਹੀਂ ਵਾਰਿਸ ੳ. ਬਖਸ਼ੀਸ਼ ਸਿੰਘ ਪੁੱਤਰ ਅ. ਸਤਪਾਲ ਸਿੰਘ ਪੁੱਤਰ) 18. ਕਰਮ ਕੌਰ 19. ਚੰਨਣ ਕੌਰ ਪੁੱਤਰੀਆਂ ਰੱਖਾ ਪੁੱਤਰ ਮੂਲਾ 20. ਹੁਕਮੀ ਵਿਧਵਾ ਰੱਖਾ ਪੁੱਤਰ ਮੂਲਾ 21. ਨਰੰਜਣ ਸਿੰਘ ਪੁੱਤਰ ਰੱਖਾ ਪੁੱਤਰ ਮੂਲਾ (ਰਾਹੀਂ ਗੁਰਦੇਵ ਸਿੰਘ ਪੁੱਤਰ) 22. ਗੁਰਦੇਵ ਸਿੰਘ ਪੁੱਤਰ ਨਰੰਜਣ ਸਿੰਘ ਪੁੱਤਰ ਰੱਖਾ ਸਿੰਘ 23. ਯੋਧ ਸਿੰਘ 24. ਸੁਖਦਿਆਲ ਸਿੰਘ ਪੁੱਤਰਾਨ ਧਰਮ ਕੌਰ ਪੁੱਤਰੀ ਰੱਖਾ 25. ਪਿਆਰਾ ਸਿੰਘ 26. ਗੁਰਮੇਲ ਸਿੰਘ ਪੁੱਤਰਾਨ ਸਵਰਨ ਸਿੰਘ ਪੁੱਤਰ ਰੱਖਾ 27. ਪ੍ਰਕਾਸ਼ ਕੌਰ ਵਿਧਵਾ ਸਵਰਨ ਸਿੰਘ ਪੁੱਤਰ ਰੱਖਾ 28. ਅਵਤਾਰ ਕੌਰ 29. ਬਲਵੀਰ ਕੌਰ 30. ਬਲਵਿੰਦਰ ਕੌਰ ਪੁੱਤਰੀਆਂ ਸਵਰਨ ਸਿੰਘ ਪੁੱਤਰ ਰੱਖਾ 31. ਬੂਟਾ ਸਿੰਘ 32. ਪ੍ਰਿਥੀ ਸਿੰਘ ਪੁੱਤਰਾਨ ਗੁਰਦਿਆਲ ਸਿੰਘ ਪੁੱਤਰ ਹਰੀ ਸਿੰਘ 33. ਹੁਕਮੀ ਵਿਧਵਾ ਰੱਖਾ ਪੁੱਤਰ ਮੂਲਾ (ਰਾਹੀਂ ਵਾਰਿਸ ੳ. ਪਿਆਰਾ ਸਿੰਘ ਪੁੱਤਰ ਅ. ਗੁਰਮੇਲ ਸਿੰਘ ਪੁੱਤਰ (i) ਪਿਆਰਾ ਸਿੰਘ ਪੁੱਤਰ ਸਵਰਨ ਸਿੰਘ (ii) ਗੁਰਮੇਲ ਸਿੰਘ ਪੁੱਤਰ ਸਵਰਨ ਸਿੰਘ) 34. ਇੰਦਰਜੀਤ ਕੌਰ ਵਿਧਵਾ ਪ੍ਰੀਤਮ ਸਿੰਘ ਪੁੱਤਰ ਲੱਭੂ ਰਾਮ ਸਾਰੇ ਵਾਸੀਆਨ ਪਿੰਡ ਭਾਰਟਾ ਕਲਾਂ, ਤਹਿਸੀਲ ਨਵਾਂ ਸ਼ਹਿਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ। ਫਰੀਕ ਦੋਇਮ

(ਦਰਖਾਸਤ ਬਾਬਤ ਕਰਨੇ ਵੰਡ ਅਰਾਜੀ)

ਰਕਬਾ 53 19 ਮਰਲੇ, ਖਾਤਾ ਨੰਬਰ 374/422, ਜਮ੍ਹਾਂਬੰਦੀ ਸਾਲ 2022-2023
ਰਕਬਾ 02 ਕਨਾਲ 02 ਮਰਲੇ, ਖਾਤਾ ਨੰਬਰ 379/427, ਜਮ੍ਹਾਂਬੰਦੀ ਸਾਲ 2022-2023
ਰਕਬਾ 08 ਕਨਾਲ 00 ਮਰਲਾ, ਖਾਤਾ ਨੰਬਰ 381/429, ਜਮ੍ਹਾਂਬੰਦੀ ਸਾਲ 2022-2023
ਰਕਬਾ 08 ਕਨਾਲ 00 ਮਰਲਾ, ਖਾਤਾ ਨੰਬਰ 383/431, ਜਮਾਂਬੰਦੀ ਸਾਲ 2022-2023
ਰਕਬਾ 06 ਕਨਾਲ 00 ਮਰਲਾ, ਖਾਤਾ ਨੰਬਰ 384/432 ਜਮਾਂਬੰਦੀ ਸਾਲ 2022-2023

ਉਪਰੋਕਤ ਅਨੁਵਾਨ ਮੁਕੱਦਮਾ ਅਧੀਨ ਤਕਸੀਮ ਕੇਸ ਵਿੱਚ ਫਰੀਕ ਦੋਇਮ ਪਿੰਡ ਵਿੱਚ ਰਿਹਾਇਸ਼ ਨਹੀਂ ਰੱਖਦੇ ਹਨ। ਇਸ ਕਰਕੇ ਫਰੀਕ ਦੋਇਮਾਂ ਦੀ ਅਸਾਲਤਨ ਇਤਲਾਹ ਨਹੀਂ ਹੋ ਸਕੀ, ਜਿਸ ਤੋਂ ਪਾਇਆ ਗਿਆ ਕਿ ਫਰੀਕ ਦੋਇਮਾਂ ਦੀ ਮਾਮੂਲੀ ਤਰੀਕੇ ਨਾਲ ਇਤਲਾਹ ਹੋਣੀ ਮੁਸ਼ਕਲ ਹੈ। ਇਸ ਲਈ ਮਿਤੀ 27.10.2025 ਦੀ ਤਾਰੀਖ ਪੇਸ਼ੀ ਨਿਸ਼ਚਿਤ ਕਰ ਕੇ ਇਸ ਇਸ਼ਤਿਹਾਰ ਰਾਹੀਂ ਫਰੀਕ ਦੋਇਮਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਤਾਰੀਖ ਤੇ ਅਸਾਲਤਨ ਜਾਂ ਵਕਾਲਤਨ ਹਾਜ਼ਰ ਅਦਾਲਤ ਆਵੇ। ਉਕਤ ਮੁਕਰਰ ਮਿਤੀ ਨੂੰ ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ ਵਿੱਚ ਇਕਤਰਫ਼ਾ ਕਾਰਵਾਈ ਅਮਲ 'ਚ ਲਿਆਂਦੀ ਜਾਵੇਗੀ।

ਅੱਜ ਮਿਤੀ 19.09.2025 ਨੂੰ ਮੇਰੇ ਦਸਤਖਤਾਂ ਅਤੇ ਮੋਹਰ ਨਾਲ ਇਹ ਨੋਟਿਸ ਜਾਰੀ ਹੋਇਆ।

(ਨੰ: 594/ਰੀਡਰ-1 ਮਿਤੀ: 19.09.2025) ਸਹਾਇਕ ਕੁਲੈਕਟਰ ਦਰਜਾ ਪਹਿਲਾ, ਨਵਾਂ ਸ਼ਹਿਰ।

### Capital Small Finance Bank

Capital Small Finance Bank Limited
H.O: MIDAS Corporate Park, 3rd Floor, 37 G.T. Road, JALANDHAR CITY

**ਕਬਜ਼ਾ ਨੋਟਿਸ [ਸਕਿਓਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (1) ਤਹਿਤ]**

ਜਿਵੇਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜ਼ੇਸ਼ਨ ਅਤੇ ਰੀਕਰੰਸਟਰਕਸ਼ਨ ਆਫ ਫਾਈਨੈਂਸ਼ੀਅਲ ਅਸੈੱਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ ਐਕਟ, 2002 ਅਧੀਨ ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13(4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਮਿਤੀ 23.12.2024 ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ 1. ਮੈਸਰਜ਼ ਆਰੂਹੀ ਆਰਕੀਟੈਕਟਸ ਐਂਡ ਕੰਸਟ੍ਰਕਸ਼ਨਜ਼ ਵਿਖੇ 1 ਪਾਮ ਡਰਾਈਵ ਕਲੋਨੀ, ਵਡਾਲਾ, ਜਲੰਧਰ ਰਾਹੀਂ ਇਸ ਦੇ ਮਾਲਕ ਸ੍ਰੀ ਵਿਜੈ ਕੁਮਾਰ 2. ਸ੍ਰੀ ਵਿਜੈ ਕੁਮਾਰ ਪੁੱਤਰ ਸ੍ਰੀ ਰਘੁਵੀਰ ਸਿੰਘ ਵਾਸੀ ਪਾਮ ਡਰਾਈ ਕਲੋਨੀ, ਵਡਾਲਾ ਜਲੰਧਰ-144003 (ਇਸ ਤੋਂ ਬਾਅਦ ਕਰਜ਼ਦਾਰਾਂ ਵਜੋਂ ਹਵਾਲਾ) ਅਤੇ ਗਰੰਟਰ 3. ਸ੍ਰੀ ਸਿੱਧੂ ਕੁਮਾਰ ਪੁੱਤਰ ਸ੍ਰੀ ਸੁੱਖ ਰਾਮ ਵਾਸੀ ਨੰ. 2. ਟੈਂਕੀ, ਨੇੜੇ ਪਾਣੀ ਵਾਲੀ ਟੈਂਕੀ, ਫੋਕਲ ਪੁਆਇੰਟ, ਇੰਡਸਟ੍ਰੀਅਲ ਟਾਊਨ ਜਲੰਧਰ, ਪੰਜਾਬ-144004 4. ਸ੍ਰੀਮਤੀ ਟਵਿੰਕਲ ਕੁਮਾਰੀ ਪੁੱਤਰੀ ਸ੍ਰੀ ਸਤੀਸ਼ ਕੁਮਾਰ ਵਾਸੀ ਪਿੰਡ ਲੱਖਣ ਕੋਠੀ, ਰੋਪਨ, ਸਰਕਾਘਾਟ, ਮੰਡੀ, ਹਿਮਾਚਲ ਪ੍ਰਦੇਸ਼-175024 ਅਤੇ ਨਾਲ ਹੀ: ਸ੍ਰੀਮਤੀ ਟਵਿੰਕਲ ਕੁਮਾਰੀ ਪਤਨੀ ਸ੍ਰੀ ਵਿਜੈ ਕੁਮਾਰ ਪੁੱਤਰ ਸ੍ਰੀ ਰਘੁਵੀਰ ਸਿੰਘ ਵਾਸੀ ਪਾਮ ਡਰਾਈਵ ਕਲੋਨੀ, ਵਡਾਲਾ, ਜਲੰਧਰ-144003 (ਇਸ ਤੋਂ ਬਾਅਦ ਗਰੰਟਰਾਂ ਵਜੋਂ ਹਵਾਲਾ) ਨੂੰ ਓ ਡੀ/ 048400000086 'ਚ ਰੁਪਏ 12,85,832.04 (ਬਾਰਾਂ ਲੱਖ ਪਚਾਸੀ ਹਜ਼ਾਰ ਅੱਠ ਸੌ ਬੱਤੀ ਰੁਪਏ ਅਤੇ ਚਾਰ ਪੈਸੇ ਕੇਵਲ) ਸਮੇਤ 01.12.2024 ਤੋਂ ਭਵਿੱਖੀ ਵਿਆਜ ਵਾਪਸ ਮੋੜਨ ਦਾ ਸੱਦਾ ਦਿੰਦਾ ਨੋਟਿਸ ਜਾਰੀ ਕੀਤਾ ਸੀ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ। ਇਸ ਲਈ ਕਰਜ਼ਦਾਰਾਂ/ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨ ਹਸਤਾਖਰੀ ਨੇ ਨਿਯਮ 8 ਅਤੇ 9 ਨਾਲ ਪੜ੍ਹੇ ਜਾਂਦੇ ਉਕਤ ਐਕਟ ਦੇ ਐਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦੱਸੀ ਜਾਇਦਾਦ ਦਾ 23 ਅਕਤੂਬਰ 2025 ਨੂੰ ਕਬਜ਼ਾ ਲੈ ਲਿਆ। ਖਾਸ ਤੌਰ 'ਤੇ ਕਰਜ਼ਦਾਰਾਂ/ਗਰੰਟਰਾਂ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ ਦੀ ਸੂਰਤ 'ਚ ਓ ਡੀ/048400000086 'ਚ ਰੁਪਏ 12,85,832.04 (ਬਾਰਾਂ ਲੱਖ ਪਚਾਸੀ ਹਜ਼ਾਰ ਅੱਠ ਸੌ ਬੱਤੀ ਰੁਪਏ ਅਤੇ ਚਾਰ ਪੈਸੇ ਕੇਵਲ) ਸਮੇਤ 1.12.2024 ਤੋਂ ਭਵਿੱਖੀ (ਵਸੂਲੀ ਜੇਕਰ ਕੋਈ ਹੋਈ ਘਟਾ ਕੇ) ਕੈਪੀਟਲ ਸਮਾਲ ਫਾਇਨਾਂਸ ਬੈਂਕ ਦੀ ਵਸੂਲੀ ਹੇਠ ਹੋਵੇਗੀ। ਉਪਲੱਬਧ ਸਮੇਂ 'ਚ ਸਕਿਓਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

**ਅਚੱਲ ਜਾਇਦਾਦ ਦਾ ਵੇਰਵਾ**

ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ : ਬੈਨਾਮਾ ਦਸਤਾਵੇਜ਼ ਨੰ. 2018-19/187/1/4402 ਮਿਤੀ 23.01.2019 ਅਨੁਸਾਰ ਸ੍ਰੀਮਤੀ ਟਵਿੰਕਲ ਕੁਮਾਰੀ ਪਤਨੀ ਸ੍ਰੀ ਵਿਜੈ ਕੁਮਾਰ ਮਲਕੀਅਤ ਜਾਇਦਾਦ ਰਕਬਾ 2 ਮਰਲੇ 266 ਵਰਗ ਫੁੱਟ (810 ਵਰਗ ਫੁੱਟ) ਪਲਾਟ 58 ਵਿਖੇ ਸਥਿਤ, ਪਿੰਡ ਧਾਲੀਵਾਲ, ਤਹਿਸੀਲ ਜਲੰਧਰ ਨਾਲ ਸੰਬੰਧਤ ਸਭ ਕੁਝ।

ਸਥਾਨ : ਜਲੰਧਰ ਮਿਤੀ : 23.10.2025 ਸਹੀ/- ਅਧਿਕਾਰਤ ਅਫਸਰ

## ਕਲਾਸੀਫਾਈਡ ਇਸ਼ਤਿਹਾਰ

### ਆਮ ਸੂਚਨਾ

ਟਿਊਬਵੈਲ ਕੁਨੈਕਸ਼ਨ ਖਾਤਾ ਨੰਬਰ 0-436-ਕੇ, 7.5 ਹਾਰਸ ਪਾਵਰ ਜੋ ਛੱਜੂ ਰਾਮ ਦੇ ਨਾਂਅ ਤੇ ਪਿੰਡ ਵਾਹਿਦਪੁਰ, ਡਾਕ: ਮੋਇਲਾ ਵਾਹਿਦਪੁਰ, ਦਿਹਾਤੀ ਸਵਡਿਵੀਜਨ ਪੀ.ਐਸ.ਪੀ.ਸੀ.ਐੱਲ ਗੜ੍ਹਸ਼ੰਕਰ ਵਿਖੇ ਚੱਲਦਾ ਹੈ ਤੇ ਹੁਣ ਮੋਹਨ ਸਿੰਘ ਪੁੱਤਰ ਗੁਰਦਿੱਤ ਸਿੰਘ ਵਾਸੀ ਹਰੀਪੁਰ ਦੇ ਨਾਂਅ ਤੇ ਬਦਲੀ ਹੋਣ ਜਾ ਰਿਹਾ ਹੈ। ਜੇਕਰ ਇਸ ਸੰਬਧੀ ਕਿਸੇ ਨੂੰ ਕੋਈ ਇਤਰਾਜ ਹੋਵੇ ਤਾਂ 15 ਦਿਨਾਂ ਦੇ ਅੰਦਰ-ਅੰਦਰ ਦਿਹਾਤੀ ਸਵਡਿਵੀਜਨ ਪੀ.ਐੱਸ.ਪੀ.ਸੀ.ਐੱਲ. ਗੜ੍ਹਸ਼ੰਕਰ ਵਿਖੇ ਦਰਜ ਕਰਵਾ ਸਕਦਾ ਹੈ।

ਮੈਂ, ਸੁਨੀਤਾ ਦੇਵੀ ਪਤਨੀ ਲੇਟ ਸ੍ਰੀ ਅਵਤਾਰ ਸਿੰਘ ਵਾਸੀ ਪਿੰਡ ਪਾਹਲੇਵਾਲ, ਡਾਕਘਰ ਅਤੇ ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦੀ ਹਾਂ ਕਿ ਮੇਰਾ ਪੁੱਤਰ ਗੌਰਵ ਰਾਣਾ, ਉਸਦੀ ਪਤਨੀ ਗੀਤੂ ਰਾਣੀ, ਮੇਰੀਆਂ ਲੜਕੀਆਂ ਮੀਨਾ ਰਾਣੀ , ਨੀਤੂ ਰਾਣੀ ਅਤੇ ਰਜਨੀ ਮੇਰੇ ਕਹਿਣੇ ਤੋਂ ਬਾਹਰ ਸਨ ਅਤੇ ਆਪਣੀ ਮਨ ਮਰਜੀ ਕਰਦੇ ਸਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਅਖਵਾਰ ਨਵਾਂ ਜ਼ਮਾਨਾ ਅਤੇ ਪੰਜਾਬ ਟਾਇਮਜ਼ ਰਾਹੀਂ ਮਿਤੀ 29-01-2025 ਨੂੰ ਬੇਦਖਲ ਕੀਤਾ ਸੀ। ਹੁਣ ਇਹ ਸਾਰੇ ਮੇਰੇ ਕਹਿਣੇ ਵਿੱਚ ਹਨ। ਇਸ ਲਈ ਮੈਂ ਬੇਦਖਲੀ ਵਾਪਿਸ ਲੈਂਦੀ ਹਾਂ। ਸਬੰਧਿਤ ਨੋਟ ਕਰਨ।

ਹਰ ਆਮ ਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਟਿਊਬਵੈੱਲ ਕੁਨੈਕਸ਼ਨ ਨੰਬਰ ਏ ਪੀ 21-1123 ਐੱਚ, ਲੋਡ 5 ਬੀ ਐੱਚ ਪੀ, ਨਾਰੰਗ ਸਿੰਘ ਪੁੱਤਰ ਜਵੰਦ ਸਿੰਘ ਦੇ ਨਾਂਅ ਹੈ, ਜਿਸ ਨੂੰ ਸਤਵੀਰ ਕੌਰ ਪਤਨੀ ਕੁਲਦੀਪ ਸਿੰਘ ਅਤੇ ਏ ਪੀ 05-2095 ਕੇ, 5 ਬੀ ਐੱਚ ਪੀ ਕਸ਼ਮੀਰ ਸਿੰਘ ਪੁੱਤਰ ਉਜਾਗਰ ਸਿੰਘ ਦੇ ਨਾਂਅ 'ਤੇ ਹੈ, ਜਿਸ ਨੂੰ ਕੁਲਦੀਪ ਸਿੰਘ ਪੁੱਤਰ ਬੁਆ ਸਿੰਘ ਆਪਣੇ ਨਾਂਅ 'ਤੇ ਤਬਦੀਲ ਕਰਵਾ ਰਹੇ ਹਨ। ਇਸ ਸੰਬੰਧੀ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਆਪਣਾ ਇਤਰਾਜ਼ 07 ਦਿਨਾਂ ਦੇ ਅੰਦਰ-ਅੰਦਰ ਲਿਖਤੀ ਰੂਪ 'ਚ ਐੱਸ ਡੀ ਓ ਕਾਹਨੂੰਵਾਨ ਨੂੰ ਪੇਸ਼ ਕਰੇ। ਇਸ ਤੋਂ ਬਾਅਦ ਕੀਤਾ ਇਤਰਾਜ਼ ਮਨਜ਼ੂਰ ਨਹੀਂ ਕੀਤਾ ਜਾਵੇਗਾ ਅਤੇ ਇਨ੍ਹਾਂ ਦੋਨੋਂ ਟਿਊਬਵੈੱਲ ਕੁਨੈਕਸ਼ਨ ਨੂੰ ਬਿਨਾਂ ਕਿਸੇ ਦੇ ਇਤਰਾਜ਼ ਦੇ ਬੇਨਤੀ ਕਰਤਾ ਦੇ ਨਾਂਅ 'ਤੇ ਬਦਲੀ ਕਰ ਦਿੱਤਾ ਜਾਵੇਗਾ। ਬਾ-ਹੁਕਮ ਐੱਸ ਡੀ ਓ ਕਾਹਨੂੰਵਾਨ

### ਬੇਦਖਲੀ ਨੋਟਿਸ

ਅਸੀਂ, ਦਰਸ਼ਨ ਸਿੰਘ ਸਿੱਧੂ ਪੁੱਤਰ ਹਰਦਿੱਤ ਸਿੰਘ ਅਤੇ ਬਲਜੀਤ ਕੌਰ ਸਿੱਧੂ ਪਤਨੀ ਦਰਸ਼ਨ ਸਿੰਘ ਸਿੱਧੂ ਵਾਸੀਆਨ ਭਾਗਾ ਪੱਤੀ, ਪਿੰਡ ਕੁੱਸਾ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਸੂਚਿਤ ਕਰਦੇ ਹਾਂ ਕਿ ਸਾਡਾ ਲੜਕਾ ਸੁਖਵਿੰਦਰ ਸਿੰਘ ਸਿੱਧੂ ਆਪਣੇ ਪਰਵਾਰ ਸਮੇਤ ਆਸਟਰੇਲੀਆ ਵਿੱਚ ਰਹਿ ਰਿਹਾ ਸੀ ਅਤੇ ਉਸ ਦੀ ਮੌਤ ਹੋ ਗਈ। ਸੁਖਵਿੰਦਰ ਸਿੰਘ ਸਿੱਧੂ ਦੀ ਮੌਤ ਤੋਂ ਬਾਅਦ ਉਸ ਦੀ ਪਤਨੀ ਸਰਬਜੀਤ ਕੌਰ ਸਿੱਧੂ, ਪੋਤਰਾ ਹਰਸ਼ਦੀਪ ਸਿੰਘ ਸਿੱਧੂ, ਪੋਤਰੀ ਮਨਜੀਤ ਕੌਰ ਸਿੱਧੂ ਸਾਡੇ ਨਾਲ ਗੱਲਬਾਤ ਕਰਨੋ ਹਟ ਗਏ। ਅਸੀਂ ਦੋਵੇਂ ਪਤੀ-ਪਤਨੀ ਉਕਤ ਤਿੰਨਾਂ ਦੇ ਮਾੜੇ ਵਿਵਹਾਰ ਨੂੰ ਵੇਖਦੇ ਹੋਏ ਉਹਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦੇ ਹਾਂ। ਉਹਨਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਰਾਜ ਰਾਣੀ ਪਤਨੀ ਰਮੇਸ਼ ਸਿੰਘ ਵਾਸੀ ਫੱਤੂ ਵਾਲਾ, ਤਹਿਸੀਲ ਜਲਾਲਾਬਾਦ, ਜ਼ਿਲ੍ਹਾ ਫਾਜ਼ਿਲਕਾ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਨਵਜੋਤ ਸਿੰਘ (ਰਿੰਕੂ) ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਆਪਣੇ ਲੜਕੇ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਪੁਸ਼ਪਾ ਤਿਰਪਾਠੀ ਪਤਨੀ ਬਰਜੇਸ਼ ਕੁਮਾਰ ਤਿਰਪਾਠੀ ਵਾਸੀ ਮਕਾਨ ਨੰ. 10, ਗ੍ਰੀਨ ਵੂਡ ਐਵੀਨਿਊ, ਮਿੱਠਾਪੁਰ, ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਕਾਰਤਿਕ ਤਿਰਪਾਠੀ ਉਰਫ ਹੈਰੀ ਬਾਹਮਣ ਉਮਰ 25 ਸਾਲ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਬਾਕੀ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਅਸੀਂ, ਅਸ਼ੋਕ ਕੁਮਾਰ ਪੁੱਤਰ ਵਾਸ ਦੇਵ ਅਤੇ ਨੀਲਮ ਪਤਨੀ ਅਸ਼ੋਕ ਕੁਮਾਰ ਦੋਨੋਂ ਵਾਸੀਆਨ ਮਕਾਨ ਨੰ. 40, ਨਿਊ ਵਿਨੈ ਨਗਰ, ਜਲੰਧਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਨਿਤਿਨ ਅਤੇ ਉਸਦੀ ਪਤਨੀ ਆਂਚਲ, ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਸਾਡਾ ਅਤੇ ਸਾਡੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ ਉਹ ਆਪਣੇ ਨਫ਼ੇ ਨੁਕਸਾਨ ਦਾ ਆਪ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਰਾਜ ਕੌਰ ਪਤਨੀਂ ਬਿੱਕਰ ਸਿੰਘ, ਪਿੰਡ ਹਸਨਪੁਰ (ਸੰਗਰੂਰ) ਆਪਣੇ ਲੜਕੇ ਜਸਪ੍ਰੀਤ ਸਿੰਘ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਸ ਨਾਲ ਲੈਣਦੇਣ ਕਰਨ ਅਤੇ ਸੰਬੰਧ ਰੱਖਣ ਵਾਲੇ ਖੁੱਦ ਜ਼ਿੰਮੇਵਾਰ ਹੋਣਗੇ।

### ਬੇਦਖਲੀ ਨੋਟਿਸ

ਮੈਂ ਨਿਰਮਲ ਕੌਰ ਪਤਨੀ ਜਰਨੈਲ ਸਿੰਘ ਪੁੱਤਰ ਹਰਨਾਮ ਸਿੰਘ ਵਾਸੀ 418 ਪੁੱਡਾ ਕਾਲੋਨੀ ਬੇਬੇ ਨਾਨਕੀ ਅਰਬਨ ਅਸਟੇਟ ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ ਦੀ ਰਹਿਣ ਵਾਲੀ ਹਾਂ। ਮੇਰਾ ਲੜਕਾ ਇੰਦਰਜੀਤ ਸਿੰਘ ਤੇ ਮੇਰੀ ਨੂੰਹ ਗੁਰਪ੍ਰੀਤ ਕੌਰ ਜੋ ਮੇਰੇ ਕਹਿਣੇਕਾਰ ਤੋਂ ਬਾਹਰ ਹਨ। ਮੈਂ ਉਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦੀ ਹਾਂ।

ਅਸੀਂ ਸੁਰਿੰਦਰ ਪਾਲ ਪੁੱਤਰ ਸ਼੍ਰੀ ਚੰਨੂ ਰਾਮ ਅਤੇ ਜਸਵਿੰਦਰ ਕੌਰ ਪਤਨੀ ਸੁਰਿੰਦਰ ਪਾਲ ਵਾਸੀ ਪਿੰਡ ਖਿੱਚੀਪੁਰ, ਡਾਕਖਾਨਾ ਹਰੀਪੁਰ, ਜ਼ਿਲ੍ਹਾ ਜਲੰਧਰ, ਪੰਜਾਬ ਹਰ ਆਮ ਤੇ ਖਾਸ ਨੂੰ ਸੂਚਿਤ ਕਰਦੇ ਹਾਂ ਕਿ ਸਾਡਾ ਪੁੱਤਰ ਹਨੀ ਬਸਰਾ ਸਾਡੇ ਕਹਿਣੇ ਤੋਂ ਬਾਹਰ ਹੈ। ਅਸੀਂ ਇਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁੱਦ ਜ਼ਿੰਮੇਵਾਰ ਹੋਵੇਗਾ ਮੈਂ ਜਾਂ ਮੇਰਾ ਪਰਿਵਾਰ ਨਹੀਂ।

ਮੈਂ ਜਗਜੀਤ ਸਿੰਘ ਪੁੱਤਰ ਮੋਹਨ ਸਿੰਘ ਵਾਸੀ ਮਕਾਨ ਨੰਬਰ 564, ਯੂਨਿਵਰਸਲ ਇਨਕਲੇਵ, ਛੇਹਰਟਾ ਅੰਮ੍ਰਿਤਸਰ ਆਪਣੇ ਲੜਕੇ ਮਨਜੀਤ ਸਿੰਘ ਜੋ ਮੇਰੇ ਕਹਿਣੇ ਵਿੱਚ ਨਹੀ ਹੈ, ਮੇਰੀ ਕੋਈ ਗੱਲ ਨਹੀ ਮੰਨਦਾ, ਆਪਣੀ ਮਰਜੀ ਕਰਦਾ ਹੈ ਨੂੰ ਆਪਣੀ ਚੱਲ ਅਚੱਲ, ਚੁੱਕਵੀਂ ਅਣਚੁੱਕਵੀਂ ਜਾਇਦਾਦ ਤੋਂ ਬੇਦਖਲ ਕਰਦਾ ਹਾਂ. ਉਸਦੇ ਕਿਸੇ ਵੀ ਮਾੜੇ ਚੰਗੇ ਕੰਮ, ਲੈਣ ਦੇਣ, ਨਫ਼ੇ ਨੁਕਸਾਨ ਦੇ ਲਈ ਮੈਂ ਅਤੇ ਮੇਰੇ ਪਰਿਵਾਰ ਦਾ ਕੋਈ ਮੈਂਬਰ ਜਿੰਮੇਵਾਰ ਨਹੀ ਹੋਵੇਗਾ। ਮੇਰਾ ਮਨਜੀਤ ਸਿੰਘ ਦੇ ਨਾਲ ਕੋਈ ਸੰਬੰਧ ਨਹੀ ਹੈ।

ਮੈ ਕੁਸਮ ਪਤਨੀ ਲੇਟ ਸ੍ਰੀ ਦਲੀਪ ਸ਼ਰਮਾ ਵਾਸੀ ਵਿਸ਼ਾਲ ਕਾਲੋਨੀ ਪੱਟੀ ਤਹਿਸੀਲ ਪੱਟੀ ਜਿਲਾ ਤਰਨਤਾਰਨ ਦੀ ਰਹਿਣ ਵਾਲੀ ਹਾ । ਮੇਰਾ ਲੜਕਾ ਸ਼ਾਮੂ ਸ਼ਰਮਾ ਜੋ ਕਿ ਮੇਰੇ ਕਹਿਣੇ ਤੋ ਬਾਹਰ ਹੈ । ਮੈ ਆਪਣੇ ਲੜਕੇ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਵਿੱਚੋ ਬੇਦਖਲ ਕਰਦਾ ਹਾ। ਇਸ ਨਾਲ ਲੈਣ ਦੇਣ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਮੈਂ, ਰਾਨੀ ਪਤਨੀ ਹੰਸ ਰਾਜ, ਵਾਸੀ ਮਕਾਨ ਨੰਬਰ ਬੀ-22/56, ਮੁਹੱਲਾ ਉੱਚਾ ਧੋੜਾ, ਕਪੂਰਥਲਾ, ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਜਤਿੰਦਰ ਸਿੰਘ ਉਰਫ ਜਤਨ, ਜੋ ਕਿ ਮੇਰੇ ਕਹਿਣੇਕਾਰ ਵਿੱਚ ਨਹੀਂ ਹੈ ਅਤੇ ਆਪਣੀ ਮਰਜ਼ੀ ਕਰਦਾ ਹੈ, ਜਿਸ ਕਰਕੇ ਮੈਂ ਆਪਣੇ ਉਕਤ ਲੜਕੇ ਨੂੰ ਆਪਣੀ ਤਮਾਮ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰੇ ਉਕਤ ਲੜਕੇ ਨਾਲ ਕਿਸੇ ਵੀ ਕਿਸਮ ਦਾ ਲੈਣ-ਦੇਣ ਕਰਨ ਵਾਲਾ ਵਿਅਕਤੀ ਖੁਦ ਜਿੰਮੇਵਾਰ ਹੋਵੇਗਾ। ਸਾਰੇ ਸਬੰਧਤ ਨੋਟ ਕਰਨ।

ਅਸੀਂ, ਸੋਹਨ ਲਾਲ ਪੁੱਤਰ ਤੁਲਸੀ ਰਾਮ ਅਤੇ ਪ੍ਰੇਮਾ ਪਤਨੀ ਸੋਹਨ ਲਾਲ, ਵਾਸੀਆਨ ਮਕਾਨ ਨੰਬਰ-192, ਔਜਲਾ ਰੋਡ, ਫੈਕਟਰੀ ਏਰੀਆਂ, ਕਪੂਰਥਲਾ, ਪੰਜਾਬ, ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਗੋਬਿੰਦ ਕੁਮਾਰ ਅਤੇ ਨੂੰਹ ਰੋਲੀ ਪਾਲ, ਜੋ ਕਿ ਕੁਝ ਸਮੇਂ ਤੋਂ ਸਾਡੇ ਕਹਿਣੇਕਾਰ ਤੋਂ ਬਾਹਰ ਹਨ ਅਤੇ ਪਰਿਵਾਰ ਨਾਲ ਲੜਾਈ-ਝਗੜਾ ਕਰਦੇ ਹਨ।ਜਿਸ ਕਰਕੇ ਅਸੀ ਆਪਣੇ ਉਕਤ ਲੜਕੇ ਗੋਬਿੰਦ ਕੁਮਾਰ, ਨੂੰਹ ਰੋਲੀ ਪਾਲ ਅਤੇ ਉਨ੍ਹਾਂ ਦੇ ਬੱਚਿਆ ਗੁਰਬਾਜ਼ ਅਤੇ ਅਯਾਨ, ਨੂੰ ਆਪਣੀ ਤਮਾਮ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਸਾਡੇ ਉਕਤ ਲੜਕੇ, ਨੂੰਹ ਅਤੇ ਉਨ੍ਹਾਂ ਦੇ ਦੋਵੇਂ ਬੱਚਿਆਂ, ਨਾਲ ਜੋ ਕੋਈ ਵੀ ਕਿਸੇ ਵੀ ਕਿਸਮ ਦਾ ਲੈਣ-ਦੇਣ ਕਰਦਾ ਹੈ ਤਾਂ ਇਸ ਲਈ ਉਹ ਖੁਦ ਜ਼ਿੰਮੇਵਾਰ ਹੋਣਗੇ। ਇਸ ਵਿੱਚ ਸਾਡੀ ਜਾਂ ਸਾਡੇ ਪਰਿਵਾਰ ਦੇ ਕਿਸੇ ਵੀ ਮੈਂਬਰ ਦੀ ਕੋਈ ਵੀ ਜਿੰਮੇਵਾਰੀ ਨਹੀਂ ਹੋਵੇਗੀ।

ਮੈਂ ਟਹਿਲ ਸਿੰਘ ਪੁੱਤਰ ਸ੍ਰ. ਤੇਜ਼ਾ ਸਿੰਘ, ਵਾਸੀ ਪਿੰਡ ਖਾਸਾ ਜ਼ਿਲਾ ਅੰਮ੍ਰਿਤਸਰ ਇਹ ਬਿਆਨ ਕਰਦਾ ਹਾਂ ਮੇਰਾ ਪੋਤਰਾ ਗੁਰਪ੍ਰੀਤ ਸਿੰਘ ਉਰਫ ਗੋਪੀ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਅਪਣੀ ਮਨ ਮਰਜੀ ਕਰਦਾ ਹੈ ਜਿਸ ਨੂੰ ਮੈ ਆਪਣੀ ਚੱਲ ਅਚੱਲ ਜਮੀਨ ਜ਼ਾਇਦਾਦ ਤੋ ਬੇਦਖਲ ਕਰਦਾ ਹਾਂ। ਇਸ ਦੇ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਇਸ ਦੇ ਨਾਲ ਮੇਰੇ ਅਤੇ ਮੇਰੇ ਪਰਿਵਾਰ ਦਾ ਕੋਈ ਵੀ ਤਲਕ ਵਾਸਤਾ ਨਹੀ ਹੋਵੇਗਾ।ਸੰਬੰਧਤ ਕਿਰਪਾ ਕਰਕੇ ਨੋਟ ਕਰਨ।

ਅਸੀਂ ਅਸ਼ਵਨੀ ਕੁਮਾਰ ਪੁੱਤਰ ਖੇਮ ਰਾਮ ਵਾ ਸਰੋਜ ਪਤਨੀ ਅਸ਼ਵਨੀ ਕੁਮਾਰ ਵਾਸੀਆਨ ਮਕਾਨ ਨੰ: 14/65, ਮੁੱਹਲਾ ਸ਼ੇਰੀਆਂ, ਕਪੂਰਥਲਾ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਇਵਾਂਸ਼ੂ ਸ਼ਾਰਦਾ (ਕੁਆਰਾ) ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਅਸੀਂ ਇਸ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਵਾ ਸਾਡੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਕਮਲੇਸ਼ ਪਤਨੀ ਅਸ਼ੋਕ ਕੁਮਾਰ ਵਾਸੀ ਗਲੀ ਨੰ: 12, ਰਤਨ ਨਗਰ, ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਮਨਦੀਪ ਵਾ ਉਸਦੀ ਪਤਨੀ ਸੁਖਮਨੀ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

### Change of Name

I, Paramjit Singh S/O Kashmir Singh R/O Village Bhet, VPO Bahadurpur Rajoa, Distt. Gurdaspur - 143527, Punjab have changed my name from Paramjit Singh to Paramjeet Singh. All note.

I, Ramandeep S/o Sh. Satpal, R/o Ward No. 2, Julaha Mohalla, Village & Post Office Alawalpur-144301, Punjab (India) have changed my name from Ramandeep to Ramandeep Pawar. Please concerned be note.

I, Paramjit W/o Sarbjit Singh R/o Vill. Alipur, Distt. Jalandhar have changed my name as Paramjit to Paramjit Kaur

I,Jagjit Singh S/O Surinder Singh R/O Baba Deep Singh Colony,Near Dilbag Wadali,San Sahib Road,Chheharta, Amritsar,Punjab have changed my name from Jagjit Singh to Jagjit as my Given name and Singh as my Surname.

I, Prabhjit Kaur D/O Jaswant Singh W/O Jasvir Singh R/O VPO.Chhangla, Teh.Dasuya, Distt. Hoshiarpur, Punjab 144205 have Changed my name from Prabhjit Kaur to Prabhjeet Kaur. All concerned Please Note.

I Gurmail Kaur W/O Bhim Singh village Arkwas P O Lehragaga, Teh. Lehra Distt. Sangrur have changed my name to Gurmel Kaur W/O Bhim Singh.concerned note.

I, Jarmandeep Singh S/o Makhtool Singh R/o Village Daliri Tehsil Bhikhiwind Tarn Taran have declare that Jarmandeep is my Given name and Singh is my Surname

I, Harpreet W/o Kamalpreet Singh R/o H.No. 60 Gali No. 8 Kot Mangal Singh Ishwar Nagar Tarn Taran Road Amritsar have changed my name Harpreet to Kaur Harpreet , Kaur is surname, All please note it.

I, Ranjit Singh S/o Teja Singh R/o Vill. Maan Tehsil Majitha Distt. Amritsar have changed my name to Ranjeet Singh

I, Gurpreet Kaur W/o Manjinder Singh R/o Village Miran Kot Kalan Bhittewadd Patti, Ajnala Road, Amritsar have changed my name from Gurpeet Kaur to Gurpreet Kaur

I, Mandeep Kaur Sachdev W/O Kamalpreet Verma R/O 13-D (1209) Lane 2 Guru Amardass Avenue Airport Road Amritsar have changed the name of my minor Son from Divraaj Verma to Divraaj Singh Verma

I, Lehal Daljit Singh S/o Balwinder Singh R/o Post Office Nawan Pind, Block Jandiala Guru, Nawan Pind Amritsar have changed my name from Lehal Daljit Singh to Daljit Singh

I, Navdeep Singh S/o Sukhdev Singh R/o Vill Bhangwan, Distt Amritsar have declare that Singh is my Surname Navdeep is my given name

I, Deepak Kumar S/O Jeet Pal R/O 261 Ucha Dhora, Kapurthala Declared That Have Changed The Name Of My Son From Dikshant To Dikshant Mahla.

I, Prince S/o Sanjeev Kumar R/o VPO. Attowal, District Hoshiarpur, Punjab-146111 have changed my name from Prince to Prince Jhamat. Concerned Note.

### Change of Name

I, Rajesh Kumar S/o Kewal Krishan R/o 228, Hardev Nagar, Opp. Sports College, Jalandhar City have changed my name from Rajesh Kumar to Rajesh Arora.

I, Jeevan Jyoti Alias Simran Arora W/o Rajesh Arora R/o 228, Hardev Nagar, Opp. Sports College, Jalandhar City have changed my name from Jeewan Jyoti Alias Simran Arora to Simran Arora.

I, Anita Minhas W/o Naresh Kumar R/o V.P.O. Khusropur, Jalandhar Cantt, Punjab-144024 have changed my name from Anita Minhas to Anita after marriage.All concerned please note.

I, Shambu Kumar Sharma S/o Suresh Kumar residing at House No. 178, New Chandan Nagar, P.O. Kartarpur, Distt. Jalandhar (Punjab) have changed the name of my minor daughter Anshu Kumari age 14 years and she shall hereafter be known as Manisha.

I, Vivan Verma S/o Vikram Verma R/o 523/1 Arya Nagar, Jail Road Gurdaspur, Tehsil/Distt. Gurdaspur, Punjab-143521 India have changed my name from Vivan Verma to Vivaan Verma.

I, Ashita Garg d/o Avinash Garg r/o Qtr. No. B-13, NIT Campus, Jalandhar, Punjab, Pin-144011 have changed my name to Ashita. All Please Note.

I, Rakesh Kumar s/o Jiwan Kumar Sharma r/o Kotla Road, Near Sheikhe Pind, Aasha Colony, Jalandhar (Punjab) have changed my name to Rakesh Kumar Sharma. All Please Note.

I, Sachin Kumar s/o Raman Kumar r/o VPO. Attowal, Hoshiarpur have changed my name to Given name as Sachin & Surname as Kumar. All Please Note.

I, Kanchan Devi w/o Vijay Kumar Khanna r/o H.No. 113/1, Vikas Puri, Tanda Road, Jalandhar, Punjab have changed my name as Champa Khanna. All Please Note.

I, Sonia D/o Santokh Singh and W/o Ramandeep Singh R/o Village Seena, Po.Jallowal Khanoor, Distt. Hoshiarpur, Punjab have changed my name and shall hereafter be known as Sonia Kaur.

I, Harbhajan Ram S/o Karnail Ram R/o Patti Bulla Ki, VPO. Rurka Kalan, Distt. Jalandhar, Punjab declare that Harbhajan Ram and Harbhajan Lal both are the names of one and the same person.

I, Kamaljit Singh S/o Sanjeev Kumar R/o VPO. Attowal, District Hoshiarpur, Punjab-146111 have changed my name from Kamaljit Singh to Given Name as Kamaljit & Surname as Singh. Concerned Note.

I, Sandeep Kumar S/o Gurvinder Kumar R/o H.No. 464/1, New Model House, Jalandhar, Punjab-144003 have changed my name from Sandeep Kumar to Given Name as Sandeep & Surname as Kumar. All concerned please note.

### ਨਾਂਅ ਦੀ ਬਦਲੀ

ਮੈਂ ਪੂਜਾ ਪੁੱਤਰੀ ਨਛੱਤਰ ਪਾਲ ਸਿੰਘ ਵਾਸੀ ਪਿੰਡ ਤੇ ਡਾਕਖਾਨਾ ਬਿਆਸ ਪਿੰਡ, ਜ਼ਿਲ੍ਹਾ ਜਲੰਧਰ ਨੇ ਆਪਣਾ ਨਾਂਅ ਪੂਜਾ ਤੋਂ ਬਦਲ ਕੇ ਪੂਜਾ ਮਡਾਰ ਰੱਖ ਲਿਆ ਹੈ, ਸੰਬੰਧਤ ਨੋਟ ਕਰਨ। (12684)

ਮੈਂ ਕਿਰਨ ਪੁੱਤਰੀ ਨਛੱਤਰ ਪਾਲ ਸਿੰਘ ਵਾਸੀ ਪਿੰਡ ਤੇ ਡਾਕਖਾਨਾ ਬਿਆਸ ਪਿੰਡ, ਜ਼ਿਲ੍ਹਾ ਜਲੰਧਰ ਨੇ ਆਪਣਾ ਨਾਂਅ ਕਿਰਨ ਤੋਂ ਬਦਲ ਕੇ ਕਿਰਨ ਮਡਾਰ ਰੱਖ ਲਿਆ ਹੈ, ਸੰਬੰਧਤ ਨੋਟ ਕਰਨ। (12684)

ਮੈਂ, Jernail Singh ਪੁੱਤਰ ਗੁਰਦੇਵ ਸਿੰਘ, ਪਿੰਡ ਘਨੌਰੀ ਕਲਾਂ (ਸੰਗਰੂਰ) ਨੇ ਆਪਣਾ ਨਾਮ ਬਦਲ ਕੇ Jarnail Singh ਰੱਖ ਲਿਆ ਹੈ।

ਮੈਂ, ਪ੍ਰੀਤੀ ਪਤਨੀ ਮਨਜਿੰਦਰ ਸਿੰਘ ਵਾਸੀ ਪਿੰਡ ਫਤਿਹਪੁਰ, ਕੁਲਾਰ, ਡਾਕਖਾਨਾ ਕੁਲਾਰ, ਜ਼ਿਲ੍ਹਾ ਜਲੰਧਰ, ਪੰਜਾਬ ਨੇ ਆਪਣੀ ਲੜਕੀ ਦਾ ਨਾਮ ਜੈਸਮੀਨ ਤੋਂ ਬਦਲ ਕੇ ਜਸਮੀਨ ਕੌਰ ਰੱਖ ਲਿਆ ਹੈ। ਅੱਜ ਤੋਂ ਬਾਅਦ ਮੇਰੀ ਲੜਕੀ ਨੂੰ ਜਸਮੀਨ ਕੌਰ ਦੇ ਨਾਮ ਨਾਲ ਜਾਣਿਆ ਜਾਵੇ।

### ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਜ਼ਿਲ੍ਹਾ ਪੱਧਰੀ ਪ੍ਰਾਇਮਰੀ ਖੇਡਾਂ ਦਾ ਸ਼ਾਨਦਾਰ ਆਰੰਭ

## ਉਪ ਜ਼ਿਲ੍ਹਾ ਸਿੱਖਿਆ ਅਧਿਕਾਰੀ ਅਮਨਦੀਪ ਸ਼ਰਮਾ ਨੇ ਕੀਤਾ ਉਦਘਾਟਨ



**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)**

ਜ਼ਿਲ੍ਹਾ ਸਿੱਖਿਆ ਅਧਿਕਾਰੀ ਮੈਡਮ ਲਲਿਤਾ ਅਰੋੜਾ ਦੇ ਮਾਰਗਦਰਸ਼ਨ ਹੇਠ ਜ਼ਿਲ੍ਹਾ ਪੱਧਰੀ ਪ੍ਰਾਇਮਰੀ ਖੇਡਾਂ 24 ਅਕਤੂਬਰ ਨੂੰ ਵੱਖ-ਵੱਖ ਖੇਡ ਮੈਦਾਨਾਂ ਵਿੱਚ ਸ਼ੁਰੂ ਹੋਈਆਂ। ਇਨ੍ਹਾਂ ਖੇਡਾਂ ਦਾ ਉਦਘਾਟਨ ਉਪ ਜ਼ਿਲ੍ਹਾ ਸਿੱਖਿਆ ਅਧਿਕਾਰੀ (ਐਲੀਮੈਂਟਰੀ) ਅਮਨਦੀਪ ਸ਼ਰਮਾ ਨੇ ਕੀਤਾ। ਜ਼ਿਲ੍ਹਾ ਖੇਡ ਅਧਿਕਾਰੀ ਗੁਰਪ੍ਰੀਤ ਸਿੰਘ ਅਤੇ ਸਹਾਇਕ ਲੋਕ ਸੰਪਰਕ ਅਧਿਕਾਰੀ ਲੋਕੇਸ਼ ਚੌਬੇ ਵਿਸ਼ੇਸ਼ ਤੌਰ 'ਤੇ ਉਨ੍ਹਾਂ ਦੇ ਨਾਲ ਮੌਜੂਦ ਸਨ।ਖਿਡਾਰੀਆਂ ਨਾਲ ਜਾਣ-ਪਹਿਚਾਣ ਕਰਨ ਤੋਂ ਬਾਅਦ ਉਨ੍ਹਾਂ ਨੂੰ ਸੰਬੋਧਨ ਕਰਦਿਆਂ ਉਪ ਜ਼ਿਲ੍ਹਾ ਸਿੱਖਿਆ ਅਧਿਕਾਰੀ ਅਮਨਦੀਪ ਸ਼ਰਮਾ ਨੇ ਕਿਹਾ ਕਿ ਬੱਚਿਆਂ ਵਿੱਚ ਖੇਡਾਂ ਪ੍ਰਤੀ ਹਮੇਸ਼ਾ ਹੀ ਉਤਸ਼ਾਹ ਰਹਿੰਦਾ ਹੈ। ਛੋਟੀ ਉਮਰ ਵਿੱਚ ਬੱਚੇ ਜਿਸ ਖੇਡ ਨੂੰ ਅਪਣਾ ਲੈਂਦੇ ਹਨ, ਮਨ ਦੇ ਨਾਲ ਉਸ ਵਿੱਚ ਉਨ੍ਹਾਂ ਦੀ ਮੁਹਾਰਤ ਨਿਖਰਦੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਬੱਚਿਆਂ ਵਿੱਚ ਪ੍ਰਤਿਭਾ ਦੀ ਕੋਈ ਘਾਟ ਨਹੀਂ ਹੁੰਦੀ, ਸਿਰਫ਼ ਮੌਕਾ ਦੇਣ ਦੀ ਲੋੜ ਹੁੰਦੀ ਹੈ, ਤਾਂ ਜੋ ਉਹ ਆਪਣੀ ਕਾਬਲਿਅਤ ਮੈਦਾਨ 'ਤੇ ਸਾਬਤ ਕਰ ਸਕਣ।ਉਪ ਜ਼ਿਲ੍ਹਾ ਸਿੱਖਿਆ ਅਧਿਕਾਰੀ ਨੇ ਖੇਡਾਂ ਦਾ ਆਯੋਜਨ ਕਰ ਰਹੇ ਅਧਿਆਪਕਾਂ ਨੂੰ ਅਪੀਲ ਕੀਤੀ ਕਿ ਉਹ ਖਿਡਾਰੀਆਂ ਦੀ ਹਰ ਸਹੂਲਤ ਦਾ ਪੂਰਾ ਧਿਆਨ ਰੱਖਣ। ਇਸ ਮੌਕੇ 'ਤੇ ਲੈਕਚਰਾਰ ਸੰਦੀਪ ਸੂਦ, ਬਲਾਕ ਪ੍ਰਾਇਮਰੀ ਸਿੱਖਿਆ ਅਧਿਕਾਰੀ ਜਸਵਿੰਦਰ ਪਾਲ ਬਾਂਸਲ, ਚਰਨਜੀਤ ਸਿੰਘ ਸਿੱਧੂ,ਬਲਾਕ ਪ੍ਰਾਇਮਰੀ ਸਿੱਖਿਆ ਅਧਿਕਾਰੀ ਰਾਜਕੁਮਾਰ, ਟੂਰਨਾਮੈਂਟ ਕਮੇਟੀ ਦੇ ਮੈਂਬਰ ਹੈਡ ਟੀਚਰ ਰਮਨ ਕੁਮਾਰ ਐਰੀ, ਚੰਦਰ ਪ੍ਰਕਾਸ਼ ਸੈਨੀ, ਜ਼ਿਲ੍ਹਾ ਕੋਆਰਡੀਨੇਟਰ ਰਜਨੀਸ਼ ਕੁਮਾਰ ਗੁਲਿਆਨੀ, ਅਜੈ ਕੁਮਾਰ ਰਾਮ ਸਿੰਘ, ਮੁਨਿਤ ਖੰਨਾ, ਪੂਨਮ ਰਾਜਪੂਤ, ਮਨਪ੍ਰੀਤ ਕੌਰ, ਜਸਵੀਰ ਸਿੰਘ, ਨਿਤਿਨ ਕੁਮਾਰ, ਪ੍ਰਵੀਨ ਸ਼ਰਮਾ ਆਦਿ ਹਾਜ਼ਰ ਸਨ।

# ਲਾਇਲਪੁਰ ਖ਼ਾਲਸਾ ਕਾਲਜ ਵਿਖੇ ਨਵੇਂ ਸੈਸ਼ਨ ਦੀ ਸ਼ੁਰੂਆਤ



**ਜਲੰਧਰ (ਸ਼ੈਲੀ ਐਲਬਰਟ)**-ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਨਿਰੰਤਰ ਤਤਪਰ ਰਹਿੰਦਾ ਹੈ। ਇਸੇ ਕਰਕੇ ਇਥੋਂ ਦੇ ਵਿਦਿਆਰਥੀ ਉੱਚ ਬੁਲੰਦੀਆਂ ਨੂੰ ਛੂੰਹਦੇ ਹਨ। ਨਵੇਂ ਸੈਸ਼ਨ ਦੀ ਸ਼ੁਰੂਆਤ ਮੌਕੇ ਕਾਲਜ ਵਿਖੇ ਵੱਖ ਵੱਖ ਵਿਭਾਗਾਂ ਦੇ ਲਈ ਸੁਆਗਤੀ ਸਮਾਗਮ ਕਰਵਾਏ ਜਾਂਦੇ ਹਨ। ਇਸੇ ਲੜੀ ਵਿਚ ਕਾਲਜ ਵਿਖੇ ਕਾਮਰਸ ਵਿਭਾਗ ਦੇ ਪਹਿਲੇ ਸਮੈਸਟਰ ਦੇ ਵਿਦਿਆਰਥੀਆਂ ਦੇ ਸਵਾਗਤ ਵਿਚ ਵੈਲਕਮ ਪ੍ਰੋਗਰਾਮ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਦਾ ਮੁੱਖ ਉਦੇਸ਼ ਨਵੇਂ ਦਾਖਲ ਹੋਏ ਵਿਦਿਆਰਥੀਆਂ ਨੂੰ ਅਕਾਦਮਿਕ, ਸੱਭਿਆਚਾਰਕ ਅਤੇ ਸਮਾਜਿਕ ਮਾਹੌਲ ਨਾਲ ਜੋੜਨਾ ਸੀ। ਸਮਾਗਮ ਵਿਚ ਪ੍ਰਿੰਸੀਪਲ ਪ੍ਰੋ. ਨਵਦੀਪ ਕੌਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਉਨ੍ਹਾਂ ਵਿਦਿਆਰਥੀਆਂ ਨੂੰ ਸੰਬੋਧਨ ਹੁੰਦੇ ਹੋਏ ਕਿਹਾ ਕਿ ਕਾਲਜ ਦੀ ਪੜ੍ਹਾਈ ਦਾ ਉਦੇਸ਼ ਸਿਰਫ ਅਕਾਦਮਿਕ ਉੱਤਮਤਾ ਹੀ ਨਹੀਂ ਬਲਕਿ ਵਿਦਿਆਰਥੀ ਦਾ ਵਿਅਕਤੀਗਤ ਵਿਕਾਸ ਅਤੇ ਸਰਬਪੱਖੀ ਵਿਕਾਸ ਹੈ। ਇਸ ਲਈ ਉਹਨਾਂ ਨੇ ਵਿਦਿਆਰਥੀਆਂ ਨੂੰ ਇਸ ਦਾ ਭਰਪੂਰ ਲਾਭ ਉਠਾਉਣ ਲਈ ਕਿਹਾ। ਨਵੇਂ ਵਿਦਿਆਰਥੀਆਂ ਦੇ ਸੁਆਗਤ ਵਿਚ ਕਲਚਰਲ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ। ਕਾਲਜ ਦੇ ਸੀਨੀਅਰ ਵਿਦਿਆਰਥੀਆਂ ਦੁਆਰਾ ਆਪਣੇ ਜੂਨੀਅਰਾਂ ਦਾ ਸਵਾਗਤ ਕਰਨ ਲਈ ਲੋਕ ਗੀਤ ਅਤੇ ਡਾਂਸ ਦੀਆਂ ਪੇਸ਼ਕਾਰੀਆਂ ਕੀਤੀਆਂ ਗਈਆਂ। ਇਸ ਉਪਰੰਤ ਵਿਦਿਆਰਥੀਆਂ ਨੂੰ ਕਾਲਜ ਦੇ ਵੱਖ- ਵੱਖ ਪਹਿਲੂਆਂ ਤੋਂ ਜਾਣੂ ਕਰਵਾਇਆ ਗਿਆ। ਇਸ ਮੌਕੇ ਕਾਲਜ ਦੇ ਵੱਖ-ਵੱਖ ਵਿਭਾਗਾਂ ਅਤੇ ਸਹਿ-ਪਾਠ ਕਿਰਿਆਵਾਂ ਦੇ ਡੀਨ ਤੇ ਇੰਚਾਰਜ ਸਾਹਿਬਾਨ ਦੁਆਰਾ ਵਿਦਿਆਰਥੀਆਂ ਨੂੰ ਕਾਲਜ ਬਾਰੇ ਅਤੇ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ ਗਈ। ਵਿਭਾਗ ਮੁਖੀ ਡਾ. ਰਸ਼ਪਾਲ ਸਿੰਘ ਸੰਧੂ ਨੇ ਵਿਦਿਆਰਥੀਆਂ ਨੂੰ ਲਕਸ਼ ਸੈੱਟ ਕਰਨ ਅਤੇ ਉਹਨਾਂ ਨੂੰ ਪ੍ਰਾਪਤ ਕਰਨ ਬਾਰੇ ਆਪਣੀ ਰਾਇ ਨਾਲ ਉਤਸ਼ਾਹਿਤ ਕੀਤਾ। ਅਖੀਰ ਵਿੱਚ, ਡਾ. ਰਮਿੰਦਰ ਕੌਰ ਭਾਟੀਆ ਨੇ ਸਾਰਿਆਂ ਦਾ ਧੰਨਵਾਦ ਕੀਤਾ । ਇਸ ਮੌਕੇ 'ਤੇ ਪ੍ਰੋਫੈਸਰ ਅਮਿਤਾ ਸ਼ਾਹਿਦ, ਪ੍ਰੋ ਰਵਨੀਤ ਬੈਂਸ, ਪ੍ਰੋ. ਵਿਵੇਕ ਮਹਾਜਨ, ਡਾ. ਨਵਦੀਪ, ਡਾ. ਯੂਬੀਕ ਬੇਦੀ, ਪ੍ਰੋ ਮਨੀਸ਼ ਗੋਇਲ, ਡਾ. ਜੋਤੀ ਵੋਹਰਾ ਤੇ ਹੋਰ ਅਧਿਆਪਕ ਸਾਹਿਬਾਨ ਵੀ ਹਾਜ਼ਰ ਸਨ।

# ਸਤੰਬਰ ਮਹੀਨੇ 'ਚ 157 ਬੱਸਾਂ ਦੀ ਚੈਕਿੰਗ, 15 ਦੇ ਚਲਾਨ

**ਹੁਸ਼ਿਆਰਪੁਰ, (ਓਮ ਪ੍ਰਕਾਸ਼ ਰਾਣਾ)**

ਵਧੀਕ ਡਿਪਟੀ ਕਮਿਸ਼ਨਰ (ਜ) ਅਮਰਬੀਰ ਕੌਰ ਭੁੱਲਰ ਨੇ ਜ਼ਿਲ੍ਹੇ ਵਿਚ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ ਅਤੇ ਅਧਿਕਾਰੀਆਂ ਨੂੰ ਸਾਰੇ ਯੋਗ ਵਿਅਕਤੀਆਂ ਨੂੰ ਭਲਾਈ ਸਕੀਮਾਂ ਦਾ ਲਾਭ ਪਹੁੰਚਾਉਣ ਅਤੇ ਕੰਮਾਂ ਵਿਚ ਤੇਜ਼ੀ ਲਿਆਉਣ 'ਤੇ ਜ਼ੋਰ ਦਿੱਤਾ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਉਨ੍ਹਾਂ ਵਿਭਾਗ ਮੁਖੀਆਂ ਤੋਂ ਉਨ੍ਹਾਂ ਦੇ ਕੰਮ ਬਾਰੇ ਜਾਣਕਾਰੀ ਵੀ ਪ੍ਰਾਪਤ ਕੀਤੀ।ਵਧੀਕ ਡਿਪਟੀ ਕਮਿਸ਼ਨਰ ਨੇ ਇਸ ਦੌਰਾਨ 'ਐਨਕਾਰਡ' ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹੇ ਵਿਚ ਨਸ਼ੇ ਦੇ ਖ਼ਾਤਮੇ ਲਈ ਸਾਰੇ ਵਿਭਾਗਾਂ ਨੂੰ ਮਿਲ ਕੇ ਕੰਮ ਕਰਨ ਦੇ ਨਿਰਦੇਸ਼ ਦਿੱਤੇ, ਤਾਂ ਜੋ ਸਮਾਜ ਵਿਚ ਫੈਲੇ ਇਸ ਜ਼ਹਿਰ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕੇ। ਉਨ੍ਹਾਂ ਸਕੂਲ ਸਿੱਖਿਆ ਵਿਭਾਗ, ਸਿਹਤ, ਡਰੱਗ ਕੰਟਰੋਲਰ, ਆਬਕਾਰੀ ਅਤੇ ਕਰ, ਪੁਲਿਸ ਵਿਭਾਗ ਸਮੇਤ ਸਾਰੇ ਵਿਭਾਗਾਂ ਨੂੰ ਆਪਣੇ ਪੱਧਰ 'ਤੇ ਨਸ਼ਿਆਂ ਦੀ ਦੁਰਵਰਤੋਂ ਨੂੰ ਰੋਕਣ ਲਈ ਹਰ ਜ਼ਰੂਰੀ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ।ਵਧੀਕ ਡਿਪਟੀ ਕਮਿਸ਼ਨਰ ਨੇ ਸੜਕ ਸੁਰੱਖਿਆ ਮੀਟਿੰਗ ਨੂੰ ਸੰਬੋਧਨ ਕਰਦਿਆਂ ਬਲੈਕ ਸਪਾਟਾਂ ਦੀ ਪਛਾਣ ਕਰਨ ਅਤੇ ਸੁਰੱਖਿਆ ਉਪਾਅ ਕਰਨ ਦੇ ਨਿਰਦੇਸ਼ ਦਿੱਤੇ ਤਾਂ ਜੋ ਕੋਈ ਵੀ ਰਾਹਗੀਰ ਹਾਦਸੇ ਦਾ ਸ਼ਿਕਾਰ ਨਾ ਹੋਵੇ। ਇਸ ਦੌਰਾਨ ਟਰਾਂਸਪੋਰਟ ਵਿਭਾਗ ਨੇ ਦੱਸਿਆ ਕਿ ਸੇਫ ਸਕੂਲ ਵਾਹਨ ਨੀਤੀ ਦੇ ਤਹਿਤ ਸਤੰਬਰ ਮਹੀਨੇ ਵਿਚ 157 ਸਕੂਲ ਵਾਹਨਾਂ ਦੀ ਜਾਂਚ ਕੀਤੀ ਗਈ ਅਤੇ 15 ਚਲਾਨ ਕੀਤੇ ਗਏ। ਇਸੇ ਤਰ੍ਹਾਂ ਪੁਲਿਸ ਵਿਭਾਗ ਨੇ ਇਕ ਇਨਫੋਰਸਮੈਂਟ ਮੁਹਿੰਮ ਦੇ ਹਿੱਸੇ ਵਜੋਂ ਸਤੰਬਰ ਵਿਚ 5,330 ਚਲਾਨ ਜਾਰੀ ਕੀਤੇ, ਜਿਸ ਵਿਚ 444 ਮੌਕੇ ਤੇ ਜੁਰਮਾਨੇ ਸ਼ਾਮਿਲ ਹਨ ਅਤੇ ਕੁੱਲ 2,26,500 ਰੁਪਏ ਜੁਰਮਾਨਾ ਵਸੂਲਿਆ ਗਿਆ।ਇਸ ਮੌਕੇ ਸਹਾਇਕ ਕਮਿਸ਼ਨਰ ਓਇਸ਼ੀ ਮੰਡਲ, ਆਰ ਟੀ ਓ ਅਮਨਦੀਪ ਕੌਰ ਸੰਧੂ, ਐੱਸ ਡੀ ਐੱਮ ਹੁਸ਼ਿਆਰਪੁਰ ਗੁਰਸਿਮਰਨਜੀਤ ਕੌਰ, ਐੱਸ ਪੀ ਮੇਜਰ ਸਿੰਘ, ਡੀ ਐੱਸ ਪੀ ਜਗੀਰ ਸਿੰਘ ਅਤੇ ਹੋਰ ਵਿਭਾਗ ਦੇ ਅਧਿਕਾਰੀ ਮੌਜੂਦ ਸਨ।



# ਤੰਬਾਕੂ ਫ੍ਰੀ ਯੂਥ ਕੰਪੇਨ ਤਹਿਤ ਕੀਤਾ ਜਾਗਰੂਕ

**ਬਲਾਚੌਰ (ਜਸਵਿੰਦਰ ਬੈਂਸ)**

ਸਿਵਲ ਸਰਜਨ ਸ਼ਹੀਦ ਭਗਤ ਸਿੰਘ ਨਗਰ ਡਾ. ਗੁਰਿੰਦਰਜੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਪੰਜਾਬ ਸਰਕਾਰ ਦੀਆਂ ਹਦਾਇਤਾਂ ਮੁਤਾਬਕ 60 ਦਿਨਾਂ ਤੰਬਾਕੂ ਫਰੀ ਯੂਥ ਕੰਪੇਨ ਤਹਿਤ ਹੈਲਥ ਇੰਸਪੈਕਟਰ ਗੁਰਿੰਦਰ ਸਿੰਘ ਨੇ ਸਰਕਾਰੀ ਮਿਡਲ ਸਕੂਲ ਸਾਹਦੜਾ ਵਿਖੇ ਤੰਬਾਕੂ ਦੇ ਮਨੁੱਖੀ ਸਰੀਰ ਤੇ ਪੈਣ ਵਾਲੇ ਮਾੜੇ ਪ੍ਰਭਾਵਬਾਰੇ ਜਾਣਕਾਰੀ ਦਿੱਤੀ ਗਈ ਜਿਸ ਵਿੱਚ ਦੱਸਿਆ ਕਿ ਅੱਜ ਦੀ ਨੌਜਵਾਨ ਪੀੜੀ ਮਾੜੀ ਸੰਗਤ ਵਿੱਚ ਫਸ ਕੇ ਤੰਬਾਕੂ ਦਾ ਸੇਵਨ ਕਰਨ ਲੱਗ ਜਾਂਦੀ ਹੈ ਜਿਸ ਦਾ ਮਨੁੱਖੀ ਸਰੀਰ ਤੇ ਬਹੁਤ ਮਾੜਾ ਪ੍ਰਭਾਵ ਪੈਂਦਾ ਹੈ। ਤਮਾਕੂ ਦਾ ਸੇਵਨ ਕਰਨ ਮੂੰਹ ਦਾ ਕੈਂਸਰ, ਗਲੇ ਵਿੱਚ ਕੈਂਸਰ ਹੋਣਾ, ਭੋਜਨ ਨਲੀ ਵਿੱਚ ਕੈਂਸਰ ਹੋਣਾ, ਮਰਦਾਂ ਵਿੱਚ ਬੱਚੇ ਪੈਦਾ ਕਰਨ ਦੀ ਸ਼ਕਤੀ ਦਾ ਘਟਣਾ ਤੇ ਹੋਰ ਅਨੇਕਾਂ ਪ੍ਰਕਾਰ ਦੇ ਰੋਗ ਲੱਗ ਜਾਂਦੇ ਹਨ। ਸਾਨੂੰ ਇਹਨਾਂ ਤੋਂ ਬਚਣਾ ਚਾਹੀਦਾ ਹੈ। ਆਓ ਸਾਰੇ ਮਿਲ ਕੇ ਪੰਜਾਬ ਨੂੰ ਇੱਕ ਤੰਦਰੁਸਤ ਅਤੇ ਤੰਬਾਕੂ ਮੁਕਤ ਰਾਜ ਬਣਾਈਏ ਤੰਬਾਕੂ ਕੰਟਰੋਲ ਐਕਟ 2003 ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਜਨਤਕ ਥਾਵਾਂ ਤੇ ਤੰਬਾਕੂਨੋਸ਼ੀ ਤੇ ਇਹ ਰੋਕ ਹੈ ਅਤੇ ਸਿਗਰਟ ਅਤੇ ਹੋਰ ਤੰਬਾਕੂ ਉਤਪਾਦਕਾਂ ਦੀ ਸਿੱਧੇ ਅਤੇ ਸਿੱਧੇ ਤੌਰ ਤੇ ਇਸ਼ਤਿਹਾਰਬਾਜ਼ੀ ਤੇ ਰੋਕ ਹੈ। 18 ਸਾਲ ਤੋਂ ਘੱਟ ਉਮਰ ਦੇ ਵਿਅਕਤੀ ਨੂੰ ਸਿਗਟ ਜਾਂ ਹੋਰ ਤੰਬਾਕੂ ਵੇਚਣਾ ਤੇ ਖਰੀਦਣਾ ਮਨਾਈ ਹੈ ਕਿਸੇ ਵੀ ਸਿੱਖਿਆ ਅਦਾਰੇ ਦੀ ਬਾਹਰੀ ਦੀਵਾਰ ਦੇ 100 ਗਜ ਦੇ ਘੇਰੇ ਅੰਦਰ ਸਿਗਟ ਜਾਂ ਤੰਬਾਕੂ ਉਤਪਾਦਨਾ ਦੇ ਸੇਵਨ ਕਰਨ ਤੇ ਵਿਕਰੀ ਤੇ ਰੋਕ ਹੈ। ਇਸ ਮੌਕੇ ਤੇ ਓਂਕਾਰ ਸਿੰਘ ਮਲਟੀਪਰ ਹੈਲਥ ਵਰਕਰ ਮੇਲ ਤੇ ਸਕੂਲ ਅਧਿਆਪਕ ਹਾਜ਼ਰ ਸਨ।




# ਤਰਨ ਤਾਰਨ ਜ਼ਿਮਨੀ ਚੋਣ ਮਹਿਲਾਵਾਂ ਦੇ ਸਹਿਯੋਗ ਨਾਲ ਜਿੱਤੀ ਜਾਵੇਗੀ : ਕ੍ਰਿਸ਼ਨਾ ਗਰੇਵਾਲ



**ਗੁਰਾਇਆ/ ਕਿਸ਼ਨਗੜ੍ਹ (ਬਿੰਦਰ ਸੁਮਨ, ਸੁਖਜੀਤ ਕੁਮਾਰ)**

ਆਮ ਆਦਮੀ ਪਾਰਟੀ ਦੇ ਮਹਿਲਾ ਵਿੰਗ ਦੇ ਦੋਆਬਾ ਜੋਨ ਦੇ ਜੋਨਲ ਇੰਚਾਰਜ ਕ੍ਰਿਸ਼ਨਾ ਗਰੇਵਾਲ ਅਤੇ ਜ਼ਿਲ੍ਹਾ ਜਲੰਧਰ ਇਸਤਰੀ ਵਿੰਗ ਦੇ ਪ੍ਰਧਾਨ ਐਡਵੋਕੇਟ ਪ੍ਰੀਤੀ ਸ਼ਰਮਾ ਨੇ ਤਰਨ ਤਾਰਨ ਦੀ ਜਿਮਨੀ ਚੋਣ ਵਿੱਚ ਪਾਰਟੀ ਨੂੰ ਵੱਡੀ ਜਿੱਤ ਦੁਆਉਣ ਲਈ ਔਰਤਾਂ ਨੂੰ ਜਥੇਬੰਦ ਕਰਨ ਦਾ ਪ੍ਰਣ ਲਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਪ੍ਰਾਪਤੀਆਂ ਨੂੰ ਔਰਤਾਂ ਤੱਕ ਪਹੁੰਚਾ ਕੇ ਉਨ੍ਹਾਂ ਨੂੰ ਪਾਰਟੀ ਨਾਲ ਜੋੜਿਆ ਜਾਵੇਗਾ। ਕ੍ਰਿਸ਼ਨਾ ਗਰੇਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਔਰਤਾਂ ਲਈ ਅਨੇਕਾਂ ਯੋਜਨਾਵਾਂ ਚਲਾਈਆਂ ਹਨ, ਜਿਵੇ ਕਿ ਫਰੀ ਬਿਜਲੀ, ਮੁਫ਼ਤ ਆਯੂਸ਼ਮਾਨ ਸਿਹਤ ਕਾਰਡ, ਮੁਫ਼ਤ ਬੱਸ ਸਫ਼ਰ ਆਦਿ। ਤਰਨ ਤਾਰਨ ਦੀਆਂ ਭੈਣਾਂ ਨੂੰ ਇਨ੍ਹਾਂ ਪ੍ਰਾਪਤੀਆਂ ਬਾਰੇ ਦੱਸ ਕੇ ਆਮ ਆਦਮੀ ਪਾਰਟੀ ਨੂੰ ਭਰਪੂਰ ਸਮਰਥਨ ਦੁਆਉਣਾ ਯਕੀਨੀ ਬਣਾਵਾਂਗੇ। ਇਸੇ ਤਰ੍ਹਾਂ ਐਡਵੋਕੇਟ ਪ੍ਰੀਤੀ ਸ਼ਰਮਾ ਨੇ ਜ਼ੋਰ ਦਿੰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਔਰਤਾਂ ਨੂੰ ਸਸ਼ਕਤ ਬਣਾਉਣ ਲਈ ਵਿਸ਼ੇਸ਼ ਕਦਮ ਚੁੱਕੇ ਹਨ, ਜੋ ਤਰਨ ਤਾਰਨ ਵਰਗੇ ਖੇਤਰ ਵਿੱਚ ਵੀ ਨਜ਼ਰ ਆ ਰਹੇ ਹਨ! ਅਸੀਂ ਘਰ ਘਰ ਜਾ ਕੇ ਸਰਕਾਰ ਦੀਆਂ ਯੋਜਨਾਵਾਂ ਵਾਰੇ ਜਾਣਕਾਰੀ ਦੇਵਾਂਗੇ ਅਤੇ ਔਰਤਾਂ ਨੂੰ ਜਿਮਨੀ ਚੋਣ ਵਿੱਚ ਸਰਗਰਮ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕੀਤਾ ਜਾਵੇਗਾ।

# ਕੋਟਲੀ ਦੀ ਕੋ-ਆਰਡੀਨੇਟਰ ਵਜੋਂ ਨਿਯੁਕਤੀ ਨਾਲ ਪਾਰਟੀ ਹੋਰ ਮਜ਼ਬੂਤ ਹੋਵੇਗੀ : ਸਾਬੀ ਮੋਗਾ

**ਅਲਾਵਲਪੁਰ, (ਮਦਨ ਬੰਗੜ)**-ਆਦਮਪੁਰ ਹਲਕੇ ਦੇ ਵਿਧਾਇਕ ਸੁਖਵਿੰਦਰ ਸਿੰਘ ਕੋਟਲੀ, ਸਪੈਸ਼ਲ ਸਪੋਕਸਪਰਸਨ ਪੰਜਾਬ ਕਾਂਗਰਸ ਨੂੰ ਦੇਸ਼ ਦੀ ਸਿਆਸਤ ਅੰਦਰ ਵੱਡਾ ਰੋਲ ਅਦਾ ਕਰਨ ਲਈ ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ ਵੱਲੋਂ ਐੱਸ ਸੀ ਵਿਭਾਗ ਦੇ ਚੇਅਰਮੈਨ ਕੋ-ਆਰਡੀਨੇਟਰ ਨਿਯੁਕਤ ਕਰਨ ਅਤੇ ਨਾਲ ਹੀ ਉੱਤਰਾਖੰਡ ਦਾ ਪ੍ਰਦੇਸ਼ ਇੰਚਾਰਜ ਬਣਾਏ ਜਾਣ ਦਾ ਸਵਾਗਤ ਕਰਦੇ ਹੋਏ ਜ਼ਿਲ੍ਹਾ ਕਾਂਗਰਸ ਕਮੇਟੀ ਦੇ ਮੀਤ ਪ੍ਰਧਾਨ ਅਤੇ ਸਾਬਕਾ ਸਰਪੰਚ ਸਤਨਾਮ ਸਿੰਘ ਸਾਬੀ ਮੋਗਾ ਨੇ ਕਿਹਾ ਕਿ ਸੁਖਵਿੰਦਰ ਸਿੰਘ ਕੋਟਲੀ ਦੀ ਨਿਯੁਕਤੀ ਨਾਲ ਜਿਥੇ ਹਲਕਾ ਆਦਮਪੁਰ ਦੇ ਕਾਂਗਰਸੀ ਵਰਕਰਾਂ ਦਾ ਮਨੋਬਲ ਵਧਿਆ ਹੈ, ਉਥੇ ਹੀ ਪਾਰਟੀ ਅੰਦਰ ਵਿਧਾਇਕ ਸੁਖਵਿੰਦਰ ਸਿੰਘ ਕੋਟਲੀ ਨੂੰ ਪਾਰਟੀ ਵੱਲੋਂ ਦਿੱਤੀ ਗਈ ਅਹਿਮ ਜਿੰਮੇਵਾਰੀ ਨਾਲ ਉਹਨਾਂ ਦਾ ਸਿਆਸੀ ਤੌਰ 'ਤੇ ਕੱਦ ਹੋਰ ਵੀ ਉੱਚਾ ਹੋਇਆ ਹੈ। ਉਨਾਂ ਕਿਹਾ ਕਿ ਉਮੀਦ ਹੈ ਕਿ ਵਿਧਾਇਕ ਕੋਟਲੀ ਦੇਸ਼ ਦੇ ਲੋਕਾਂ ਦੇ ਮਸਲਿਆਂ ਤੇ ਖਾਸ ਕਰਕੇ ਦਲਿਤ ਭਾਈਚਾਰੇ ਦੀਆਂ ਮੁਸ਼ਕਿਲਾਂ ਸਬੰਧੀ ਹੋਰ ਵੀ ਅਸਰਦਾਰ ਢੰਗ ਨਾਲ ਆਵਾਜ਼ ਉਠਾ ਸਕਣਗੇ।



# ਪਵਨਜੀਤ ਸਿੱਧੂ ਵੱਲੋਂ ਡੇਅਰੀ ਦਾ ਉਦਘਾਟਨ



**ਬੰਗਾ (ਅਵਤਾਰ ਕਲੇਰ)**-ਪ੍ਰਮਾਤਮਾ ਦਾ ਓਟ ਆਸਰਾ ਲੈ ਕੇ ਕੋਈ ਵੀ ਕੰਮ ਸ਼ੁਰੂ ਕਰੋ ਉਸ ਵਿੱਚ ਬਰਕਤਾਂ ਰਹਿੰਦੀਆਂ ਹਨ। ਇਨਸਾਨ ਆਪਣੀ ਮਿਹਨਤ ਅਤੇ ਲਗਨ ਨਾਲ ਅੱਗੇ ਵੱਧ ਸਕਦੇ ਹਨ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਹਲਕਾ ਸੰਗਠਨ ਇੰਚਾਰਜ ਪਵਨਜੀਤ ਸਿੰਘ ਸਿੱਧੂ ਵੱਲੋਂ ਗੁਣਾਚੌਰ ਵਿਖੇ ਡਾ ਰਮਨਦੀਪ ਸਿੰਘ ਚਾਹਲ ਅਤੇ ਮਨਵੀਰ ਸਿੰਘ ਚਾਹਲ ਪੁੱਤਰ ਸੁਰਜੀਤ ਸਿੰਘ ਚਾਹਲ ਦੇ ਨਵੇਂ ਕਾਰੋਬਾਰ ਦਾ ਉਦਘਾਟਨ ਕਰਦਿਆਂ ਕੀਤਾ। ਉਹਨਾਂ ਕਿਹਾ ਕਿ ਵੇਰਕਾ ਡੇਅਰੀ ਦੀ ਨਵੀਂ ਸ਼ੁਰੂਆਤ ਦੇਖ ਕੇ ਇਹ ਵਿਸ਼ਵਾਸ ਹੋਇਆ ਕਿ ਜੇ ਹਰ ਨੌਜਵਾਨ ਇਸੇ ਤਰ੍ਹਾਂ ਹਿੰਮਤ ਨਾਲ ਕਦਮ ਵਧਾਏ, ਤਾਂ ਪੰਜਾਬ ਦਾ ਭਵਿੱਖ ਬੇਮਿਸਾਲ ਹੋਵੇਗਾ। ਡੇਅਰੀ ਸ਼ਾਪ ਦੀ ਸ਼ੁਰੂਆਤ ਲਈ ਸੁਰਜੀਤ ਸਿੰਘ ਚਾਹਲ ਨੂੰ ਦਿਲੋਂ ਵਧਾਈਆਂ ਤੇ ਸ਼ੁਭਕਾਮਨਾਵਾਂ ਦਿੱਤੀਆਂ। ਉਹਨਾਂ ਕਿਹਾ ਕਿ ਨੌਜਵਾਨਾਂ ਦਾ ਜਜ਼ਬਾ ਤੇ ਮਿਹਨਤ ਹੀ ਸਾਡੇ ਪੰਜਾਬ ਦੀ ਅਸਲੀ ਤਾਕਤ ਹੈ। ਪੰਜਾਬ ਸਰਕਾਰ ਹਮੇਸ਼ਾ ਇਨ੍ਹਾਂ ਵਰਗੇ ਨੌਜਵਾਨਾਂ ਦੇ ਉੱਜਵਲ ਭਵਿੱਖ ਲਈ ਹਮੇਸ਼ਾ ਨਾਲ ਖੜ੍ਹੀ ਹੈ।

# ਬਲਾਕ ਪੱਧਰੀ ਖੇਡਾਂ 'ਚ ਕਲਸਟਰ ਧੁੱਗਾ ਕਲਾਂ ਦੇ ਵਿਦਿਆਰਥੀਆਂ ਦਾ ਓਵਰਆਲ ਟਰਾਫੀ 'ਤੇ ਕਬਜ਼ਾ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਪੰਜਾਬ ਸਕੂਲ ਸਿੱਖਿਆ ਵਿਭਾਗ ਅਧੀਨ ਪ੍ਰਾਇਮਰੀ ਸਕੂਲਾਂ ਦੀਆਂ ਬਲਾਕ ਟਾਂਡਾ -2 ਦੀਆਂ ਬਲਾਕ ਪੱਧਰੀ ਖੇਡਾਂ ਸਰਕਾਰੀ ਕਾਲਜ ਟਾਂਡਾ ਦੀ ਗਰਾਉਂਡ ਵਿੱਚ ਕਰਵਾਈਆਂ ਗਈਆਂ । ਇਸ ਵਿੱਚ ਕਲਸਟਰ ਧੁੱਗਾ ਕਲਾਂ ਦਾ ਸ਼ਾਨਦਾਰ ਪ੍ਰਦਰਸ਼ਨ ਰਿਹਾ ਅਤੇ ਕਲਸਟਰ ਦੇ ਵਿਦਿਆਰਥੀਆਂ ਨੇ ਸਭ ਤੋਂ ਵੱਧ ਇਨਾਮ ਜਿੱਤ ਕੇ ਓਵਰ ਆਲ ਟਰਾਫੀ ਤੇ ਕਬਜ਼ਾ ਕੀਤਾ। ਸੈਂਟਰ ਹੈਡ ਟੀਚਰ ਧੁੱਗਾ ਕਲਾਂ ਸ੍ਰੀ ਗੁਰਪ੍ਰੀਤ ਸਿੰਘ (ਬੀ ਐੱਨ ਓ ਟਾਂਡਾ-ਬੀ), ਸੀ ਐੱਚ ਟੀ ਰਦੀਪ ਸਿੰਘ (ਬਲਾਕ ਖੇਡ ਇੰਚਾਰਜ), ਸੰਜੀਵ ਕੁਮਾਰ ਨੇ ਬੱਚਿਆਂ ਨੂੰ ਵਧਾਈ ਦਿੰਦੇ ਹੋਏ ਹੋਰ ਮਿਹਨਤ ਕਰਨ ਲਈ ਪ੍ਰੇਰਿਆ ਤਾਂ ਜੋ ਜ਼ਿਲ੍ਹਾ ਲੈਵਲ ਤੇ ਵੀ ਸ਼ਾਨਦਾਰ ਪ੍ਰਦਰਸ਼ਨ ਕੀਤਾ ਜਾ ਸਕੇ।ਇਸ ਮੌਕੇ ਪ੍ਰਿੰਸ ਗੜ੍ਹਦੀਵਾਲਾ ਨੇ ਦੱਸਿਆ ਕਿ ਕਲਸਟਰ ਦੇ ਵਿਦਿਆਰਥੀਆਂ ਨੇ ਕਬੱਡੀ ਸਰਕਲ ਸਟਾਈਲ (ਲੜਕੇ) ਅਤੇ ਕਬੱਡੀ ਨੈਸ਼ਨਲ ਸਟਾਈਲ (ਲੜਕੇ) ਅਤੇ ਕਬੱਡੀ ਨੈਸ਼ਨਲ ਸਟਾਈਲ (ਲੜਕੀਆਂ) ਨੇ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ 100 ਮੀਟਰ 200 ਮੀਟਰ 600 ਮੀਟਰ (ਲੜਕੇ) ਅਤੇ (ਲੜਕੀਆਂ) ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। (ਲੜਕੇ ਰਿਲੇਅ) ਅਤੇ (ਲੜਕੀਆਂ ਰਿਲੇਅ) ਪਹਿਲਾ ਸਥਾਨ ਪ੍ਰਾਪਤ ਕੀਤਾ। ਸ਼ਾਟ ਪੁੱਟ (ਲੜਕੇ) ਅਤੇ (ਲੜਕੀਆਂ) ਨੇ ਪਹਿਲਾ ਸਥਾਨ ਪ੍ਰਾਪਤ ਕੀਤਾ।ਕੁਸ਼ਤੀ ਅਤੇ ਲੰਬੀ ਛਾਲ ਅਤੇ ਯੋਗਾ ਵਿੱਚੋਂ ਦੂਸਰਾ ਸਥਾਨ ਹਾਸਿਲ ਕੀਤਾ ।ਇਸ ਮੌਕੇ ਹੈਡ ਟੀਚਰ ਰਵਿੰਦਰਜੀਤ ਸਿੰਘ , ਗੁਰਦਿਆਲ ਸਿੰਘ ਅਤੇ ਅਧਿਆਪਕ ਮੇਜਰ ਸਿੰਘ, ਸੰਜੀਵ ਕੁਮਾਰ,ਪਰਦੀਪ ਕੁਮਾਰ, ਸੰਦੀਪ ਸਿੰਘ , ਸੰਗਤ ਸਿੰਘ ਆਦਿ ਹਾਜ਼ਰ ਸਨ।

## ਹਰਿਆਣਾ 'ਚ ਹੁਣ ਇੱਕ ਦਿਨ 'ਚ ਹੋਵੇਗੀ ਦੁਕਾਨ ਦੀ ਰਜਿਸਟ੍ਰੇਸ਼ਨ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹਰਿਆਣਾ ਵਿੱਚ ਹੁਣ ਦੁਕਾਨ ਦਾ ਰਜਿਸਟ੍ਰੇਸ਼ਨ ਇੱਕ ਦਿਨ ਅੰਦਰ ਹੋ ਸਕੇਗਾ। ਰਾਜ ਸਰਕਾਰ ਨੇ ਕਾਰੋਬਾਰੀ ਸਰਲਤਾ ਅਤੇ ਸਿਵਲ ਸੇਵਾਵਾਂ ਵਿੱਚ ਸਮਰਥਾ ਵਧਾਉਣ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਚੁੱਕਦੇ ਹੋਏ ਹਰਿਆਣਾ ਦੁਕਾਨ ਅਤੇ ਵਪਾਰਕ ਸਥਾਪਨਾ ਐਕਟ, 1958 ( 1958 ਦਾ ਪੰਜਾਬ ਐਕਟ 15) ਤਹਿਤ ਦੁਕਾਨ ਰਜਿਸਟ੍ਰੇਸ਼ਨ ਦੀ ਸਮਾਂ-ਸੀਮਾ ਨੂੰ ਘੱਟ ਕਰਕੇ ਇੱਕ ਦਿਨ ਕਰ ਦਿੱਤਾ ਹੈ।ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਵੱਲੋਂ ਇਸ ਸੇਵਾ ਨੂੰ ਹਰਿਆਣਾ ਸੇਵਾ ਦਾ ਅਧਿਕਾਰ ਐਕਟ, 2014 ਦੇ ਦਾਇਰੇ ਵਿੱਚ ਲਿਆਂਦੇ ਹੋਏ ਇੱਕ ਨੋਟੀਫਿਕੇਸ਼ਨ ਜਾਰੀ ਕੀਤੀ ਗਈ ਹੈ।

## 69ਵੀਆਂ ਅੰਤਰ-ਜ਼ਿਲ੍ਹਾ ਸਕੂਲ ਖੇਡਾਂ (ਸ਼ੂਟਿੰਗ) ਅੱਜ ਤੋਂ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)**-69ਵੀਆਂ ਅੰਤਰ-ਜ਼ਿਲ੍ਹਾ ਸਕੂਲ ਖੇਡਾਂ (ਸ਼ੂਟਿੰਗ) ਅੰਡਰ 14, 17 ਅਤੇ 19 ਸਾਲ ਵਰਗ (ਲੜਕੇ ਤੇ ਲੜਕੀਆਂ) 25 ਅਕਤੂਬਰ ਤੋਂ 27 ਅਕਤੂਬਰ ਤੱਕ ਸਰਕਾਰੀ ਸ਼ੂਟਿੰਗ ਰੇਂਜ, ਫੇਜ਼-6, ਐਸ.ਏ.ਐਸ. ਨਗਰ ਵਿੱਚ ਕਰਵਾਈਆਂ ਜਾ ਰਹੀਆਂ ਹਨ।ਇਹ ਜਾਣਕਾਰੀ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਡਾ. ਗਿੰਨੀ ਦੁੱਗਲ ਨੇ ਦੱਸਿਆ ਕਿ ਇਸ ਮੁਕਾਬਲੇ ਵਿੱਚ ਰਾਜ ਦੇ 23 ਜ਼ਿਲ੍ਹਿਆਂ ਦੀਆਂ ਟੀਮਾਂ ਹਿੱਸਾ ਲੈ ਰਹੀਆਂ ਹਨ ਅਤੇ ਲਗਭਗ 600 ਖਿਡਾਰੀ ਭਾਗ ਲੈਣਗੇ।ਇਹ ਖੇਡਾਂ ਵਿਦਿਆਰਥੀਆਂ ਨੂੰ ਸਿਹਤਮੰਦ ਮੁਕਾਬਲੇ ਦੀ ਭਾਵਨਾ ਨਾਲ ਨਾਲ ਅਨੁਸ਼ਾਸਨ, ਧਿਆਨ ਤੇ ਆਤਮ-ਵਿਸ਼ਵਾਸ ਵਧਾਉਣ ਦਾ ਮੌਕਾ ਪ੍ਰਦਾਨ ਕਰਨਗੀਆਂ। ਉਨ੍ਹਾਂ ਦੱਸਿਆ ਕਿ ਖਿਡਾਰੀਆਂ ਦੇ ਰਹਿਣ ਦਾ ਪ੍ਰਬੰਧ ਵੀ ਕੀਤਾ ਗਿਆ ਹੈ।

# ਹੜ੍ਹ ਪ੍ਰਭਾਵਿਤ ਲੋਕਾਂ ਨਾਲ ਸ਼੍ਰੋਮਣੀ ਅਕਾਲੀ ਦਲ ਡਟ ਕੇ ਖੜ੍ਹਾ : ਖਹਿਰਾ

**ਫਿਲੌਰ (ਨਿਰਮਲ)**

ਪਿੰਡ ਮਾਓ ਸਾਹਿਬ ਦੇ ਪਵਿੱਤਰ ਗੁਰਦੁਆਰਾ ਸਾਹਿਬ ਸ਼ਹੀਦਾਂ ਦੇ ਸਰਤਾਜ ਗੁਰੂ ਅਰਜਨ ਦੇਵ ਜੀ ਦੀ ਚਰਨ ਛੋਹ ਧਰਤੀ ਤੋਂ ਸ਼ੁਰੂਆਤ ਕੀਤੀ ਇੱਥੋਂ ਨੇੜਲੇ ਪਿੰਡਾਂ ਵਿੱਚ ਮੀਓਵਾਲ, ਮੋਤੀਪੁਰ ਖਾਲਸਾ, ਦਸਮੇਸ ਨਗਰ, ਭੋਲੇਵਾਲ, ਜਗਤਪੁਰਾ, ਪੰਜਢੇਰਾ, ਗੋਇੰਦਵਾਲ ਵਿਧਾਨ ਸਭਾ ਹਲਕਾ ਫਿਲੌਰ ਵਿੱਚ ਬਲਦੇਵ ਸਿੰਘ ਖਹਿਰਾ ਸਾਬਕਾ ਵਿਧਾਇਕ ਹਲਕਾ ਇੰਚਾਰਜ ਅਤੇ ਮੈਂਬਰ ਕੋਰ ਕਮੇਟੀ ਸ਼੍ਰੋਮਣੀ ਅਕਾਲੀ ਦਲ ਦੀ ਅਗਵਾਈ ਵਿੱਚ ਸੁਖਬੀਰ ਸਿੰਘ ਬਾਦਲ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਵਲੋਂ ਭੇਜਿਆ ਗਿਆ ਕਣਕ ਦਾ ਬੀਜ ਜਿਹਨਾਂ ਕਿਸਾਨਾਂ ਦੀਆਂ ਜ਼ਮੀਨਾਂ ਸਤਲੁਜ ਦਰਿਆ ਅਧੀਨ ਹੜ੍ਹ ਨਾਲ ਪ੍ਰਭਾਵਿਤ ਹੋ ਗਈਆਂ ਸਨ ਉਹਨਾਂ ਕਿਸਾਨਾਂ ਨੂੰ ਵੰਡਿਆ ਗਿਆ। ਜ਼ਿਕਰਯੋਗ ਹੈ ਕਿ ਹੜ੍ਹਾਂ ਦੌਰਾਨ ਜਦੋਂ ਬੰਨ੍ਹ ਨੂੰ ਬਣਾਉਣ ਲਈ ਸੇਵਾ ਚੱਲ ਰਹੀ ਸੀ ਉਸ ਸਮੇਂ ਵੀ ਸ਼੍ਰੋਮਣੀ ਅਕਾਲੀ ਦਲ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਡੀਜ਼ਲ ਤੇ ਨਕਦ ਰਾਸ਼ੀ ਦੇਕੇ ਸੇਵਾ ਵਿੱਚ ਯੋਗਦਾਨ ਪਾਇਆ ਗਿਆ ਸੀ। ਬਾਅਦ ਵਿੱਚ ਜਦੋਂ ਹੜ੍ਹ ਦਾ ਖ਼ਤਰਾ ਟਲ ਗਿਆ ਤਾਂ ਪ੍ਰਭਾਵਿਤ ਪਿੰਡਾਂ ਵਿੱਚ ਬਲਦੇਵ ਸਿੰਘ ਖਹਿਰਾ ਦੀ ਅਗਵਾਈ ਹੇਠ ਬਿਮਾਰੀਆਂ ਤੋਂ ਬਚਾਅ ਲਈ ਫੋਗਿੰਗ ਮਸ਼ੀਨਾਂ ਨਾਲ ਫੋਗਿੰਗ ਕੀਤੀ ਗਈ ਸੀ ਤੇ ਅੱਜ ਪ੍ਰਭਾਵਿਤ ਕਿਸਾਨ ਪਰਵਾਰਾਂ ਦੀ ਬਾਂਹ ਫੜੀ ਗਈ ਹੈ। ਉਹਨਾਂ ਕਿਹਾ ਸਮੂਹ ਪੰਜਾਬੀ ਸ਼੍ਰੋਮਣੀ ਅਕਾਲੀ ਦਲ ਦੀ ਇਸ ਸੇਵਾ ਵਿੱਚ ਹਰ ਤਰ੍ਹਾਂ ਨਾਲ ਸਾਥ ਦੇ ਰਹੇ ਹਨ ਜਿਸ ਲਈ ਅਸੀਂ ਸਮੂਹ ਪੰਜਾਬੀਆਂ ਦਾ ਤਹਿ ਦਿਲੋਂ ਧੰਨਵਾਦ ਕਰਦੇ ਹਾਂ। ਹੋਰਨਾਂ ਤੋਂ ਇਲਾਵਾ ਇਸ ਮੌਕੇ ਜਥੇਦਾਰ ਮੋਹਣ ਸਿੰਘ ਕੜਿਆਣਾਂ ਕੁਲਦੀਪ ਸਿੰਘ ਜੌਹਲ,ਅਮਰਜੀਤ ਸਿੰਘ ਕਟਾਣਾ, ਰਵਿੰਦਰਵੀਰ ਸਿੰਘ ਦੋਸਾਂਝ, ਭੁਪਿੰਦਰ ਸਿੰਘ ਜੌਹਲ, ਅਮਰਜੀਤ ਸਿੰਘ ਢੇਸੀ, ਅਮਨਿੰਦਰ ਸਿੰਘ ਤੱਗੜ,ਕੁਲਵੀਰ ਸਿੰਘ ਸੰਧੂ, ਮਨਜੀਤ ਸਿੰਘ ਬਿੱਲਾ, ਲਖਵੀਰ ਸਿੰਘ ਲੱਖਾ, ਮਲਕੀਤ ਸਿੰਘ ਪ੍ਰਤਾਬਪੁਰਾ, ਰਸ਼ਪਾਲ ਸਿੰਘ, ਨਛੱਤਰ ਸਿੰਘ, ਕੁਲਵਿੰਦਰ ਸਿੰਘ ਚੀਮਾ ਹਾਜ਼ਰ ਸਨ।



# ਪੰਜਾਬ ਰਾਜ ਮਹਿਲਾ ਕਮਿਸ਼ਨ ਦੀਆਂ ਨਵਨਿਯੁਕਤ ਸੀਨੀਅਰ ਵਾਈਸ-ਚੇਅਰਪਰਸਨ, ਵਾਈਸ-ਚੇਅਰਪਰਸਨ ਨੇ ਅਹੁਦਾ ਸੰਭਾਲਿਆ



**ਚੰਡੀਗੜ੍ਹ, (ਗੁਰਜੀਤ ਬਿੱਲਾ)**

ਪੰਜਾਬ ਰਾਜ ਮਹਿਲਾ ਕਮਿਸ਼ਨ ਦੀਆਂ ਨਵਨਿਯੁਕਤ ਸੀਨੀਅਰ ਵਾਈਸ-ਚੇਅਰਪਰਸਨ, ਵਾਈਸ-ਚੇਅਰਪਰਸਨ ਅਤੇ 10 ਮੈਂਬਰਾਂ ਨੇ 23 ਅਕਤੂਬਰ ਨੂੰ ਆਪਣਾ ਅਹੁਦਾ ਸੰਭਾਲ ਲਿਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਰਾਜ ਲਾਲੀ ਗਿੱਲ ਨੇ ਦੱਸਿਆ ਕਿ ਜ਼ਿਲ੍ਹਾ ਬਠਿੰਡਾ ਤੋਂ ਰੁਪਿੰਦਰ ਕੌਰ ਗਿੱਲ ਨੇ ਸੀਨੀਅਰ ਵਾਇਸ-ਚੇਅਰਪਰਸਨ ਵਜੋਂ ਅਤੇ ਅਜਨਾਲਾ ਤੋਂ ਗੀਤਾ ਗਿੱਲ ਨੇ ਵਾਇਸ ਚੇਅਰਪਰਸਨ ਵਜੋਂ ਅਹੁਦਾ ਸੰਭਾਲਿਆ ਹੈ।ਉਨ੍ਹਾਂ ਦੱਸਿਆ ਕਿ ਇਸ ਦੇ ਨਾਲ ਹੀ 10 ਮੈਂਬਰਾਂ ਨੇ 23 ਅਕਤੂਬਰ ਨੂੰ ਅਹੁਦਾ ਸੰਭਾਲਿਆ ਜਿਨ੍ਹਾਂ ਵਿਚ ਜ਼ਿਲ੍ਹਾ ਹੁਸ਼ਿਆਰਪੁਰ ਤੋਂ ਨਵਜੋਤ ਕੌਰ, ਜ਼ਿਲ੍ਹਾ ਜਲੰਧਰ ਤੋਂ ਕ੍ਰਿਸ਼ਨਾ ਦੇਵੀ, ਜ਼ਿਲ੍ਹਾ ਬਠਿੰਡਾ ਤੋਂ ਜਸਵਿੰਦਰ ਕੌਰ, ਜ਼ਿਲ੍ਹਾ ਲੁਧਿਆਣਾ ਤੋਂ ਅਜਿੰਦਰਪਾਲ ਕੌਰ, ਜ਼ਿਲ੍ਹਾ ਮੋਹਾਲੀ ਤੋਂ ਸਵਰਨਜੀਤ ਕੌਰ, ਜ਼ਿਲ੍ਹਾ ਬਠਿੰਡਾ ਤੋਂ ਸ੍ਰੀਮਤੀ ਸੁਨੀਤਾ ਰਾਣੀ, ਜ਼ਿਲ੍ਹਾ ਅੰਮ੍ਰਿਤਸਰ ਤੋਂ ਸੁਖਬੀਰ ਕੌਰ, ਜ਼ਿਲ੍ਹਾ ਪਠਾਨਕੋਟ ਤੋਂ ਰੇਖਾ ਮਨੀ ਸ਼ਰਮਾ, ਜ਼ਿਲ੍ਹਾ ਪਟਿਆਲਾ ਤੋਂ ਵੀਰਪਾਲ ਕੌਰ ਚਹਿਲ ਅਤੇ ਜ਼ਿਲ੍ਹਾ ਲੁਧਿਆਣਾ ਤੋਂ ਅੰਮ੍ਰਿਤ ਪੁਰੀ ਸ਼ਾਮਲ ਹਨ।

# ਪ੍ਰਕਾਸ਼ ਪੁਰਬ ਮੌਕੇ ਸੁਰੱਖਿਆ ਦੇ ਕੀਤੇ ਜਾਣਗੇ ਪੁਖਤਾ ਪ੍ਰਬੰਧ : ਡੀ ਐੱਸ ਪੀ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**-ਸੁਲਤਾਨਪੁਰ ਲੋਧੀ ਦੇ ਨਵ ਨਿਯੁਕਤ ਡੀ ਐੱਸ ਪੀ ਧੀਰੇਂਦਰ ਵਰਮਾ ਵੱਲੋਂ ਪ੍ਰਕਾਸ਼ ਗੁਰਪੂਰਬ ਨੂੰ ਲੈ ਕੇ ਸੁਰੱਖਿਆ ਦੇ ਕੀਤੇ ਗਏ ਪ੍ਰਬੰਧ ਦਾ ਖਾਕਾ ਤਿਆਰ ਕੀਤਾ ਗਿਆ ਹੈ। ਉਹਨਾਂ ਨੇ ਕਿਹਾ ਕਿ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਲੈ ਕੇ ਇਲਾਕੇ ਵਿੱਚ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਜਾਣਗੇ ਅਤੇ ਸੰਗਤਾਂ ਨੂੰ ਕਿਸੇ ਵੀ ਪ੍ਰਕਾਰ ਦੀ ਕੋਈ ਵੀ ਪਰੇਸ਼ਾਨੀ ਦਾ ਸਾਹਮਣਾ ਨਹੀਂ ਕਰਨ ਦਿੱਤਾ ਜਾਵੇਗਾ।ਜ਼ਿਕਰਯੋਗ ਹੈ ਕਿ ਨਵ ਨਿਯੁਕਤ ਡੀ ਐੱਸ ਪੀ ਧੀਰੇਂਦਰ ਵਰਮਾ ਵੱਲੋਂ ਚਾਰਜ ਸੰਭਾਲੇ ਜਾਣ ਮਗਰੋਂ ਨਸ਼ਾ ਤਸਕਰਾਂ ਨੂੰ ਵੀ ਸਖਤ ਚੇਤਾਵਨੀ ਦਿੱਤੀ ਗਈ ਹੈ। ਉਹਨਾਂ ਕਿਹਾ ਕਿ ਡਿਊਟੀ ਦੌਰਾਨ ਨਸ਼ਾ ਤਸਕਰ ਉਹਨਾਂ ਦੇ ਨਿਸ਼ਾਨੇ ਤੇ ਹੋਣਗੇ ਅਤੇ ਉਹਨਾਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ। ਇਸ ਤੋਂ ਇਲਾਵਾ ਉਹਨਾਂ ਵੱਲੋਂ ਸੁਲਤਾਨਪੁਰ ਲੋਧੀ ਸ਼ਹਿਰ ਅੰਦਰ ਟਰੈਫਿਕ ਸਮੱਸਿਆ ਨੂੰ ਨਜਿੱਠਣ ਦੀ ਵੀ ਗੱਲ ਆਖੀ ਗਈ ਅਤੇ ਕਿਹਾ ਕਿ ਜਲਦ ਹੀ ਇਸ ਸਮੱਸਿਆ ਦਾ ਪੱਕਾ ਹੱਲ ਕੱਢਿਆ ਜਾਵੇਗਾ।



# ਬਾਬਾ ਵਿਸ਼ਵਕਰਮਾ ਸ਼ਿਲਪ ਕਲਾ ਦੇ ਬਾਨੀ : ਖੁਰਾਣਾ, ਚੰਦੀ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**

ਸ਼੍ਰੋਮਣੀ ਅਕਾਲੀ ਦਲ ਹਲਕਾ ਫਗਵਾੜਾ ਦੇ ਸਮੂਹ ਸਰਗਰਮ ਵਰਕਰਾਂ ਵੱਲੋਂ ਵਿਸ਼ਵਕਰਮਾ ਦਿਵਸ ਦੇ ਮੌਕੇ 'ਤੇ ਗੁਰਦੁਆਰਾ ਸ੍ਰੀ ਸੁਖਚੈਨਆਣਾ ਸਾਹਿਬ ਅਤੇ ਸ੍ਰੀ ਵਿਸ਼ਵਕਰਮਾ ਮੰਦਿਰ ਬੰਗਾ ਰੋਡ ਫਗਵਾੜਾ ਵਿਖੇ ਨਤਮਸਤਕ ਹੋ ਕੇ ਹਾਜਰੀ ਲਗਵਾਈ ਗਈ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਸ਼ਹਿਰੀ ਇੰਚਾਰਜ ਸ. ਰਣਜੀਤ ਸਿੰਘ ਖੁਰਾਣਾ ਅਤੇ ਦਿਹਾਤੀ ਹਲਕਾ ਇੰਚਾਰਜ ਰਾਜਿੰਦਰ ਸਿੰਘ ਚੰਦੀ ਨੇ ਸਮੂਹ ਹਾਜ਼ਰੀਨ ਨੂੰ ਸ੍ਰੀ ਵਿਸ਼ਵਕਰਮਾ ਦਿਵਸ ਦੀਆਂ ਸ਼ੁੱਭ ਇੱਛਾਵਾਂ ਦਿੱਤੀਆਂ। ਹਲਕਾ ਇੰਚਾਰਜ ਰਣਜੀਤ ਸਿੰਘ ਖੁਰਾਣਾ ਨੇ ਕਿਹਾ ਕਿ ਬਾਬਾ ਵਿਸ਼ਵਕਰਮਾ ਜੀ ਸ਼ਿਲਪ ਕਲਾ ਦੇ ਬਾਨੀ ਹਨ। ਉਹਨਾਂ ਦੇ ਅਸ਼ੀਰਵਾਦ ਸਦਕਾ ਸ਼ਿਲਪੀ ਭਾਈਚਾਰਾ ਅੱਜ ਆਪਣੀ ਕਲਾ ਦੇ ਨਾਲ ਜਿੱਥੇ ਇਨਸਾਨੀ ਵਰਤੋਂ ਦੀਆਂ ਵਸਤੂਆਂ ਦੀ ਪੂਰਤੀ ਕਰ ਰਿਹਾ ਹੈ, ਉੱਥੇ ਹੀ ਵੱਡੀਆਂ ਇਮਾਰਤਾਂ ਅਤੇ ਸੁੰਦਰ ਭਵਨਾਂ ਦੀ ਉਸਾਰੀ ਕਰਕੇ ਦੁਨੀਆਂ ਦੀ ਖੂਬਸੂਰਤੀ 'ਚ ਵਾਧਾ ਵੀ ਕਰ ਰਿਹਾ ਹੈ। ਸ੍ਰੀ ਵਿਸ਼ਵਕਰਮਾ ਮੰਦਿਰ ਕਮੇਟੀ ਦੇ ਪ੍ਰਧਾਨ ਪ੍ਰਦੀਪ ਧੀਮਾਨ ਅਤੇ ਪ੍ਰਬੰਧਕਾਂ ਵੱਲੋਂ ਅਕਾਲੀ ਆਗੂਆਂ ਨੂੰ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਗੁਰਦੀਪ ਸਿੰਘ ਖੇੜਾ, ਹਰਵਿੰਦਰ ਸਿੰਘ ਵਾਲੀਆ, ਬੀਬੀ ਸਰਬਜੀਤ ਕੌਰ, ਅਵਤਾਰ ਸਿੰਘ ਭੁੰਗਰਨੀ, ਅਵਤਾਰ ਸਿੰਘ ਮੰਗੀ, ਸਰੂਪ ਸਿੰਘ ਖਲਵਾੜਾ, ਬਹਾਦਰ ਸਿੰਘ ਸੰਗਤਪੁਰ, ਪ੍ਰਿਤਪਾਲ ਸਿੰਘ ਮੰਗਾ, ਸਤਵਿੰਦਰ ਸਿੰਘ ਘੁੰਮਣ, ਧਰਮਿੰਦਰ ਟੋਨੀ, ਸਰਬਜੀਤ ਸਿੰਘ ਮੰਡੇਰ, ਝਿਰਮਲ ਸਿੰਘ ਭਿੰਡਰ, ਗੁਰਮੁਖ ਸਿੰਘ ਅਰੋੜਾ, ਗੁਰਬਖਸ਼ ਸਿੰਘ ਆਦਿ ਹਾਜ਼ਰ ਸਨ।

# ਤਰਨ ਤਾਰਨ ਜ਼ਿਮਨੀ ਚੋਣ ਨੂੰ ਸਰਕਾਰ ਦੇ ਕੰਮਾਂ ਦੇ ਅਧਾਰ 'ਤੇ ਜਿੱਤਿਆ ਜਾਵੇਗਾ : ਪ੍ਰਦੀਪ ਦੁੱਗਲ

**ਗੁਰਾਇਆ (ਬਿੰਦਰ ਸੁੰਮਨ)**-ਆਮ ਆਦਮੀ ਪਾਰਟੀ ਜ਼ਿਲ੍ਹਾ ਦਿਹਾਤੀ ਦੇ ਪ੍ਰਧਾਨ ਪ੍ਰਦੀਪ ਦੁੱਗਲ ਨੇ ਪ੍ਰੈੱਸ ਬਿਆਨ ਵਿੱਚ ਕਿਹਾ ਕਿ ਤਰਨ ਤਾਰਨ ਦੀ ਜ਼ਿਮਨੀ ਚੋਣ ਸਰਕਾਰ ਦੇ ਲੋਕ ਕਾਲਿਆਣੀ ਕੰਮਾਂ ਦੇ ਅਧਾਰ ਤੇ ਜਿੱਤਿਆ ਜਾਵੇਗਾ। ਭਗਵੰਤ ਮਾਨ ਸਰਕਾਰ ਵੱਲੋਂ ਪੰਜਾਬ ਵਿੱਚ ਲੋਕਾਂ ਲਈ ਚਲਾਈਆਂ ਜਾ ਰਹੀਆਂ ਯੋਜਨਾਵਾਂ ਜਿਵੇ ਕਿ ਮੁਫ਼ਤ ਬਿਜਲੀ, ਮੁਫ਼ਤ ਪਾਣੀ, ਮੁਫ਼ਤ ਇਲਾਜ ਅਤੇ ਸਿੱਖਿਆ ਵਿੱਚ ਵਧੀਆ ਸੁਧਾਰਾਂ ਨੇ ਲੋਕਾਂ ਦੀ ਜਿੰਦਗੀ ਵਿੱਚ ਅਸਲ ਬਦਲਾਅ ਲਿਆਂਦਾ ਹੈ। ਤਰਨ ਤਾਰਨ ਹਲਕੇ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸੜਕਾਂ ਦੀ ਮੁਰੰਮਤ, ਸਿਹਤ ਕੇਂਦਰਾਂ ਦਾ ਵਧੀਆ ਪ੍ਰਬੰਧ, ਨੌਜਵਾਨਾਂ ਲਈ ਨੌਕਰੀਆਂ ਦੇ ਕੇ ਲੋਕਾਂ ਦਾ ਮਨ ਜਿੱਤਿਆ ਹੈ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਵੋਟ ਨਾਲ ਇਸ ਵਿਕਾਸ ਨੂੰ ਹੋਰ ਮਜਬੂਤ ਕਰਨ ਅਤੇ ਭ੍ਰਿਸ਼ਟਾਚਾਰ ਵਾਲੀਆਂ ਪਾਰਟੀਆਂ ਨੂੰ ਸਖ਼ਤ ਸਬਕ ਸਿਖਾਉਣ। ਉਨ੍ਹਾਂ ਕਿਹਾ ਕਿ ਚੋਣਾਂ ਵਿੱਚ ਕੋਈ ਵੀ ਅਨੈਤਿਕ ਤਰੀਕੇ ਨਹੀਂ ਅਪਨਾਏ ਜਾਣਗੇ। ਚੋਣ ਇਮਾਨਦਾਰੀ ਤੇ ਲੋਕ ਭਾਲਾਈ ਦੇ ਅਧਾਰ ਤੇ ਲੜੀ ਜਾਵੇਗੀ।



# ਐਥਲੈਟਿਕ ਮੀਟ 'ਚ 4 ਗੋਲਡ, 10 ਸਿਲਵਰ ਤੇ 8 ਬਰੌਂਜ਼ ਮੈਡਲ ਜਿੱਤੇ



**ਮਹਿਤਪੁਰ (ਰਾਜਾ)**

ਏਕਮ ਪਬਲਿਕ ਸਕੂਲ ਮਹਿਤਪੁਰ ਦੇ ਖਿਡਾਰੀਆਂ ਨੇ ਜ਼ਿਲ੍ਹਾ ਪੱਧਰੀ ਸਕੂਲ ਅਥਲੈਟਿਕ ਮੀਟ 2025 ਵਿੱਚ 4 ਗੋਲਡ, 10 ਸਿਲਵਰ ਅਤੇ 8 ਬਰੌਂਜ਼ ਮੈਡਲ ਜਿੱਤ ਕੇ ਸਟੇਟ ਲੈਵਲ ਵਿੱਚ ਪ੍ਰਵੇਸ਼ ਕੀਤਾ ਜੋ ਕਿ ਸਕੂਲ ਲਈ ਬਹੁਤ ਮਾਣ ਵਾਲੀ ਗੱਲ ਹੈ। ਇਹ ਜਾਣਕਾਰੀ ਸਕੂਲ ਡਾਇਰੈਕਟਰ ਸਰਦਾਰ ਨਿਰਮਲ ਸਿੰਘ ਥਿੰਦ ਅਤੇ ਪ੍ਰਿੰਸੀਪਲ ਸ਼੍ਰੀਮਤੀ ਅਮਨਦੀਪ ਕੌਰ ਵਲੋਂ ਸਾਂਝੇ ਤੌਰ ਤੇ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਇਸ ਮੌਕੇ ਅੰਡਰ 14 ਲੜਕਿਆਂ ਦੀ 400 ਮੀਟਰ ਰੇਸ ਵਿੱਚ ਨਮਨਜੋਤ ਸਿੰਘ ਨੇ ਪਹਿਲੀ ਪੁਜੀਸ਼ਨ ਹਾਸਿਲ ਕੀਤੀ। ਇਸੇ ਤਰਾਂ ਅੰਡਰ 17 ਲੜਕਿਆਂ ਦੇ ਟਰਿੱਪਲ ਜੰਪ ਵਿੱਚ ਸਾਹਿਬਵੀਰ ਸਿੰਘ ਨੇ ਫਸਟ, 100 ਮੀਟਰ ਰੇਸ ਅਤੇ ਲੌਂਗ ਜੰਪ ਵਿੱਚ ਵਿੱਚ ਹਿਤੇਸ਼ ਰਾਣਾ ਥਰਡ, 400 ਮੀਟਰ ਰੇਸ ਵਿੱਚ ਯੁਵਰਾਜ ਅਰੋੜਾ ਥਰਡ,4ਗ 400 ਅਤੇ 4 ਗ100 ਰੀਲੇਅ ਰੇਸ ਵਿੱਚ ਹਿਤੇਸ਼ ਰਾਣਾ, ਸਾਹਿਬਵੀਰ ਸਿੰਘ, ਯੁਵਰਾਜ ਅਰੋੜਾ ਅਤੇ ਸ਼ੁਭਮ ਵਿਰਦੀ ਵੱਲੋਂ ਕ੍ਰਮਵਾਰ ਦੂਜੀ ਅਤੇ ਤੀਜੀ ਪੁਜੀਸ਼ਨ ਹਾਸਿਲ ਕੀਤੀ ਗਈ। ਆਪਣੀ ਗੱਲਬਾਤ ਦੌਰਾਨ ਉਹਨਾਂ ਦੱਸਿਆ ਕਿ ਇਹਨਾਂ ਜ਼ਿਲ੍ਹਾ ਪੱਧਰੀ ਖੇਡਾਂ ਨੂੰ ਜਿੱਤ ਕੇ ਏਕਮ ਪਬਲਿਕ ਸਕੂਲ ਦੇ ਖਿਡਾਰੀਆਂ ਨੇ ਇਲਾਕੇ ਨੂੰ ਦੀਵਾਲੀ ਦਾ ਤੋਹਫ਼ਾ ਦਿੱਤਾ ਹੈ ਜੋ ਕਿ ਸਕੂਲ ਲਈ ਬਹੁਤ ਹੀ ਮਾਣ ਵਾਲੀ ਗੱਲ ਹੈ।ਆਪਣੀ ਗੱਲਬਾਤ ਨੂੰ ਜਾਰੀ ਰੱਖਦੇ ਹੋਏ ਉਨ੍ਹਾਂ ਅੱਗੇ ਕਿਹਾ ਕਿ ਅੰਡਰ 17 ਲੜਕੀਆਂ ਦੇ ਸ਼ਾਰਟਪੁੱਟ ਮੁਕਾਬਲੇ ਵਿੱਚ ਨਵਦੀਪ ਕੌਰ ਫਸਟ, 100 ਮੀਟਰ ਰੇਸ ਇਸ ਵਿੱਚ ਅਨਮੋਲ ਪ੍ਰੀਤ ਕੌਰ ਥਰਡ, ਲੌਂਗ ਜੰਪ ਵਿੱਚ ਰਜਮੀਤ ਕੌਰ ਸੈਕੰਡ, ਅਤੇ 4ਗ 400 ਰਲੇਅ ਰੇਸ ਵਿੱਚ ਅਨਮੋਲ ਪ੍ਰੀਤ ਕੌਰ, ਰਜਮੀਤ ਕੌਰ,ਨਵਦੀਪ ਕੌਰ ਅਤੇ ਹਰਮਨਜੋਤ ਕੌਰ ਵੱਲੋਂ ਦੂਸਰੀ ਪੁਜੀਸ਼ਨ ਹਾਸਲ ਕੀਤੀ ਗਈ । ਇਸੇ ਪ੍ਰਕਾਰ ਅੰਡਰ 19 ਲੜਕੀਆਂ ਦੀ 1500 ਅਤੇ 3000 ਮੀਟਰ ਰੇਸ ਵਿੱਚ ਚੰਨਪ੍ਰੀਤ ਕੌਰ ਨੇ ਕਰਮਵਾਰ ਪਹਿਲੀ ਅਤੇ ਦੂਜੀ ਪੁਜ਼ੀਸ਼ਨ ਹਾਸਲ ਕੀਤੀ।

# ਸੰਤ ਬਾਬਾ ਰਾਮ ਸਿੰਘ ਦੀ ਬਰਸੀ ਤੇ ਸਾਲਾਨਾ ਗੁਰਮਤਿ ਸਮਾਗਮ ਭਲਕੇ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**

ਨੌਵੇਂ ਪਾਤਸ਼ਾਹ ਧੰਨ-ਧੰਨ ਸਾਹਿਬ ਸਤਿਗੁਰੂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਮਹਾਰਾਜ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਮਿਸਲ ਸ਼ਹੀਦਾਂ ਤਰਨਾ ਦਲ ਹਰੀਆਂ ਵੇਲਾਂ ਜਥੇਬੰਦੀ ਵੱਲੋਂ ਸਮੂਹ ਇਲਾਕਾ ਤੇ ਨਗਰ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਸੱਚਖੰਡ ਵਾਸੀ ਸੰਤ ਬਾਬਾ ਰਾਮ ਸਿੰਘ ਦੀ ਬਰਸੀ ਤੇ ਸਾਲਾਨਾ ਗੁਰਮਤਿ ਸਮਾਗਮ 26 ਅਕਤੂਬਰ ਦਿਨ ਐਤਵਾਰ ਨੂੰ ਗੁਰਦੁਆਰਾ ਸ਼ਹੀਦ ਬਾਬਾ ਅੱਗੜ ਸਿੰਘ ਜੀ ਪਿੰਡ ਟੂਟੋਮਜਾਰਾ ਜ਼ਿਲਾ ਹੁਸ਼ਿਆਰਪੁਰ ਵਿਖੇ ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜਥੇਦਾਰ ਬਾਬਾ ਨਾਗਰ ਸਿੰਘ ਜੀ ਸੇਵਾਦਾਰ ਗੁਰਦੁਆਰਾ ਬਾਬਾ ਅੱਗੜ ਸਿੰਘ ਜੀ ਸ਼ਹੀਦ ਨੇ ਦੱਸਿਆ ਕਿ ਇਸ ਮੌਕੇ ਸਭ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਦੇ ਭੋਗ ਪੈਣਗੇ। ਉਸ ਤੋਂ ਬਾਅਦ ਸ੍ਰੀਮਾਨ ਸੰਤ ਬਾਬਾ ਗੁਰਦਿਆਲ ਸਿੰਘ ਜੀ ਟਾਂਡੇ ਵਾਲੇ, ਹਜ਼ੂਰੀ ਰਾਗੀ ਜਥਾ ਸੱਚਖੰਡ ਸ੍ਰੀ ਦਰਬਾਰ ਸਾਹਿਬ ਜੀ ਅੰਮ੍ਰਿਤਸਰ ਭਾਈ ਸਾਹਿਬ ਭਾਈ ਕਰਨੈਲ ਸਿੰਘ ਜੀ, ਸੰਤ ਬਾਬਾ ਤੇਜਾ ਸਿੰਘ ਜੀ ਡੇਰਾ ਗੁਰੂਸਰ ਖੁਡਾ, ਸੰਤ ਬਾਬਾ ਅਮਰਜੀਤ ਸਿੰਘ ਜੀ ਡੇਰਾ ਸੰਤਗੜ੍ਹ ਹਰਖੋਵਾਲ, ਸੰਤ ਬਾਬਾ ਸੁੱਖਾ ਸਿੰਘ ਜੀ ਗੁਰਦੁਆਰਾ ਪੀਰਬਾਲਾ ਸਾਹਿਬ, ਸੰਤ ਬਾਬਾ ਅਵਤਾਰ ਸਿੰਘ ਜੀ ਗੁਰਦੁਆਰਾ ਟਿੱਬੀ ਸਾਹਿਬ ਰੋਪੜ, ਗਿਆਨੀ ਸਰੂਪ ਸਿੰਘ ਜੀ ਕੜਿਆਣਾ ਸਿੱਖ ਪੰਥ ਦਾ ਪ੍ਰਸਿੱਧ ਢਾਡੀ ਜਥਾ, ਭਾਈ ਹਰਭਜਨ ਸਿੰਘ ਜੀ ਸੋਤਲੇ ਵਾਲੇ, ਗਿਆਨੀ ਸੁਖਵੰਤ ਸਿੰਘ ਜੀ ਕਥਾਵਾਚਕ, ਗਿਆਨੀ ਗੁਰਪ੍ਰੀਤ ਸਿੰਘ ਜੀ ਹਜ਼ੂਰੀ ਕਥਾਵਾਚਕ, ਭਾਈ ਅਮਨਵੀਰ ਸਿੰਘ ਜੀ ਹਜ਼ੂਰੀ ਕਵੀਸ਼ਰੀ ਜਥਾ, ਭਾਈ ਸੁਖਦੇਵ ਸਿੰਘ ਜੀ ਹਜ਼ੂਰੀ ਰਾਗੀ ਜਥਾ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਉਸ ਸਰਬ ਸ਼ਕਤੀਮਾਨ ਪਰਮਾਤਮਾ ਨਾਲ ਜੋੜਨਗੇ ਜੋ ਇਸ ਬ੍ਰਹਿਮੰਡ ਦੇ ਕਣ ਕਣ ਵਿੱਚ ਮੌਜੂਦ ਹੋ ਕੇ ਸਭਨਾ ਜੀਵਾਂ ਦੀ ਪ੍ਰਿਤਪਾਲਣਾ ਕਰ ਰਿਹਾ ਹੈ। ਇਸ ਮੌਕੇ ਗੁਰੂ ਕੇ ਲੰਗਰ ਅਤੁੱਟ ਚੱਲਣਗੇ। 26 ਅਕਤੂਬਰ ਨੂੰ ਦੁਪਹਿਰ 12 ਵਜੇ ਅੰਮ੍ਰਿਤ ਸੰਚਾਰ ਵੀ ਹੋਵੇਗਾ। ਜਥੇਦਾਰ ਬਾਬਾ ਨਾਗਰ ਸਿੰਘ ਨੇ ਇਲਾਕਾ ਨਿਵਾਸੀ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਸ ਸਮਾਗਮ ਵਿੱਚ ਸ਼ਾਮਿਲ ਹੋ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ।

# ਬਿਜਲੀ ਸੋਧ ਬਿੱਲ ਕਿਸਾਨਾਂ ਤੇ ਆਮ ਲੋਕਾਂ ਲਈ ਮੁਸ਼ਕਲ ਹਾਲਾਤ ਪੈਦਾ ਕਰੇਗਾ : ਕਰਨ ਸਿੰਘ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**

ਸਾਂਝਾ ਕਿਸਾਨ ਮਜ਼ਦੂਰ ਮੋਰਚਾ ਵੱਲੋਂ ਪਿੰਡ ਟੌਂਸਾ ਯੂਨਿਟ ਦੀ ਮੀਟਿੰਗ ਸਾਥੀ ਮਨੋਹਰ ਲਾਲ ਅਤੇ ਬੀਬੀ ਸ਼ਸ਼ੀ ਰਾਣਾ ਸਾਬਕਾ ਸਰਪੰਚ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸਾਥੀ ਕਰਨ ਸਿੰਘ ਰਾਣਾ ਜਨਰਲ ਸਕੱਤਰ ਸਾਂਝਾ ਕਿਸਾਨ ਮਜ਼ਦੂਰ ਮੋਰਚਾ ਸਬੰਧਤ ਭਾਈ ਲਾਲੋ ਲੋਕ ਮੰਚ ਪੰਜਾਬ ਨੇ ਜਾਣਕਾਰੀ ਦਿੱਤੀ ਕਿ ਕੇਂਦਰ ਸਰਕਾਰ ਨੇ ਪੂੰਜੀਵਾਦੀ ਕਾਰਪੋਰੇਟ ਦਾ ਹਿਤ ਪਾਲਦੇ ਹੋਏ ਬਿਜਲੀ ਸੋਧ ਬਿਲ 2025 ਦਾ ਖਰੜਾ ਨੌ ਅਕਤੂਬਰ 2025 ਨੂੰ ਜਾਰੀ ਕੀਤਾ ਸੀ। ਇਹ ਬਿਜਲੀ ਸੋਧ ਬਿਲ ਬਿਜਲੀ ਖੇਤਰ ਨੂੰ ਨਿੱਜੀ ਹੱਥਾਂ ਵਿੱਚ ਸੌਂਪਣ ਵੀ ਸਾਜਿਸ਼ ਹੈ । ਜੇ ਇਹ ਸੋਧ ਬਿਲ ਪਾਸ ਹੋ ਜਾਂਦਾ ਹੈ ਤਾਂ ਬਿਜਲੀ ਦੀ ਵੰਡ ਦਾ ਕੰਮ ਸਰਕਾਰ ਦੀ ਥਾਂ ਨਿੱਜੀ ਪੂੰਜੀਵਾਦੀ ਕਾਰਪੋਰੇਟ ਕੰਪਨੀ ਕਰਨਗੀਆਂ। ਇਕ ਇਲਾਕੇ ਵਿੱਚ ਕਈ ਨਿੱਜੀ ਕੰਪਨੀਆਂ ਕੰਮ ਕਰਨਗੀਆਂ ਅਤੇ ਨਿੱਜੀ ਕਾਰਪਰੇਟ ਨੂੰ ਬਿਜਲੀ ਦੀ ਵੰਡ ਦਾ ਠੇਕਾ ਦੇ ਦਿੱਤਾ ਜਾਵੇਗਾ। ਇਸ ਤਰ੍ਹਾਂ ਨਿੱਜੀ ਕਾਰਪੋਰੇਟ ਨੂੰ ਲੋਕਾਂ ਦੀ ਖੁੱਲੀ ਲੁੱਟ ਕਰਨ ਦੀ ਆਗਿਆ ਦੇ ਦਿੱਤੀ ਜਾਵੇਗੀ ਇਹ ਨਿੱਜੀ ਕੰਪਨੀ ਆ ਸਰਕਾਰੀ ਤਾਰਾਂ ਦੀ ਵਰਤੋਂ ਕਰ ਸਕਣਗੀਆਂ ਅਤੇ ਬਿਜਲੀ ਦੇ ਰੇਟ ਖੁਦ ਤੈਅ ਕਰਨਗੀਆਂ। ਇਹ ਨਿੱਜੀ ਕੰਪਨੀ ਆ ਬਿਜਲੀ ਬਿੱਲਾਂ ਦੀ ਉਗਰਾਹੀ ਦਾ ਕੰਮ ਵੀ ਖੁਦ ਹੀ ਕਰਨਗੀਆਂ।ਉਨ੍ਹਾਂ ਅੱਗੇ ਦੱਸਿਆ ਕਿ ਨਵਾਂ ਸੋਧ ਬਿਲ ਕਾਨੂੰਨ ਬਣ ਕੇ ਕਰਾਸ ਸਭ ਸਿਡੀ ਖਤਮ ਕਰੇਗਾ। ਮੁਫਤ ਜਾ ਸਸਤੀ ਬਿਜਲੀ ਦੇਣ ਦੀ ਸਹੂਲਤ ਹੌਲੀ ਹੌਲੀ ਖਤਮ ਕਰ ਦਿੱਤੀ ਜਾਵੇਗੀ। ਉਨਾਂ ਸਮੂਹ ਲੋਕਾਂ ਨੂੰ ਅਪੀਲ ਕੀਤੀ ਕਿ ਬਿਜਲੀ ਸੋਧ ਬਿਲ 2025 ਦਾ ਡੱਟ ਕੇ ਵਿਰੋਧ ਕੀਤਾ ਜਾਵੇ।



25-Oct-PAGE-9.qxd 10/24/2025 10:46 PM Page 1



# ਕੁਲਜੀਤ ਸਿੰਘ ਰੰਧਾਵਾ ਨੇ ਹੁੰਬੜਾਂ ਤੇ ਹੰਸਾਲਾ ਲਈ ਜਲ ਸਪਲਾਈ ਪ੍ਰੋਜੈਕਟ ਦਾ ਨੀਂਹ ਪੱਥਰ ਰੱਖਿਆ

**ਲਾਲੜੂ (ਵਿਨੈ ਕੁਮਾਰ ਜੈਨ)**

ਪੇਂਡੂ ਖੇਤਰਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਦੀ ਵਚਨਬੱਧਤਾ ਨੂੰ ਜਾਰੀ ਰੱਖਦੇ ਹੋਏ, ਵਿਧਾਇਕ ਡੇਰਾਬੱਸੀ, ਕੁਲਜੀਤ ਸਿੰਘ ਰੰਧਾਵਾ ਨੇ ਨਾਬਾਰਡ-30 ਸਕੀਮ ਅਧੀਨ



ਪਿੰਡ ਹੁੰਬੜਾਂ ਅਤੇ ਹੰਸਾਲਾ ਲਈ ਅਹਿਮ ਜਲ ਸਪਲਾਈ ਪ੍ਰੋਜੈਕਟ ਦਾ ਨੀਂਹ ਪੱਥਰ ਹੁੰਬੜਾਂ ਵਿਖੇ ਰੱਖਿਆ, ਜਿਸਦੀ ਕੁੱਲ ਲਾਗਤ 49.29 ਲੱਖ ਰੁਪਏ ਹੈ।ਇਸ ਪ੍ਰੋਜੈਕਟ ਵਿੱਚ 235 ਮੀਟਰ ਡੂੰਘਾ 200 ਮਿਲੀਮੀਟਰ ਬੋਰ ਟਿਊਬਵੈੱਲ ਲਗਾਉਣਾ, ਇੱਕ ਪੰਪ ਚੈਂਬਰ ਦਾ ਨਿਰਮਾਣ, 25,000 ਲੀਟਰ ਸਮਰੱਥਾ ਵਾਲੀ ਪਾਣੀ ਦੀ ਟੈਂਕੀ ਦੀ ਸਥਾਪਨਾ, ਲਗਭਗ 700 ਮੀਟਰ ਪੀ ਵੀ ਸੀ ਪਾਈਪਲਾਈਨ ਵਿਛਾਉਣਾ ਅਤੇ 124 ਘਰੇਲੂ ਪਾਣੀ ਦੇ ਕੁਨੈਕਸ਼ਨ ਪ੍ਰਦਾਨ ਕਰਨਾ ਸ਼ਾਮਲ ਹੈ।ਇਸ ਮੌਕੇ ਬੋਲਦਿਆਂ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਇਹ ਪ੍ਰੋਜੈਕਟ ਪੇਂਡੂ ਖੇਤਰਾਂ ਵਿੱਚ ਹਰ ਘਰ ਨੂੰ ਸਾਫ਼ ਅਤੇ ਸੁਰੱਖਿਅਤ ਪੀਣ ਵਾਲਾ ਪਾਣੀ ਪ੍ਰਦਾਨ ਕਰਨ ਲਈ ਪੰਜਾਬ ਸਰਕਾਰ ਦੇ ਸਮਰਪਿਤ ਯਤਨਾਂ ਨੂੰ ਦਰਸਾਉਂਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਨਿਰੰਤਰ ਸ਼ੁੱਧ ਪਾਣੀ ਸਪਲਾਈ ਅਤੇ ਬਿਹਤਰ ਸੈਨੀਟੇਸ਼ਨ ਸਹੂਲਤਾਂ ਨੂੰ ਯਕੀਨੀ ਬਣਾਉਣਾ ਸਰਕਾਰ ਦੀਆਂ ਪ੍ਰਮੁੱਖ ਤਰਜੀਹਾਂ ਵਿੱਚੋਂ ਇੱਕ ਹੈ।ਉਨ੍ਹਾਂ ਅੱਗੇ ਦੱਸਿਆ ਕਿ ਪਿੰਡਾਂ ਵਿੱਚ ਬੁਨਿਆਦੀ ਢਾਂਚੇ ਦਾ ਵਿਕਾਸ ਯੋਜਨਾਬੱਧ ਅਤੇ ਸਮਾਂਬੱਧ ਢੰਗ ਨਾਲ ਕੀਤਾ ਜਾ ਰਿਹਾ ਹੈ ਤਾਂ ਜੋ ਵਸਨੀਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਿਆ ਜਾ ਸਕੇ।ਇਸ ਮੌਕੇ ਸਮੂਹ ਪਿੰਡ ਵਾਸੀਆਂ ਨੇ ਦੱਸ ਸਾਲਾਂ ਦੀ ਮੰਗ ਨੂੰ ਪੂਰਾ ਕਰਨ ਲਈ ਵਿਧਾਇਕ ਰੰਧਾਵਾ ਦਾ ਧੰਨਵਾਦ ਕੀਤਾ।ਨੀਂਹ ਪੱਥਰ ਸਮਾਰੋਹ ਦੌਰਾਨ ਪ੍ਰਮੁੱਖ ਸਥਾਨਕ ਪ੍ਰਤੀਨਿਧੀ,ਬਲਾਕ ਪ੍ਰਧਾਨ, ਸ਼੍ਰੀਮਤੀ ਜਸਪਾਲ ਕੌਰ ਸਰਪੰਚ ਹੁੰਬੜਾ, ਸ੍ਰੀਮਤੀ ਸਵਰਨੋ ਕੌਰ ਸਰਪੰਚ ਹੰਸਾਲਾ ਅਤੇ ਸਮੂਹ ਪੰਚਾਇਤ ਮੈਂਬਰ ਅਤੇ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਅਧਿਕਾਰੀ ਵੀ ਮੌਜੂਦ ਸਨ।

# ਖਜ਼ਾਨਾ ਅਫਸਰ ਦੇਸਰਾਜ ਦਾ ਸਨਮਾਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਪੰਜਾਬ ਪੈਨਸ਼ਨਰਜ਼ ਯੂਨੀਅਨ ਹੁਸ਼ਿਆਰਪੁਰ ਦੇ ਅਹੁਦੇਦਾਰਾਂ ਵੱਲੋਂ ਜ਼ਿਲ੍ਹਾ ਖਜ਼ਾਨਾ ਅਫਸਰ ਹੁਸ਼ਿਆਰਪੁਰ ਦੇਸਰਾਜ ਜੋ ਕਿ ਬਹੁਤ ਹੀ ਇਮਾਨਦਾਰ ਅਤੇ ਮਿਹਨਤੀ ਅਫਸਰ ਹਨ, ਨੂੰ ਜਥੇਬੰਦੀ ਵੱਲੋਂ ਲੋਈ ਅਤੇ ਮਠਿਆਈ ਦਾ ਡੱਬਾ ਦੇ ਕੇ ਸਨਮਾਨਤ ਕੀਤਾ ਗਿਆ। ਸਨਮਾਨ ਕਰਨ ਸਮੇਂ ਓਂਕਾਰ ਸਿੰਘ ਪ੍ਰਧਾਨ, ਅਮਰੀਕ ਸਿੰਘ ਜਨਰਲ ਸਕੱਤਰ, ਜਗਜੀਤ ਸਿੰਘ ਜੱਗੀ ਵਧੀਕ ਜਨਰਲ ਸਕੱਤਰ, ਕੁਲਦੀਪ ਸਿੰਘ ਸੈਣੀ ਮੀਤ ਪ੍ਰਧਾਨ, ਬਿੱਕਰ ਸਿੰਘ ਮੀਤ ਪ੍ਰਧਾਨ ਅਤੇ ਲਖਬੀਰ ਸਿੰਘ ਦਫਤਰ ਖਜ਼ਾਨਾ ਅਫਸਰ ਆਦਿ ਹਾਜ਼ਰ ਸਨ।



# ਕਾਮਰੇਡ ਸਿਕੰਦਰ ਸੰਧੂ ਦੀ ਮਾਤਾ ਕੁਲਵਿੰਦਰ ਕੌਰ ਨੂੰ ਭਰਪੂਰ ਸ਼ਰਧਾਂਜਲੀਆਂ



**ਸ਼ਾਹਕੋਟ (ਪੱਤਰ ਪ੍ਰੇਰਕ)** ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਜਲੰਧਰ ਦੀ ਕਾਰਜਕਾਰਨੀ ਦੇ ਮੈਂਬਰ ਕਾਮਰੇਡ ਸਿਕੰਦਰ ਸੰਧੂ ਦੀ ਮਾਤਾ ਕੁਲਵਿੰਦਰ ਕੌਰ (ਇਸਮਾਇਲਪੁਰ) ਨੂੰ ਵੱਖ-ਵੱਖ ਆਗੂਆਂ ਨੇ ਭਾਵ ਭਿੰਨੀਆਂ ਸ਼ਰਧਾਂਜਲੀਆਂ ਭੇਟ ਕੀਤੀਆਂ। ਉਹ ਕੁਝ ਸਮਾਂ ਬਿਮਾਰ ਰਹਿਣ ਪਿੱਛੋਂ ਪਿਛਲੇ ਦਿਨੀ ਪੂਰੇ ਹੋ ਗਏ ਸਨ।ਬੁਲਾਰਿਆਂ ਨੇ ਮਾਤਾ ਕੁਲਵਿੰਦਰ ਕੌਰ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਸ਼੍ਰੀ ਗੁਰੂ ਗੋਬਿੰਦ ਸਿੰਘ ਅਤੇ ਸ਼ਹੀਦ-ਏ -ਆਜ਼ਮ ਭਗਤ ਸਿੰਘ ਦੀਆਂ ਮਾਵਾਂ ਦੇ ਮਹਾਨ ਵਿਅਕਤੀਤਵ ਦੇ ਹਵਾਲਿਆਂ ਨਾਲ ਮਾਂ ਦੀ ਮਹਾਨਤਾ ਦਾ ਵਰਣਨ ਕੀਤਾ।ਉਹਨਾਂ ਕਿਹਾ ਕਿ ਸਾਥੀ ਸਿਕੰਦਰ ਸੰਧੂ ਲਾਲ ਝੰਡੇ ਵਾਲਿਆਂ ਦੇ ਸਰਗਰਮ ਕਾਫਲੇ ਦੇ ਪਾਂਧੀ ਹਨ। ਮਾਤਾ ਕੁਲਵਿੰਦਰ ਕੌਰ ਨੇ ਇਸ ਰਸਤੇ 'ਤੇ ਅਡੋਲ ਚਲਦੇ ਰਹਿਣ ਲਈ ਹਮੇਸ਼ਾ ਹੀ ਉਸ ਨੂੰ ਹੱਲਾਸ਼ੇਰੀ ਦਿੱਤੀ।ਬੁਲਾਰਿਆਂ ਨੇ ਮੌਜੂਦਾ ਦੌਰ ਵਿੱਚ ਸਿਆਸੀ ਤੇ ਸਮਾਜੀ ਕਦਰਾਂ ਕੀਮਤਾਂ ਦੀ ਅਧੋਗਤੀ ਦਾ ਜ਼ਿਕਰ ਕਰਦਿਆਂ ਕਿਹਾ ਕਿ ਲਾਲ ਝੰਡੇ ਵਾਲਿਆਂ ਦੀ ਮਜ਼ਬੂਤ ਤਾਕਤ ਹੀ ਬਿਹਤਰ ਜ਼ਿੰਦਗੀ ਦੀ ਜ਼ਾਮਨ ਹੋ ਸਕਦੀ ਹੈ। ਆਗੂਆਂ ਨੇ ਸਿਕੰਦਰ ਸੰਧੂ ਨੂੰ ਪਹਿਲਾਂ ਵਾਂਗ ਸਰਗਰਮ ਰਹਿਣ ਦੀ ਸਲਾਹ ਦਿੰਦਿਆਂ ਹਰ ਦੁੱਖ ਸੁੱਖ ਵਿੱਚ ਪਰਿਵਾਰ ਨਾਲ ਖੜਨ ਦਾ ਭਰੋਸਾ ਦਿੱਤਾ।ਮਾਤਾ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਵਾਲਿਆਂ ਵਿੱਚ ਕੁੱਲ ਹਿੰਦ ਕਿਸਾਨ ਸਭਾ ਜਿਲ੍ਹਾ ਜਲੰਧਰ ਦੇ ਪ੍ਰਧਾਨ ਸੰਦੀਪ ਅਰੋੜਾ, ਪੰਜਾਬ ਖੇਤ ਮਜ਼ਦੂਰ ਸਭਾ ਦੇ ਆਗੂ ਵੀਰ ਕੁਮਾਰ ਤੇ ਪਰਵਿੰਦਰ ਫਲਪੋਤਾ, ਭਾਰਤੀ ਕਿਸਾਨ ਯੂਨੀਅਨ( ਖਹਿਰਾ) ਦੇ ਆਗੂ ਰਮੇਸ਼ ਸਿੰਘ ਮਾਨ, ਪੱਤਰਕਾਰ ਅਨਮੋਲ ਚਾਹਲ, ਪੇਂਡੂ ਖੇਤ ਮਜ਼ਦੂਰ ਯੂਨੀਅਨ ਦੇ ਆਗੂ ਵਿਜੇ ਕੁਮਾਰ ਆਦਿ ਸ਼ਾਮਲ ਸਨ।ਸ਼ਰਧਾਂਜਲੀ ਸਮਾਗਮ ਦੌਰਾਨ ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਕੌਮੀ ਜਨਰਲ ਸਕੱਤਰ ਗੁਲਜ਼ਾਰ ਸਿੰਘ ਗੋਰੀਆ, ਪੰਜਾਬ ਖੇਤ ਮਜ਼ਦੂਰ ਸਭਾ ਦੇ ਜਨਰਲ ਸਕੱਤਰ ਦੇਵੀ ਕੁਮਾਰੀ ਸਰਹਾਲੀ ਕਲਾਂ, ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ ਅਤੇ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਵੱਲੋਂ ਆਏ ਸ਼ੋਕ ਸੰਦੇਸ਼ ਪੜ੍ਹ ਕੇ ਸੁਣਾਏ ਗਏ। ਇਸ ਤੋਂ ਪਹਿਲਾਂ ਸੁਰਬੀਰ ਸਿੰਘ( ਦਿਵਿਆ ਜੋਤੀ ਜਾਗਰਤੀ ਸੰਸਥਾਨ) ਦੇ ਕੀਰਤਨੀ ਜਥੇ ਨੇ ਵੈਰਾਗਮਈ ਕੀਰਤਨ ਕੀਤਾ। ਸ਼ੁਰੂ ਵਿੱਚ ਸ਼੍ਰੀ ਸੁਖਮਣੀ ਸਾਹਿਬ ਦੇ ਪਾਠ ਦੇ ਭੋਗ ਵੀ ਪਾਏ ਗਏ।ਇਸ ਮੌਕੇ ਹੋਰਨਾਂ ਤੋਂ ਇਲਾਵਾ ਮਨਦੀਪ ਸਿੰਘ, ਪਵਨ ਕੁਮਾਰ ਆਪ ਆਗੂ, ਸਰਪੰਚ ਧਰਮਪਾਲ ਸਿੰਘ, ਸਤਪਾਲ ਭਗਤ, ਸਤਪਾਲ ਬੰਬੀਆਂ ਵਾਲਾ,ਪ੍ਰਕਾਸ਼ ਬਾਲੋਕੀ, ਅਮਰਜੀਤ, ਹਰਮੇਸ਼ ਲਾਲ ਮੈਂਬਰ ਪੰਚਾਇਤ, ਯੂਸਫ ਸੰਧੂ, ਮੰਗਤ ਰਾਮ ਕੰਦੋਲਾ, ਸੋਢੀ ਮਹਿਤਪੁਰ, ਵਿੱਕੀ ਸੰਧੂ, ਅਭੀ ਸੰਧੂ ਤੇ ਗੌਰਵ ਸੰਧੂ ਮੌਜੂਦ ਸਨ। ਸਟੇਜ ਸਕੱਤਰ ਦੇ ਫਰਜ ਪੰਜਾਬ ਖੇਤ ਮਜ਼ਦੂਰ ਸਭਾ ਦੇ ਸੂਬਾ ਪ੍ਰੈਸ ਸਕੱਤਰ ਗਿਆਨ ਸੈਦਪੁਰੀ ਨੇ ਨਿਭਾਏ।

# ਨਸ਼ੀਲੀਆਂ ਗੋਲੀਆਂ ਤੇ ਹੈਰੋਇਨ ਸਮੇਤ ਨੌਜਵਾਨ ਕਾਬੂ



**ਬੰਗਾ (ਅਵਤਾਰ ਕਲੇਰ)**-ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਐੱਸ ਐੱਸ ਪੀ ਡਾ. ਮਹਿਤਾਬ ਸਿੰਘ ਵੱਲੋਂ ਜਾਰੀ ਹਦਾਇਤਾ ਅਨੁਸਾਰ ਅਤੇ ਡੀ ਐਸ ਪੀ ਬੰਗਾ ਹਰਜੀਤ ਸਿੰਘ ਰੰਧਾਵਾ ਦੀ ਅਗਵਾਈ ਅਧੀਨ ਥਾਣਾ ਮੁਕੰਦਪੁਰ ਪੁਲਿਸ ਨੂੰ ਨਸ਼ਿਆ ਖਿਲਾਫ ਲਗਾਤਾਰ ਤਸਕਰਾਂ ਨੂੰ ਫੜਨ ਵਿੱਚ ਸਫਲਤਾ ਮਿਲ ਰਹੀ ਹੈ । ਮੁੱਖ ਅਫਸਰ ਮਹਿੰਦਰ ਸਿੰਘ ਥਾਣਾ ਮੁਕੰਦਪੁਰ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਗਸ਼ਤ ਦੌਰਾਨ ਮੁਕੰਦਪੁਰ ਤੋਂ ਸ਼ਸ਼ੀ ਕੁਮਾਰ ਪੁੱਤਰ ਨਰਿੰਦਰ ਕੁਮਾਰ ਵਾਸੀ ਗੁਣਾਚੌਰ,ਥਾਣਾ ਮੁਕੰਦਪੁਰ ਨੂੰ ਸਮੇਤ 30 ਗੋਲੀਆ ਖੁੱਲੀਆਂ ਨਸ਼ੀਲੀਆਂ ਪਿੰਕ ਕਲਰ ਅਤੇ 3.20 ਗ੍ਰਾਮ ਹੈਰੋਇਨ ਬਰਾਮਦ ਕਰਕੇ ਗ੍ਰਿਫਤਾਰ ਕੀਤਾ ਹੈ, ਜਿਸ ਤੇ ਥਾਣਾ ਮੁਕੰਦਪੁਰ ਵਿਖੇ ਕੇਸ ਦਰਜ ਕੀਤਾ ਗਿਆ। ਮੁੱਖ ਅਫਸਰ ਮਹਿੰਦਰ ਸਿੰਘ ਨੇ ਦੱਸਿਆ ਕਿ ਇਲਾਕਾ ਮੁਕੰਦਪੁਰ ਵਿੱਚੋਂ ਨਸ਼ਾ ਦੇ ਸੌਦਾਗਰਾਂ ਨੂੰ ਬਖਸ਼ਿਆ ਨਹੀ ਜਾਵੇਗਾ। ਉਨ੍ਹਾਂ ਅਪੀਲ ਕੀਤੀ ਕਿ ਜੋ ਨਸ਼ਾ ਹੈਰੋਇਨ ਦਾ ਸੇਵਨ ਕਰਦੇ ਹਨ ਉਹ ਥਾਣਾ ਵਿਖੇ ਰਾਬਤਾ ਕਾਇਮ ਕਰਨ ਉਹਨਾ ਨੂੰ ਸਰਕਾਰੀ ਨਸ਼ਾ ਛਡਾਊ ਕੇਂਦਰ ਨਵਾਂਸ਼ਹਿਰ ਵਿਖੇ ਦਾਖਲ ਕਰਵਾਇਆ ਜਾਵੇਗਾ ਤੇ ਫਰੀ ਇਲਾਜ ਕਰਵਾਇਆ ਜਾਵੇਗਾ।

### ਸ੍ਰੀ ਗੁਰੂ ਤੇਗ ਬਹਾਦਰ ਜੀ ਦਾ 350ਵਾਂ ਸ਼ਹੀਦੀ ਦਿਵਸ

# ਪੰਜਾਬ ਦੇ ਸਮੂਹ ਮੰਤਰੀਆਂ ਵੱਲੋਂ ਦੇਸ਼ ਦੇ ਸਾਰੇ ਸੂਬਿਆਂ ਦੇ ਮੁੱਖ ਮੰਤਰੀਆਂ ਨੂੰ ਸੱਦਾ ਪੱਤਰ ਦੇਣੇ ਜਾਰੀ

**ਚੰਡੀਗੜ੍ਹ,(ਗੁਰਜੀਤ ਬਿੱਲਾ)**

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੇ 350 ਸਾਲਾ ਸਮਾਗਮਾਂ ਨੂੰ ਵੱਡੇ ਪੱਧਰ 'ਤੇ ਮਨਾਇਆ ਜਾ ਰਿਹਾ ਹੈ। ਇਸ ਸੰਬੰਧ ਵਿੱਚ ਸਾਰੇ ਦੇਸ਼ ਦੇ ਮੁੱਖ ਮੰਤਰੀਆਂ ਨੂੰ ਸੱਦਾ ਪੱਤਰ ਦੇਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਨੇ ਸਾਰੇ ਕੈਬਨਿਟ ਮੰਤਰੀਆਂ ਦੀ ਡਿਊਟੀ ਲਗਾਈ ਹੈ।ਬਹੁਤ ਸਾਰੇ ਰਾਜਾਂ ਦੇ ਮੁੱਖ ਮੰਤਰੀਆਂ ਨੂੰ ਤਾਂ ਸੱਦਾ ਪੱਤਰ ਦੇ ਵੀ ਦਿੱਤੇ ਗਏ ਹਨ ਤੇ ਬਾਕੀਆਂ ਨੂੰ ਵੀ ਜਲਦ ਸੱਦਾ ਪੱਤਰ ਦੇ ਦਿੱਤੇ ਜਾਣਗੇ।ਇਸ ਬਾਬਤ ਜਾਣਕਾਰੀ ਦਿੰਦਿਆਂ ਇੱਕ ਬੁਲਾਰੇ ਨੇ ਦੱਸਿਆ ਕਿ ਹਰਪਾਲ ਸਿੰਘ ਚੀਮਾ ਅਤੇ ਲਾਲ ਚੰਦ ਕਟਾਰੂਚੱਕ ਦੀ ਡਿਊਟੀ ਉੜੀਸਾ, ਪੱਛਮੀ ਬੰਗਾਲ ਤੇ ਅਸਾਮ ਦੇ ਮੁੱਖ ਮੰਤਰੀਆਂ ਨੂੰ ਸੱਦਾ ਪੱਤਰ ਦੇਣ ਉੱਤੇ ਲਗਾਈ ਗਈ ਹੈ। ਇਸੇ ਤਰ੍ਹਾਂ ਅਮਨ ਅਰੋੜਾ ਅਤੇ ਤਰੁਨਪ੍ਰੀਤ ਸਿੰਘ ਸੌਂਦ ਦਿੱਲੀ, ਉੱਤਰ ਪ੍ਰਦੇਸ਼, ਗੁਜਰਾਤ ਅਤੇ ਉੱਤਰਾਖੰਡ ਦੇ ਮੁੱਖ ਮੰਤਰੀਆਂ ਨੂੰ ਸੱਦਾ ਦੇਣਗੇ।ਡਾ. ਬਲਬੀਰ ਸਿੰਘ ਅਤੇ ਹਰਦੀਪ ਸਿੰਘ ਮੁੰਡੀਆ ਛੱਤੀਸਗੜ੍ਹ ਤੇ ਝਾਰਖੰਡ ਦੇ ਮੁੱਖ ਮੰਤਰੀਆਂ ਜਦਕਿ ਹਰਭਜਨ ਸਿੰਘ ਈ.ਟੀ.ਓ. ਤੇ ਬਰਿੰਦਰ ਕੁਮਾਰ ਗੋਇਲ ਦੀ ਡਿਊਟੀ ਕੇਰਲ, ਕਰਨਾਟਕ, ਤਾਮਿਲਨਾਡੂ ਤੇ ਪੁਡੂਚੇਰੀ ਦੇ ਮੁੱਖ ਮੰਤਰੀਆਂ ਨੂੰ ਸੱਦਾ ਦੇਣ ਦੀ ਲਗਾਈ ਗਈ ਹੈ।ਇਸੇ ਤਰ੍ਹਾਂ ਹਰਜੋਤ ਸਿੰਘ ਬੈਂਸ ਅਤੇ ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਦੀ ਡਿਊਟੀ ਮਹਾਰਾਸ਼ਟਰ, ਬਿਹਾਰ, ਹਰਿਆਣਾ, ਹਿਮਾਚਲ ਪ੍ਰਦੇਸ਼ ਅਤੇ ਜੰਮੂ-ਕਸ਼ਮੀਰ ਦੇ ਮੁੱਖ ਮੰਤਰੀਆਂ ਅਤੇ ਡਾ. ਬਲਜੀਤ ਕੌਰ ਤੇ ਮਹਿੰਦਰ ਭਗਤ ਮੱਧ ਪ੍ਰਦੇਸ਼ ਅਤੇ ਰਾਜਸਥਾਨ ਦੇ ਮੁੱਖ ਮੰਤਰੀਆਂ ਨੂੰ ਸੱਦਾ ਦੇਣਗੇ।ਲਾਲਜੀਤ ਸਿੰਘ ਭੁੱਲਰ ਅਤੇ ਡਾ. ਰਵਜੋਤ ਸਿੰਘ ਮੇਘਾਲਿਆ, ਤ੍ਰਿਪੁਰਾ, ਸਿੱਕਮ, ਮਿਜ਼ੋਰਮ, ਅਰੁਣਾਚਲ ਪ੍ਰਦੇਸ਼ ਮਨੀਪੁਰ (ਰਾਸ਼ਟਰਪਤੀ ਸ਼ਾਸ਼ਨ) ਅਤੇ ਨਾਗਾਲੈਂਡ ਵਿੱਚ ਸੱਦਾ ਪੱਤਰ ਦੇਣ ਜਾਣਗੇ। ਦੂਜੇ ਪਾਸੇ ਗੁਰਮੀਤ ਸਿੰਘ ਖੁੱਡੀਆਂ ਅਤੇ ਸੰਜੀਵ ਅਰੋੜਾ ਦੀ ਡਿਊਟੀ ਆਂਧਰਾ ਪ੍ਰਦੇਸ਼, ਤੇਲੰਗਾਨਾ ਅਤੇ ਗੋਆ ਦੇ ਮੁੱਖ ਮੰਤਰੀਆਂ ਨੂੰ ਸੱਦਾ ਪੱਤਰ ਦੇਣ ਦੀ ਲਗਾਈ ਗਈ ਹੈ।

# ਲੱਖਾਂ ਦੀ ਲਾਗਤ ਨਾਲ ਬਣੀ ਸੜਕ ਸਾਲ ਅੰਦਰ ਹੀ ਧੱਸੀ

## ਸੰਬੰਧਤ ਠੇਕੇਦਾਰ ਨੂੰ ਦੋ ਵਾਰ ਨੋਟਿਸ ਜਾਰੀ ਕੀਤੇ : ਨਿਗਰਾਨ ਅਧਿਕਾਰੀ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਇੱਥੇ ਨਗਰ ਕੌਂਸਲ ਤਲਵਾੜਾ ਵੱਲੋਂ ਅੰਗੂਰਾਂ ਦੇ ਬਾਗ ਤੋਂ ਸ਼ਾਹ ਨਹਿਰ ਬੈਰਾਜ ਤੱਕ ਬਣਾਈ ਸੜਕ ਸਾਲ ਅੰਦਰ ਹੀ ਧੱਸਣੀ ਸ਼ੁਰੂ ਹੋ ਗਈ ਹੈ। ਵਿਰੋਧੀ ਧਿਰ ਨੇ ਸੜਕ ਨਿਰਮਾਣ ਦੌਰਾਨ ਬੰਦਇੰਤਜ਼ਾਮੀਆਂ ਦੇ ਦੋਸ਼ ਲਗਾਏ ਹਨ।ਸਾਬਕਾ ਕੌਂਸਲਰ ਦੀਪਕ ਅਰੋੜਾ ਨੇ ਦੱਸਿਆ ਕਿ ਸ਼ਹਿਰ ਦੇ ਪੋਸ਼ ਇਲਾਕੇ ਵਿੱਚ ਅੰਗੂਰਾਂ ਦੇ ਬਾਗ ਤੋਂ ਸ਼ਾਹ ਨਹਿਰ ਬੈਰਾਜ ਤੱਕ ਕਰੀਬ ਡੇਢ ਕਿਲੋਮੀਟਰ ਲੰਬੀ ਸੜਕ ਥਾਂ-ਥਾਂ ਤੋਂ ਧੱਸ ਗਈ ਹੈ। ਇਹ ਸੜਕ



ਬੀਤੇ ਸਾਲ ਦੇ ਅੰਤਲੇ ਮਹੀਨੇ ਨਗਰ ਕੌਂਸਲ ਨੇ ਕਰੀਬ 69 ਲੱਖ ਰੁਪਏ ਦੀ ਲਾਗਤ ਨਾਲ ਬਣਾਈ ਸੀ।ਸੀਵਰੇਜ ਵਿਛਾਉਣ ਉਪਰੰਤ ਸੜਕ ਦੀ ਸਹੀ ਭਰਾਈ ਨਹੀਂ ਹੋਈ।ਨਗਰ ਕੌਂਸਲ ਪ੍ਰਸ਼ਾਸਨ ਨੇ ਕਾਹਲੀ 'ਚ ਪ੍ਰੀਮਿਕਸ ਵਿਛਾ ਦਿੱਤਾ।ਸੜਕ ਬਣਨ ਦੇ 35 ਦਿਨਾਂ ਬਾਅਦ ਹੀ ਬਜ਼ਰੀ ਨਿੱਕਲਣ ਲੱਗ ਪਈ ਸੀ।ਹੁਣ ਸੜਕ ਜਗ੍ਹਾ ਜਗ੍ਹਾ ਤੋਂ ਧਸ ਗਈ ਹੈ, ਇਹ ਰਸਤਾ ਸ਼ਾਹ ਨਹਿਰ ਬੈਰਾਜ ਤੋਂ ਹਿਮਾਚਲ ਪ੍ਰਦੇਸ਼ ਦੇ ਕਰੀਬ ਅੱਧੀ ਦਰਜਨ ਪਿੰਡਾਂ ਨਾਲ ਜੁੜਦਾ ਹੈ। ਰੋਜ਼ਾਨਾ ਸੈਂਕੜੇ ਲੋਕ ਹਲਕੇ ਛੋਟੇ ਵਾਹਨਾਂ ਰਾਹੀਂ ਗੁਜ਼ਰਦੇ ਹਨ।ਪ੍ਰਸ਼ਾਸਨ ਨੇ ਸੜਕ ਦੀ ਰਿਪੇਅਰ ਕਰਨ ਦੀ ਬਜਾਇ ਧਸੀ ਹੋਈ ਜਗ੍ਹਾ 'ਤੇ ਬੈਰੀਕੇਡ ਲਗਾ ਕੇ ਰਸਤਾ ਤੰਗ ਕਰ ਦਿੱਤਾ ਹੈ।ਜੋ ਕਿ ਹਾਦਸਿਆਂ ਨੂੰ ਸੱਦਾ ਦੇ ਰਿਹਾ ਹੈ।ਸਾਬਕਾ ਕੌਂਸਲਰ ਨੇ ਨਗਰ ਕੌਂਸਲ ਤਲਵਾੜਾ ਅਤੇ ਸਰਕਾਰ ਦੀ ਕਾਰਗੁਜ਼ਾਰੀ 'ਤੇ ਸਵਾਲ ਉਠਾਏ ਹਨ।ਉੱਥੇ ਹੀ ਸੜਕ ਨਿਰਮਾਣ 'ਚ ਹੋਈ ਧਾਂਦਲੀ ਦੀ ਉਚ ਪੱਧਰੀ ਜਾਂਚ ਦੀ ਮੰਗ ਕੀਤੀ ਹੈ।ਨਗਰ ਕੌਂਸਲ ਤਲਵਾੜਾ ਦੇ ਜੇ ਈ ਕਮ ਨਿਗਰਾਨ ਅਧਿਕਾਰੀ ਨਿਰਮਲ ਸਿੰਘ ਨੇ ਕਿਹਾ ਕਿ ਸੜਕ ਦਾ ਨਿਰਮਾਣ ਕਰਨ ਵਾਲੇ ਠੇਕੇਦਾਰ ਨੂੰ ਦੋ ਵਾਰ ਨੋਟਿਸ ਜਾਰੀ ਕੀਤੇ ਗਏ ਹਨ।ਉਨ੍ਹਾਂ ਸੜਕ ਦੀ ਮੁਰੰਮਤ ਕਰਵਾਉਣ ਅਤੇ ਸਬੰਧਤ ਠੇਕੇਦਾਰ ਖਿਲਾਫ਼ ਬਣਦੀ ਵਿਭਾਗੀ ਕਾਰਵਾਈ ਕਰਨ ਦੀ ਗੱਲ ਆਖੀ ਹੈ।

# ਗੁ. ਟਾਹਲੀ ਸਾਹਿਬ ਵਿਖੇ ਧਾਰਮਿਕ ਸਮਾਗਮ ਅੱਜ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**-ਸਾਹਿਬਜਾਦਾ ਅਜੀਤ ਸਿੰਘ ਸੇਵਾ ਸੁਸਾਇਟੀ ਦੀ ਗੁਰਦੁਆਰਾ ਟਾਹਲੀ ਸਾਹਿਬ ਗੋਂਦਪੁਰ ਵਿਖੇ ਹੋਈ ਮੀਟਿੰਗ ਦੌਰਾਨ ਸ੍ਰੀ ਗੁਰੂ ਤੇਗ ਬਹਾਦਰ ਮਹਾਰਾਜ ਜੀ ਦੀ 350 ਸਾਲਾ ਸ਼ਤਾਬਦੀ ਨੂੰ ਮੁੱਖ ਰੱਖਦੇ ਹੋਏ 25 ਅਕਤੂਬਰ ਰਾਤ 6 ਵਜੇ ਤੋਂ ਰਾਤ 12 ਵਜੇ ਤਕ ਕਰਵਾਏ ਜਾ ਰਹੇ ਪ੍ਰੋਗਰਾਮ ਦਾ ਜਾਇਜ਼ਾ ਲਿਆ ਗਿਆ। ਪ੍ਰੋਗਰਾਮ ਦੀਆਂ ਸਾਰੀਆ ਤਿਆਰੀਆਂ ਮੁਕੰਮਲ ਹਨ ।ਮੀਟਿੰਗ ਵਿਚ ਇਲਾਕੇ ਦੀਆਂ ਸੰਗਤਾਂ ਨੂੰ ਅਪੀਲ ਕੀਤੀ ਗਈ ਕਿ ਉਹ ਵੱਧ ਤੋਂ ਵੱਧ ਵੱਡੀ ਗਿਣਤੀ ਵਿੱਚ ਗੁਰਦੁਆਰਾ ਟਾਹਲੀ ਸਾਹਿਬ ਗੋਂਦਪੁਰ ਵਿਖੇ ਪਹੁੰਚਣ। ਇਸ ਮੌਕੇ ਭਾਈ ਸ਼ੌਕੀਨ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਸ਼੍ਰੀ ਅੰਮ੍ਰਿਤਸਰ, ਕਥਾਵਾਚਕ ਭਾਈ ਹਰਦੀਪ ਸਿੰਘ ਖਿਆਲੀ, ਢਾਡੀ ਜਥਾ ਪੰਥ ਪ੍ਰਸਿੱਧ ਭਾਈ ਗੁਰਪ੍ਰਤਾਪ ਸਿੰਘ ਪਦਮ, ਭਾਈ ਬਲਵੀਰ ਸਿੰਘ ਸਾਹਿਬਜਾਦਾ ਅਜੀਤ ਸਿੰਘ ਸਕੂਲ ਬੱਚੇ ਆਦਿ ਪਹੁੰਚ ਰਹੇ ਹਨ। ਮੀਟਿੰਗ ਵਿਚ ਜਥੇਦਾਰ ਹਰਬੰਸ ਸਿੰਘ ਸਰਹਾਲਾ, ਭਾਈ ਬਲਵੀਰ ਸਿੰਘ,ਸਰਪੰਚ ਗੁਰਦੇਵ ਸਿੰਘ ਮਨੋਲੀਆ, ਸਰਪੰਚ ਬਲਵਿੰਦਰ ਸਿੰਘ, ਮਲਵਿੰਦਰ ਸਿੰਘ ਗੋਂਦਪਰ, ਸਰਪੰਚ ਰਸ਼ਪਾਲ ਸਿੰਘ ਪਾਲੀ ਬੱਦੋਵਾਲ, ਖੁਸ਼ਵੰਤ ਸਿੰਘ, ਮਾਸਟਰ ਜਗਜੀਤ ਸਿੰਘ ਗਨੇਸ਼ਪੁਰ, ਪ੍ਰਿੰਸੀਪਲ ਰੁਪਿੰਦਰ ਸਿੰਘ ਮਾਹਿਲਪੁਰ, ਮਨਵੀਰ ਸਿੰਘ, ਸਤਨਾਮ ਸਿੰਘ, ਜਤਿੰਦਰ ਸਿੰਘ ਜੈਤਪੁਰ, ਸੁਰਜੀਤ ਸਿੰਘ ਸਾਬਕਾ ਸਰਪੰਚ ਖਾਨਪੁਰ ਸਮੇਤ ਸਿੱਖ ਸੰਗਤਾਂ ਹਾਜ਼ਰ ਸਨ।

# ਸਿਲਵਰ ਓਕ ਸਕੂਲ ਦੇ ਵਿਦਿਆਰਥੀਆਂ ਨੇ ਵੱਖ-ਵੱਖ ਮੁਕਾਬਲਿਆਂ 'ਚ ਭਾਗ ਲਿਆ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**

ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸ਼ਾਹਬਾਜ਼ਪੁਰ ਵਿਖੇ ਰੱਖਿਆ ਮੰਤਰਾਲੇ ਅਤੇ ਸਿੱਖਿਆ ਮੰਤਰਾਲੇ ਦੇ ਸਾਂਝੇ ਯਤਨਾਂ ਸਦਕਾ ਚਲਾਏ ਗਏ ਪ੍ਰੋਜੈਕਟ ਵੀਰ ਗਾਥਾ 5.0 ਅਧੀਨ ਬੱਚਿਆਂ ਨੇ ਅਲੱਗ ਅਲੱਗ ਗਤੀਵਿਧੀਆਂ ਅਤੇ ਮੁਕਾਬਲਿਆਂ ਦੇ ਵਿੱਚ ਭਾਗ ਲਿਆ।ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਵਿੱਚ ਪ੍ਰੋਜੈਕਟ ਵੀਰ ਗਾਥਾ 5.0 ਦੇ ਅਧੀਨ ਸੀ ਬੀ ਐਸ ਈ ਵੱਲੋਂ ਪ੍ਰਾਪਤ ਦਿਸ਼ਾ ਨਿਰਦੇਸ਼ਾਂ ਹੇਠ ਬੱਚਿਆਂ ਵਿੱਚ ਡਰਾਇੰਗ, ਕਵਿਤਾ ਲੇਖਣ, ਪੈਰਾ ਲੇਖਣ ਆ ਤੇ ਗਤੀਵਿਧੀਆਂ ਅਤੇ ਮੁਕਾਬਲੇ ਕਰਵਾਏ ਗਏ ਇਹਨਾਂ ਮੁਕਾਬਲਿਆਂ ਵਿੱਚ ਅਲੱਗ ਅਲੱਗ ਕਲਾਸਾਂ ਦੇ ਬੱਚਿਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ।ਜੇਤੂ ਵਿਦਿਆਰਥੀਆਂ ਨੂੰ ਪ੍ਰੋਜੈਕਟ ਵੀਰ ਗਾਥਾ ਅਧੀਨ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਇਹਨਾਂ ਵਿਦਿਆਰਥੀਆਂ ਵਿੱਚ ਕਵਿਤਾ ਲਿਖਣ ਦੇ ਵਿੱਚ ਸੌਰਭੀ, ਅਸ਼ਨੂਰ, ਸੰਦੀਪ ਅਤੇ ਸ਼ਨਮੀਤ ਨੇ ਬਾਜ਼ੀ ਮਾਰੀ, ਉੱਥੇ ਦੂਸਰੀ ਤਾਂ ਪਾਸੇ ਪੈਰਾਂ ਲੇਖਣ ਦੇ ਵਿੱਚ ਨਮੀਸ਼ਾ, ਸੀਰਤ, ਨਵਨੀਤ ਅਤੇ ਤਰਨਪ੍ਰੀਤ ਜੇਤੂ ਰਹੇ, ਇਸੇ ਤਰ੍ਹਾਂ ਡਰਾਇੰਗ ਮੁਕਾਬਲਿਆਂ ਦੇ ਵਿੱਚ ਐਸ਼ਲੀਨ, ਐਂਜਲ, ਅਰਪਣ, ਅਵਿਜੋਤ, ਹਸਮੀਤ, ਕੋਮਲ ਅਤੇ ਨਵਸੀਰਤ ਜੇਤੂ ਰਹੇ।ਪ੍ਰਿੰਸੀਪਲ ਮਨੀਸ਼ਾ ਸੰਗਰ ਨੇ ਦੱਸਿਆ ਕਿ ਭਾਰਤ ਸਰਕਾਰ, ਸਟੇਟ ਸਿੱਖਿਆ ਵਿਭਾਗ ਅਤੇ ਸੀਬੀਐਸਈ ਦੇ ਸਾਂਝੇ ਯਤਨਾਂ ਸਦਕਾ ਚਲਾਇਆ ਜਾ ਰਿਹਾ ਪ੍ਰੋਜੈਕਟ ਵੀਰ ਗਾਥਾ 5.0 ਇੱਕ ਵੱਡਾ ਉਪਰਾਲਾ ਹੈ ਜਿਸ ਦੇ ਜਰੀਏ ਸਾਡੇ ਬੱਚੇ ਸਾਡੇ ਦੇਸ਼ ਦੇ ਵੀਰ ਜਵਾਨਾਂ ਨੂੰ ਯਾਦ ਕਰ ਸਕਦੇ ਹਨ ਅਤੇ ਉਹਨਾਂ ਦੇ ਬਹਾਦਰੀ ਭਰੇ ਕਾਰਨਾਮਿਆਂ ਬਾਰੇ ਜਾਣਕਾਰੀ ਹਾਸਿਲ ਕਰ ਸਕਦੇ ਹਨ। ਉਹਨਾਂ ਦੱਸਿਆ ਕਿ ਭਾਰਤ ਦੇ ਬਹੁਤ ਸਾਰੇ ਅਜਿਹੇ ਮਹਾਨ ਸਪੂਤ ਹੋਏ ਹਨ ਜਿਨਾਂ ਨੇ ਦੇਸ਼ ਦੇ ਲਈ ਬਾਰਡਰ ਦੇ ਉੱਤੇ ਜਾਂ ਫਿਰ ਦੇਸ਼ ਦੀ ਸ਼ਾਂਤੀ ਬਣਾਈ ਰੱਖਣ ਲਈ ਆਪਣੇ ਕੁਰਬਾਨੀ ਦੇ ਦਿੱਤੀ, ਜਿਨਾਂ ਨੂੰ ਦੇਸ਼ ਦੇ ਸਰਵਉਤਮ ਸਨਮਾਨਾਂ ਨਾਲ ਨਿਵਾਜਿਆ ਗਿਆ। ਇਹਨਾਂ ਬਾਰੇ ਜਾਨਣਾ ਅਤੇ ਇਹਨਾਂ ਦੇ ਬਹਾਦਰੀ ਭਰੇ ਇਤਿਹਾਸ ਬਾਰੇ ਜਾਨਣਾ ਸਾਡੀ ਅੱਜ ਕੱਲ ਦੀ ਪੀੜੀ ਦੇ ਲਈ ਬਹੁਤ ਜਰੂਰੀ ਹੈ ਤਾਂ ਕਿ ਇਹ ਸਾਡੇ ਅੱਜ ਕੱਲ ਦੇ ਬੱਚਿਆਂ ਦੇ ਲਈ ਪ੍ਰੇਰਨਾ ਸਰੋਤ ਬਣ ਸਕਣ।ਇਸ ਮੌਕੇ ਤੇ ਜੇਤੂਆਂ ਨੂੰ ਵੀਰ ਗਾਥਾ ਪ੍ਰੋਜੈਕਟ ਦੇ ਅਧੀਨ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਪ੍ਰਿੰਸੀਪਲ ਸੰਗਰ ਨੇ ਦੱਸਿਆ ਕਿ ਸਾਰੇ ਹੀ ਵਿਦਿਆਰਥੀਆਂ ਨੂੰ ਅਜਿਹੀਆਂ ਗਤੀਵਿਧੀਆਂ ਦੇ ਵਿੱਚ ਵੱਧ ਚੜ ਕੇ ਹਿੱਸਾ ਲੈਣਾ ਚਾਹੀਦਾ ਹੈ ਤਾਂ ਜੋ ਅਸੀਂ ਆਪਣੇ ਮਾਣ ਮੱਤੇ ਇਤਿਹਾਸ ਬਾਰੇ ਜਾਣਕਾਰੀ ਹਾਸਿਲ ਕਰ ਸਕੀਏ। ਇਸ ਮੌਕੇ ਤੇ ਮੈਨੇਜਰ ਗਜਿੰਦਰ ਪਾਲ ਸਿੰਘ, ਤਰਨ ਸੈਣੀ, ਬਿਕਰਮਜੀਤ ਸਿੰਘ ਭੇਲਾ, ਅਮਰਜੀਤ ਕੌਰ ਸੈਣੀ, ਸੁਮੀਤ ਕੌਰ, ਜਗਬੰਧਨ ਸਿੰਘ, ਸੁਰੇਸ਼, ਬਲਜੀਤ ਕੌਰ, ਪਰਮਜੀਤ ਕੌਰ, ਕੰਚਨ, ਅਰਚਨਾ, ਰਾਜਵਿੰਦਰ, ਵਿਸ਼ਾਲੀ, ਗੁਰਪ੍ਰੀਤ, ਨੇਹਾ ਹਰਜੀਤ, ਹਰਮਿੰਦਰ ਅਤੇ ਬਾਕੀ ਸਟਾਫ ਵੀ ਮੌਜੂਦ ਸੀ।



# ਏ ਡੀ ਸੀ ਨੇ ਛੱਠ ਪੂਜਾ ਦੇ ਪ੍ਰਬੰਧਾਂ ਦਾ ਲਿਆ ਜਾਇਜ਼ਾ

**ਫਗਵਾੜਾ, (ਡਾ. ਰਮਨ, ਜਸਵਿੰਦਰ ਢੱਡਾ)**-ਵਧੀਕ ਡਿਪਟੀ ਕਮਿਸ਼ਨਰ (ਜ), ਫਗਵਾੜਾ ਡਾ. ਅਕਸ਼ਿਤਾ ਗੁਪਤਾ ਵਲੋ ਫਗਵਾੜਾ ਵਿਖੇ ਅਗਾਮੀ ਛੱਠ ਪੂਜਾ ਜੋ ਮਿਤੀ 25 ਤੋਂ 28 ਅਕਤੂਬਰ ਦੌਰਾਨ ਅਰਬਨ ਅਸਟੇਟ ਫਗਵਾੜਾ ਦੇ ਨਾਲ ਲੱਗਦੀ ਨਹਿਰ ਵਿਖੇ ਹੋਣੀ ਹੈ, ਦੇ ਸਬੰਧ ਵਿੱਚ ਲੋੜੀਂਦੇ ਪ੍ਰਬੰਧਾਂ ਦਾ ਰੀਵਿਊ ਕਰਨ ਹਿੱਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ। ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਉਹਨਾਂ ਵੱਖ-ਵੱਖ ਵਿਭਾਗਾਂ, ਪੁਲਸ, ਨਗਰ ਨਿਗਮ, ਪਾਵਰਕਾਮ, ਸਿਹਤ, ਵਾਟਰ ਸਪਲਾਈ ਅਤੇ ਸੀਵਰੇਜ, ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ/ਪਬਲਿਕ ਹੈਲਥ ਆਦਿ ਦੇ ਅਧਿਕਾਰੀਆਂ ਨੂੰ ਆਪਣੇ-ਆਪਣੇ ਵਿਭਾਗ ਨਾਲ ਸਬੰਧਤ ਕਾਰਜ ਸਮੇਂ ਸਿਰ ਮੁਕੰਮਲ ਕਰਨ ਦੇ ਆਦੇਸ਼ ਦਿੱਤੇ। ਇਸ ਮੌਕੇ ਡੀ ਐੱਸ ਪੀ ਫਗਵਾੜਾ ਨੇ ਦੱਸਿਆ ਕਿ ਛੱਠ ਪੂਜਾ ਦੌਰਾਨ ਸੁਰੱਖਿਆ ਅਤੇ ਟਰੈਫਿਕ ਦੇ ਪ੍ਰਬੰਧ ਸਮੇਂ ਸਿਰ ਮੁਕੰਮਲ ਕਰ ਲਏ ਜਾਣਗੇ। ਐੱਸ ਡੀ ਓ, (ਨਹਿਰਾਂ) ਨੇ ਦੱਸਿਆ ਕਿ ਉਹਨਾਂ ਵੱਲੋਂ ਸਮੇਂ ਸਿਰ ਨਹਿਰ ਵਿੱਚ ਪਾਣੀ ਛੱਡ ਦਿੱਤਾ ਜਾਵੇਗਾ ਅਤੇ ਨਹਿਰਾਂ ਦੀ ਸਾਫ ਸਫਾਈ ਦਾ ਪ੍ਰਬੰਧ ਮੁਕੰਮਲ ਕਰ ਲਿਆ ਜਾਵੇਗਾ।ਵਧੀਕ ਡਿਪਟੀ ਕਮਿਸ਼ਨਰ ਨੇ ਨਗਰ ਨਿਗਮ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਪੂਜਾ ਵਾਲੇ ਸਥਾਨ 'ਤੇ ਫਾਇਰ—ਬ੍ਰਿਗੇਡ, ਸੜਕ ਦਾ ਪੈਚਵਰਕ, ਸਾਫ ਸਫਾਈ, ਫੌਗਿੰਗ, ਦਰਖ਼ਤਾਂ ਦੀ ਕਾਂਟ ਛਾਂਟ ਆਦਿ ਦਾ ਪ੍ਰਬੰਧ ਮੁਕੰਮਲ ਕਰ ਲਿਆ ਜਾਵੇ। ਇਸ ਦੇ ਨਾਲ ਹੀ ਉਹਨਾਂ ਵੱਲੋਂ ਬਿਜਲੀ ਵਿਭਾਗ ਦੇ ਅਧਿਕਾਰੀਆਂ ਨੂੰ ਆਦੇਸ਼ ਦਿੱਤਾ ਕਿ ਪੂਜਾ ਵਾਲੇ ਸਥਾਨ 'ਤੇ ਨਿਰਵਿਘਨ ਸਪਲਾਈ ਯਕੀਨੀ ਬਣਾਈ ਜਾਵੇ, ਬਿਜਲੀ ਵਾਲੀਆਂ ਤਾਰਾਂ ਦੇ ਜੋੜ ਢਕੇ ਹੋਣੇ ਚਾਹੀਦੇ ਹਨ, ਕੋਈ ਵੀ ਤਾਰ ਨੀਵੀਂ ਨਾ ਹੋਵੇ ਅਤੇ ਬਿਜਲੀ ਦੇ ਪੋਲ ਸਹੀ ਖੜ੍ਹੇ ਹੋਣੇ ਚਾਹੀਦੇ ਹਨ। ਸਿਵਲ ਹਸਪਤਾਲ ਵੱਲੋਂ ਹਾਜ਼ਰ ਆਏ ਸਟਾਫ ਨੂੰ ਆਦੇਸ਼ ਦਿੱਤਾ ਕਿ ਪੂਜਾ ਵਾਲੇ ਸਥਾਨ 'ਤੇ ਐਂਬੂਲੈਂਸ ਸਮੇਤ ਦਵਾਈਆਂ ਅਤੇ ਮੈਡੀਕਲ ਟੀਮ/ਸਟਾਫ ਦੇ ਲੋੜੀਂਦੇ ਪ੍ਰਬੰਧ ਕਾਇਮ ਰੱਖੇ ਜਾਣ।

# 20 ਸਾਲਾ ਮਹਿਲਾ ਦੀ ਕਿਡਨੀ ਟ੍ਰਾਂਸਪਲਾਂਟ ਹੋਈ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਲਿਵਾਸਾ ਹਸਪਤਾਲ ਵਿੱਚ 20 ਸਾਲਾ ਮਹਿਲਾ ਦਾ ਲਿਵਿੰਗ ਡੋਨਰ ਟ੍ਰਾਂਸਪਲਾਂਟ ਹੋਇਆ। ਮਹਿਲਾ ਮਰੀਜ਼ ਦੀ ਮਾਂ, ਜੋ ਕਿ ਇੱਕੋ ਬਲੱਡ ਗਰੁੱਪ ਦੀ ਹੈ, ਨੇ ਕਿਡਨੀ ਦਾਨ ਕੀਤੀ। ਕਿਡਨੀ ਟ੍ਰਾਂਸਪਲਾਂਟ ਡਾ. ਰਾਧਿਕਾ ਗਰਗ ਕੰਸਲਟੈਂਟ ਨੈਫਰੋਲੋਜਿਸਟ ਅਤੇ ਡਾ. ਪਾਰਸ ਰਾਮ ਸੈਣੀ, ਕੰਸਲਟੈਂਟ ਯੂਰੋਲੋਜਿਸਟ ਅਤੇ ਟ੍ਰਾਂਸਪਲਾਂਟ ਸਰਜਨ ਦੀ ਅਗਵਾਈ ਵਾਲੀ ਇੱਕ ਟੀਮ ਅਨੱਸਥੀਸੀਓਲੋਜਿਸਟਾਂ, ਇੰਟੈਂਸਿਵਿਸਟਾਂ ਅਤੇ ਨਰਸਿੰਗ ਸਟਾਫ ਦੇ ਸਪੋਰ ਨਾਲ ਕੀਤਾ ਗਿਆ। ਕਿਡਨੀ ਰੇਸਿਪੇਂਟ ਅਤੇ ਡੋਨਰ 2ਦੋਵੇਂ ਸਥਿਰ ਹਨ ਅਤੇ ਠੀਕ ਹੋ ਰਹੇ ਹਨ, ਜੋ ਕਿ ਹਸਪਤਾਲ ਦੀ ਮਰੀਜ਼ਾਂ ਦੀ ਸੁਰੱਖਿਆ, ਸ਼ੁੱਧਤਾ ਅਤੇ ਹਮਦਰਦੀ ਭਰੀ ਦੇਖਭਾਲ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਲਿਵਾਸਾ ਹਸਪਤਾਲਾਂ ਦੇ ਸੀ ਈ ਓ ਅਨੁਰਾਗ ਯਾਦਵ ਨੇ ਕਿਹਾ ਕਿ ਇਹ ਕਿਡਨੀ ਟ੍ਰਾਂਸਪਲਾਂਟ ਸਰਜਰੀ ਯਕੀਨੀ ਬਣਾਉਂਦੀ ਹੈ ਕਿ ਪੰਜਾਬ ਅਤੇ ਗੁਆਂਢੀ ਰਾਜਾਂ ਦੇ ਮਰੀਜ਼ ਮਹਾਨਗਰ ਕੇਂਦਰਾਂ ਦੀ ਯਾਤਰਾ ਕੀਤੇ ਬਿਨਾਂ ਉੱਨਤ ਕਿਡਨੀ ਅਤੇ ਟ੍ਰਾਂਸਪਲਾਂਟ ਦੇਖਭਾਲ ਤੱਕ ਪਹੁੰਚ ਪ੍ਰਾਪਤ ਕਰ ਸਕਦੇ ਹਨ। ਉਨ੍ਹਾਂ ਅੱਗੇ ਕਿਹਾ, 'ਕਿਡਨੀ ਟ੍ਰਾਂਸਪਲਾਂਟ ਸਾਡੀ ਟੀਮ ਦੇ ਅਸਾਧਾਰਨ ਹੁਨਰ ਨੂੰ ਦਰਸਾਉਂਦਾ ਹੈ ਅਤੇ ਗੁੰਝਲਦਾਰ ਡਾਕਟਰੀ ਇਲਾਜਾਂ ਨੂੰ ਸਾਰਿਆਂ ਲਈ ਪਹੁੰਚਯੋਗ ਬਣਾਉਣ ਦੇ ਸਾਡੇ ਮਿਸ਼ਨ ਨੂੰ ਹੋਰ ਮਜ਼ਬੂਤ ਕਰਦਾ ਹੈ।'




### ਰੇਲ ਗੱਡੀ ਦੀ ਲਪੇਟ 'ਚ ਆਉਣ ਨਾਲ ਇੱਕ ਹਲਾਕ

**ਫਿਲੌਰ, (ਨਿਰਮਲ)**- ਰੇਲਵੇ ਪੁਲਿਸ ਚੌਂਕੀ ਫਿਲੌਰ ਦੇ ਇੰਚਾਰਜ ਥਾਣੇਦਾਰ ਪ੍ਰੇਮ ਨਾਥ ਨੇ ਦੱਸਿਆ ਕਿ ਫਿਲੌਰ ਭਟੀਆਂ ਵਿਚਕਾਰ ਇੱਕ 60-62 ਸਾਲਾ ਵਿਅਕਤੀ ਦੀ ਰੇਲ ਗੱਡੀ ਦੀ ਲਪੇਟ ਵਿੱਚ ਆਉਣ ਕਾਰਨ ਮੌਤ ਹੋ ਗਈ। ਮ੍ਰਿਤਕ ਵਿਅਕਤੀ ਦੀ ਪਹਿਚਾਣ ਕਿਸ਼ਨ ਲਾਲ ਪੁੱਤਰ ਭਾਗ ਰਾਮ ਪਿੰਡ ਜੋਹਲਾਂ ਥਾਣਾ ਗੁਰਾਇਆ ਵਜੋਂ ਹੋਈ ਹੈ। ਵਾਰਸਾਂ ਦੀ ਬੇਨਤੀ ਤੇ ਸਿਵਲ ਹਸਪਤਾਲ ਫਿਲੌਰ ਵਿਖੇ ਪੋਸਟਮਾਰਟਮ ਉਪਰਾਂਤ ਲਾਸ਼ ਵਾਰਸਾਂ ਹਵਾਲੇ ਕਰ ਦਿੱਤੀ ਗਈ।

### ਫੌਜ 'ਚ ਭਰਤੀ ਲਈ ਸੀ-ਪਾਈਟ ਵਿਖੇ ਲਿਖਤੀ ਪੇਪਰ ਦੀ ਤਿਆਰੀ ਸੰਬੰਧੀ ਕੈਂਪ ਸ਼ੁਰੂ

**ਮੋਹਾਲੀ, (ਗੁਰਜੀਤ ਬਿੱਲਾ)**-ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਨੌਜਵਾਨਾਂ ਦੀ ਖੇਤਰੀ ਫੌਜ ਵਿੱਚ (Territorial Army) (ਟੀ.ਏ.) ਭਰਤੀ ਲਈ ਲਿਖਤੀ ਪੇਪਰ ਸਬੰਧੀ ਸਿਖਲਾਈ ਅਤੇ ਫਿਜ਼ੀਕਲ ਟਰੇਨਿੰਗ ਰੋਜ਼ਗਾਰ ਕੇਂਦਰ (ਸੀ-ਪਾਈਟ) ਲਾਲੜੂ ਵਿਖੇ ਸ਼ੁਰੂ ਹੋ ਚੁੱਕੀ ਹੈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸੀ ਪਾਈਟ ਕੈਂਪ, ਲਾਲੜੂ ਦੇ ਕੈਂਪ ਇੰਚਾਰਜ ਗੁਰਿੰਦਰ ਸਿੰਘ ਨੇ ਦੱਸਿਆ ਕਿ ਖੇਤਰੀ ਫੌਜ (Territorial Army) (ਟੀ.ਏ.) ਵਿੱਚ ਨੌਜਵਾਨਾਂ ਦੀ ਭਰਤੀ ਸਬੰਧੀ ਨੋਟੀਫਿਕੇਸ਼ਨ ਜਾਰੀ ਹੋ ਚੁੱਕਾ ਹੈ। ਚਾਹਵਾਨ ਨੌਜਵਾਨ 28 ਨਵੰਬਰ 2025 ਨੂੰ ਕਾਲਕਾ (ਹਰਿਆਣਾ) ਵਿਖੇ ਭਰਤੀ ਦੇਖ ਸਕਦੇ ਹਨ।ਉਨ੍ਹਾਂ ਕਿਹਾ ਕਿ ਲਾਲੜੂ ਕੈਂਪ ਵਿਖੇ ਇਸ ਭਰਤੀ ਸਬੰਧੀ ਲਿਖਤੀ ਅਤੇ ਫਿਜ਼ੀਕਲ ਟ੍ਰੇਨਿੰਗ ਸੁਰੂ ਹੋ ਚੁੱਕੀ ਹੈ। ਮੋਹਾਲੀ ਜ਼ਿਲ੍ਹੇ ਦੇ ਚਾਹਵਾਨ ਨੌਜਵਾਨ ਜਲਦੀ ਤੋਂ ਜਲਦੀ ਆਪਣੇ ਅਸਲ ਸਰਟੀਫਿਕੇਟ ਨਾਲ ਲੈ ਕੇ ਸੀ-ਪਾਈਟ ਕੈਂਪ, ਲਾਲੜੂ ਵਿਖੇ ਪੁੱਜਣ, ਟਰੇਨਿੰਗ ਦੌਰਾਨ ਖਾਣਾ, ਰਿਹਾਇਸ ਮੁਫ਼ਤ ਦਿੱਤੀ ਜਾਵੇਗੀ।ਵਧੇਰੇ ਜਾਣਕਾਰੀ ਲਈ ਫੋਨ ਨੰ: ਸੰਪਰਕ ਕਰੋ 9815077512 ਅਤੇ 7658816457 ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਪੁਰਬ ਸੰਬੰਧੀ ਪ੍ਰਭਾਤ ਫੇਰੀਆਂ



**ਭਲਾਣ (ਹਰਭਜਨ ਢਿੱਲੋਂ)**

ਸ੍ਰੀ ਅਨੰਦਪੁਰ ਸਾਹਿਬ, ਤਖਤ ਸ੍ਰੀ ਕੇਸਗੜ੍ਹ ਸਾਹਿਬ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਪੁਰਬ ਨੂੰ ਸਮਰਪਿਤ ਪ੍ਰਭਾਤ ਫੇਰੀਆਂ ਸ਼ਰਧਾ ਤੇ ਸਤਿਕਾਰ ਨਾਲ ਪਿਛਲੇ ਕਈ ਦਿਨਾਂ ਤੋਂ ਗੁਰਬਾਣੀ ਕੀਰਤਨ, ਨਾਮ ਸਿਮਰਨ ਅਤੇ ਧਾਰਮਿਕ ਜੋਸ਼ ਨਾਲ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ ਅਤੇ ਭਾਈ ਅਮਰਜੀਤ ਸਿੰਘ ਚਾਵਲਾ (ਮੈਂਬਰ ਐੱਸ ਜੀ ਪੀ ਸੀ) ਅਤੇ ਇਲਾਕੇ ਦੀ ਸੰਗਤ ਦੇ ਸਹਿਯੋਗ ਨਾਲ ਤਖਤ ਸ੍ਰੀ ਕੇਸਗੜ੍ਹ ਸਾਹਿਬ ਤੋਂ ਇਲਾਕੇ ਦੇ ਵੱਖ-ਵੱਖ ਪਿੰਡਾਂ ਵਿੱਚ ਕੱਢੀਆਂ ਜਾ ਰਹੀਆਂ ਨੇ। ਇਸ ਲੜੀ ਤਹਿਤ ਪਿੰਡ ਸੁੱਖਸਾਲ, ਸਹਿਜੋਵਾਲ, ਭੀਖਾਪੁਰ, ਮਹਿਲਵਾਂ ਅਤੇ ਹਾਜੀਪੁਰ ਵਿੱਚ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਤੇ ਭਾਈ ਅਮਰਜੀਤ ਸਿੰਘ ਚਾਵਲਾ ਨੇ ਪ੍ਰਭਾਤ ਫੇਰੀਆਂ ਦੌਰਾਨ ਸੰਗਤਾਂ ਨੂੰ ਸ੍ਰੀ ਗੁਰੂ ਤੇਗ ਬਹਾਦਰ ਤੇ ਸ੍ਰੀ ਗੁਰੂ ਗੋਬਿੰਦ ਸਿੰਘ ਅਤੇ ਉਹਨਾਂ ਦੇ ਪਰਵਾਰ ਦੀਆਂ ਕੁਰਬਾਨੀਆਂ ਦੀ ਯਾਦ ਤਾਜ਼ਾ ਕੀਤੀ। ਉਨ੍ਹਾਂ ਕਿਹਾ ਕਿ ਦਿੱਲੀ ਵਿਖੇ 'ਹਿੰਦ ਦੀ ਚਾਦਰ' ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਮਨੁੱਖੀ ਹੱਕਾਂ ਦੀ ਰਾਖੀ ਅਤੇ ਧਾਰਮਿਕ ਆਜ਼ਾਦੀ ਲਈ ਬਲੀਦਾਨ ਦਿੱਤਾ ਸੀ, ਜਿਸ ਦੀ ਮਿਸਾਲ ਦੁਨੀਆ ਦੇ ਇਤਿਹਾਸ ਵਿੱਚ ਹੋਰ ਕਿਤੇ ਨਹੀਂ ਮਿਲਦੀ। ਇਸ ਮੌਕੇ ਤੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ ਵਲੋਂ ਸੰਗਤ ਨੂੰ ਗੁਰਮਤਿ ਅਨੁਸਾਰ ਜੀਵਨ ਬਤੀਤ ਕਰਨ ਦਾ ਸੁਨੇਹਾ ਦਿੱਤਾ ਗਿਆ। ਉਹਨਾਂ ਵਲੋਂ ਸੰਗਤ ਨੂੰ ਗੁਰੂ ਘਰਾਂ ਨਾਲ ਜੁੜਣ ਅਤੇ ਗੁਰੂ ਦੇ ਸਿਧਾਂਤਾਂ 'ਤੇ ਚਲਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਤੇ ਬਾਬਾ ਮਲਕੀਤ ਸਿੰਘ (ਸ੍ਰੀ ਅਨੰਦਪੁਰ ਸਾਹਿਬ), ਲੈਕਚਰਾਰ ਸੋਹਨ ਸਿੰਘ ਚਾਹਲ ਮਹਿਲਵਾਂ, ਗੁਰੂ ਘਰ ਦੇ ਪ੍ਰਚਾਰਕ ਜਸਵਿੰਦਰ ਸਿੰਘ, ਗੁਰਿੰਦਰ ਸਿੰਘ, ਗੁਰਿੰਦਰਜੀਤ ਸਿੰਘ, ਅਮਰਜੀਤ ਸਿੰਘ (ਸੰਗਤਪੁਰ), ਹਰਜੀਤ ਸਿੰਘ (ਸਹਿਜੋਵਾਲ), ਪਾਠੀ ਅਵਤਾਰ ਸਿੰਘ ਮਹਿਲਵਾਂ, ਗੁਰਬਖ਼ਸ਼ ਸਿੰਘ ਮਹਿਲਵਾਂ, ਮੰਗਲ ਸਿੰਘ, ਸੁੱਚਾ ਸਿੰਘ, ਸਰਪੰਚ ਵਿਜੇ ਬਹਾਦਰ, ਸਰਪੰਚ ਜੀਵਨ ਕੁਮਾਰ ਭੀਖਾਪੁਰ, ਸੰਦੀਪ ਕੁਮਾਰ ਭੀਖਾਪੁਰ, ਫੁੰਮਣ ਸਿੰਘ (ਸਹਿਜੋਵਾਲ) ਅਤੇ ਹਰਜ਼ਾਪ ਸਿੰਘ, ਦਲਭਾਗ ਸਿੰਘ, ਜਸਵਿੰਦਰ ਸਿੰਘ, ਅਵਤਾਰ ਸਿੰਘ ਹਾਜੀਪੁਰ, ਬੀਬੀ ਸੰਦੀਪ ਕੌਰ, ਜਸਵਿੰਦਰ ਕੌਰ, ਜਸਪ੍ਰੀਤ ਕੌਰ ਕੁਲਵਿੰਦਰ ਕੌਰ, ਆਸ਼ਾ ਰਾਣੀ, ਸ਼ਾਂਤੀ ਕੌਰ ਸਮੇਤ ਕਈ ਹੋਰ ਸੰਗਤਾਂ ਨੇ ਹਾਜ਼ਰੀ ਭਰੀ।

# ਬਾਬੇ ਕੇ ਸੀਨੀਅਰ ਸੈਕੰਡਰੀ ਸਕੂਲ ਵਿਖੇ ਦੀਵਾਲੀ ਦਾ ਤਿਉਹਾਰ ਮਨਾਇਆ



**ਲੋਹੀਆਂ ਖਾਸ, (ਯੋਗੇਸ਼ਵਰ)**

ਧੰਨ ਧੰਨ ਸੰਤ ਬਾਬਾ ਨਾਹਰ ਸਿੰਘ ਜੀ ਦੇ ਪਵਿੱਤਰ ਆਸ਼ੀਰਵਾਦ ਨਾਲ ਚੱਲ ਰਹੇ ਬਾਬੇ ਕੇ ਸੀਨੀਅਰ ਸੈਕੰਡਰੀ ਸਕੂਲ, ਵਾੜਾ ਜੋਧ ਸਿੰਘ (ਜਲੰਧਰ) ਵਿੱਚ ਸਕੂਲ ਦੇ ਡਿਪਟੀ ਡਾਇਰੈਕਟਰ ਅਤੇ ਪ੍ਰਿੰਸੀਪਲ ਸਰਗਮ ਥਿੰਦ ਦੀ ਅਗਵਾਈ ਹੇਠ ਦੀਵਾਲੀ ਦੇ ਪਾਵਨ ਤਿਉਹਾਰ ਨੂੰ ਵੱਡੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਤੇ ਚੌਥੀ ਤੋਂ ਸੱਤਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਲਈ 'ਮੋਮਬੱਤੀ ਤੇ ਦੀਵਾ ਸਜਾਵਟ' ਮੁਕਾਬਲਾ ਕਰਵਾਇਆ ਗਿਆ ਜਦਕਿ ਅੱਠਵੀਂ ਤੋਂ ਬਾਰ੍ਹਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਇੰਟਰ-ਹਾਊਸ 'ਰੰਗੋਲੀ' ਪ੍ਰਤੀਯੋਗਤਾ ਵਿੱਚ ਹਿੱਸਾ ਲਿਆ।ਸਮਾਰੋਹ ਦੌਰਾਨ ਸੰਸਥਾ ਦੇ ਮੁੱਖ ਸਰਪ੍ਰਸਤ ਸੰਤ ਬਾਬਾ ਕਪੂਰ ਸਿੰਘ ਵੱਲੋਂ ਸਾਰੇ ਸਟਾਫ ਮੈਂਬਰਾਂ ਨੂੰ ਦੀਵਾਲੀ ਦੇ ਮੌਕੇ ਤੇ ਤੋਹਫੇ ਅਤੇ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ। ਦੀਵਾਲੀ ਦੇ ਸੰਬੰਧ ਵਿੱਚ ਇਕ ਵਿਸ਼ੇਸ਼ ਅਸੈਂਬਲੀ ਦਾ ਵੀ ਆਯੋਜਨ ਕੀਤਾ ਗਿਆ ਜਿਸ ਵਿੱਚ ਵਿਦਿਆਰਥੀਆਂ ਨੇ ਵੱਖ-ਵੱਖ ਸੱਭਿਆਚਾਰਕ ਪੇਸ਼ਕਾਰੀਆਂ ਦਿੱਤੀਆਂ। ਬੱਚਿਆਂ ਨੇ ਆਪਣੀਆਂ ਕਲਾਸਾਂ ਨੂੰ ਬੜੇ ਉਤਸ਼ਾਹ ਨਾਲ ਸਜਾਇਆ।ਇਸ ਮੌਕੇ ਪ੍ਰਿੰਸੀਪਲ ਸਰਗਮ ਥਿੰਦ ਵੱਲੋਂ ਵਿਦਿਆਰਥੀਆਂ ਨੂੰ ਵਾਤਾਵਰਣ ਨੂੰ ਸ਼ੁੱਧ ਰੱਖਣ ਤੇ ਖੁਸ਼ੀ ਅਤੇ ਰੌਸ਼ਨੀ ਨਾਲ ਭਰਪੂਰ, ਪਰ ਪ੍ਰਦੂਸ਼ਣ ਰਹਿਤ ਦੀਵਾਲੀ ਮਨਾਉਣ ਦੀ ਪ੍ਰੇਰਣਾ ਦਿੱਤੀ ਗਈ। ਅੰਤ ਵਿੱਚ ਸਕੂਲ ਦੀ ਸਮੁੱਚੀ ਮੈਨੇਜਮੈਂਟ ਵੱਲੋਂ ਸਾਰੇ ਮਾਪਿਆਂ ਤੇ ਵਿਦਿਆਰਥੀਆਂ ਨੂੰ ਦੀਵਾਲੀ ਦੀਆਂ ਦਿਲੋਂ ਵਧਾਈਆਂ ਤੇ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

# ਸੀ ਪੀ ਆਈ ਐੱਮ ਤਹਿਸੀਲ ਕਮੇਟੀ ਬੰਗਾ ਦੀ ਮੀਟਿੰਗ

**ਬੰਗਾ (ਅਵਤਾਰ ਕਲੇਰ)**-ਸੀ ਪੀ ਆਈ ਐਮ ਤਹਿਸੀਲ ਕਮੇਟੀ ਬੰਗਾ ਦੀ ਮੀਟਿੰਗ ਸਥਾਨਕ ਮੰਢਾਲੀ ਭਵਨ ਵਿਖੇ ਸਾਥੀ ਬਲਦੇਵ ਸਿੰਘ ਕੰਗਰੌੜ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਬੀਬੀ ਪ੍ਰੀਤਮ ਕੌਰ ਵਿਰਕ ਅਤੇ ਬੀਬੀ ਹਰਜਿੰਦਰ ਕੌਰ ਨੂੰ ਸ਼ਰਧਾਂਜਲੀ ਭੇਟ ਕੀਤੀ। ਮੀਟਿੰਗ ਦੇ ਫੈਸਲੇ ਪ੍ਰੈਸ ਨੂੰ ਜਾਰੀ ਕਰਦਿਆਂ, ਤਹਿਸੀਲ ਸਕੱਤਰ ਜੋਗਿੰਦਰ ਲੜੋਆ ਨੇ ਦੱਸਿਆ ਹੈ ਕਿ ਸ਼ਹੀਦ ਭਗਤ ਸਿੰਘ ਵੱਲੋਂ ਬਣਾਈ ਗਈ ਨੌਜਵਾਨ ਭਾਰਤ ਸਭਾ ਦੀ 100ਵੀਂ ਵਰੇਗੰਢ ਅਤੇ ਡੀ ਵਾਈ ਐਫ ਆਈ ਡੀ 46ਵੀਂ ਵਰੇਗੰਢ ਮਨਾਉਣ ਲਈ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਪਿੰਡ ਸਰਾਭਾ ਵਿਖੇ ਵਿਸ਼ਾਲ ਕਾਨਫਰੰਸ ਕੀਤੀ ਜਾ ਰਹੀ ਹੈ। ਜਿਸ ਵਿੱਚ ਬੰਗਾ ਤਹਿਸੀਲ ਚੋਂ ਵੱਡੀ ਗਿਣਤੀ ਵਿੱਚ ਸਾਥੀ ਜਾਣਗੇ। ਮਨਰੇਗਾ ਮਜ਼ਦੂਰਾਂ ਦਾ ਕੰਮ ਬੰਦ ਪਿਆ ਹੈ,ਕੰਮ ਨੂੰ ਸ਼ੁਰੂ ਕਰਾਉਣ ਲਈ 30 ਅਕਤੂਬਰ ਨੂੰ ਮਨਰੇਗਾ ਵਰਕਰਾਂ ਦਾ ਇਕੱਠ ਕਰਕੇ ਮੁਜ਼ਾਹਰਾ ਕਰਕੇ ਐਸ ਡੀ ਐਮ ਬੰਗਾ ਨੂੰ ਮੰਗ ਪੱਤਰ ਦਿੱਤਾ ਜਾਵੇਗਾ। ਮੀਟਿੰਗ ਨੂੰ ਸੂਬਾਈ ਕਮੇਟੀ ਮੈਂਬਰ ਰਾਮ ਸਿੰਘ ਨੂਰਪੁਰੀ ਨੇ ਸੰਬੋਧਨ ਕਰਦਿਆਂ ਮੌਜੂਦਾ ਹਾਲਾਤ ਤੇ ਵਿਚਾਰ ਪੇਸ਼ ਕੀਤੇ ਅਤੇ ਸਾਥੀਆਂ ਨੂੰ ਸਮੇਂ ਸਮੇਂ ਸੰਘਰਸ਼ਾਂ ਲਈ ਤਿਆਰ ਰਹਿਣ ਦਾ ਸੱਦਾ ਦਿੱਤਾ। ਮੀਟਿੰਗ ਵਿੱਚ ਕਈ ਜਥੇਬੰਦਕ ਫੈਸਲੇ ਲਏ ਗਏ।

# ਪੱਤਰਕਾਰ ਹਰਜਿੰਦਰ ਸਿੰਘ ਮੁਲਤਾਨੀ ਦੇ ਦੇਹਾਂਤ 'ਤੇ ਦੁੱਖ ਦਾ ਪ੍ਰਗਟਾਵਾ, ਅੰਤਿਮ ਸੰਸਕਾਰ ਅੱਜ

**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਓਂਕਾਰ ਸਿੰਘ)**

ਸੀਨੀਅਰ ਪੱਤਰਕਾਰ ਹਰਜਿੰਦਰ ਸਿੰਘ ਮੁਲਤਾਨੀ ਜਿਹਨਾਂ ਦਾ 21 ਅਕਤੂਬਰ ਰਾਤ ਨੂੰ ਦਿਲ ਦਾ ਦੌਰਾ ਪੈਣ ਕਾਰਨ ਅਚਨਚੇਤ ਹੀ ਦੇਹਾਂਤ ਹੋ ਗਿਆ ਸੀ ਉਨਾਂ ਦੀ ਮ੍ਰਿਤਕ ਦੇਹ ਦਾ ਅੰਤਿਮ ਸੰਸਕਾਰ ਅੱਜ 25 ਅਕਤੂਬਰ ਨੂੰ ਸਵੇਰੇ 11 ਵਜੇ ਉਨ੍ਹਾਂ ਦੇ ਜੱਦੀ ਪਿੰਡ ਨੱਥੂਪੁਰ ਵਿਖੇ ਕੀਤਾ ਜਾਵੇਗਾ। ਹਰਜਿੰਦਰ ਸਿੰਘ ਮੁਲਤਾਨੀ ਦੇ ਅਚਨਚੇਤ ਹੀ ਹੋਏ ਦੇਹਾਂਤ ਤੇ ਪੱਤਰਕਾਰ ਭਾਈਚਾਰੇ ਤੋਂ ਇਲਾਵਾ ਸੰਤਾਂ ਮਹਾਂਪੁਰਸ਼ਾਂ ,ਰਾਜਨੀਤਿਕ ਆਗੂਆਂ ਤੇ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦਿਆਂ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ ਉਹਨਾਂ ਦੀ ਆਤਮਿਕ ਸ਼ਾਂਤੀ ਵਾਸਤੇ ਅਰਦਾਸ ਕੀਤੀ ਹੈ। ਸੀਨੀਅਰ ਪੱਤਰਕਾਰ ਹਰਜਿੰਦਰ ਸਿੰਘ ਮੁਲਤਾਨੀ ਦੇ ਦੇਹਾਂਤ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਜਿੰਦਰ ਸਿੰਘ ਧਾਮੀ , ਸੰਤ ਬਾਬਾ ਹੀਰਾ ਸਿੰਘ ਅਲਾਵਾਲੀਸਾ, ਸੰਤ ਬਾਬਾ ਗੁਰਦਿਆਲ ਸਿੰਘ ਟਾਂਡਾ ਵਾਲੇ, ਬਾਬਾ ਤੇਜਾ ਸਿੰਘ ਜੀ ਡੇਰਾ ਗੁਰੂਸਰ ਖੁੱਡਾ, ਸੰਤ ਬਾਬਾ ਸਰੂਪ ਸਿੰਘ ਜੀ ਚੰਡੀਗੜ੍ਹ ਵਾਲੇ, ਸੰਤ ਬਾਬਾ ਸੁਖਦੇਵ ਸਿੰਘ ਜੀ ਬੇਦੀ, ਸੰਤ ਬਾਬਾ ਗੁਰਪ੍ਰੀਤ ਸਿੰਘ ਜੀ ਮਿਰਜਾਪੁਰ ਜੰਡੇ, ਸੰਤ ਸੁਖਜੀਤ ਸਿੰਘ ਖੁੱਡੇ ਵਾਲੇ, ਸੰਤ ਬਾਬਾ ਜਸਪਾਲ ਸਿੰਘ ਓਡਰੇ ਵਾਲੇ, ਸੰਤ ਬਾਬਾ ਨਰੇਸ਼ ਗਿਰ ਜੀ ਨੰਗਲ ਖੂੰਗਾ ਵਾਲੇ, ਸੰਤ ਬਾਬਾ ਹਰਦੇਵ ਸਿੰਘ ਤਲਵੰਡੀਅ ਰਾਈਆਂ ਤੋਂ ਇਲਾਵਾ ਰਾਜਨੀਤਿਕ ਸ਼ਖਸ਼ੀਅਤਾਂ ਵਿੱਚ ਸਾਬਕਾ ਮੰਤਰੀ ਚੌਧਰੀ ਬਲਵੀਰ ਸਿੰਘ ਮਿਆਣੀ, ਸਾਬਕਾ ਮੰਤਰੀ ਸੰਗਤ ਸਿੰਘ ਗਿਲਜੀਆਂ, ਬੀਬੀ ਜਗੀਰ ਕੌਰ ਸਾਬਕਾ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,ਵਿਧਾਇਕ ਜਸਵੀਰ ਸਿੰਘ ਰਾਜਾ, ਜ਼ਿਲ੍ਹਾ ਪ੍ਰਧਾਨ ਲਖਵਿੰਦਰ ਸਿੰਘ ਲੱਖੀ, ਕਰਮਵੀਰ ਸਿੰਘ ਘੁੰਮਣ ਵਿਧਾਇਕ ਦਸੂਹਾ, ਅਕਾਲੀ ਆਗੂ ਸਤਪਾਲ ਸਿੰਘ ਮੁਲਤਾਨੀ, ਜ਼ਿਲ੍ਹਾ ਪ੍ਰਧਾਨ ਸ਼ਹਿਰੀ ਜਤਿੰਦਰ ਸਿੰਘ ਲਾਲੀ ਬਾਜਵਾ, ਹਲਕਾ ਇੰਚਾਰਜ ਅਰਵਿੰਦਰ ਸਿੰਘ ਰਸੂਲਪੁਰ, ਕਮਲਜੀਤ ਸਿੰਘ ਕੁਲਾਰ, ਕਿਸਾਨ ਆਗੂ ਜੰਗਬੀਰ ਸਿੰਘ ਚੌਹਾਨ, ਐਡਵੋਕੇਟ ਹਰਜੋਤ ਕਮਲ ਸਿੰਘ, ਸੁਖਵਿੰਦਰ ਸਿੰਘ ਮਸੀਤੀ, ਸਤਨਾਮ ਸਿੰਘ ਢਿੱਲੋਂ, ਸੁਰਜੀਤ ਸਿੰਘ ਜੌੜਾ, ਸੁਰਜੀਤ ਸਿੰਘ ਕੈਰੋਂ, ਕਿਸਾਨ ਆਗੂ ਪਰਮਜੀਤ ਸਿੰਘ ਭੁੱਲਾ ਬਾਠ, ਚੌਧਰੀ ਰਾਜਵਿੰਦਰ ਸਿੰਘ ਰਾਜਾ, ਅਕਾਲੀ ਆਗੂ ਮਨਜੀਤ ਸਿੰਘ ਦਸੂਹਾ, ਚੇਅਰਮੈਨ ਗੁਰਵਿੰਦਰ ਸਿੰਘ ਪਾਵਲਾ, ਸਾਬਕਾ ਚੇਅਰਮੈਨ ਹਰਮੀਤ ਸਿੰਘ ਔਲਖ, ਅਕਾਲੀ ਆਗੂ ਸਰਬਜੀਤ ਸਿੰਘ ਮੋਮੀ, ਕੇਸ਼ਵ ਸਿੰਘ ਸੈਣੀ, ਹਰਿੰਦਰ ਪਾਲ ਸਿੰਘ ਗਿੱਲ, ਬੀਬੀ ਸੁਖਦੇਵ ਕੌਰ ਸੱਲਾਂ, ਸੁਰਿੰਦਰ ਕੌਰ ਮਿਆਣੀ ,ਕਮਲਜੀਤ ਸਿੰਘ ਤੁਲੀ, ਕੁਲਜੀਤ ਸਿੰਘ ਬਿੱਟੂ, ਸਰਪੰਚ ਜਸਵੰਤ ਸਿੰਘ ਬਿੱਟੂ, ਲਖਵਿੰਦਰ ਸਿੰਘ ਸੇਠੀ, ਕੁਲਦੀਪ ਸਿੰਘ ਫਰਾਂਸ, ਕੁਲਵਿੰਦਰ ਸਿੰਘ ਬੱਬਲ, ਹਰਭਜਨ ਸਿੰਘ ਭੱਜੀ ਬਾਵਾ, ਗੀਤਕਾਰ ਰਤਨ ਟਾਹਲਵੀ, ਨੰਬਰਦਾਰ ਨਵਦੀਪ ਪਾਲ ਰਿੰਪਾ , ਕੁਲਜੀਤ ਸਿੰਘ ਭੂਲਪੁਰ ਨੇ ਸਮੂਹ ਮੁਲਤਾਨੀ ਪਰਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।



# ਸ਼੍ਰੋਮਣੀ ਅਕਾਲੀ ਦਲ ਨੇ ਕਣਕ ਦੀ ਬਿਜਾਈ ਲਈ 2500 ਲੀਟਰ ਡੀਜ਼ਲ ਭੇਜਿਆ : ਭੁੱਲਰ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**

ਹਲਕਾ ਨਕੋਦਰ 'ਚ ਸ਼੍ਰੋਮਣੀ ਅਕਾਲੀ ਦਲ ਵੱਲੋਂ ਹੜ੍ਹ ਪ੍ਰਭਾਵਿਤ ਇਲਾਕਿਆਂ ਦੇ ਵਿੱਚ ਕਣਕ ਦੀ ਬਜਾਈ ਲਈ ਡੀਜ਼ਲ ਦੀ ਸੇਵਾ ਕੀਤੀ ਗਈ। ਇਸ ਮੌਕੇ 'ਤੇ ਹਲਕਾ ਨਕੋਦਰ ਦੇ ਸੀਨੀਅਰ ਅਕਾਲੀ ਆਗੂ ਐਡਵੋਕੇਟ ਰਾਜਕਮਲ ਸਿੰਘ ਭੁੱਲਰ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਦਾ ਧੰਨਵਾਦ ਕੀਤਾ । ਉਹਨਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਵੱਲੋਂ 2500 ਲੀਟਰ ਡੀਜ਼ਲ ਕਣਕ ਦੀ ਬਿਜਾਈ ਦੇ ਲਈ ਭੇਜਿਆ ਗਿਆ ਜਿਸ ਦੇ ਤਹਿਤ 80 ਟਰੈਕਟਰਾਂ ਨੂੰ ਡੀਜ਼ਲ ਪਾ ਕੇ ਜਿਹੜੇ ਕਿ ਹੜ ਪ੍ਰਭਾਵਿਤ ਇਲਾਕੇ ਨਾਲ ਸਬੰਧ ਸਨ ਬਿਜਾਈ ਲਈ ਡੀਜ਼ਲ ਦਿੱਤਾ। ਇਸ ਮੌਕੇ ਤੇ ਵਿਸ਼ੇਸ਼ ਤੌਰ ਤੇ ਕਰਨਾਲ ਤੋਂ ਜਥੇਦਾਰ ਅਮੀਰ ਸਿੰਘ, ਆਗਿਆਕਾਰ ਸਿੰਘ ਜਹਾਂਗੀਰ, ਬਲਵਿੰਦਰ ਸਿੰਘ ਬਿੰਦੂ ਤਲਵੰਡੀ ਭਰੋ, ਲੱਖਾ ਸਿੰਘ ਜਹਾਂਗੀਰ, ਹਰਜਿੰਦਰ ਸਿੰਘ ਜਹਾਂਗੀਰ, ਜੱਜ ਸਿੰਘ ਘੁੰਮਣ, ਗੁਰਮੁਖ ਸਿੰਘ ਵਿਰਕ, ਅਜੀਤ ਸਿੰਘ ਤਲਵੰਡੀ ਭਰੋ, ਬਲਵੀਰ ਸਿੰਘ ਲੰਬੜਦਾਰ ਤਲਵੰਡੀ ਭਰੋ, ਲਖਬੀਰ ਸਿੰਘ ਗਿੱਲ ਸਾਬਕਾ ਸਰਪੰਚ ਤਲਵੰਡੀ ਭਰੋ, ਪਰਮਜੀਤ ਸਿੰਘ, ਬੁੱਧ ਸਿੰਘ ਕੰਗ ਰਾਏ, ਮਨ ਖੁਸ਼ਕਰਨ ਸਿੰਘ ਰਾਂਗੜਾ, ਦਰਸ਼ਨ ਸਿੰਘ ਕੰਗ, ਬਲਵਿੰਦਰ ਸਿੰਘ ਤਲਵੰਡੀ ਭਰੋ, ਸੋਨੂ ਸ਼ਾਹ, ਦਲਵੀਰ ਸਿੰਘ, ਸੁਖਪ੍ਰੀਤ ਸਿੰਘ ਖੋਸਾ, ਕਸ਼ਮੀਰ ਸਿੰਘ, ਪੂਰਨ ਸਿੰਘ ਜਹਾਂਗੀਰ ਅਤੇ ਹੋਰ ਵੀ ਆਗੂ ਹਾਜ਼ਰ ਸਨ।

# ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਗੁਰਤਾ ਗੁਰਗੱਦੀ ਪੁਰਬ ਸ਼ਰਧਾ ਨਾਲ ਮਨਾਇਆ

**ਮੋਹਾਲੀ (ਗੁਰਜੀਤ ਬਿੱਲਾ)**

ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਗੁਰਤਾ ਗੁਰਗੱਦੀ ਪੁਰਬ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਦਿਨ ਸਵੇਰੇ 9:00 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਧਾਰਮਿਕ ਸਮਾਗਮ ਵਿੱਚ ਭਾਈ ਗੁਰਨਾਮ ਸਿੰਘ ਦੇ ਇੰਟਰਨੈਸ਼ਨਲ ਢਾਡੀ ਜੱਥੇ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੁਆਰਾ ਦਸਾਂ ਪਾਤਿਸ਼ਾਹੀਆਂ ਦੀ ਜਾਗਦੀ ਜੋਤ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਨੂੰ ਗੁਰਤਾ ਗੁਰਗੱਦੀ ਦੇਣ ਦੇ ਪੂਰੇ ਪ੍ਰਸੰਗ ਨੂੰ ਸੰਗਤਾਂ ਨੂੰ ਢਾਡੀ ਵਾਰਾਂ ਵਿੱਚ ਵਿਸਥਾਰ ਸਹਿਤ ਸਰਵਨ ਕਰਵਾਇਆ। ਬੀਬੀ ਉੱਤਮਜੀਤ ਕੌਰ ਦੇ ਰਾਗੀ ਜੱਥੇ ਨੇ ਆਪਣੇ ਰਸ ਭਿੰਨੇ ਕੀਰਤਨ ਦੁਆਰਾ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗਵਾ ਕੇ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ। ਭਾਈ ਮਨਦੀਪ ਸਿੰਘ ਜੀ ਦਮਦਮੀ ਟਕਸਾਲ ਵਾਲਿਆਂ ਨੇ ਆਪਣੇ ਪ੍ਰਵਚਨਾਂ ਰਾਹੀਂ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਬਾਣੀ ਬਾਰੇ ਸੰਗਤਾਂ ਨੂੰ ਵਿਸਥਾਰ ਸਹਿਤ ਜਾਣੂ ਕਰਵਾਇਆ। ਇਸ ਤੋਂ ਇਲਾਵਾ ਭਗੜਾਨੇ ਵਾਲਿਆਂ ਦਾ ਕਵੀਸ਼ਰੀ ਜਥਾ, ਭਾਈ ਗੁਰਸੇਵਕ ਸਿੰਘ ਜੀ , ਭਾਈ ਹਰਵਿੰਦਰ ਸਿੰਘ ਜੀ, ਸ਼ੇਰੇ ਪੰਜਾਬ ਕਵੀਸ਼ਰੀ ਜੱਥਾ, ਭਾਈ ਸੰਦੀਪ ਸਿੰਘ, ਸੁਖਮਨੀ ਸੇਵਾ ਸੋਸਾਇਟੀ ਦੀਆਂ ਬੀਬੀਆਂ ਅਤੇ ਭਾਈ ਸਰੂਪ ਸਿੰਘ ਜੀ ਦੇ ਜਥਿਆਂ ਤੋਂ ਇਲਾਵਾ ਗੁਰਦੁਆਰਾ ਸਾਹਿਬ ਦੇ ਹਜ਼ੂਰੀ ਜੱਥੇ ਭਾਈ ਗੁਰਮੀਤ ਸਿੰਘ, ਭਾਈ ਜਰਨੈਲ ਸਿੰਘ, ਭਾਈ ਇੰਦਰਜੀਤ ਸਿੰਘ, ਅਤੇ ਭਾਈ ਸੁਖਵਿੰਦਰ ਸਿੰਘ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕੀਤਾ। ਸਾਰੇ ਜੱਥਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ । ਇਸ ਦਿਹਾੜੇ ਦੀ ਖੁਸ਼ੀ ਵਿੱਚ ਸ੍ਰੀ ਦਰਬਾਰ ਸਾਹਿਬ ਜੀ ਦੀ ਅੰਦਰੋਂ ਵਿਸ਼ੇਸ਼ ਸਜਾਵਟ ਕੀਤੀ ਗਈ ਸੀ। ਹਜ਼ਾਰਾਂ ਸੰਗਤਾਂ ਨੇ ਇਸ ਅਸਥਾਨ ਦੇ ਪਵਿਤਰ ਸਰੋਵਰ ਵਿੱਚ ਇਸ਼ਨਾਨ ਕੀਤਾ। ਗੁਰੂ ਕਾ ਲੰਗਰ ਸੰਗਤਾਂ ਨੂੰ ਅਤੁੱਟ ਵਰਤਾਇਆ ਗਿਆ। ਪ੍ਰਬੰਧਕ ਕਮੇਟੀ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਦੇ ਬੁਲਾਰੇ ਨੇ ਦੱਸਿਆ ਕਿ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪ੍ਰਭਾਤ ਫੇਰੀਆਂ ਮਿਤੀ 22 ਅਕਤੂਬਰ ਅਰੰਭ ਕੀਤੀਆਂ ਗਈਆਂ ਹਨ ਜੋ ਮਿਤੀ 5 ਨਵੰਬਰ ਪ੍ਰਕਾਸ਼ ਪੁਰਬ ਵਾਲੇ ਦਿਨ ਤੱਕ ਜਾਰੀ ਰਹਿਣਗੀਆਂ।



## ਝੰਡਾ ਮਾਰਚ ਲਈ ਈ ਟੀ ਯੂ ਪੰਜਾਬ ਵੱਲੋਂ ਤਿਆਰੀਆਂ ਮੁਕੰਮਲ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਐਲੀਮੈਂਟਰੀ ਟੀਚਰਜ਼ ਯੂਨੀਅਨ ਫਿਰੋਜ਼ਪੁਰ ਵੱਲੋਂ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸਿੱਧੂ ਦੀ ਅਗਵਾਈ ਵਿਚ ਸਟੇਟ/ਜ਼ਿਲ੍ਹੇ ਦੇ ਵੱਖ ਵੱਖ ਅਹੁਦੇਦਾਰਾਂ ਨਾਲ ਮੀਟਿੰਗ ਕੀਤੀ ਗਈ, ਜਿਸ ਵਿਚ 26 ਅਕਤੂਬਰ ਨੂੰ ਤਰਨਤਾਰਨ ਵਿਚ ਹੋਣ ਵਾਲੇ ਝੰਡਾ ਮਾਰਚ ਦੀਆਂ ਤਿਆਰੀਆਂ ਸਬੰਧੀ ਚਰਚਾ ਕੀਤੀ ਗਈ। ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ ਜ਼ਿਲ੍ਹਾ ਫਿਰੋਜ਼ਪੁਰ ਵੱਲੋਂ ਘੱਟੋ-ਘੱਟ 20 ਗੱਡੀਆਂ ਦਾ ਕਾਫਲਾ ਝੰਡਾ ਮਾਰਚ ਵਿਚ ਜਾਵੇਗਾ, ਜਿਸ ਵਿੱਚ ਸਟੇਟ ਆਗੂ ਹਰਜਿੰਦਰ ਹਾਂਡਾ, ਜ਼ਿਲ੍ਹਾ ਸਕੱਤਰ ਗੁਰਦੇਵ ਸਿੰਘ, ਚਰਨਜੀਤ ਸਿੰਘ ਸਟੇਟ ਕਮੇਟੀ ਮੈਂਬਰ, ਸੰਦੀਪ ਚੌਧਰੀ ਸਟੇਟ ਆਗੂ ਜਸਵੰਤ ਕੰਬੋਜ਼ ਆਪਣੇ ਆਪਣੇ ਬਲਾਕਾਂ ਤੋਂ ਗੱਡੀਆਂ ਦਾ ਕਾਫਲਾ ਲੈ ਕੇ ਝੰਡਾ ਮਾਰਚ ਵਿਚ ਸ਼ਮੂਲੀਅਤ ਕਰਨਗੇ। ਮੀਟਿੰਗ ਦੌਰਾਨ ਸਰਕਾਰ ਵੱਲੋਂ ਮੁਲਾਜ਼ਮਾਂ ਦੀਆਂ ਵਿਭਾਗੀ ਮੰਗਾਂ ਨੂੰ ਲੰਮੇ ਸਮੇਂ ਤੋਂ ਅਣਗੌਲਿਆ ਕੀਤਾ ਜਾ ਰਿਹਾ ਹੈ, ਜਿਸ ਕਾਰਨ ਪ੍ਰਾਇਮਰੀ ਅਧਿਆਪਕਾਂ ਦੇ ਮਨਾਂ ਵਿਚ ਭਾਰੀ ਰੋਸ ਪੈਦਾ ਹੋਇਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਪੁਰਾਣੀ ਪੈਨਸ਼ਨ ਸਕੀਮ ਬਹਾਲ ਨਾ ਕਰਨਾ 16 ਪ੍ਰਤੀਸ਼ਤ ਡੀਏ ਦੀਆਂ ਕਿਸ਼ਤਾਂ ਬਕਾਇਆ ਰੱਖਣਾ, ਪੇਂਡੂ ਭੱਤਾ ਤੇ ਬਾਰਡਰ ਭੱਤਾ ਨਾ ਦੇਣਾ, ਪੇ ਕਮਿਸ਼ਨ ਦੀਆਂ ਤਰੁੱਟੀਆਂ ਨਾ ਸੁਧਾਰਨਾ, ਏਸੀਪੀ ਤੇ ਪੰਜਾਬ ਸਕੇਲ ਲਾਗੂ ਨਾ ਕਰਨਾ, ਸਰਕਾਰੀ ਮੁਲਾਜ਼ਮਾਂ ਨਾਲ ਵੱਡੀ ਨਾਇਨਸਾਫੀ ਹੈ। ਉਨ੍ਹਾਂ ਨੇ ਕਿਹਾ ਕਿ ਹੈੱਡ ਟੀਚਰਾਂ ਦੀਆਂ 1904 ਪੋਸਟਾਂ ਬਹਾਲ ਕੀਤੀਆਂ ਜਾਣ, ਹੈੱਡ ਟੀਚਰਾਂ ਨੂੰ ਪ੍ਰਬੰਧਕੀ ਪੋਸਟਾਂ ਦਾ ਦਰਜਾ ਦਿੱਤਾ ਜਾਵੇ, ਬੀਪੀਓ ਵਧੇ ਕੋਟੇ ਦਾ ਨੋਟੀਫਿਕੇਸ਼ਨ ਜਾਰੀ ਕੀਤਾ ਜਾਵੇ, 180 ਈਟੀਟੀ ਅਧਿਆਪਕਾਂ ਦੇ ਮੁੱਢਲੇ ਨਿਯੁਕਤੀ ਸ਼ਰਤਾਂ ਬਹਾਲ ਕੀਤੀਆਂ ਜਾਣ ਅਤੇ 6635 ਰੀਕਾਸਟ ਕੈਟਾਗਰੀ ਵਾਲੇ 112 ਅਧਿਆਪਕਾਂ ਦੀ ਸੇਵਾ ਜਾਰੀ ਰੱਖੀ ਜਾਵੇ। ਇਸ ਦੇ ਨਾਲ ਹੀ ਉਨ੍ਹਾਂ ਨੇ ਮੰਗ ਕੀਤੀ ਕਿ ਗੈਰ ਵਿੱਦਿਅਕ ਕੰਮਾਂ ਅਤੇ ਆਨਲਾਈਨ ਕੰਮਾਂ ਦਾ ਖਾਤਮਾ ਕੀਤਾ ਜਾਵੇ, ਐਸੋਸੀਏਟ ਤੇ ਪ੍ਰੀ ਪ੍ਰਾਇਮਰੀ ਐਸੋਸੀਏਟ ਅਧਿਆਪਕਾਂ ਨੂੰ ਰੈਗੂਲਰ ਕੀਤਾ ਜਾਵੇ।

## ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਗੁਰਤਾ ਗੱਦੀ ਦਿਵਸ ਮਨਾਇਆ




**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਿਹਗੜ੍ਹ ਸਾਹਿਬ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਤਾ ਗੱਦੀ ਦਿਵਸ ਨੂੰ ਸ਼ਰਧਾ ਤੇ ਭਾਵਨਾ ਨਾਲ ਮਨਾਇਆ ਗਿਆ।ਇਸ ਪਵਿੱਤਰ ਮੌਕੇ ਨੂੰ ਸਮਰਪਤ ਕਰਕੇ ਐਜੂਕੇਸ਼ਨਲ ਸੋਸ਼ਲ ਵੈੱਲਫੇਅਰ ਸੋਸਾਇਟੀ ਤੇ ਸਿੱਖਿਆ ਵਿਭਾਗ ਵੱਲੋਂ ਸੁਖਮਨੀ ਸਾਹਿਬ ਦਾ ਪਾਠ ਕੀਤਾ ਗਿਆ।ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਪ੍ਰੋ. ਪਰਿਤ ਪਾਲ ਸਿੰਘ ਨੇ ਕਿਹਾ ਕਿ ਗੁਰੂ ਗ੍ਰੰਥ ਸਾਹਿਬ ਵਿੱਚ ਪ੍ਰਕਾਸ਼ਮਾਨ ਅਬਿਨਾਸ਼ੀ ਗਿਆਨ ਮਨੁੱਖਤਾ ਨੂੰ ਦਇਆ, ਧਰਮ ਅਤੇ ਏਕਤਾ ਦੇ ਰਸਤੇ 'ਤੇ ਲੈ ਜਾਂਦਾ ਹੈ। ਪ੍ਰੋ. ਸੁਖਵਿੰਦਰ ਸਿੰਘ ਬਿਲਿੰਗ ਡੀਨ ਅਕਾਦਮਿਕ ਮਾਮਲੇ ਨੇ ਸਿਖਿਆ ਵਿਭਾਗ ਦੇ ਯਤਨਾਂ ਦੀ ਸ਼ਲਾਘਾ ਕੀਤੀ, ਜਿਨ੍ਹਾਂ ਨੇ ਸ਼ਰਧਾ ਨਾਲ ਸਮਾਗਮ ਆਯੋਜਿਤ ਕੀਤਾ ਤੇ ਵਿਦਿਆਰਥੀਆਂ ਵਿੱਚ ਆਤਮਿਕ ਤੇ ਨੈਤਿਕ ਮੁੱਲਾਂ ਦੇ ਪ੍ਰਚਾਰ ਲਈ ਯੋਗਦਾਨ ਪਾਇਆ।ਸਮਾਗਮ ਦਾ ਸਮਾਪਨ ਗੁਰੂ ਦਾ ਲੰਗਰ ਨਾਲ ਹੋਇਆ, ਜੋ ਸਮਾਨਤਾ, ਸੇਵਾ ਤੇ ਭਾਈਚਾਰੇ ਦੀ ਭਾਵਨਾ ਦਾ ਪ੍ਰਤੀਕ ਹੈ।

## ਰੇਡੀਐਂਟ ਦੇ ਵਿਦਿਆਰਥੀ ਨੇ ਪੰਜਾਬ ਪੱਧਰੀ ਤਾਈਕਵਾਡੋਂ ਮੁਕਾਬਲੇ 'ਚ ਕਾਂਸੀ ਤਮਗਾ ਜਿੱਤਿਆ



**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਇਲਾਕੇ ਦੇ ਮੰਨੇ ਪ੍ਰਮੰਨੇ ਤੇ ਹਰਮਨ ਪਿਆਰੇ ਸਕੂਲ ਰੇਡੀਐਂਟ ਪਬਲਿਕ ਸਕੂਲ ਮਾਹੂਆਣਾ ਬੋਦਲਾਂ ਦੇ ਵਿਦਿਆਰਥੀ ਬਬਨ ਕੰਬੋਜ ਨੇ ਆਪਣੀ ਕਾਬਲੀਅਤ ਤੇ ਮਿਹਨਤ ਦੇ ਬਲਬੂਤੇ 'ਤੇ ਪੰਜਾਬ ਪੱਧਰੀ ਤਾਈਕਵਾਡੋਂ ਮੁਕਾਬਲੇ ਵਿੱਚ ਕਾਂਸੇ ਦਾ ਤਮਗਾ ਜਿੱਤਿਆ।69ਵੀਂ ਪੰਜਾਬ ਸਕੂਲ ਖੇਡਾਂ ਤਹਿਤ ਇਹ ਮੁਕਾਬਲੇ ਲੁਧਿਆਣਾ ਵਿਖੇ ਕਰਵਾਏ ਗਏ, ਜਿਸ ਵਿੱਚ ਰੇਡੀਐਂਟ ਪਬਲਿਕ ਸਕੂਲ ਦੇ ਅੰਡਰ 14 (ਲੜਕੇ) ਵਰਗ ਦੇ ਵਿਦਿਆਰਥੀ ਬਬਨ ਕੰਬੋਜ ਨੇ ਕਾਂਸੇ ਤਮਗਾ ਜਿੱਤ ਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਇਸ ਮੌਕੇ ਸਕੂਲ ਦੇ ਐਗਜ਼ੀਕਿਊਟਿਵ ਡਾਇਰੈਕਟਰ ਡਾ. ਪੰਕਜ ਧਮੀਜਾ ਨੇ ਕਿਹਾ ਕਿ ਸਾਡੇ ਵਿਦਿਆਰਥੀ ਹਮੇਸ਼ਾ ਹਰ ਖੇਤਰ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਆਏ ਹਨ।ਇਹ ਬੱਚਿਆਂ ਦੀ ਮਿਹਨਤ ਦਾ ਨਤੀਜਾ ਹੈ।ਅਸੀਂ ਬਬਨ ਕੰਬੋਜ ਨੂੰ ਉਸ ਦੀ ਇਸ ਉਪਲਬਧੀ ਲਈ ਹਾਰਦਿਕ ਵਧਾਈ ਦਿੰਦੇ ਹਾਂ।ਇਸ ਮੌਕੇ ਪ੍ਰਿੰਸੀਪਲ ਮੈਡਮ ਨੀਤੀ ਸਿੰਘ ਨੇ ਜੇਤੂ ਵਿਦਿਆਰਥੀਆਂ ਤੇ ਕੋਚ ਅਮਨਦੀਪ ਨੂੰ ਮੁਬਾਰਕਬਾਦ ਦਿੱਤੀ। ਅਕਾਦਮਿਕ ਮੁਖੀ ਡਾ. ਗੁਰਵੀਨ ਕੌਰ ਨੇ ਕਿਹਾ ਕਿ ਬਬਨ ਕੰਬੋਜ ਦੀ ਇਹ ਜਿੱਤ ਉਸ ਦੀ ਲਗਨ ਤੇ ਮਿਹਨਤ ਦਾ ਪਰਿਣਾਮ ਹੈ।ਅਸੀਂ ਉਮੀਦ ਕਰਦੇ ਹਾਂ ਕਿ ਉਹ ਅੱਗੇ ਵੀ ਇਸੇ ਜਜ਼ਬੇ ਨਾਲ ਸਕੂਲ ਤੇ ਖੇਤਰ ਦਾ ਨਾਮ ਰੌਸ਼ਨ ਕਰੇਗਾ।ਇਸ ਮੌਕੇ ਸਕੂਲ ਦੇ ਸਮੂਹ ਅਧਿਆਪਕਾਂ ਤੇ ਵਿਦਿਆਰਥੀਆਂ ਨੇ ਵੀ ਬਬਨ ਕੰਬੋਜ ਨੂੰ ਦਿਲੋਂ ਮੁਬਾਰਕਬਾਦ ਦਿੱਤੀ ਤੇ ਉਸ ਦੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਪ੍ਰਗਟ ਕੀਤੀਆਂ।

## ਮਾਤਾ ਗੁਜਰੀ ਸਕੂਲ ਦੇ ਸ਼ਾਨਵੀਰ ਨੇ ਤਾਇਕਵਾਂਡੋ 'ਚ ਜਿੱਤਿਆ ਕਾਂਸੀ ਮੈਡਲ



**ਦੇਵੀਗੜ੍ਹ (ਰਾਜਿੰਦਰ ਥਿੰਦ)**-ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਦੇਵੀਗੜ੍ਹ ਦੇ 12ਵੀਂ ਜਮਾਤ (ਆਰਟਸ ਬੀ) ਦੇ ਵਿਦਿਆਰਥੀ ਸ਼ਾਨਵੀਰ ਸਿੰਘ ਨੇ 24ਵੀਂ ਸੀਨੀਅਰ ਪੰਜਾਬ ਸਟੇਟ ਤਾਇਕਵਾਂਡੋ ਚੈਂਪੀਅਨਸ਼ਿਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਬਰੋਨਜ਼ ਮੈਡਲ ਜਿੱਤ ਕੇ ਸਕੂਲ ਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ।ਇਹ ਮੁਕਾਬਲੇ ਪੀ.ਏ.ਪੀ. ਇੰਡੋਰ ਸਟੇਡੀਅਮ ਜਲੰਧਰ ਕੈਂਟ ਵਿੱਚ ਕਰਵਾਏ ਗਏ ਸਨ, ਜਿਨ੍ਹਾਂ ਵਿੱਚ ਰਾਜ ਪੱਧਰ ਦੇ ਕਈ ਖਿਡਾਰੀਆਂ ਨੇ ਭਾਗ ਲਿਆ।ਸਕੂਲ ਦੇ ਨਿਰਦੇਸ਼ਕ ਭੁਪਿੰਦਰ ਸਿੰਘ, ਪ੍ਰੈਜ਼ੀਡੈਂਟ ਰਵਿੰਦਰ ਕੌਰ, ਪ੍ਰਿੰਸੀਪਲ ਮਮਤਾ ਮੱਕੜ ਤੇ ਕੋਚ ਹਰਦੀਪ ਕੁਮਾਰ ਨੇ ਸ਼ਾਨਵੀਰ ਸਿੰਘ ਨੂੰ ਇਸ ਉਪਲਬਧੀ 'ਤੇ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਇਹ ਸਫਲਤਾ ਉਸ ਦੀ ਮਿਹਨਤ, ਅਨੁਸ਼ਾਸਨ ਤੇ ਸਮਰਪਣ ਦਾ ਨਤੀਜਾ ਹੈ।ਉਸ ਨੇ ਵਿਸ਼ਵਾਸ ਜਤਾਇਆ ਕਿ ਉਹ ਭਵਿੱਖ ਵਿੱਚ ਵੀ ਸਕੂਲ ਦਾ ਨਾਮ ਚਮਕਾਵੇਗਾ।

## ਕੇ ਵੀ ਕੇ ਵੱਲੋਂ ਪਰਾਲੀ ਪ੍ਰਬੰਧਨ ਬਾਰੇ ਜਾਗਰੂਕਤਾ ਕੈਂਪ




**ਸਮਰਾਲਾ (ਸੁਰਜੀਤ ਸਿੰਘ)**-ਕ੍ਰਿਸ਼ੀ ਵਿਗਿਆਨ ਕੇਂਦਰ ਸਮਰਾਲਾ ਵੱਲੋਂ ਬਲਾਕ ਮਾਂਗਟ ਦੇ ਪਿੰਡ ਟੋਗੜ ਵਿੱਚ ਪਰਾਲੀ ਪਰਬੰਧਨ ਬਾਰੇ ਕਿਸਾਨ ਜਾਗਰੂਕਤਾ ਕੈਂਪ ਲਾਇਆ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਭਾਗ ਲਿਆ।ਪ੍ਰੋਗਰਾਮ ਦੀ ਦੇਖ ਰੇਖ ਡਾ. ਵੀ. ਕੇ. ਰਾਮਪਾਲ, ਐਸੋਸੀਏਟ ਡਾਇਰੈਕਟਰ (ਟ੍ਰੇਨਿੰਗ) ਤੇ ਡਾ. ਅਮਨਪ੍ਰੀਤ ਸਿੰਘ, ਸਹਾਇਕ ਪ੍ਰੋਫੈਸਰ ਫ਼ਸਲ ਵਿਗਿਆਨ ਨੇ ਕੀਤੀ।ਕਿਸਾਨਾਂ ਨੂੰ ਹੈਪੀ ਸੀਡਰ, ਸੁਪਰ ਸੀਡਰ, ਸਰਫੇਸ ਸੀਡਰ ਤੇ ਸਮਾਰਟ ਸੀਡਰ ਮਸ਼ੀਨਾਂ ਦੇ ਪ੍ਰਬੰਧਨ ਬਾਰੇ ਜਾਣਕਾਰੀ ਦਿੱਤੀ।ਡਾ. ਰਾਮਪਾਲ ਨੇ ਕਿਸਾਨਾਂ ਨੂੰ ਵਾਤਾਵਰਨ ਮਿੱਤਰ ਤਰੀਕੇ ਅਪਣਾਉਣ ਤੇ ਪਰਾਲੀ ਸਾੜਨ ਤੋਂ ਬਚਣ ਲਈ ਪ੍ਰੇਰਤ ਕੀਤਾ।ਡਾ. ਅਮਨਪੀਤ ਸਿੰਘ ਨੇ ਪਰਾਲੀ ਪ੍ਰਬੰਧਨ ਨਾਲ ਮਿੱਟੀ ਦੀ ਉਪਜਾਊ ਸ਼ਕਤੀ ਤੇ ਨਮੀ ਬਣਾਈ ਰੱਖਣ ਵਾਲੇ ਲਾਭਾਂ ਬਾਰੇ ਵਸਥਾਰ ਨਾਲ ਦੱਸਿਆ।ਕਿਸਾਨਾਂ ਨੇ ਖੇਤੀ ਵਿਗਿਆਨੀਆਂ ਨਾਲ ਆਪਣੇ ਖੇਤਾਂ ਬਾਰੇ ਤਜਰਬੇ ਸਾਂਝੇ ਕੀਤੇ ਤੇ ਸਵਾਲ ਪੁੱਛੇ।ਪ੍ਰੋਗਰਾਮ ਦੇ ਅੰਤ ਵਿੱਚ ਖੇਤੀ ਵਿੱਚ ਸਥਿਰਤਾ ਲਈ ਪਰਾਲੀ ਦੇ ਸਹੀ ਪ੍ਰਬੰਧਨ ਦੀ ਸਹੁੰ ਚੁੱਕੀ।

## ਜਾਗ੍ਰਿਤੀ ਨਗਰ ਕੀਰਤਨ ਦਾ ਨਾਭਾ ਪਹੁੰਚਣ 'ਤੇ ਵਿਧਾਇਕ ਵੱਲੋਂ ਸਵਾਗਤ



**ਨਾਭਾ (ਵਰਿੰਦਰ ਵਰਮਾ)**-ਤਖਤ ਸ੍ਰੀ ਪਟਨਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਤੇ ਭਾਈ ਦਿਆਲਾ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਤ ਮਹਾਨ ਜਾਗ੍ਰਿਤੀ ਨਗਰ ਕੀਰਤਨ ਯਾਤਰਾ ਸ਼ੁਰੂ ਕੀਤੀ ਗਈ।ਇਸ ਯਾਤਰਾ ਦਾ ਨਾਭਾ ਪਹੁੰਚਣ 'ਤੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਨਿੱਘਾ ਸਵਾਗਤ ਕੀਤਾ ਤੇ ਜਾਗ੍ਰਿਤੀ ਯਾਤਰਾ ਦਾ ਸੰਗਤਾਂ ਨੇ ਫੁੱਲਾਂ ਦੀ ਵਰਖਾ ਨਾਲ ਸਵਾਗਤ ਕੀਤਾ।ਇਸ ਜਾਗ੍ਰਿਤੀ ਯਾਤਰਾ ਦਾ ਸਵਾਗਤ ਕਰਨ ਲਈ ਵਿਸ਼ੇਸ਼ ਤੌਰ 'ਤੇ ਹਲਕਾ ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਪੰਜ ਪਿਆਰਿਆਂ ਨੂੰ ਸਿਰੋਪਾਓ ਪਾ ਕੇ ਸਨਮਾਨਤ ਕੀਤਾ ਗਿਆ।ਸੰਗਤਾਂ ਵੱਲੋਂ ਪਾਲਕੀ ਸਾਹਿਬ ਵਿੱਚ ਪੁਰਾਤਨ ਸ਼ਾਸਤਰਾਂ ਦੇ ਦਰਸ਼ਨ ਕੀਤੇ ਗਏ ਤੇ ਨਤਮਸਤਕ ਹੋਈਆਂ।ਇਸ ਮੌਕੇ ਵਿਧਾਇਕ ਦੇਵ ਮਾਨ ਵੱਲੋਂ ਵਿਸ਼ੇਸ਼ ਤੌਰ 'ਤੇ ਹੈਲੀਕਾਪਟਰ ਰਾਹੀਂ ਫੁੱਲਾਂ ਦੀ ਵਰਖਾ ਕਰਵਾਈ ਗਈ।ਇਸ ਮੌਕੇ ਸ੍ਰੀ ਪਟਨਾ ਸਾਹਿਬ ਨੂੰ ਕਮੇਟੀ ਸੰਚਾਲਕ ਮਾਲਵਿੰਦਰ ਸਿੰਘ ਬੈਨੀਪਾਲ, ਦੀਪਕ ਨਾਗਪਾਲ, ਹਿਸਟੋਰੀਅਨ ਸਿਮਰ ਸਿੰਘ, ਤੇਜਿੰਦਰ ਸਿੰਘ ਖਹਿਰਾ, ਮਨਪ੍ਰੀਤ ਸਿੰਘ ਧਾਰੋਕੀ, ਹਰਮੀਕ ਸਿੰਘ ਬਾਜਵਾ, ਹਰ ਸਿਮਰਨ ਸਿੰਘ ਸਾਹਨੀ, ਕੌਂਸਲਰ ਹਰਪ੍ਰੀਤ ਸਿੰਘ, ਸੈਂਕੀ ਸਿੰਗਲਾ, ਸੋਨੂ ਸੂਦ, ਅਰਸ਼ਦ ਖਾਨ, ਗੁਲਾਬ ਮਾਨ, ਲਾਡੀ ਭਾਦਸੋਂ, ਰੁਪਿੰਦਰ ਸਿੰਘ ਜਾਤੀਵਾਲ, ਕਪਿਲ ਮਾਨ, ਸੁਖਦੇਵ ਮਾਨ, ਜਸਵੀਰ ਸਿੰਘ ਵਜੀਦਪੁਰ, ਅਮਨਦੀਪ ਸਿੰਘ ਕੋਟ ਕਲਾਂ, ਰਣਜੀਤ ਸਿੰਘ ਜੱਜ, ਭੁਪਿੰਦਰ ਸਿੰਘ ਕੱਲਰ ਮਾਜਰੀ, ਰਾਜ ਕੁਮਾਰ ਸੋਲੰਕੀ, ਜਸਵੀਰ ਕੌਰ ਚੰਦੀ, ਮੱਖਣ ਸਿੰਘ ਨਿਰਮਾਣਾ, ਗੁਰਚਰਨ ਸਿੰਘ ਲੁਹਾਰ ਮਾਜਰਾ ਤੇ ਵੱਡੀ ਗਿਣਤੀ ਵਿੱਚ ਸੰਗਤਾਂ ਮੌਜੂਦ ਸਨ।

# ਸਰਕਾਰ ਕਿਲੋਮੀਟਰ ਸਕੀਮ ਦੇ ਟੈਂਡਰ ਤਹਿਤ ਨਿੱਜੀਕਰਨ ਦੇ ਹਰਬੇ ਅਪਣਾ ਰਹੀ : ਗਿੱਲ



**ਲੁਧਿਆਣਾ (ਰੈਕਟਰ ਕਥੂਰੀਆ)**-ਪੰਜਾਬ ਰੋਡਵੇਜ਼ ਪਨਬਸ/ਪੀ.ਆਰ.ਟੀ.ਸੀ. ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ 25/11 ਵੱਲੋਂ ਆਪਣੇ ਐਕਸ਼ਨ ਤੇਜ਼ ਕਰਨ ਦਾ ਸਪੱਸ਼ਟ ਸੰਕੇਤ ਦਿੱਤਾ ਗਿਆ ਹੈ।ਪ੍ਰੈੱਸ ਨੋਟ ਜਾਰੀ ਕਰਦਿਆਂ ਸੂਬਾ ਪ੍ਰਧਾਨ ਰੇਸ਼ਮ ਸਿੰਘ ਗਿੱਲ, ਸੀਨੀ. ਮੀਤ ਪ੍ਰਧਾਨ ਹਰਕੇਸ਼ ਕੁਮਾਰ ਵਿੱਕੀ, ਸੈਕਟਰੀ ਸ਼ਮਸ਼ੇਰ ਸਿੰਘ ਢਿੱਲੋਂ, ਕੈਸ਼ੀਅਰ ਰਮਨਦੀਪ ਸਿੰਘ, ਬਲਜੀਤ ਸਿੰਘ, ਜੁਆਇੰਟ ਸਕੱਤਰ ਜਗਤਾਰ ਸਿੰਘ, ਜੋਧ ਸਿੰਘ ਨੇ ਕਿਹਾ ਕਿ ਪੀ.ਆਰ.ਟੀ.ਸੀ. ਵਿੱਚ ਪੰਜਾਬ ਸਰਕਾਰ ਵੱਲੋਂ ਰਾਹਤ ਸਕੀਮਾਂ ਤਹਿਤ 17 ਕੈਟਾਗਰੀ ਨੂੰ ਪਹਿਲਾਂ ਤੋਂ ਹੀ ਫਰੀ ਸਫ਼ਰ ਸਹੂਲਤਾਂ ਦੇ ਰਹੀ ਹੈ।ਇਸ ਤੋਂ ਇਲਾਵਾ ਸੂਬਾ ਸਰਕਾਰ ਦੇ ਫੈਸਲੇ ਮੁਤਾਬਿਕ ਲਗਭਗ 5 ਸਾਲਾਂ ਤੋਂ ਔਰਤਾਂ ਨੂੰ ਫਰੀ ਸਫ਼ਰ ਸਹੂਲਤ ਦੀ ਸੇਵਾ ਪ੍ਰਦਾਨ ਕਰ ਰਹੇ ਹਾਂ ਪਨਬਸ/ਪੀ.ਆਰ.ਟੀ.ਸੀ. ਦਾ ਲਗਭਗ 1200 ਕਰੋੜ ਰੁਪਏ ਸਰਕਾਰ ਵੱਲ ਫਰੀ ਸਫ਼ਰ ਸਹੂਲਤ ਦਾ ਪੈਸੇ ਬਕਾਇਆ ਪੈਂਡਿੰਗ ਹੈ।ਕਿਲੋਮੀਟਰ ਸਕੀਮ ਬੱਸਾਂ ਦੇ ਟੈਂਡਰ ਸਬੰਧੀ ਯੂਨੀਅਨ ਦੀਆਂ 2 ਮੀਟਿੰਗ ਵੀ ਹੋ ਚੁੱਕੀਆਂ ਹਨ, ਹਰ ਮੀਟਿੰਗ ਵਿੱਚ ਯੂਨੀਅਨ ਨੇ ਕਿਲੋਮੀਟਰ ਸਕੀਮ (ਪ੍ਰਾਈਵੇਟ ਬੱਸਾਂ) ਨੂੰ ਘਾਟੇਵੰਦਾ ਸਾਬਿਤ ਕੀਤਾ ਹੈ। ਸਰਕਾਰ ਆਮ ਪਬਲਿਕ ਦੀ ਪ੍ਰਾਪਟੀ ਦਾ ਜਾਣਬੁਝ ਕੇ ਵੱਡੇ ਕਾਰਪੋਰੇਟ ਨੂੰ ਲੁੱਟ ਕਰਵਾਉਣਾ ਚਾਹੀਦੀ ਹੈ, ਕਿਉਂਕਿ ਫਰੀ ਸਫ਼ਰ ਸਹੂਲਤ ਦੇ ਨਾਲ ਪੰਜਾਬ ਦੀ ਪਬਲਿਕ ਸਫਰ ਸਹੂਲਤ ਮਿਲ ਰਹੀ ਹੈ।ਜੇਕਰ ਸਰਕਾਰ ਸਰਕਾਰੀ ਵਿਭਾਗਾਂ ਦੇ ਵਿੱਚ ਸਰਕਾਰ ਆਪਣੀਆਂ ਬੱਸਾਂ ਪਾਉਣ ਦੀ ਆਗਿਆ ਦੇਵੇ ਤਾਂ ਸਰਕਾਰੀ ਵਿਭਾਗ ਪਹਿਲਾਂ ਦੀ ਤਰ੍ਹਾਂ ਹੀ ਬੈਂਕ ਤੋਂ ਕਰਜ਼ ਲੈ ਕੇ ਬੱਸਾਂ ਖਰੀਦ ਸਕਦੇ ਹਨ, ਪਹਿਲਾਂ ਵੀ ਵਿਭਾਗ ਆਪਣੇ ਪੱਧਰ 'ਤੇ ਕਰਜ਼ ਲੈ ਕੇ ਬੱਸਾਂ ਖਰੀਦਦੇ ਰਹੇ ਹਨ।ਇਨ੍ਹਾਂ ਸਭ ਸਲਾਹਾਂ ਦੇ ਬਾਵਜੂਦ ਆਮ ਆਦਮੀ ਪਾਰਟੀ ਦੀ ਸਰਕਾਰ ਬੱਸਾਂ ਪਾਉਣ ਦੀ ਮਨਜ਼ੂਰੀ ਤੋਂ ਭੱਜ ਰਹੀ ਹੈ, ਕਿਉਂਕਿ ਕਿਤੇ ਕਿਤੇ ਇਹ ਸ਼ੰਕਾ ਲਗਦਾ ਹੈ ਕਿ ਇਸ ਸਰਕਾਰ ਨੇ ਵੀ ਕਾਰਪੋਰੇਟ ਨਾਲ ਹੱਥ ਮਿਲਾ ਲਏ, ਜਿਸ ਕਰਕੇ ਬੱਸਾਂ ਪਾਉਣ ਦੀ ਮਨਜ਼ੂਰੀ ਨਹੀਂ ਦਿੱਤੀ ਜਾ ਰਹੀ।

ਵਿਭਾਗ ਅਤੇ ਠੇਕੇਦਾਰ ਵਲੋਂ ਵੱਖ ਵੱਖ ਤਰੀਕਿਆਂ ਨਾਲ ਮੁਲਾਜ਼ਮਾਂ ਦਾ ਸ਼ੋਸ਼ਣ ਕੀਤਾ ਜਾ ਰਿਹਾ ਹੈ, ਕੰਡੀਸ਼ਨਾਂ ਲਾ ਕੇ ਕਰਮਚਾਰੀਆ ਨੂੰ ਨੌਕਰੀਆ ਤੋਂ ਕੱਢਿਆ ਜਾ ਰਿਹਾ ਹੈ ਅਤੇ ਰਿਸ਼ਵਤਖੋਰੀ ਰਾਹੀਂ ਆਊਟ ਸੋਰਸ ਤੇ ਭਰਤੀ ਕੀਤੀ ਜਾ ਰਹੀ ਹੈ।ਸਰਕਾਰ ਪੀ.ਆਰ.ਟੀ.ਸੀ. ਦੇ ਪੁਰਾਣੇ ਬੱਸ ਸਟੈਂਡਾਂ ਨੂੰ ਵੇਚਣ ਲਈ ਵੀ ਤਿਆਰ ਬੈਠੀ ਹੈ, ਜਦੋਂ ਕਿ ਸਰਕਾਰ ਨੇ ਪੀ.ਆਰ.ਟੀ.ਸੀ. ਦੇ ਪਹਿਲਾਂ ਹੀ ਕਰੋੜਾਂ ਰੁਪਏ ਦੇਣੇ ਹੈ, ਸਰਕਾਰ ਉਹ ਪੈਸੇ ਦੇਣ ਦੀ ਬਜਾਏ ਵਿਭਾਗ ਦੀ ਪ੍ਰਾਪਟੀ ਨੂੰ ਵੇਚਣ ਜਾ ਰਹੀ ਹੈ।ਅਸਲ ਵਿੱਚ ਇਹ ਸਭ ਵਿਭਾਗ ਨੂੰ ਖਤਮ ਕਰਨ ਦੀਆਂ ਸਾਜ਼ਿਸ਼ਾਨ ਤਹਿਤ ਚੱਲ ਰਿਹਾ ਹੈ। ਸੂਬਾ ਸੀਨੀ. ਮੀਤ ਪ੍ਰਧਾਨ ਬਲਜਿੰਦਰ ਸਿੰਘ ਬਰਾੜ, ਸੀਨੀ. ਮੀਤ ਪ੍ਰਧਾਨ ਜਗਜੀਤ ਸਿੰਘ, ਸੀਨੀ. ਮੀਤ ਪ੍ਰਧਾਨ ਗੁਰਪ੍ਰੀਤ ਸਿੰਘ ਪੰਨੂ ਤੇ ਰੋਹੀ ਰਾਮ, ਜਤਿੰਦਰ ਸਿੰਘ, ਹਰਪ੍ਰੀਤ ਸਿੰਘ, ਕੁਲਵੰਤ ਸਿੰਘ, ਰਣਜੀਤ ਸਿੰਘ, ਰਣਧੀਰ ਸਿੰਘ, ਜਗਦੀਸਵਰ ਚੰਦਰ, ਪਰਮਜੀਤ ਸਿੰਘ, ਸਤਨਾਮ ਸਿੰਘ, ਬਲਜੀਤ ਸਿੰਘ, ਅਮਰਜੀਤ ਸਿੰਘ, ਦਲਵਿੰਦਰ ਸਿੰਘ, ਸੁਖਜੀਤ ਸਿੰਘ, ਕੁਲਵੰਤ ਸਿੰਘ, ਉਡੀਕ ਚੰਦ, ਜਲੌਰ ਸਿੰਘ ਨੇ ਕਿਹਾ ਕਿ 1 ਜੁਲਾਈ 2024 ਨੂੰ ਮੁੱਖ ਮੰਤਰੀ ਪੰਜਾਬ ਵੱਲੋਂ ਮੀਟਿੰਗ ਕਰਕੇ ਇੱਕ ਮਹੀਨੇ ਵਿੱਚ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ, ਠੇਕੇਦਾਰੀ ਸਿਸਟਮ ਨੂੰ ਖਤਮ ਕਰਨਾ ਤੇ ਬਰਾਬਰ ਕੰਮ ਬਰਾਬਰ ਤਨਖਾਹ ਮੰਗ ਸਮੇਤ ਮਾਰੂ ਕੰਡੀਸ਼ਨਾਂ ਨੂੰ ਰੱਦ ਕਰਕੇ ਸਰਵਿਸ ਰੂਲ ਲਾਗੂ ਕਰਨ ਤੇ ਵਿਭਾਗਾਂ ਵਿੱਚ ਆਪਣੀਆਂ ਮਾਲਕੀ ਦੀਆਂ ਬੱਸਾਂ ਪਾਉਣ ਤੇ ਹੋਰ ਮੰਗਾਂ ਦਾ ਹੱਲ ਕੱਢਣ ਲਈ ਪੱਤਰ ਜਾਰੀ ਕਰਨ ਦੇ ਬਾਵਜੂਦ ਸਰਕਾਰ ਤੇ ਅਧਿਕਾਰੀਆਂ ਵੱਲੋਂ ਹੱਲ ਕੱਢਣ ਦੀ ਥਾਂ ਟਰਾਂਸਪੋਰਟ ਵਿਭਾਗ ਦਾ ਭੋਗ ਪਾਉਣ ਲਈ ਨਿੱਜੀਕਰਨ ਕਰਨ ਦੀਆਂ ਨੀਤੀ ਲਿਆਂਦੀਆਂ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਜੇਕਰ ਟੈਂਡਰ ਰੱਦ ਨਹੀਂ ਹੁੰਦਾ ਤਾਂ 31 ਅਕਤੂਬਰ 2025 ਨੂੰ ਤੁਰੰਤ ਹੀ ਸਾਰੇ ਸ਼ਹਿਰਾਂ ਵਿੱਚ ਜਾਮ ਲਗਾਏ ਜਾਣਗੇ।ਤਰਨਤਾਰਨ ਦੇ ਵਿੱਚ ਆ ਰਹੀ ਚੋਣ ਵਿੱਚ 'ਆਪ' ਸਰਕਾਰ ਦੀ ਪੋਲ ਖੋਲ੍ਹਣ ਲਈ ਤਰਨਤਾਰਨ ਵਿੱਚ ਸਰਕਾਰ ਦਾ ਭੰਡੀ ਪ੍ਰਚਾਰ ਕੀਤਾ ਜਾਵੇਗਾ, ਜਿਸ ਵਿੱਚ ਹੋਣ ਵਾਲੇ ਨੁਕਸਾਨ ਦੀ ਜ਼ੁੰਮੇਵਾਰੀ ਪੰਜਾਬ ਸਰਕਾਰ ਤੇ ਮੈਨੇਜਮੈਂਟ ਦੀ ਹੋਵੇਗੀ।

## ਪਰਾਲੀ ਨੂੰ ਅੱਗ ਲਗਾਉਣ ਵਾਲੇ ਚਾਰ ਕਿਸਾਨਾਂ ਖਿਲਾਫ ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਮੱਲਾਂਵਾਲਾ ਵਿਖੇ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਦੇ ਦੋਸ਼ ਵਿੱਚ ਥਾਣਾ ਮੱਲਾਂਵਾਲਾ ਪੁਲਸ ਨੇ ਚਾਰ ਕਿਸਾਨਾਂ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਗੁਰਦੀਪ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਸਤਨਾਮ ਸਿੰਘ ਕਲਸਟਰ ਅਫਸਰ ਖੇਤੀਬਾੜੀ ਦਫਤਰ ਜ਼ੀਰਾ ਨੇ ਦੱਸਿਆ ਕਿ ਸ਼ਿੰਦਰ ਸਿੰਘ, ਬਲਵਿੰਦਰ ਸਿੰਘ, ਦਰਸ਼ਨ ਸਿੰਘ ਪੁੱਤਰਾਨ ਮੱਘਰ ਸਿੰਘ ਵਾਸੀਅਨ ਲਹੁਕੇ ਖੁਰਦ ਮੱਲਾਂਵਾਲਾ ਨੇ ਖੇਤ ਵਿੱਚ ਪਰਾਲੀ ਨੂੰ ਅੱਗ ਲਗਾ ਕੇ ਸਾੜਿਆ ਹੈ। ਇਸੇ ਹੀ ਥਾਣੇ ਦੇ ਸਹਾਇਕ ਥਾਣੇਦਾਰ ਜਗਜੀਤ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਅਜੀਤ ਸਿੰਘ ਕਲਸਟਰ ਅਫਸਰ ਜ਼ੀਰਾ ਨੇ ਦੱਸਿਆ ਕਿ ਕਿਸਾਨ ਸਰਦੂਲ ਸਿੰਘ ਪੁੱਤਰ ਸਾਧੂ ਸਿੰਘ ਵਾਸੀ ਗੋਗੋਆਣੀ ਮੱਲਾਂਵਾਲਾ ਦੇ ਖੇਤ 'ਚ ਪਰਾਲੀ ਨੂੰ ਅੱਗ ਲਗਾ ਕੇ ਸਾੜਿਆ ਹੈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

## ਸਟੇਟ ਐਵਾਰਡੀ ਪਰਮਿੰਦਰ ਭਲਵਾਨ ਵੱਲੋਂ 95ਵੀਂ ਵਾਰ ਖ਼ੂਨ ਦਾਨ

### ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨਾ ਸ਼ਲਾਘਾਯੋਗ ਕਦਮ : ਡੀ ਐੱਸ ਪੀ ਬਰਾੜ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਪਟਿਆਲਾ ਜ਼ਿਲ੍ਹੇ ਦੀਆਂ ਨਾਮਵਰ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਵੱਲੋਂ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਦੇ ਸਹਿਯੋਗ ਨਾਲ ਬਲੱਡ ਬੈਂਕਾਂ ਵਿੱਚ ਖ਼ੂਨ ਦੀ ਕਮੀ ਤੇ ਡੇਂਗੂ ਦੇ ਵਧਦੇ ਕੇਸਾਂ ਨੂੰ ਵੇਖਦਿਆਂ ਖ਼ੂਨਦਾਨ ਕੈਂਪ ਲਾਇਆ ਗਿਆ, ਜਿਸ ਵਿੱਚ ਮੁੱਖ ਮਹਿਮਾਨ ਵਿਸ਼ਵ ਰਿਕਾਰਡਧਾਰੀ ਮਾਊਂਟ ਐਵਰੈਸਟ ਵਿਜੇਤਾ ਡੀ ਐੱਸ ਪੀ ਸਮਾਣਾ ਫਤਿਹ ਸਿੰਘ ਬਰਾੜ ਨੇ ਸ਼ਿਰਕਤ ਕੀਤੀ।ਪ੍ਰੋਗਰਾਮ ਦੀ ਪ੍ਰਧਾਨਗੀ ਸ਼ਹੀਦੇ ਆਜ਼ਮ ਸਰਦਾਰ ਭਗਤ ਸਿੰਘ ਰਾਜ ਯੁਵਾ ਪੁਰਸਕਾਰ ਵਿਜੇਤਾ ਪਰਮਿੰਦਰ ਭਲਵਾਨ ਨੇ ਖ਼ੁਦ 95ਵੀਂ ਵਾਰ ਖ਼ੂਨ ਦਾਨ ਕਰਕੇ ਕੀਤੀ।ਵਿਸ਼ੇਸ਼ ਤੌਰ 'ਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਵੱਲੋਂ ਸਾਰੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਗਿਆ।

ਇਸ ਮੌਕੇ ਸੰਬੋਧਨ ਕਰਦਿਆਂ ਡੀ ਐੱਸ ਪੀ ਸਮਾਣਾ ਫਤਿਹ ਸਿੰਘ ਬਰਾੜ ਨੇ ਕਿਹਾ ਕਿ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਵੱਲੋਂ 95ਵੀਂ ਵਾਰ ਖ਼ੂਨਦਾਨ ਕਰਕੇ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਚੱਲਣ ਤੇ ਜਾਗਰੂਕ ਕਰਨ ਲਈ ਪ੍ਰੇਰਿਤ ਕਰਨਾ ਅਤੇ ਸਮਾਜ ਸੇਵਾ ਵੱਲ ਜੁੜਨ ਲਈ ਪ੍ਰੇਰਿਤ ਕਰਨਾ ਸ਼ਲਾਘਾਯੋਗ ਉਪਰਾਲਾ ਹੈ।ਉਨ੍ਹਾਂ ਕਿਹਾ ਕਿ ਤੁਹਾਡੇ ਦਿੱਤੇ ਖ਼ੂਨ ਨਾਲ ਚਾਰ ਜ਼ਿੰਦਗੀਆਂ ਬਚ ਸਕਦੀਆਂ ਹਨ।ਇਸ ਮੌਕੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਨੇ ਦੱਸਿਆ ਕਿ ਉਨ੍ਹਾਂ ਦੀਆਂ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ ਤੇ ਪਾਵਰ ਹਾਊਸ ਯੂਥ ਕਲੱਬ ਵੱਲੋਂ ਪਿਛਲੇ 15 ਸਾਲਾਂ ਵਿੱਚ ਵੱਖ ਵੱਖ ਧਾਰਮਿਕ ਸੰਸਥਾਵਾਂ, ਰਾਜਨੀਤੀ, ਯੂਥ ਕਲੱਬ ਦੇ ਸਹਿਯੋਗ ਨਾਲ ਤਕਰੀਬਨ 800 ਤੋਂ ਉਪਰ ਖ਼ੂਨਦਾਨ ਕੈਂਪ ਆਯੋਜਿਤ ਕਰਕੇ ਹੁਣ ਤੱਕ ਭਾਰਤ ਦੇ ਵੱਖ ਵੱਖ ਬਲੱਡ ਬੈਂਕਾਂ ਨੂੰ 45000 ਹਜ਼ਾਰ ਤੋਂ ਉਪਰ ਬਲੱਡ ਇੱਕਤਰ ਕਰਕੇ ਦਿੱਤਾ ਜਾ ਚੁੱਕਾ ਹੈ।ਇਸ ਮੌਕੇ ਲਾਈਫ ਲਾਇਨ ਬਲੱਡ ਬੈਂਕ ਵੱਲੋਂ ਡਾਕਟਰ ਅਰਸ਼ਪ੍ਰੀਤ ਕੌਰ ਤੇ ਮੋਟੀਵੇਟਰ ਸਾਗਰ ਅਰੋੜਾ ਦੀ ਅਗਵਾਈ ਹੇਠ ਬਲੱਡ ਇੱਕਤਰ ਕੀਤਾ ਗਿਆ।

## ਕੇਂਦਰੀ ਜੇਲ੍ਹ 'ਚੋਂ 11 ਮੋਬਾਇਲ ਤੇ ਨਸ਼ੀਲੇ ਪਦਾਰਥ ਬਰਾਮਦ, ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿਚ ਤਲਾਸ਼ੀ ਦੌਰਾਨ 11 ਮੋਬਾਇਲ ਫੋਨ, ਨਸ਼ੀਲੇ ਪਦਾਰਥ, 3 ਡਾਟਾ ਕੇਬਲ ਤੇ ਇਕ ਸਿੰਮ ਬਰਾਮਦ ਹੋਈ ਹੈ। ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ 9 ਹਵਾਲਾਤੀਆਂ ਖਿਲਾਫ 42-52-ਏ ਪਰੀਸੰਨਜ਼ ਐਕਟ ਤਹਿਤ ਮਾਮਲੇ ਦਰਜ ਕੀਤੇ ਹਨ। ਥਾਣਾ ਸਿਟੀ ਫਿਰੋਜ਼ਪੁਰ ਪੁਲਸ ਦੇ ਸ਼ਰਮਾ ਸਿੰਘ ਨੇ ਦੱਸਿਆ ਕਿ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਫਿਰੋਜ਼ਪੁਰ ਨੇ ਪੱਤਰ ਨੰਬਰ 7319 ਰਾਹੀਂ ਦੱਸਿਆ ਕਿ 14 ਅਕਤੂਬਰ 2025 ਨੂੰ ਹਵਾਲਾਤੀ ਤਰਨਵੀਰ ਸਿੰਘ ਉਰਫ ਲਾਡੀ ਪੁੱਤਰ ਨਵਤੇਜ ਸਿੰਘ ਵਾਸੀ ਗੁਰੂ ਮੁਹੱਲਾ ਮਾਛੀਵਾੜਾ ਸਾਹਿਬ ਲੁਧਿਆਣਾ ਦੇ ਪਹਿਨੀ ਹੋਈ ਲੋਅਰ ਦੀ ਸੱਜੀ ਜੇਬ ਵਿਚੋਂ 6 ਨਸ਼ੀਲੇ ਜਾਪਦੇ ਕੈਪਸੂਲ ਬਰਾਮਦ ਹੋਏ।ਪੱਤਰ ਨੰਬਰ 7368 ਮਿਤੀ 15 ਅਕਤੂਬਰ ਨੂੰ ਤਲਾਸ਼ੀ ਦੌਰਾਨ ਹਵਾਲਾਤੀ ਰਾਜਦੀਪ ਸਿੰਘ ਪੁੱਤਰ ਬੱਗਾ ਸਿੰਘ ਵਾਸੀ ਅਲੀ ਕੇ ਥਾਣਾ ਸਦਰ ਫਿਰੋਜ਼ਪੁਰ ਕੋਲੋਂ 1 ਟੱਚ ਸਕਰੀਨ ਮੋਬਾਇਲ ਫੋਨ ਸਮੇਤ ਸਿੰਮ ਬਰਾਮਦ ਹੋਇਆ। ਪੱਤਰ ਨੰਬਰ 7500 ਮਿਤੀ 16 ਅਕਤੂਬਰ 2025 ਨੂੰ ਹਵਾਲਾਤੀ ਗੋਬਿੰਦਾ ਪੁੱਰਤ ਜਨਕ ਰਾਜ ਵਾਸੀ ਬਗਦਾਦੀ ਗੇਟ ਫਿਰੋਜ਼ਪੁਰ ਕੋਲੋਂ ਇਕ ਕੀਪੈਡ ਮੋਬਾਇਲ ਫੋਨ ਸਮੇਤ ਬੈਟਰੀ ਸਮੇਤ ਏਅਰਟੈੱਲ ਕੰਪਨੀ ਦੀ ਸਿੰਮ ਬਰਾਮਦ ਹੋਇਆ। ਪੱਤਰ ਨੰਬਰ 7525 ਮਿਤੀ 12 ਅਕਤੂਬਰ 2025 ਨੂੰ ਤਲਾਸ਼ੀ ਦੌਰਾਨ ਹਵਾਲਾਤੀ ਵੰਸ਼ ਅਟਵਾਲ ਪੁੱਤਰ ਅਸ਼ੋਕ ਕੁਮਾਰ ਵਾਸੀ ਝੋਕ ਹਰੀਹਰ ਕੋਲੋਂ ਇਕ ਕੀਪੈਡ ਮੋਬਾਇਲ ਫੋਨ ਸਮੇਤ ਬੈਟਰੀ ਸਮੇਤ ਸਿੰਮ ਅਤੇ 2 ਕੀਪੈਡ ਮੋਬਾਇਲ ਫੋਨ, ਬਿਨ੍ਹਾ ਸਿੰਮ ਸਮੇਤ 2 ਡਾਟਾ ਕੇਬਲ ਲਵਾਰਿਸ ਹਾਲਤ ਵਿਚ ਬਰਾਮਦ ਹੋਏ। ਪੱਤਰ ਨੰਬਰ 7557 ਮਿਤੀ 18 ਅਕਤੂਬਰ 2025 ਨੂੰ ਹਵਾਲਾਤੀ ਸ਼ੁਭਮ ਪੁੱਤਰ ਰਾਜੇਸ਼ ਕੁਮਾਰ ਵਾਸੀ ਸੇਖਾਂ ਫਾਟਕ ਗਲੀ ਨੰਬਰ 4 ਜ਼ਿਲ੍ਹਾ ਬਰਨਾਲਾ ਕੋਲੋਂ 1 ਟੱਚ ਸਕਰੀਨ ਮੋਬਾਇਲ ਫੋਨ ਟੁੱਟੀ ਹਾਲਤ ਵਿਚ ਬਿਨਾਂ ਸਿੰਮ ਬਰਾਮਦ ਹੋਇਆ। ਜੇਲ੍ਹ ਅਧਿਕਾਰੀ ਨੇ ਦੱਸਿਆ ਕਿ ਪੱਤਰ ਨੰਬਰ 7616 ਮਿਤੀ 21 ਅਕਤੂਬਰ 2025 ਨੂੰ ਹਵਾਲਾਤੀ ਸਰਵਨ ਸਿੰਘ ਪੁੱਤਰ ਗੁਰਮੁੱਖ ਸਿੰਘ ਵਾਸੀ ਕਮਾਲੇ ਵਾਲਾ ਥਾਣਾ ਸਦਰ ਫਿਰੋਜ਼ਪਰ ਕੋਲੋਂ 1 ਟੱਚ ਸਕਰੀਨ ਮੋਬਾਇਲ ਫੋਨ ਸਮੇਤ ਸਿੰਮ ਬਰਾਮਦ ਹੋਇਆ। ਪੱਤਰ ਨੰਬਰ 7621 ਮਿਤੀ 21 ਅਕਤੂਬਰ 2025 ਨੂੰ ਹਵਾਲਾਤੀ ਹਰਪ੍ਰੀਤ ਸਿੰਘ ਉਰਫ ਦਿੰਦੀ ਉਰਫ ਵਿੱਕੀ ਪੁੱਤਰ ਸੁਰਜੀਤ ਸਿੰਘ ਵਾਸੀ ਜਠੋਲ ਘਰਿੰਡਾ ਅੰਮ੍ਰਿਤਸਰ ਪਾਸੋਂ 1 ਟੱਚ ਸਕਰੀਨ ਮੋਬਾਇਲ ਫੋਨ ਅਤੇ ਇਸ ਦੇ ਵਿਛੇ ਬਿਸਤਰੇ ਉਪਰੋਂ 1 ਟੱਚ ਸਕਰੀਨ ਮੋਬਾਇਲ ਫੋਨ ਅਤੇ ਸਿੰਮ ਬਰਾਮਦ ਹੋਈ।

ਅਧਿਕਾਰੀ ਨੇ ਦੱਸਿਆ ਕਿ ਪੱਤਰ ਨੰਬਰ 7426 ਮਿਤੀ 21 ਅਕਤੂਬਰ 2025 ਨੂੰ ਹਵਾਲਾਤੀ ਜਗਮੀਤ ਸਿੰਘ ਪੁੱਤਰ ਪ੍ਰੀਤਮ ਸਿੰਘ ਵਾਸੀ ਮਿਰਜਾਜਾਨ ਬੋਹੜਵਾਲਾ ਥਾਣਾ ਕਿਲਾ ਲਾਲ ਸਿੰਘ ਗੁਰਦਾਸਪੁਰ ਕੋਲੋਂ 1 ਨੋਕੀਆ ਕੰਪਨੀ ਦਾ ਕੀਪੈਡ ਮੋਬਾਇਲ ਫੋਨ, ਸਿੰਮ ਅਤੇ ਬੈਟਰੀ ਸਮੇਤ 1 ਡਾਟਾ ਕੇਬਲ ਬਰਾਮਦ ਹੋਈ। ਪੱਤਰ ਨੰਬਰ 7836 ਮਿਤੀ 21 ਅਕਤੂਬਰ 2025 ਨੂੰ ਹਵਾਲਾਤੀ ਪਵਨਦੀਪ ਸਿੰਘ ਪੁੱਤਰ ਬੱਗਾ ਸਿੰਘ ਵਾਸੀ ਬਰਗਾੜੀ ਬਾਜਾਖਾਨਾ ਜ਼ਿਲ੍ਹਾ ਫਰੀਦਕੋਟ ਕੋਲੋਂ 1 ਟੱਚ ਸਕਰੀਨ ਮੋਬਾਇਲ ਫੋਨ ਬਰਾਮਦ ਹੋਇਆ। ਜਾਂਚਕਰਤਾ ਸ਼ਰਮਾ ਸਿੰਘ ਨੇ ਦੱਸਿਆ ਕਿ ਪੁਲਿਸ ਨੇ ਉਕਤ ਹਵਾਲਾਤੀਆਂ ਖਿਲਾਫ ਮਾਮਲੇ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

## ਮੁਥੂਟ ਵੱਲੋਂ ਪਲੇਸਮੈਂਟ ਕੈਂਪ 27 ਨੂੰ

**ਸੰਗਰੂਰ (ਪ੍ਰਵੀਨ ਸਿੰਘ)**

ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਸੰਗਰੂਰ ਵੱਲੋਂ ਮੁਥੂਟ ਮਾਈਕਰੋਫਿਨ ਲਿਮਿਟਡ ਕੰਪਨੀ ਨਾਲ ਤਾਲਮੇਲ ਕਰਕੇ 27 ਅਕਤੂਬਰ ਨੂੰ ਨੌਕਰੀ ਦੇ ਚਾਹਵਾਨ ਪ੍ਰਾਰਥੀਆਂ ਲਈ ਜ਼ਿਲ੍ਹਾ ਰੋਜ਼ਗਾਰ ਉਤਪੱਤੀ ਹੁਨਰ ਵਿਕਾਸ ਤੇ ਸਿਖਲਾਈ ਦਫ਼ਤਰ ਸੰਗਰੂਰ ਵਿਖੇ ਇੱਕ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ।ਇਸ ਸਬੰਧੀ ਕੰਪਨੀ ਵੱਲੋਂ ਫੀਲਡ ਅਫਸਰ (ਲੜਕੇ ਤੇ ਲੜਕੀਆਂ ਦੋਵਾਂ ਲਈ) ਦੀ ਅਸਾਮੀ ਲਈ ਇੰਟਰਵਿਊ ਲਈ ਜਾਵੇਗੀ, ਜਿਸ ਲਈ ਪ੍ਰਾਰਥੀ ਦੀ ਵਿੱਦਿਅਕ ਯੋਗਤਾ 12ਵੀਂ, ਗਰੈਜੂਏਟ ਪਾਸ ਹੋਣੀ ਚਾਹੀਦੀ ਹੈ।

ਇਸ ਤੋਂ ਇਲਾਵਾ ਉਮਰ 20 ਸਾਲ ਤੋਂ 30 ਸਾਲ ਤੱਕ ਹੋਣੀ ਚਾਹੀਦੀ ਹੈ। ਚਾਹਵਾਨ ਤੇ ਯੋਗ ਪ੍ਰਾਰਥੀ ਰਜਿਊਮ ਤੇ ਵਿੱਦਿਅਕ ਯੋਗਤਾ ਦੇ ਸਰਟੀਫਿਕੇਟ ਦੀਆਂ ਫੋਟੋ ਕਾਪੀਆਂ ਲੈ ਕੇ ਇਸ ਇੰਟਰਵਿਊ ਵਿੱਚ ਭਾਗ ਲੈ ਸਕਦੇ ਹਨ।

## ਸ਼ਰਮਾ ਪਰਵਾਰ ਨਾਲ ਦੁੱਖ ਦਾ ਪ੍ਰਗਟਾਵਾ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਗੁਰਦਾਸ ਸ਼ਰਮਾ ਤੇ ਰੁਪਿੰਦਰ ਸ਼ਰਮਾ ਚੇਅਰਪਰਸਨ ਐਵਰੈਸਟ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਨੂੰ ਉਸ ਸਮੇਂ ਵੱਡਾ ਸਦਮਾ ਲੱਗਿਆ, ਜਦੋਂ ਗੁਰਦਾਸ ਸ਼ਰਮਾ ਦੇ ਪਿਤਾ ਤੇ ਚੇਅਰਪਰਸਨ ਰੁਪਿੰਦਰ ਸ਼ਰਮਾ ਦੇ ਧਰਮਪਤੀ ਮਾਸਟਰ ਬਲਜਿੰਦਰ ਸਿੰਘ ਸ਼ਰਮਾ ਮੈਨੇਜਿੰਗ ਡਾਇਰੈਕਟਰ ਐਵਰੈਸਟ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਕੋਟਭਾਈ ਬੀਤੇ ਦਿਨੀਂ ਆਪਣੀ ਸਵਾਸ ਰੂਪੀ ਪੂੰਜੀ ਨਾਲ ਸੰਸਾਰਕ ਯਾਤਰਾ ਪੂਰੀ ਕਰਦੇ ਹੋਏ ਅਚਾਨਕ ਸਦੀਵੀ ਵਿਛੋੜਾ ਦੇ ਗਏ ਹਨ। ਸਵ. ਮਾਸਟਰ ਬਲਜਿੰਦਰ ਸਿੰਘ ਸ਼ਰਮਾ ਦੇ ਦੇਹਾਂਤ 'ਤੇ ਟੀਚਰ ਯੂਨੀਅਨ, ਸਕੂਲ ਮੁਖੀਆਂ, ਅਧਿਆਪਕਾਂ ਤੋਂ ਇਲਾਵਾ ਸਮਾਜਿਕ, ਰਾਜਨੀਤਕ, ਧਾਰਮਿਕ ਤੇ ਵਪਾਰਕ ਜਥੇਬੰਦੀਆਂ ਦੇ ਪ੍ਰਤੀਨਿਧੀਆਂ ਨੇ ਸ਼ਰਮਾ ਪਰਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।ਸਵ. ਮਾਸਟਰ ਬਲਜਿੰਦਰ ਸਿੰਘ ਸ਼ਰਮਾ ਦੀ ਆਤਮਿਕ ਸ਼ਾਂਤੀ ਲਈ ਸ੍ਰੀ ਸਹਿਜ ਪਾਠ ਦਾ ਭੋਗ ਤੇ ਅੰਤਿਮ ਅਰਦਾਸ 26 ਅਕਤੂਬਰ ਐਤਵਾਰ ਨੂੰ ਗੁਰਦੁਆਰਾ ਸ੍ਰੀ ਗੁਰੂਸਰ ਸਾਹਿਬ ਪਾਤਸ਼ਾਹੀ ਦਸਵੀ ਪਿੰਡ ਕੋਟਭਾਈ ਵਿਖੇ ਬਾਅਦ ਦੁਪਹਿਰ 12 ਤੋਂ 1 ਵਜੇ ਤੱਕ ਪਵੇਗਾ।

## ਵਿਸ਼ਵਕਰਮਾ ਵੈੱਲਫੇਅਰ ਸੋਸਾਇਟੀ ਨੇ ਵਿਸ਼ਵਕਰਮਾ ਦਿਵਸ ਮਨਾਇਆ



**ਨਾਭਾ (ਵਰਿੰਦਰ ਵਰਮਾ)**

ਵਿਸ਼ਵਕਰਮਾ ਵੈੱਲਫੇਅਰ ਸੋਸਾਇਟੀ ਨਾਭਾ ਵੱਲੋਂ ਪ੍ਰਧਾਨ ਚਰਨ ਸਿੰਘ ਗੁਪਤਾ ਦੀ ਅਗਵਾਈ ਹੇਠ ਭਗਵਾਨ ਵਿਸਵਕਰਮਾ ਦਿਵਸ ਮੰਦਿਰ ਕਿਸ਼ਨਾ ਪੁਰੀ ਨਾਭਾ ਵਿਖੇ ਬੜੀ ਸ਼ਰਧਾ ਤੇ ਧੂਮ ਧਾਮ ਨਾਲ 67ਵਾਂ ਵਿਸ਼ਵਕਰਮਾ ਦਿਵਸ ਮਨਾਇਆ ਗਿਆ।ਇਸ ਮੌਕੇ ਮੁੱਖ ਮਹਿਮਾਨ ਦੇ ਤੌਰ 'ਤੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ, ਸਾਬਕਾ ਮੰਤਰੀ ਸਾਧੂ ਸਿੰਘ ਧਰਮਸੋਤ, ਅਵਤਾਰ ਸਿੰਘ ਨੰਨੜੇ ਪ੍ਰਧਾਨ ਆਲ ਇੰਡੀਆ ਕੰਬਾਈਨ ਐਸੋਸੀਏਸ਼ਨ, ਚੇਅਰਮੈਨ ਜੱਸੀ ਸੋਹੀਆਂ ਵਾਲਾ, ਸੋਸਾਇਟੀ ਦੇ ਚੇਅਰਮੈਨ ਭਗਵੰਤ ਸਿੰਘ ਰਾਮਗੜ੍ਹੀਆ, ਭਗਵੰਤ ਸਿੰਘ ਮਨਕੂ ਭਾਦਸੋਂ, ਮੱਖਣ ਸਿੰਘ ਲਾਲਕਾ, ਕੁਲਵਿੰਦਰ ਸਿੰਘ ਸੁੱਖੇਵਾਲ ਜ਼ਿਲ੍ਹਾ ਚੇਅਰਮੈਨ ਐੱਸ ਸੀ ਵਿਭਾਗ ਕਾਂਗਰਸ ਤੇ ਸ਼੍ਰੋਮਣੀ ਕਮੇਟੀ ਮੈਂਬਰ ਸਤਵਿੰਦਰ ਸਿੰਘ ਟੌਹੜਾ ਨੇ ਸ਼ਿਰਕਤ ਕੀਤੀ।ਇਸ ਮੌਕੇ ਕਿਸਨ ਸਿੰਘ ਨਰਮਾਣਾ ਦੇ ਜਥੇ ਵੱਲੋਂ ਭਗਵਾਨ ਵਿਸ਼ਵਕਰਮਾ ਜੀ ਦੀ ਮਹਿਮਾ ਦਾ ਗੁਣਗਾਣ ਕਰਦਿਆਂ ਉਨ੍ਹਾਂ ਦੇ ਜੀਵਨ 'ਤੇ ਚਾਨਣਾ ਪਾਇਆ ਤੇ ਹਵਨ ਦੀ ਰਸਮ ਬਲਜਿੰਦਰ ਸਿੰਘ ਸਲੈਚ ਵੱਲੋਂ ਸ਼ੁਰੂ ਕੀਤੀ ਗਈ।ਉਪਰੰਤ ਝੰਡੇ ਦੀ ਰਸਮ ਦਰਸ਼ਨ ਸਿੰਘ ਦੇਵ ਐਗਰੋ ਇੰਡਸਟਰੀਜ਼ ਵੱਲੋਂ ਨਿਭਾਈ ਗਈ। ਸਟੇਜ ਸੈਕਟਰੀ ਦੀ ਭੂਮਿਕਾ ਜਗਦੀਸ਼ ਸਿੰਘ ਡੀ ਸੀ ਤੇ ਦਵਿੰਦਰ ਸਿੰਘ ਦੇਵ ਨੇ ਬਾਖੂਬੀ ਨਿਭਾਈ। ਇਸ ਸਮਾਗਮ ਵਿੱਚ ਪ੍ਰਧਾਨ ਚਰਨ ਸਿੰਘ ਰਲਹਨ ਵਿਸ਼ਵਕਰਮਾ ਵੈੱਲਫੇਅਰ ਸੋਸਾਇਟੀ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ। ਅਖੀਰ 'ਚ ਹੋਰ ਸਨਮਾਨ ਯੋਗ ਸ਼ਖ਼ਸੀਅਤਾਂ ਦਾ ਵੀ ਸਨਮਾਨ ਕੀਤਾ ਗਿਆ।ਇਸ ਮੌਕੇ ਮਲਕੀਤ ਸਿੰਘ ਐੱਮ ਡੀ ਮਲਕੀਤ ਕੰਬਾਈਨ, ਮੀਤ ਪਧਾਨ ਪਾਖਰ ਸਿੰਘ ਹਰਦੇਵ ਕੰਬਾਈਨ, ਧਨੰਜੇ ਵਾਲੀਆ, ਲਖਵਿੰਦਰ ਸਿੰਘ ਲੱਖੀ ਗਹੀਰ ਕੰਬਾਈਨ, ਅਮਰੀਕ ਸਿੰਘ ਗੁਰਦਿਆਲ ਕੰਬਾਈਨ, ਹਰਪ੍ਰੀਤ ਸਿੰਘ ਸੀਨੀਅਰ ਐੱਮ ਸੀ, ਸਰਬਜੀਤ ਸਿੰਘ ਸਾਰਕੋ ਕੰਬਾਈਨ, ਸ਼ਮਸ਼ੇਰ ਸਿੰਘ ਸਰਵਨ ਐਗਰੋ ਟੈਂਕ, ਅਜੈਬ ਸਿੰਘ ਏ ਐੱਸ ਕੰਬਾਈਨ, ਗੁਰਬਖ਼ਸ਼ੀਸ਼ ਸਿੰਘ ਭੱਟੀ ਪ੍ਰਧਾਨ ਫੋਕਲ ਪੁਆਇੰਟ ਨਾਭਾ, ਗੌਤਮ ਬਾਤਿਸ਼ ਕੌਂਸਲਰ ਮਾਂਟੂ ਪਾਹੂਜਾ, ਟਹਿਲ ਸਿੰਘ ਬਿਨਾਂ ਹੇੜੀ, ਮੱਖਣ ਸਿੰਘ ਠੇਕੇਦਾਰ, ਹਰਜਿੰਦਰ ਸਿੰਘ ਹਰਜੀਤ ਕੰਬਾਈਨ, ਹਰਫੂਲ ਸਿੰਘ ਜੀ ਐੱਸ ਦੇ ਕੰਬਾਈਨ, ਜਸਵੰਤ ਸਿੰਘ ਜੱਸੀ ਏ ਡੀ ਐਗਰੋ, ਬਲਜਿੰਦਰ ਸਿੰਘ ਸਿਆਣ ਕੰਬਾਈਨ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਰਾਮਗੜ੍ਹੀਆ ਭਾਈਚਾਰੇ ਨੇ ਹਾਜ਼ਰੀ ਭਰੀ।

## ਇੰਡਕ ਆਰਟਸ ਵੈੱਲਫੇਅਰ ਕੌਂਸਲ ਵੱਲੋਂ ਸਾਲਾਨਾ ਰਾਜ ਪੱਧਰੀ ਰਾਜ ਪੁਰਸਕਾਰ ਸਮਾਰੋਹ ਤੇ ਵਿਰਾਸਤ ਮੇਲਾ 28 ਨੂੰ

**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**

ਸੱਭਿਆਚਾਰ, ਸਾਹਿਤ ਤੇ ਲੋਕ ਭਲਾਈ ਨੂੰ ਸਮਰਪਤ ਦੇਸ਼ ਦੀ ਪ੍ਰਮੁੱਖ ਸੰਸਥਾ ਇੰਡਕ ਆਰਟਸ ਵੈੱਲਫੇਅਰ ਕੌਂਸਲ ਵੱਲੋਂ ਸਾਲਾਨਾ 18ਵਾਂ ਰਾਜ ਪੱਧਰੀ ਰਾਜ ਪੁਰਸਕਾਰ ਸਮਾਰੋਹ ਤੇ ਵਿਰਾਸਤ ਮੇਲਾ-2025 ਲਵ ਪੰਜਾਬ ਫਾਰਮ ਨੈਸ਼ਨਲ ਹਾਈਵੇ-54 ਕੋਟਕਪੂਰਾ ਵਿਖੇ 28 ਅਕਤੂਬਰ ਨੂੰ ਸਵੇਰੇ 10 ਵਜੇ ਤੋਂ ਦੁਪਹਿਰ 3 ਵਜੇ ਤੱਕ ਕੋਪਲ ਕੰਪਨੀ ਸੂਲਰ ਘਰਾਟ, ਵਿੱਕੀ ਬੌਲੀਵੁੱਡ ਕੋਟਕਪੂਰਾ, ਬਰਾੜ ਅੱਖਾਂ ਦਾ ਹਸਪਤਾਲ ਦੇ ਸਹਿਯੋਗ ਨਾਲ ਧੂਮਧਾਮ ਨਾਲ ਕਰਵਾਇਆ ਜਾ ਰਿਹਾ ਹੈ।ਕੌਂਸਲ ਦੇ ਸਰਪ੍ਰਸਤ ਹਰਦੀਪ ਸਿੰਘ ਕਿੰਗਰਾ (ਆਈ.ਐੱਫ.ਐੱਸ. ਸੇਵਾ ਮੁਕਤ) ਤੇ ਸੰਸਥਾਪਕ ਡਾਇਰੈਕਟਰ ਪ੍ਰੋ. ਬਾਈ ਭੋਲਾ ਯਮਲਾ ਦੀ ਯੋਗ ਅਗਵਾਈ ਵਿੱਚ ਹੋਣ ਜਾ ਰਹੇ ਇਸ ਸੂਬਾ ਪੱਧਰੀ ਸਮਾਗਮ ਦੇ ਮੁੱਖ ਮਹਿਮਾਨ ਮਨਜੀਤ ਸਿੰਘ ਬਰਾੜ (ਆਈ ਏ ਐੱਸ) ਮਾਨਯੋਗ ਮੰਡਲ ਕਮਿਸ਼ਨਰ ਫਰੀਦਕੋਟ ਹੋਣਗੇ।ਕੌਂਸਲ ਦੇ ਡਾਇਰੈਕਟਰ ਪ੍ਰੋ. ਭੋਲਾ ਯਮਲਾ ਵੱਲੋਂ ਜਾਰੀ ਸੂਚਨਾ ਅਨੁਸਾਰ ਇਸ ਸਾਲ ਦੇ ਵੱਕਾਰੀ ਆਈ ਏ ਡਬਲਿਊ ਸੀ ਰਾਜ ਰਤਨ ਐਵਾਰਡ-2025 ਨਾਲ ਵੱਖ-ਵੱਖ ਖੇਤਰਾਂ ਵਿੱਚ ਵਿਸ਼ੇਸ਼ ਯੋਗਦਾਨ ਪਾਉਣ ਵਾਲੀਆਂ ਉੱਘੀਆਂ ਸ਼ਖ਼ਸੀਅਤਾਂ ਨੂੰ 'ਰਾਜ ਰਤਨ ਪੁਰਸਕਾਰ-2025' ਪ੍ਰਦਾਨ ਕੀਤੇ ਜਾਣਗੇ। ਇਨ੍ਹਾਂ ਵਿੱਚ ਨਾਮਵਰ ਲੇਖਕ ਗੁਰਮੇਲ ਸਿੰਘ ਬੌਡੇ, ਅਜੀਤ ਸਿੰਘ, ਬੂਟਾ ਸਿੰਘ ਗੁਲਾਮੀਵਾਲਾ, ਭਗਵਾਨ ਦਾਸ ਗੁਪਤਾ, ਡਾ. ਹਰਜਸ ਕੌਰ, ਡਾ. ਹਰੀਸ਼ ਗਰੋਵਰ, ਡਾ. ਦਵਿੰਦਰ ਕੌਰ ਖੁਸ਼ ਧਾਲੀਵਾਲ, ਡਾ. ਸੋਨਦੀਪ ਮੋਂਗਾ, ਡਾ. ਰਾਜੇਸ਼ ਸ਼ਰਮਾ, ਡਾ. ਟਿੱਕਾ ਜੇ.ਐੱਸ. ਸਿੱਧੂ, ਜਸਵੀਰ ਸ਼ਰਮਾ ਦੱਦਾਹੂਰ, ਸੁਦੇਸ਼ ਕੁਮਾਰੀ, ਸੁਰਿੰਦਰ ਫ਼ਰਿਸ਼ਤਾ (ਘੁੱਲੇ ਸ਼ਾਹ), ਹਰਭਜਨ ਹਰੀ, ਹਰਭਜਨ ਸਿੰਘ ਸਪਰਾ, ਕੁਲਜੀਤ ਸਿੰਘ ਬੇਦੀ, ਜਸਜੀਤ ਸਿੰਘ ਗਿੱਲ ਤੇ ਡਾ. ਰਵੀ ਬਾਂਸਲ ਸ਼ਾਮਲ ਹਨ।

ਇਸ ਮੌਕੇ ਪੰਜਾਬੀ ਸੱਭਿਆਚਾਰ ਤੇ ਲੋਕ ਵਿਰਾਸਤ ਨਾਲ ਜੁੜੀਆਂ ਵਿਸ਼ੇਸ਼ ਪੇਸ਼ਕਾਰੀਆਂ ਗਿੱਧਾ, ਭੰਗੜਾ, ਕਮੇਡੀ, ਲੋਕ ਗੀਤ ਤੇ ਵਿਰਾਸਤੀ ਆਈਟਮਾਂ ਦਰਸ਼ਕਾਂ ਲਈ ਮੁੱਖ ਖਿੱਚ ਦਾ ਕੇਂਦਰ ਰਹਿਣਗੀਆਂ।ਸਮਾਰੋਹ ਦੌਰਾਨ ਸੰਸਥਾ ਵੱਲੋਂ ਸਾਹਿਤ ਕਲਾ ਨੂੰ ਪ੍ਰਫੁੱਲਤ ਕਰਨ ਦੇ ਮਨਸੇ ਨਾਲ ਕੌਂਸਲ ਵੱਲੋਂ ਪ੍ਰਕਾਸ਼ਿਤ ਚੁੱਪ ਸ਼ਬਦਾਂ ਦੀ ਗੂੰਜ ਤੇ ਬਰਫ ਦਾ ਸੇਕ ਸਮੇਤ ਪੰਜ ਪੁਸਤਕਾਂ ਦਾ ਲੋਕ ਅਰਪਣ ਕੀਤਾ ਜਾਵੇਗਾ।ਇਸ ਮੌਕੇ ਕੌਮੀ ਪ੍ਰਧਾਨ ਸਾਹਿਤ ਸੈੱਲ ਇਕਬਾਲ ਸਿੰਘ ਸਹੌਤਾ, ਕੌਮੀ ਪ੍ਰਧਾਨ ਮੀਡੀਆ ਸੈੱਲ ਅਸ਼ੋਕ ਵਿੱਕੀ, ਕੌਮੀ ਪ੍ਰਧਾਨ ਯੂਥ ਤੇ ਖੇਡਾਂ ਸੈੱਲ ਕੁਲਦੀਪ ਸਿੰਘ ਅਟਵਾਲ ਤੇ ਕੌਮੀ ਸਲਾਹਕਾਰ ਭੱਟੀ ਭੜੀਵਾਲਾ ਨੇ ਦੱਸਿਆ ਕਿ ਇਸ ਸਮਾਰੋਹ ਵਿੱਚ ਪੰਜਾਬ ਦੇ ਉੱਘੇ ਕਲਾਕਾਰ ਆਪਣੇ ਫ਼ਨ ਦਾ ਮੁਜ਼ਾਹਰਾ ਕਰਨਗੇ ਤੇ ਦਰਸ਼ਕਾਂ ਨੂੰ ਪੰਜਾਬੀ ਸੱਭਿਆਚਾਰ ਦੇ ਰੰਗਾਂ ਨਾਲ ਰੰਗਣਗੇ।

## ਟਿੱਪਰ ਤੇ ਕਾਰ ਚੋਰੀ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਥਾਨਕ ਸ਼ਹਿਰ ਵਿੱਚੋਂ ਇੱਕ ਟਿੱਪਰ ਤੇ ਇੱਕ ਕਾਰ ਚੋਰੀ ਹੋ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਜਪਿੰਦਰ ਸਿੰਘ ਵਾਸੀ ਪਿੰਡ ਰਿਉਣਾ ਉੱਚਾ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਕਿ ਉਹ ਟਾਟਾ ਕੰਪਨੀ ਦੇ 12 ਟਾਇਰੀ ਟਿੱਪਰ ਉੱਤੇ ਡਰਾਈਵਰ ਵਜੋਂ ਨੌਕਰੀ ਕਰਦਾ ਹੈ।20 ਅਕਤੂਬਰ ਨੂੰ ਸ਼ਾਮ ਕਰੀਬ 5.30 ਵਜੇ ਚਾਵਲਾ ਚੌਕ ਸਰਹਿੰਦ ਵਿਖੇ ਸਥਿਤ ਪੈਟਰੋਲ ਪੰਪ 'ਤੇ ਉਕਤ ਟਿੱਪਰ ਪਾਰਕ ਕਰਨ ਉਪਰੰਤ ਉਹ ਆਪਣੇ ਘਰ ਚਲਾ ਗਿਆ।ਅਗਲੇ ਦਿਨ ਉਸ ਨੇ ਜਦੋਂ ਆ ਕੇ ਦੇਖਿਆ ਤਾਂ ਉਕਤ ਸਥਾਨ ਤੋਂ ਟਿੱਪਰ ਚੋਰੀ ਹੋ ਚੁੱਕਾ ਸੀ।ਨਾਮਲੂਮ ਵਿਅਕਤੀਆਂ ਵਿਰੁੱਧ ਮੁਕੱਦਮਾ ਦਰਜ ਕਰਕੇ ਥਾਣਾ ਸਰਹਿੰਦ ਦੀ ਪੁਲਸ ਨੇ ਮਾਮਲੇ ਦੀ ਤਫ਼ਤੀਸ਼ ਸ਼ੁਰੂ ਕਰ ਦਿੱਤੀ ਹੈ।ਇੱਕ ਵੱਖਰੇ ਮਾਮਲੇ ਵਿੱਚ ਇੰਦਰ ਸਿੰਘ ਵਾਸੀ ਪਿੰਡ ਮੰਡਲਾਂ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਕਿ 21 ਅਕਤੂਬਰ ਨੂੰ ਦੁਪਹਿਰ ਕਰੀਬ 12 ਵਜੇ ਆਪਣੀ ਮਾਰੂਤੀ ਕਾਰ ਨੰਬਰ ਪੀ.ਬੀ. 23-ਐੱਫ-0098 'ਚ ਉਹ ਪਰਿਵਾਰ ਸਮੇਤ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਨਤਮਸਤਕ ਹੋਣ ਲਈ ਆਇਆ ਸੀ, ਜਿੱਥੇ ਦਿਵਾਲੀ ਦਾ ਤਿਉਹਾਰ ਹੋਣ ਕਾਰਨ ਸੰਗਤ ਜ਼ਿਆਦਾ ਸੀ ਤਾਂ ਉਸ ਨੇ ਆਪਣੀ ਕਾਰ ਗੁਰਦੁਆਰਾ ਸਾਹਿਬ ਅੱਗੇ ਬਣੀ ਪਾਰਕਿੰਗ ਵਿੱਚ ਪਾਰਕ ਕਰ ਦਿੱਤੀ ਤੇ ਉਹ ਮੱਥਾ ਟੇਕਣ ਲਈ ਅੰਦਰ ਚਲੇ ਗਏ।ਕਰੀਬ ਅੱਧੇ ਘੰਟੇ ਬਾਅਦ ਉਹ ਮੱਥਾ ਟੇਕ ਕੇ ਜਦੋਂ ਪਾਰਕਿੰਗ 'ਚ ਪੁੱਜੇ ਤਾਂ ਉਦੋਂ ਤੱਕ ਉਨ੍ਹਾਂ ਦੀ ਕਾਰ ਚੋਰੀ ਹੋ ਚੁੱਕੀ ਸੀ।ਇੰਦਰ ਸਿੰਘ ਦੀ ਸ਼ਿਕਾਇਤ 'ਤੇ ਨਾਮਾਲੂਮ ਵਿਅਕਤੀਆਂ ਵਿਰੁੱਧ ਮੁਕੱਦਮਾ ਦਰਜ ਕਰਕੇ ਥਾਣਾ ਫ਼ਤਹਿਗੜ੍ਹ ਸਾਹਿਬ ਦੀ ਪੁਲਸ ਨੇ ਮਾਮਲੇ ਦੀ ਤਫਤੀਸ਼ ਸ਼ੁਰੂ ਕਰ ਦਿੱਤੀ ਹੈ।

## ਡਾਕਟਰਾਂ ਨੇ ਵਿਦਿਆਰਥੀਆਂ ਨੂੰ ਤੰਦਰੁਸਤ ਰਹਿਣ ਦੇ ਗੁਰ ਸਮਝਾਏ



**ਸਮਰਾਲਾ (ਸੁਰਜੀਤ ਸਿੰਘ)**-ਸਿੱਖਿਆ ਵਿਭਾਗ ਪੰਜਾਬ ਵੱਲੋਂ ਜਾਰੀ ਦਿਸ਼ਾ ਨਿਰਦੇਸ਼ ਅਨੁਸਾਰ 'ਮਿਸ਼ਨ ਸਵਸਥ ਕਵਚ' ਤਹਿਤ ਐੱਸ ਐੱਸ ਡੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਹੀਰੋ ਹਾਰਟ ਲੁਧਿਆਣਾ ਤੋਂ ਆਈ ਮੈਡੀਕਲ ਟੀਮ ਨੇ ਵਿਦਿਆਰਥੀਆਂ ਨੂੰ ਸੀ ਪੀ ਆਰ ਦੇ ਤਹਿਤ ਕਿਸੇ ਵਿਅਕਤੀ ਨੂੰ ਦਿਲ ਦਾ ਦੌਰਾ ਪੈਣ 'ਤੇ ਕਿਵੇਂ ਮੁਢਲੀ ਸਹਾਇਤਾ ਦੇ ਕੇ ਜਾਨ ਬਚਾਈ ਜਾ ਸਕਦੀ ਹੈ, ਦੇ ਨੁਕਤੇ ਸਾਂਝੇ ਕਰਨ ਦੇ ਨਾਲ ਨਾਲ ਆਪਣੇ ਖ਼ੂਨ ਦੇ ਦਬਾਅ ਨੂੰ ਸਮੇਂ ਸਮੇਂ ਸਿਰ ਚੈੱਕ ਕਰਵਾਉਣ ਦੇ ਨਾਲ ਨਾਲ ਆਪਣੇ ਖਾਣ ਪੀਣ ਤੇ ਰੋਜ਼ਾਨਾ ਕਸਰਤ ਕਰਨ ਦੀ ਵਿਦਿਆਰਥੀਆਂ ਨੂੰ ਨਸੀਹਤ ਦਿੱਤੀ।ਇਸ ਮੌਕੇ ਸਕੂਲ ਦੇ ਕਾਰਜਕਾਰੀ ਪ੍ਰਿੰਸੀਪਲ ਨਿਰੰਜਣ ਕੁਮਾਰ ਨੇ ਮੈਡੀਕਲ ਟੀਮ ਦੇ ਰਿਸਰਚ ਅਸਿਸਟੈਂਟ ਵਰਿੰਦਰ ਦੁਗਾਂ ਨਾਲ ਉਨ੍ਹਾਂ ਦੀ ਸਮੁੱਚੀ ਟੀਮ ਦਾ ਸਕੂਲ ਵਿੱਚ ਆਉਣ 'ਤੇ ਜੀ ਆਇਆਂ ਨੂੰ ਕਹਿਣ ਦੇ ਨਾਲ ਨਾਲ ਧੰਨਵਾਦ ਵੀ ਕੀਤਾ ਅਤੇ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਅੱਜ ਦੇ ਫਾਸਟ ਫੂਡ ਦੇ ਯੁਗ ਵਿੱਚ ਖਾਣ-ਪੀਣ ਦੇ ਸੰਬੰਧ ਵਿੱਚ ਇਹਤਿਆਤ ਰੱਖਣ ਤੇ ਰੋਜ਼ਾਨਾ ਕਸਰਤ ਕਰਨ ਦੀ ਨਸੀਹਤ ਦਿੱਤੀ।ਇਸ ਪ੍ਰੋਗਰਾਮ ਦਾ ਸੰਚਾਲਨ ਸਕੂਲ ਦੇ ਮੈਡੀਕਲ ਇੰਚਾਰਜ ਗੁਰਪ੍ਰੀਤ ਕੌਰ ਨੇ ਕੀਤਾ।

## ਹਰਭਜਨ ਸਿੰਘ ਗੁਰਦੁਆਰਾ ਰਾਮਗੜ੍ਹੀਆ ਸਭਾ ਦੀ ਪ੍ਰਬੰਧਕੀ ਦੇ ਪ੍ਰਧਾਨ ਬਣੇ

### ਸੈਕਟਰੀ ਦੀ ਜ਼ਿੰਮੇਵਾਰੀ ਜਗਤਾਰ ਸਿੰਘ ਨੂੰ ਸੌਂਪੀ



**ਧੂਰੀ (ਸੁਖਦੇਵ ਧੂਰੀ)**-ਗੁਰਦੁਆਰਾ ਰਾਮਗੜ੍ਹੀਆ ਸਭਾ ਧੂਰੀ ਵਿਖੇ ਪੰਜ ਮੈਂਬਰੀ ਕਮੇਟੀ ਦੀ ਅਗਵਾਈ ਹੇਠ ਗੁਰਦੁਆਰਾ ਰਾਮਗੜ੍ਹੀਆ ਸਭਾ ਦੀ ਪ੍ਰਬੰਧਕੀ ਕਮੇਟੀ ਦੀ ਚੋਣ ਕੀਤੀ ਗਈ।ਇਸ ਮੌਕੇ ਪੰਜ ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ, ਜਿਸ ਵਿੱਚ ਨਿਧਾਨ ਸਿੰਘ ਦਿਓਲ, ਹਰਬਨ ਸਿੰਘ ਲੋਟੇ, ਤੇਜਿੰਦਰ ਸਿੰਘ ਨੰਨੜੇ, ਮਹਿੰਦਰ ਸਿੰਘ ਛਾਪੇ ਵਾਲੇ ਤੇ ਗੁਰਬਖ਼ਸ਼ ਸਿੰਘ ਗੁੱਡ ਸ਼ਾਮਲ ਸਨ।ਇਸ ਪੰਜ ਮੈਂਬਰੀ ਕਮੇਟੀ ਵੱਲੋਂ ਸਰਬਸੰਮਤੀ ਨਾਲ ਗੁਰਦੁਆਰਾ ਰਾਮਗੜ੍ਹੀਆ ਸਭਾ ਦੀ ਪ੍ਰਬੰਧਕੀ ਕਮੇਟੀ ਦਾ ਪ੍ਰਧਾਨ ਹਰਭਜਨ ਸਿੰਘ, ਚੇਅਰਮੈਨ ਉਦੇ ਸਿੰਘ, ਮੀਤ ਪ੍ਰਧਾਨ ਅਮਰੀਕ ਸਿੰਘ, ਸੈਕਟਰੀ ਜਗਤਾਰ ਸਿੰਘ, ਮੀਤ ਸੈਕਟਰੀ ਪਰਮਿੰਦਰ ਸਿੰਘ, ਖਜ਼ਾਨਚੀ ਜਸਵਿੰਦਰ ਸਿੰਘ, ਸਹਾਇਕ ਖਜ਼ਾਨਚੀ ਗੁਰਪ੍ਰੀਤ ਸਿੰਘ ਤੇ ਕੁਲਦੀਪ ਸਿੰਘ, ਸਿਆਮ ਸਿੰਘ, ਲਖਵਿੰਦਰ ਸਿੰਘ, ਸਰਬਜੀਤ ਸਿੰਘ, ਪਰਮਿੰਦਰ ਸਿੰਘ ਪੰਪੀ ਤੇ ਸੁਖਵਿੰਦਰ ਸਿੰਘ ਆਦਿ ਕਮੇਟੀ ਮੈਂਬਰ ਚੁਣੇ ਗਏ।ਇਸ ਮੌਕੇ ਗੁਰਦੁਆਰਾ ਰਾਮਗੜ੍ਹੀਆ ਸਭਾ ਦੀ ਪ੍ਰਬੰਧਕੀ ਕਮੇਟੀ ਪ੍ਰਧਾਨ ਹਰਭਜਨ ਸਿੰਘ ਨੇ ਸਮੂਹ ਰਾਮਗੜ੍ਹੀਆ ਭਾਈਚਾਰੇ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਆਪਣੀ ਜ਼ਿੰਮੇਵਾਰੀ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ।ਇਸ ਮੌਕੇ ਰਾਮਗੜ੍ਹੀਆ ਨਿਸ਼ਕਾਮ ਸੇਵਾ ਯੂਥ ਕਲੱਬ ਧੂਰੀ ਵੱਲੋਂ ਨਵੀਂ ਚੁਣੀ ਗਈ ਗੁਰਦੁਆਰਾ ਰਾਮਗੜ੍ਹੀਆ ਸਭਾ ਦੀ ਪ੍ਰਬੰਧਕੀ ਕਮੇਟੀ ਨੂੰ ਹਰ ਤਰ੍ਹਾਂ ਦੇ ਸਹਿਯੋਗ ਦਾ ਭਰੋਸਾ ਦਿਵਾਇਆ ਗਿਆ।

## ਗੋਲਡ ਮੈਡਲ ਜੇਤੂ ਵਿਦਿਆਰਥੀ ਦਾ ਦੇਸੀ ਘਿਓ ਨਾਲ ਸਨਮਾਨ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਬਲਾਕ ਪੱਧਰੀ ਖੇਡ ਮੁਕਾਬਲੇ ਵਿੱਚ 28 ਕਿੱਲੋ ਵਰਗ ਕੁਸ਼ਤੀ ਮੁਕਾਬਲੇ ਵਿੱਚ ਸੋਨੇ ਦਾ ਤਮਗਾ ਜਿੱਤਣ ਵਾਲੇ ਸਰਕਾਰੀ ਮਿਡਲ ਸਕੂਲ ਖਿਆਲੀ ਦੇ ਹੋਣਹਾਰ ਵਿਦਿਆਰਥੀ ਸਾਵਰਪ੍ਰੀਤ ਸਿੰਘ ਪੁੱਤਰ ਅਮਨਦੀਪ ਸਿੰਘ ਦਾ ਪਿੰਡ ਖਿਆਲੀ ਦੇ ਮੁਹਤਬਰਾਂ, ਗ੍ਰਾਮ ਪੰਚਾਇਤ, ਸਮਾਜ ਸੇਵੀ ਸੰਸਥਾਵਾਂ ਵੱਲੋਂ ਵਿਸ਼ੇਸ਼ ਤੌਰ 'ਤੇ ਦੇਸੀ ਘਿਓ ਤੇ ਨਗਦ ਰਾਸ਼ੀ ਨਾਲ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਸ ਮੌਕੇ ਸਮਾਜ ਸੇਵਕ ਲੱਖਾ ਖਿਆਲੀ, ਰਾਜਾ ਰਾਮ ਬੱਗੂ, ਮਨਦੀਪ ਸਿੰਘ ਹਾਂਸ, ਗੁਰਮੇਲ ਸਿੰਘ ਠੁੱਲੀਵਾਲ, ਜਗਸੀਰ ਸਿੰਘ ਫੌਜੀ ਨੇ ਹੋਣਹਾਰ ਕੁਸ਼ਤੀ ਖਿਡਾਰੀ ਨੂੰ ਆਸ਼ੀਰਵਾਦ ਦਿੰਦਿਆਂ ਕਿਹਾ ਕਿ ਉਸ ਨੇ ਮਾਣ-ਮੱਤੀ ਪ੍ਰਾਪਤੀ ਕਰਕੇ ਦੇਸ਼ ਵਿਦੇਸ਼ ਵਿੱਚ ਨਗਰ ਖਿਆਲੀ ਤੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ ਹੈ।ਸਾਵਰਪ੍ਰੀਤ ਸਿੰਘ ਨੂੰ ਯੋਗ ਅਗਵਾਈ ਦੇਣ ਲਈ ਇਕ ਕੋਚ ਦਾ ਪ੍ਰਬੰਧ ਕੀਤਾ ਜਾਵੇਗਾ।ਭਾਈ ਲਾਲੋ ਪੰਜਾਬੀ ਮੰਚ ਦੇ ਸੂਬਾ ਪ੍ਰਧਾਨ ਹਰਜੀਤ ਸਿੰਘ ਖਿਆਲੀ, ਬਵਨ ਸਿੰਘ ਖਿਆਲੀ ਨੇ ਜੇਤੂ ਖਿਡਾਰੀ ਨੂੰ ਮੁਬਾਰਕਬਾਦ ਦਿੰਦਿਆਂ ਇਸ ਤੋਂ ਸੇਧ ਲੈ ਕੇ ਹੋਰਨਾਂ ਵਿਦਿਆਰਥੀਆਂ ਨੂੰ ਵੀ ਖੇਡਾਂ ਵਿੱਚ ਮੱਲਾਂ ਮਾਰਨ ਲਈ ਲਗਨ, ਮਿਹਨਤ ਨਾਲ ਅੱਗੇ ਆਉਣ ਦੀ ਅਪੀਲ ਕੀਤੀ ਹੈ।

## ਹੋਣਹਾਰ ਵਿਦਿਆਰਥੀਆਂ ਦਾ ਨਗਦੀ ਨਾਲ ਕੀਤਾ ਸਨਮਾਨ



**ਕੋਟਕਪੂਰਾ (ਰਛਪਾਲ ਭੁੱਲਰ)**-ਸਮਾਜਿਕ ਤਬਦੀਲੀ ਦੀ ਸ਼ੁਰੂਆਤ ਸਾਨੂੰ ਸਾਰਿਆਂ ਨੂੰ 'ਮੈਂ' (ਸੈਲਫ਼) ਤੋਂ ਕਰਨੀ ਪਵੇਗੀ ਤਾਂ ਹੀ ਸਮਾਜ ਵਿੱਚ ਦਿਨੋਂ ਦਿਨ ਪੈਦਾ ਹੋ ਰਹੀਆਂ ਕਈ ਕੁਰੀਤੀਆਂ ਨੂੰ ਠੱਲ੍ਹ ਪੈ ਸਕਦੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਡਾਕਟਰ ਪ੍ਰਭਦੇਵ ਸਿੰਘ ਬਰਾੜ ਅੱਖਾਂ ਦੇ ਮਾਹਰ ਨੇ ਰਾਮ ਮੁਹੰਮਦ ਸਿੰਘ ਆਜ਼ਾਦ ਵੈੱਲਫੇਅਰ ਸੋਸਾਇਟੀ ਵੱਲੋਂ ਇੱਥੋਂ ਥੋੜ੍ਹੀ ਦੂਰ ਸ਼ਹੀਦ ਗੁਰਪ੍ਰੀਤ ਸਿੰਘ ਪੀ ਐੱਮ ਸ਼੍ਰੀ ਸਰਕਾਰੀ ਹਾਈ ਸਕੂਲ ਢਿੱਲਵਾਂ ਕਲਾਂ ਵਿਖੇ ਆਪਣੇ ਸਤਿਕਾਰਯੋਗ ਪਿਤਾ ਤੇ ਸਕੂਲ ਦੇ ਪਹਿਲੇ ਮੁੱਖ ਅਧਿਆਪਕ ਸ੍ਰ. ਜਗਦੇਵ ਸਿੰਘ ਬਰਾੜ ਦੀ ਨਿੱਘੀ ਯਾਦ ਵਿੱਚ ਹੋਏ ਵਿਦਿਆਰਥੀ ਸਨਮਾਨ ਸਮਾਗਮ ਨੂੰ ਸੰਬੋਧਨ ਕਰਦਿਆਂ ਕੀਤਾ ਗਿਆ।ਸਮਾਗਮ ਦੇ ਸ਼ੁਰੂ ਵਿੱਚ ਸਕੂਲ ਦੇ ਮੁੱਖ ਅਧਿਆਪਕ ਬਲਵਿੰਦਰ ਸਿੰਘ ਸਿੱਧੂ ਵੱਲੋਂ ਸਮੂਹ ਹਾਜ਼ਰੀਨ ਨੂੰ ਜੀ ਆਇਆਂ ਆਖਿਆ ਤੇ ਆਪਣੇ ਸਕੂਲ ਦੀਆਂ ਵਿੱਦਿਅਕ ਤੇ ਖੇਡਾਂ ਦੇ ਖੇਤਰ ਵਿੱਚ ਕੀਤੀਆਂ ਗਈਆਂ ਸ਼ਾਨਦਾਰ ਪ੍ਰਾਪਤੀਆਂ ਸਾਂਝੀਆਂ ਕੀਤੀਆਂ ਗਈਆਂ।ਸਨਮਾਨ ਸਮਾਗਮ ਨੂੰ ਸੰਬੋਧਨ ਕਰਦਿਆਂ ਸੁਸਾਇਟੀ ਦੇ ਅਹੁਦੇਦਾਰ ਪ੍ਰੇਮ ਚਾਵਲਾ, ਕੁਲਵੰਤ ਸਿੰਘ ਚਾਨੀ, ਗੁਰਿੰਦਰ ਸਿੰਘ ਮਹਿੰਦੀਰੱਤਾ, ਸੋਮ ਨਾਥ ਅਰੋੜਾ, ਦਰਸ਼ਨ ਸਿੰਘ ਫੌਜੀ ਤੇ ਇਕਬਾਲ ਸਿੰਘ ਮੰਘੇੜਾ ਨੇ ਸੋਸਾਇਟੀ ਵੱਲੋਂ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਪਿਛਲੇ 8, ਸਾਲਾਂ ਤੋਂ ਕੀਤੇ ਜਾ ਰਹੇ ਕਾਰਜਾਂ ਸਬੰਧੀ ਰੌਸ਼ਨੀ ਪਾਈ।ਸਮਾਗਮ ਦੌਰਾਨ ਮੁੱਖ ਮਹਿਮਾਨ ਡਾਕਟਰ ਪ੍ਰਭਦੇਵ ਸਿੰਘ ਬਰਾੜ ਨੇ ਸਕੂਲ ਦੇ ਛੇਵੀ ਤੋਂ ਦਸਵੀਂ ਜਮਾਤ ਤੱਕ ਦੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਤ ਕਰਨ ਦੇ ਨਾਲ-ਨਾਲ ਵਿੱਦਿਅਕ ਸੈਸ਼ਨ 2024-25 ਦੌਰਾਨ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਸੰਚਾਲਿਤ ਦਸਵੀਂ ਜਮਾਤ ਦੀ ਪ੍ਰੀਖਿਆ ਵਿੱਚੋਂ ਪਹਿਲਾ ਸਥਾਨ ਹਾਸਲ ਕਰਨ ਵਾਲੇ ਨਵਦੀਪ ਕੌਰ ਪੁੱਤਰੀ ਬਿੰਦਰ ਸਿੰਘ ਨੂੰ ਨਗਦ ਰਾਸ਼ੀ 15000 ਰੁਪਏ, ਦੂਜਾ ਸਥਾਨ ਪ੍ਰਾਪਤ ਕਰਨ ਵਾਲੇ ਅੰਮ੍ਰਿਤਪਾਲ ਕੌਰ ਪੁੱਤਰੀ ਸਿੰਦਰਪਾਲ ਸਿੰਘ ਨੂੰ ਨਗਦ ਰਾਸ਼ੀ 13000 ਰੁਪਏ ਤੇ ਤੀਜਾ ਸਥਾਨ ਹਾਸਲ ਕਰਨ ਵਾਲੇ ਨਵਦੀਪ ਕੌਰ ਪੁੱਤਰੀ ਨਿਰਮਲ ਸਿੰਘ ਨੂੰ ਨਗਦ ਰਾਸ਼ੀ 11000 ਰੁਪਏ ਦੇ ਕੇ ਸਨਮਾਨਤ ਕੀਤਾ ਗਿਆ।ਇਸ ਸਮਾਗਮ ਦਾ ਸਟੇਜ ਸੰਚਾਲਨ ਗੁਰਸ਼ਰਨ ਸਿੰਘ ਸਾਇੰਸ ਮਾਸਟਰ ਵੱਲੋਂ ਬਾਖੂਬੀ ਨਿਭਾਇਆ ਗਿਆ।ਇਸ ਮੌਕੇ ਸਕੂਲ ਦੇ ਪੰਜਾਬੀ ਅਧਿਆਪਕ ਰੁਪਿੰਦਰ ਸਿੰਘ ਤੇ ਸਮੁੱਚੇ ਸਟਾਫ ਮੈਂਬਰ ਹਾਜ਼ਰ ਸਨ।

## ਮੁਕਤੀਸਰ ਸੰਸਥਾ ਨੇ ਵੱਖ-ਵੱਖ ਥਾਈਂ ਮਠਿਆਈਆਂ ਤੇ ਫਲ ਵੰਡੇ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਲੋਕਾਂ ਦੀ ਭਲਾਈ ਲਈ ਵੱਡੇ ਪੱਧਰ 'ਤੇ ਕੰਮ ਕਰ ਰਹੀ ਨੈਸ਼ਨਲ ਅਵਾਰਡੀ ਸੰਸਥਾ ਮੁਕਤੀਸਰ ਵੈੱਲਫੇਅਰ ਕਲੱਬ ਵੱਲੋਂ ਬੀਤੇ ਦਿਨ ਵੱਖ ਵੱਖ ਥਾਵਾਂ ਜਿਵੇਂ ਕਿ ਬਿਰਧ ਆਸ਼ਰਮ, ਕੁਸ਼ਟ ਆਸ਼ਰਮ, ਨੇਤਰਹੀਣ ਆਸ਼ਰਮ, ਸਿਵਲ ਹਸਪਤਾਲ ਤੇ ਝੁੱਗੀ ਝੌਂਪੜੀਆਂ ਵਿੱਚ ਜਾ ਕੇ ਲੋਕਾਂ ਦਾ ਹਾਲ-ਚਾਲ ਪੁੱਛਿਆ ਤੇ ਉਨ੍ਹਾਂ ਨੂੰ ਮਠਿਆਈ ਤੇ ਫਲ ਫਰੂਟ ਵੰਡੇ ਗਏ। ਇਸ ਮੌਕੇ ਜਗਦੀਪ ਸਿੰਘ ਕਾਕਾ ਬਰਾੜ ਦੇ ਸਪੁੱਤਰ ਬਿਕਰਮ ਬਾਜ ਸਿੰਘ ਬਰਾੜ, ਏ.ਆਰ.ਟੀ.ਓ. ਜਸਵਿੰਦਰ ਕੰਬੋਜ, ਡੀ.ਐੱਸ.ਪੀ. ਅਮਨਦੀਪ ਸਿੰਘ ਤੇ ਮੁਕਤੀਸਰ ਵੈੱਲਫੇਅਰ ਕਲੱਬ ਦੇ ਪ੍ਰਧਾਨ ਜਸਪ੍ਰੀਤ ਸਿੰਘ ਛਾਬੜਾ, ਸਰਬਜੀਤ ਸਿੰਘ ਦਰਦੀ, ਬੂਟਾ ਰਾਮ ਕਮਰਾ ਹਾਜ਼ਰ ਸਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਹੋਏ ਜਸਪ੍ਰੀਤ ਸਿੰਘ ਛਾਬੜਾ ਨੇ ਕਿਹਾ ਕਿ ਤਿਉਹਾਰ ਦੇ ਦਿਨਾਂ ਦੇ ਵਿੱਚ ਜਿੱਥੇ ਲੋਕ ਆਪਣੇ ਪਰਵਾਰਾਂ ਨਾਲ ਖੁਸ਼ੀਆਂ ਸਾਂਝੀਆਂ ਕਰਦੇ ਹਨ, ਉਥੇ ਸੰਸਥਾ ਵੱਲੋਂ ਹਰੇਕ ਸਾਲ ਹੀ ਉਨ੍ਹਾਂ ਆਸ਼ਰਮਾਂ ਵਿੱਚ ਜ਼ਰੂਰਤਮੰਦ ਲੋਕਾਂ ਵਿੱਚ ਜਾ ਕੇ ਵੀ ਲੋਕਾਂ ਨਾਲ ਖੁਸ਼ੀਆਂ ਸਾਂਝੀਆਂ ਕੀਤੀਆਂ ਜਾਂਦੀਆਂ ਹਨ ਅਤੇ ਉਹਨਾਂ ਦੇ ਪਰਿਵਾਰ ਦਾ ਹਾਲ ਚਾਲ ਪੁੱਛਿਆ ਜਾਂਦਾ ਹੈ। ਇਸ ਦੌਰਾਨ ਏ ਆਰ.ਟੀ.ਓ. ਜਸਵਿੰਦਰ ਕੰਬੋਜ ਤੇ ਡੀ.ਐੱਸ.ਪੀ. ਅਮਨਦੀਪ ਸਿੰਘ ਨੇ ਨੇ ਮੁਕਤੀਸਰ ਵੈੱਲਫੇਅਰ ਕਲੱਬ ਦੀ ਟੀਮ ਦੀ ਸ਼ਲਾਘਾ ਕੀਤੀ। ਇਸ ਦੌਰਾਨ ਵਿਧਾਇਕ ਦੇ ਨਿੱਜੀ ਸਕੱਤਰ ਵਿੱਕੀ ਕੁਮਾਰ, ਟ੍ਰੈਫਿਕ ਐਜੂਕੇਸ਼ਨ ਸੈੱਲ ਦੇ ਇੰਚਾਰਜ ਹਰਿਮੰਦਰ ਸਿੰਘ, ਬਲੌਰ ਸਿੰਘ ਤੇ ਮੁਕਤੀਸਰ ਵੈੱਲਫੇਅਰ ਕਲੱਬ ਦੇ ਮੈਂਬਰ ਆਦਿ ਹਾਜ਼ਰ ਸਨ।

## ਘਰ ਦੇ ਬਾਹਰੋਂ ਮਹਿੰਦਰਾ ਪਿੱਕਅਪ ਚੋਰੀ, ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਤਲਵੰਡੀ ਭਾਈ ਵਿਖੇ ਇਕ ਵਿਅਕਤੀ ਦੇ ਘਰ ਦੇ ਬਾਹਰੋਂ ਮਹਿੰਦਰਾ ਪਿੱਕਅਪ ਗੱਡੀ ਚੋਰੀ ਕਰਨ ਦੇ ਦੋਸ਼ ਵਿੱਚ ਥਾਣਾ ਤਲਵੰਡੀ ਭਾਈ ਪੁਲਸ ਨੇ ਅਣਪਛਾਤੇ ਵਿਅਕਤੀਆਂ ਖਿਲਾਫ 303 (2), ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਸਰਬਜੋਤ ਸਿੰਘ ਪੁੱਤਰ ਹਰਭਜਨ ਸਿੰਘ ਵਾਸੀ ਵਾਰਡ ਨੰਬਰ 9 ਸੈਂਭੀ ਵਾਲੀ ਗਲੀ ਤਲਵੰਡੀ ਭਾਈ ਨੇ ਦੱਸਿਆ ਕਿ ਬੀਤੀ 22 ਅਕਤੂਬਰ 2025 ਦੀ ਰਾਤ ਨੂੰ ਉਸ ਦੀ ਗੱਡੀ ਮਹਿੰਦਰਾ ਪਿੱਕਅਪ ਨੰਬਰ ਪੀਬੀ 30 ਐੱਨ 6184 ਮਾਡਲ 2014 ਘਰ ਦੇ ਬਾਹਰ ਖੜੀ ਸੀ। ਸਰਬਜੋਤ ਸਿੰਘ ਨੇ ਦੱਸਿਆ ਕਿ ਉਸ ਦੀ ਗੱਡੀ ਅਣਪਛਾਤੇ ਚੋਰਾਂ ਵੱਲੋਂ ਚੋਰੀ ਕਰ ਲਈ ਗਈ ਹੈ, ਜਿਸ ਦੀ ਕੀਮਤ 4 ਲੱਖ 50 ਹਜ਼ਾਰ ਰੁਪਏ ਬਣਦੀ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਹੌਲਦਾਰ ਬਲਦੇਵ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

# ਹੜ੍ਹ ਪੀੜਤ ਕਿਸਾਨਾਂ ਨੂੰ ਵੰਡਿਆ ਜਾਵੇਗਾ ਮੁਫਤ 74 ਕਰੋੜ ਰੁਪਏ ਮੁੱਲ ਦਾ 2 ਲੱਖ ਕੁਇੰਟਲ ਕਣਕ ਦਾ ਬੀਜ : ਧਾਲੀਵਾਲ



**ਅੰਮ੍ਰਿਤਸਰ/ਅਜਨਾਲਾ/ਰਮਦਾਸ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ, ਸੁਖਵਿੰਦਰ ਸਿੰਘ ਰਾਜੂ)**-ਹਲਕਾ ਅਜਨਾਲਾ ਦੇ ਹੜ੍ਹ ਪੀੜਤ ਕਿਸਾਨਾਂ 'ਚ ਪੰਜਾਬ ਸਰਕਾਰ ਵੱਲੋਂ ਹਾੜੀ ਦੀ ਮੁੱਖ ਫਸਲ ਕਣਕ ਦੇ ਸੁਧਰੇ ਬੀਜ ਦੀ ਮੁਫ਼ਤ ਵੰਡ ਮੁਹਿੰਮ ਦੀ ਪ੍ਰਕਿਰਿਆ ਦਾ ਆਗਾਜ਼ ਹਲਕਾ ਵਿਧਾਇਕ ਤੇ ਸਾਬਕਾ ਕੈਬਨਿਟ ਮੰਤਰੀ ਪੰਜਾਬ ਸ. ਕੁਲਦੀਪ ਸਿੰਘ ਧਾਲੀਵਾਲ ਨੇ ਕੀਤਾ ਅਤੇ ਹੜ੍ਹਾਂ ਦੀ ਕਰੋਪੀ ਤੋਂ ਬੁਰੀ ਤਰ੍ਹਾਂ ਪ੍ਰਭਾਵਿਤ ਪਿੰਡ ਸਿੰਘੋਕੇ-ਨਿਸੋਕੇ ਵਿਖੇ ਤੇ ਪਿੰਡ ਪੰਡੋਰੀ ਵਿਖੇ ਕਰਵਾਏ ਸਾਦੇ ਤੇ ਪ੍ਰਭਾਵਸ਼ਾਲੀ ਸਮਾਗਮਾਂ ਦੌਰਾਨ 204 ਕਿਸਾਨਾਂ 'ਚ ਕਣਕ ਦੀ ਸੁਧਰੀ ਡੀ. ਬੀ. ਡਬਲਿਊ. 327 ਕਿਸਮ ਦੇ ਬੀਜ ਦੇ 795 ਥੈਲਾਂ ਦੀ ਮੁਫ਼ਤ ਵੰਡ ਕੀਤੀ।ਸਮਾਗਮ ਨੂੰ ਸੰਬੋਧਨ ਕਰਦਿਆਂ ਸ. ਧਾਲੀਵਾਲ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਵੱਲੋਂ ਹਲਕਾ ਅਜਨਾਲਾ 'ਚ ਨੁਕਸਾਨੀਆਂ ਗਈਆਂ ਫਸਲਾਂ ਤੋਂ ਪ੍ਰਭਾਵਿਤ ਕਿਸਾਨਾਂ 'ਚ ਪ੍ਰਤੀ ਏਕੜ 20 ਹਜ਼ਾਰ ਰੁਪਏ ਮੁਆਵਜ਼ਾ ਦੇਣ ਦੀ ਪੰਜਾਬ ਪੱਧਰੀ ਸ਼ੁਰੂਆਤ ਲਈ ਅਜਨਾਲਾ ਹਲਕੇ ਨੂੰ ਪਹਿਲ ਦਿੱਤੇ ਜਾਣ ਤੋਂ ਪ੍ਰਤੱਖ ਹੈ ਕਿ ਮੁੱਖ ਮੰਤਰੀ ਸ. ਮਾਨ ਸਿੱਧੇ ਤੌਰ 'ਤੇ ਹਲਕਾ ਅਜਨਾਲਾ ਨੂੰ ਪੂਰਾ ਮਾਨ ਸਤਿਕਾਰ ਦਿੰਦੇ ਹਨ ਅਤੇ ਹੁਣ ਮੁੱਖ ਮੰਤਰੀ ਪੰਜਾਬ ਸ. ਮਾਨ ਵਲੋਂ ਹੀ ਦਿਸ਼ਾ ਨਿਰਦੇਸ਼ ਪ੍ਰਾਪਤ ਹੋਏ ਹਨ ਕਿ ਸਭ ਤੋਂ ਪਹਿਲਾਂ ਅਜਨਾਲਾ ਹਲਕੇ ਦੇ ਹੜ੍ਹ ਪੀੜਤ ਕਿਸਾਨਾਂ 'ਚ ਕਣਕ ਦੇ ਸੁਧਰੇ ਬੀਜ਼ ਦੀ ਮੁਫਤ ਵੰਡ ਪ੍ਰੀਕਿਰਿਆ ਦਾ ਆਗਾਜ਼ ਕੀਤਾ ਜਾਵੇ। ਸ. ਧਾਲੀਵਾਲ ਨੇ ਕਿਹਾ ਕਿ ਸੂਬਾ ਮਾਨ ਸਰਕਾਰ ਦੇਸ਼ ਭਰ 'ਚੋਂ ਨੁਕਸਾਨੀਆਂ ਫਸਲਾਂ ਦਾ 20 ਹਜ਼ਾਰ ਰੁਪਏ ਪ੍ਰਤੀ ਏਕੜ ਮੁਆਵਜ਼ਾ ਦੇਣ ਦਾ ਕੀਰਤੀਮਾਨ ਸਥਾਪਿਤ ਕਰਨ ਉਪਰੰਤ ਹੜ੍ਹ ਪੀੜਤ ਕਿਸਾਨਾਂ ਨੂੰ ਮੁਫਤ ਕਣਕ ਦਾ ਬੀਜ ਮੁਹੱਈਆ ਕਰਵਾਉਣ ਦਾ ਆਪਣਾ ਵਾਅਦਾ ਅਮਲੀ ਰੂਪ 'ਚ ਪੂਰਾ ਕਰਨ ਲਈ ਪੱਬਾਂ ਭਾਰ ਹੋ ਗਈ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਇਸ ਸੰਕਟ ਦੇ ਸਮੇਂ ਕਿਸਾਨਾਂ ਦੇ ਨਾਲ ਡੱਟ ਕੇ ਖੜੀ ਹੈ ਅਤੇ ਸੰਕਟ ਨੂੰ ਦੂਰ ਕਰਨ ਵਿਚ ਕੋਈ ਕਸਰ ਬਾਕੀ ਨਹੀ ਛੱਡ ਰਹੀ, ਜਿਸ ਤਹਿਤ ਪੰਜਾਬ ਭਰ 'ਚ ਹੜ੍ਹ ਪ੍ਰਭਾਵਿਤ ਖੇਤਰਾਂ 'ਚ ਖਰਾਬ ਹੋਈ 5 ਲੱਖ ਏਕੜ ਫਸਲ ਤੋਂ ਪ੍ਰਭਾਵਿਤ ਕਿਸਾਨਾਂ 'ਚ 74 ਕਰੋੜ ਰੁਪਏ ਮੁੱਲ ਦਾ 2 ਲੱਖ ਕੁਇੰਟਲ ਸੁਧਰਿਆ ਹੋਇਆ ਕਣਕ ਬੀਜ ਮੁਫਤ ਮੁਹੱਈਆ ਕਰਵਾਉਣ ਦੀ ਬਕਾਇਦਾ ਰਸਮੀ ਤੌਰ ਤੇ ਪ੍ਰਕਿਰਿਆ ਅਰੰਭ ਕਰ ਦਿੱਤੀ ਗਈ ਹੈ।ਉਨ੍ਹਾਂ ਕੇਂਦਰੀ ਸਰਕਾਰ ਨੂੰ ਆੜੇ ਹੱਥੀਂ ਲਿਆ ਅਤੇ ਕਿਹਾ ਕਿ ਕੇਂਦਰ ਦੇ 3 ਦਰਜਨ ਦੇ ਕਰੀਬ ਵੱਖ-ਵੱਖ ਵਿਭਾਗਾਂ ਦੇ ਕੇਂਦਰੀ ਵਜ਼ੀਰਾਂ ਸਮੇਤ ਅਧਿਕਾਰੀਆਂ ਦੀਆਂ ਟੀਮਾਂ ਵਲੋਂ ਹੜ੍ਹ ਪ੍ਰਭਾਵਿਤ ਖੇਤਰ ਦਾ ਦੌਰਾ ਕਰਕੇ ਨੁਕਸਾਨ ਦਾ ਵੀ ਜਾਇਜ਼ਾ ਲਿਆ ਗਿਆ, ਪਰ ਹੜ੍ਹਾਂ ਦੀ ਮਾਰ ਕਾਰਣ ਬਰਬਾਦ ਹੋਏ ਤੇ ਵਧੇਰੇ ਨਮੀ ਵਾਲੇ ਝੋਨੇ ਦੀ ਸਰਕਾਰੀ ਖਰੀਦ 'ਚ ਕਿਸਾਨਾਂ ਦੀ ਬੇਲੋੜੀ ਸੰਭਾਵੀ ਖੱਜਲ ਖੁਆਰੀ ਨੂੰ ਰੋਕਣ ਲਈ ਖਰੀਦ ਨਿਯਮਾਂ 'ਚ ਕੋਈ ਢਿੱਲ ਦੇਣ ਸਮੇਤ ਪੰਜਾਬ ਦੇ ਹੜ੍ਹ ਪੀੜਤ ਖੇਤਰ ਦੇ ਲੋਕਾਂ ਲਈ ਕੋਈ ਵਿਸ਼ੇਸ਼ ਪੈਕੇਜ ਦਿਵਾਉਣ 'ਚ ਕੇਂਦਰੀ ਵਜ਼ੀਰਾਂ ਤੇ ਅਧਿਕਾਰੀਆਂ ਦੀ ਦੌਰਿਆਂ ਦੀ ਕਸਰਤ ਹੁਣ ਤੱਕ ਫਜ਼ੂਲ ਹੀ ਸਾਬਿਤ ਹੋਈ ਹੈ।ਜਦੋਂ ਕਿ ਪੰਜਾਬ ਸਰਕਾਰ ਵੱਲੋਂ 14 ਹਜ਼ਾਰ ਕਰੋੜ ਰੁਪਏ ਦੇ ਰਾਹਤ ਪੈਕੇਜ ਸਮੇਤ ਕੇਂਦਰ ਸਰਕਾਰ ਵੱਲ ਬਕਾਇਆ 60 ਹਜ਼ਾਰ ਕਰੋੜ ਰੁਪਏ ਦੀ ਰਾਸ਼ੀ ਨੂੰ ਜਾਰੀ ਕੀਤੇ ਜਾਣ ਲਈ ਉਨ੍ਹਾਂ ਗਈ ਹੱਕੀ ਅਵਾਜ਼ ਨੂੰ ਅਣਗੌਲਿਆਂ ਕਰਕੇ ਕੇਂਦਰ ਸਰਕਾਰ ਨੇ ਪੰਜਾਬ ਦੇ ਲੋਕਾਂ ਦੇ ਹੜ੍ਹਾਂ ਦੀ ਮਾਰ ਕਾਰਣ ਰਿਹਦੇ ਮਾਨਸਿਕ, ਸਮਾਜਿਕ, ਆਰਥਿਕ, ਜ਼ਖਮਾਂ 'ਤੇ ਉਲਟਾ ਲੂਣ ਹੀ ਛਿੜਕਿਆ ਹੈ। ਸ. ਧਾਲੀਵਾਲ ਨੇ ਦਾਅਵਾ ਕੀਤਾ ਕਿ ਮੁੱਖ ਮੰਤਰੀ ਮਾਨ ਦੀ ਸਰਕਾਰ ਆਪਣੇ ਸਰੋਤਾਂ ਤੋਂ ਹੜ੍ਹ ਪੀੜਤਾਂ ਦੇ ਰਾਹਤ 'ਚ ਖੜ੍ਹੇ ਆਖਰੀ ਪ੍ਰਭਾਵਿਤ ਵਿਅਕਤੀ ਨੂੰ ਰਾਹਤ ਦੇਣ ਲਈ ਵਚਨਬੱਧ ਹੈ।ਇਸ ਮੌਕੇ ਖੁਸ਼ਪਾਲ ਸਿੰਘ ਧਾਲੀਵਾਲ, ਜ਼ਿਲ੍ਹਾ ਮੁੱਖ ਖੇਤੀਬਾੜੀ ਅਫਸਰ ਡਾ: ਗੁਰਸਾਹਿਬ ਸਿੰਘ, ਬਲਾਕ ਅਜਨਾਲਾ ਖੇਤੀਬਾੜੀ ਅਫਸਰ ਡਾ: ਹਰਭਿੰਦਰ ਸਿੰਘ, ਦਫਤਰ ਸਕੱਤਰ ਗੁਰਜੰਟ ਸਿੰਘ ਸੋਹੀ, ਪੀਏ ਮੁਖਤਾਰ ਸਿੰਘ ਬਲੜਵਾਲ, ਸੂਬਾ ਸੀਨੀਅਰ ਆਗੂ ਹਰਬੀਰ ਸਿੰਘ ਬੱਬਲੂ ਸਿੰਧੀ, ਸਰਪੰਚ ਪ੍ਰਿਥੀਪਾਲ ਸਿੰਘ ਘੋਨੇਵਾਲ, ਸ਼ਹਿਰੀ ਪ੍ਰਧਾਨ ਹਰਪਾਲ ਸਿੰਘ ਆਦਿ ਮੌਜੂਦ ਸਨ।

# ਝੋਨੇ ਦਾ ਝਾੜ ਘਟਣ ਨਾਲ ਕਿਸਾਨਾਂ ਨੂੰ ਹੋਇਆ ਭਾਰੀ ਨੁਕਸਾਨ, ਸਰਕਾਰ ਬਾਂਹ ਫੜੇ : ਕਿਸਾਨ ਸਭਾ

**ਝਬਾਲ (ਹਰਜਿੰਦਰ ਸਿੰਘ ਸੋਨੀ)**-ਹੜ੍ਹਾਂ ਕਾਰਨ ਝੋਨੇ ਦਾ ਝਾੜ ਬਹੁਤ ਘੱਟ ਨਿਕਲਿਆ ਹੈ।ਔਸਤਨ ਪੰਜ ਸੱਤ ਕੁਇੰਟਲ ਪ੍ਰਤੀ ਏਕੜ।ਅਜਿਹੇ ਵਿੱਚ ਸਰਕਾਰ ਨੂੰ ਛੋਟੇ ਤੇ ਦਰਮਿਆਨੇ ਕਿਸਾਨਾਂ ਦੀ ਬਾਂਹ ਫੜਨੀ ਚਾਹੀਦੀ ਹੈ। ਪ੍ਰੈਸ ਨੂੰ ਬਿਆਨ ਜਾਰੀ ਕਰਦਿਆਂ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾਈ ਵਰਕਿੰਗ ਪ੍ਰਧਾਨ ਮਹਾਂਬੀਰ ਸਿੰਘ ਗਿੱਲ, ਜ਼ਿਲ੍ਹਾ ਪ੍ਰਧਾਨ ਪੂਰਨ ਸਿੰਘ ਮਾੜੀਮੇਘਾ, ਕਨਵੀਨਰ ਬਲਦੇਵ ਸਿੰਘ ਧੂੰਦਾ, ਜਨਰਲ ਸਕੱਤਰ ਬਲਕਾਰ ਸਿੰਘ ਵਲਟੋਹਾ, ਐਕਟਿੰਗ ਸਕੱਤਰ ਗੁਰਪ੍ਰੀਤ ਸਿੰਘ ਗੰਡੀਵਿੰਡ ਨੇ ਕਿਹਾ ਕਿ ਅਜਿਹੇ ਮਾੜੇ ਹਾਲਾਤ ਵਿੱਚ ਆਮ ਕਿਸਾਨ ਹੋਰ ਕਰਜ਼ੇ ਦੇ ਬੋਝ ਥੱਲੇ ਆ ਜਾਂਦਾ ਹੈ।ਇਸ ਕਰਕੇ ਪੰਜਾਬ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਇਸ ਘਾਟੇ ਦੀ ਪੂਰਤੀ ਲਈ ਕਿਸਾਨਾਂ ਨੂੰ ਮੁਆਵਜ਼ਾ ਦਿੱਤਾ ਜਾਵੇ ਅਤੇ ਬਿਨਾਂ ਵਿਆਜ ਲੋੜੀਂਦਾ ਕਰਜ਼ਾ ਦਿੱਤਾ ਜਾਵੇ।ਉਨ੍ਹਾਂ ਇਹ ਵੀ ਮੰਗ ਕੀਤੀ ਕਿ ਸਰਕਾਰ ਸੰਯੁਕਤ ਕਿਸਾਨ ਮੋਰਚੇ ਦੀ ਸਲਾਹ ਨਾਲ ਯੋਗ ਖੇਤੀ ਨੀਤੀ ਬਣਾਵੇ ਤਾਂ ਕਿ ਅਜਿਹੇ ਮਾੜੇ ਹਾਲਾਤ ਵਿੱਚ ਘਾਟੇ ਦੀ ਪੂਰਤੀ ਕੀਤੀ ਜਾਵੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਦਵਿੰਦਰ ਸੋਹਲ, ਰਣਜੀਤ ਸਿੰਘ ਬਹਾਦਰ ਨਗਰ, ਸੁਖਦੇਵ ਸਿੰਘ ਮਾਨੋਚਾਹਲ, ਕੁਲਬੀਰ ਸਿੰਘ ਕਸੇਲ, ਪਰਮਜੀਤ ਸਿੰਘ ਚੋਹਲਾ, ਰਾਜ ਗੋਬਿੰਦ ਸਿੰਘ, ਅਵਤਾਰ ਸਿੰਘ ਪਲਾਸੌਰ, ਮੋਤਾ ਸਿੰਘ ਸੋਹਲ ਵੀ ਹਾਜ਼ਰ ਸਨ।

## 'ਆਪ' ਦੇ ਹੱਕ 'ਚ ਪਾਰਟੀ ਵਰਕਰਾਂ ਦੀ ਮੀਟਿੰਗ ਭਲਕੇ



**ਤਰਨਤਾਰਨ (ਪ੍ਰਿਤਪਾਲ ਸਿੰਘ)**-ਵਾਰਡ ਨੰਬਰ 20 ਦੇ ਕੌਂਸਲਰ ਸੂਰਜ ਸ਼ਰਮਾ ਅਗਵਾਈ ਵਿੱਚ ਚੋਣ ਸਰਗਰਮੀਆਂ ਨੂੰ ਲੈ ਕੇ ਇਲਾਕੇ ਦੇ ਆਪ ਵਰਕਰ ਨਾਲ ਅੰਤਵਾਰ 'ਚ ਚੌਕ ਨੇੜੇ ਪੈਰਾਂ ਵਾਲਾ ਵਿਖੇ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਵਿਸ਼ੇਸ਼ ਮੀਟਿੰਗ ਆਯੋਜਨ ਕੀਤਾ ਜਾ ਰਿਹਾ ਹੈ।ਮੀਟਿੰਗ ਸਬੰਧੀ ਵਾਰਡ ਵਾਸੀਆਂ ਨੂੰ ਸੱਦਾ ਪੱਤਰ ਦਿੱਤੇ ਗਏ ਹਨ ਤਾਂ ਜੋ ਵੱਡੀ ਗਿਣਤੀ ਵਿੱਚ ਲੋਕ ਮੀਟਿੰਗ ਵਿੱਚ ਸ਼ਿਰਕਤ ਕਰ ਸਕਣ।ਮੀਟਿੰਗ ਦੌਰਾਨ ਹਲਕਾ ਤਰਨਤਾਰਨ ਦੀ ਉਪ-ਚੋਣ ਵਿੱਚ ਆਪ ਪਾਰਟੀ ਦੇ ਹਲਕਾ ਉਮੀਦਵਾਰ ਹਰਮੀਤ ਸਿੰਘ ਸੰਧੂ ਦੀ ਜਿੱਤ ਪ੍ਰਾਪਤ ਕਰਨ ਲਈ ਰਣਨੀਤੀ ਤੇ ਵਿਸ਼ੇਸ਼ ਚਰਚਾ ਕੀਤੀ ਜਾਵੇਗੀ।ਇਸਦੇ ਨਾਲ ਹੀ ਵਾਰਡ ਦੇ ਸਮੂਹ ਵਰਕਰਾਂ ਨੂੰ ਪ੍ਰਚਾਰ ਮੁਹਿੰਮ ਲਈ ਡਿਊਟੀਆਂ ਵੀ ਸੌਂਪੀਆਂ ਜਾਣਗੀਆਂ।ਇਸ ਮੌਕੇ ਨੀਰਜ ਸ਼ਰਮਾ, ਬਿਕਰਮਜੀਤ ਸਿੰਘ ਟਿੰਕੂ, ਸੰਨੀ, ਜਤਿਨ ਬਾਬਾ ਭੂਰਾ, ਸ਼ਿਵਮ ਸ਼ਰਮਾ, ਬਿਸ਼ੰਬ ਬਜਾਜ ਅਤੇ ਸਮੂਹ ਵਰਕਰ ਹਾਜ਼ਰ ਸਨ।

## ਕਲੇਰ ਮਾਂਗਟ ਵਿਖੇ ਸਾਲਾਨਾ ਧਾਰਮਿਕ ਸਮਾਗਮ ਕਰਵਾਇਆ



**ਮਜੀਠਾ (ਸੋਇਮ ਆਨੰਦ)**-ਛੇਵੇਂ ਪਾਤਸ਼ਾਹ ਮੀਰੀ ਪੀਰੀ ਦੇ ਮਾਲਕ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਬੰਦੀਛੋੜ ਦਿਵਸ ਨੂੰ ਸਮਰਪਿਤ ਗ੍ਰਾਮਸੇਵਕ ਰਣਧੀਰ ਸਿੰਘ, ਪਵਿੱਤਰ ਸਮਰਾ ਦੇ ਪਰਿਵਾਰ ਵੱਲੋਂ ਸਲਾਨਾ ਧਾਰਮਿਕ ਸਮਾਗਮ ਪਿੰਡ ਕਲੇਰ ਮਾਂਗਟ ਵਿਖੇ ਕਰਵਾਇਆ ਗਿਆ ਜਿਸ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਖੁੱਲੇ ਪੰਡਾਲ ਵਿੱਚ ਧਾਰਮਿਕ ਦਿਵਾਨ ਸਜਾਏ ਗਏ ਜਿਸ ਵਿੱਚ ਪੰਥ ਪ੍ਰਸਿੱਧ ਹਜ਼ੂਰੀ ਰਾਗੀ ਭਾਈ ਦਵਿੰਦਰਪਾਲ ਸਿੰਘ ਸ੍ਰੀ ਦਰਬਾਰ ਸਾਹਿਬ ਅਤੇ ਕਵੀਸ਼ਰੀ ਰਣਜੀਤ ਸਿੰਘ ਪੰਨੂ ਦੇ ਕਵੀਸ਼ਰੀ ਜਥੇ ਵੱਲੋਂ ਅਨਮੋਲ ਗੁਰਬਾਣੀ ਕੀਰਤਨ ਅਤੇ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਜੀਵਨ ਅਧਾਰਿਤ ਕਵੀਸ਼ਰੀ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ।ਇਸ ਮੌਕੇ ਬੀ ਡੀ ਪੀ ਓ ਗੁਰਜੀਤ ਸਿੰਘ, ਪੰਚਾਇਤ ਸਕੱਤਰ ਗੁਰਮੀਤ ਸਿੰਘ, ਦਿਲਬਾਗ ਸਿੰਘ, ਸਰਪੰਚ ਇਕਬਾਲ ਸਿੰਘ ਸਮੂਹ ਪੰਚਾਇਤ ਹਰੀਕੇ ਤੋਂ ਇਲਾਵਾ ਬਹੁਤ ਸਾਰੀਆਂ ਸੰਗਤਾਂ ਹਾਜ਼ਰ ਸਨ।

# ਸ੍ਰੀ ਹਜ਼ੂਰ ਸਾਹਿਬ ਵਿਖੇ ਧੂਮ-ਧਾਮ ਨਾਲ ਮਨਾਇਆ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਗੁਰਤਾਗੱਦੀ ਗੁਰਪੁਰਬ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ ਨਾਂਦੇੜ ਦੇ ਮੁੱਖ ਪ੍ਰਬੰਧਕ ਡਾ. ਵਿਜੇ ਸਤਬੀਰ ਸਿੰਘ ਸਾਬਕਾ ਆਈਏਐੱਸ ਨੇ ਦੱਸਿਆ ਕਿ ਇਥੇ, ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਨੇ ਕਤਕ ਸੁਦੀ ਦੂਜ, ਚਾਰ ਅਕਤੂਬਰ 1708 ਈ. ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਜੁਗੋ ਜੁਗ ਅਟੱਲ ਗੁਰਤਾਗੱਦੀ ਅਰਪਣ ਕਰਕੇ ਹੁਕਮ ਕੀਤਾ ਕਿ ਆਗਿਆ ਭਈ ਅਕਾਲ ਕੀ ਤਬੈ ਚਲਾਯੋ ਪੰਥ॥ ਸਭ ਸਿੱਖਨ ਕੋ ਹੁਕਮ ਹੈ ਗੁਰੂ ਮਾਨਿਓ ਗ੍ਰੰਥ॥ 23 ਅਕਤੂਬਰ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਗੁਰਤਾਗੱਦੀ ਗੁਰਪੁਰਬ ਦੂਜ ਬੜੀ ਸ਼ਰਧਾ, ਪਿਆਰ, ਉਤਸ਼ਾਹ ਤੇ ਚੜ੍ਹਦੀ ਕਲਾ ਨਾਲ ਮਨਾਇਆ ਗਿਆ।ਪੁਰਾਤਨ ਚਲੀ ਆ ਰਹੀ ਮਰਯਾਦਾ ਅਨੁਸਾਰ ਗੁਰਦੁਆਰਾ ਸ੍ਰੀ ਨਗੀਨਾ ਘਾਟ ਸਾਹਿਬ ਤੋਂ ਸਵੇਰੇ ਅੱਠ ਵਜੇ ਗੁਰਤਾਗੱਦੀ ਦਾ ਨਗਰ ਕੀਰਤਨ ਆਰੰਭ ਹੋਇਆ।ਸੁਨਹਿਰੀ ਸੁੰਦਰ ਪਾਲਕੀ ਵਾਲੀ ਗੱਡੀ ਜਿਸ ਨੂੰ ਸੁੰਦਰ ਫੁੱਲਾਂ ਨਾਲ ਸਜਾਇਆ ਹੋਇਆ ਸੀ।ਗਤਕਾ ਪਾਰਟੀਆਂ, ਭਜਨ ਮੰਡਲੀਆਂ, ਗੁਰੂ ਨਾਨਕ ਨਾਮ ਲੇਵਾ ਜਥੇਬੰਦੀਆਂ, ਬੈਂਡ ਵਾਜਾ ਪਾਰਟੀ ਅਤੇ ਵਿਸ਼ਵ ਦੇ ਕੋਨੇ ਕੋਨੇ 'ਚੋਂ ਹਜ਼ਾਰਾਂ ਸ਼ਰਧਾਲੂ ਤੇ ਹਜ਼ੂਰੀ ਸੰਗਤਾਂ ਇਸ ਨਗਰ ਕੀਰਤਨ ਵਿਚ ਸ਼ਾਮਲ ਹੋਈਆਂ।ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ ਨਾਂਦੇੜ ਦੇ ਮੁੱਖ ਪ੍ਰਬੰਧਕ ਡਾ. ਵਿਜੇ ਸਤਬੀਰ ਸਿੰਘ ਸਾਬਕਾ ਆਈਏਐੱਸ ਤੇ ਸ: ਹਰਜੀਤ ਸਿੰਘ ਕੜ੍ਹੇਵਾਲੇ ਸੁਪਰਡੈਂਟ ਨੇ ਸਮੂਹ ਸੰਗਤਾਂ ਨੂੰ ਇਸ ਪਾਵਨ ਦਿਹਾੜੇ ਦੀਆਂ ਵਧਾਈਆਂ ਦਿੱਤੀਆਂ। ਇਸੇ ਦਿਨ ਸ਼ਾਮ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਭਵਨ ਵਿਖੇ ਗੁਰਪੁਰਬ ਦੂਜ-ਪੰਚਮੀ ਨੂੰ ਸਮਰਪਿਤ ਵਿਸ਼ੇਸ਼ ਗੁਰਮਤਿ ਸਮਾਗਮਾਂ ਦੀ ਆਰੰਭਤਾ ਹੋਈ, ਜੋ ਕਿ 27 ਅਕਤੂਬਰ ਤੱਕ ਚਲਣਗੇ।ਇਨ੍ਹਾਂ ਪ੍ਰੋਗਰਾਮਾਂ ਵਿੱਚ ਉੱਚ ਕੋਟੀ ਦੇ ਰਾਗੀ ਜੱਥੇ, ਗਿਆਨੀ ਕਥਾਕਾਰ, ਸੰਤ ਮਹਾਂਪੁਰਸ਼ ਆਦਿ ਸ਼ਾਮਲ ਹੋ ਰਹੇ ਹਨ।

# ਲਸ਼ਕਰੀ ਨੰਗਲ ਵਿਖੇ ਗੁਰਮਤਿ ਸਮਾਗਮ ਭਲਕੇ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**-ਧੰਨ ਧੰਨ ਬਾਬਾ ਸ੍ਰੀ ਚੰਦ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਪਿੰਡ ਲਸ਼ਕਰੀ ਨੰਗਲ ਵਿਖੇ 26 ਅਕਤੂਬਰ ਨੂੰ ਕਰਵਾਇਆ ਜਾ ਰਿਹਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਗੱਦੀਨਸ਼ੀਨ ਮੁੱਖ ਸੇਵਾਦਾਰ ਭਾਈ ਗੁਰਵਿੰਦਰ ਸਿੰਘ ਲਸ਼ਕਰੀ ਨੰਗਲ ਨੇ ਦੱਸਿਆ ਕਿ ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਜਾਣਗੇ ਜਿਨਾਂ ਦੇ ਭੋਗ 26 ਅਕਤੂਬਰ ਨੂੰ ਸਵੇਰੇ 11 ਵਜੇ ਪੈਣਗੇ। ਦੀਵਾਨ ਸਜਾਏ ਜਾਣਗੇ।

ਪੰਥ ਦੇ ਸਿਰਮੌਰ ਰਾਗੀ ਢਾਡੀ ਅਤੇ ਕਵੀਸ਼ਰੀ ਜਥਿਆਂ ਵੱਲੋਂ ਗੁਰੂ ਜਸ ਗਾਇਨ ਕੀਤਾ ਜਾਵੇਗਾ।ਸੱਦੇ ਗਏ ਜਥਿਆਂ ਵਿੱਚ ਰਾਗੀ ਜਥਾ ਭਾਈ ਸਿਮਰਜੀਤ ਸਿੰਘ, ਕਥਾਵਾਚਕ ਭਾਈ ਮਨਦੀਪ ਸਿੰਘ ਝੰਡੇਰ, ਢਾਡੀ ਜਥਾ ਭਾਈ ਗੁਰਭੇਜ ਸਿੰਘ ਚਵਿੰਡਾ ਅਤੇ ਭਾਈ ਨਿਰਵੈਰ ਸਿੰਘ ਸੇਖਵਾਂ ਅਤੇ ਭਾਈ ਜੋਗਾ ਸਿੰਘ ਮਾਹਰ ਦੇ ਕਵੀਸ਼ਰੀ ਜਥੇ ਦੇ ਨਾਮ ਸ਼ਾਮਿਲ ਹਨ।ਸਮਾਗਮ ਦਾ ਸਿੱਧਾ ਪ੍ਰਸਾਰਨ ਹਰਗੁਣ ਟੀਵੀ ਵੱਲੋਂ ਕੀਤਾ ਜਾਵੇਗਾ।ਉਨ੍ਹਾਂ ਇਲਾਕੇ ਦੀਆਂ ਸੰਗਤਾਂ ਨੂੰ ਵੱਡੀ ਗਿਣਤੀ ਵਿੱਚ ਸ਼ਾਮਿਲ ਹੋ ਕੇ ਗੁਰਬਾਣੀ ਦਾ ਲਾਹਾ ਲੈ ਕੇ ਆਪਣਾ ਜੀਵਨ ਸਫਲ ਕਰਨ ਲਈ ਆਖਿਆ।

# ਬਿਨਾਂ ਨੰਬਰੀ ਓਵਰਲੋਡ ਟਿੱਪਰ ਦੇ ਰਹੇ ਨੇ ਹਾਦਸਿਆਂ ਨੂੰ ਸੱਦਾ; ਪੁਲਸ ਪ੍ਰਸ਼ਾਸਨ ਸੁੱਤਾ ਕੁੰਭਕਰਨੀ ਨੀਂਦ

**ਗੁਰਦਾਸਪੁਰ, (ਜਨਕ ਮਹਾਜਨ)**



ਜ਼ਿਲ੍ਹਾ ਗੁਰਦਾਸਪੁਰ ਅੰਦਰ ਵੱਖ-ਵੱਖ ਸੜਕਾਂ ਉੱਤੇ ਬਿਨਾਂ ਨੰਬਰੀ ਓਵਰਲੋਡ ਟਿੱਪਰ ਆਰਟੀਓ ਗੁਰਦਾਸਪੁਰ ਦੀ ਅਣਦੇਖੀ ਕਾਰਨ ਦਿਨ-ਰਾਤ ਚੱਲ ਰਹੇ ਹਨ ਜੋ ਅਕਸਰ ਹੀ ਹਾਦਸਿਆਂ ਨੂੰ ਸੱਦਾ ਦਿੰਦੇ ਹਨ। ਇਨ੍ਹਾਂ ਓਵਰਲੋਡ ਟਿੱਪਰ ਵਾਲਿਆਂ ਖਿਲਾਫ ਪੁਲਸ ਪ੍ਰਸ਼ਾਸਨ ਵੱਲੋਂ ਕੋਈ ਕਾਰਵਾਈ ਨਾ ਕਰਨ ਕਰਕੇ ਲੋਕਾਂ ਦਾ ਪੁਲਸ ਪ੍ਰਸ਼ਾਸਨ ਖਿਲਾਫ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਸਬੰਧੀ ਗੱਲਬਾਤ ਕਰਦਿਆਂ ਲੋਕਾਂ ਨੇ ਦੱਸਿਆ ਕਿ ਕੁਝ ਟਿੱਪਰ ਚਾਲਕਾਂ ਵਲੋਂ ਰਾਵੀ ਦਰਿਆ ਵਾਲੇ ਪਾਸੇ ਤੋਂ ਵੱਡੀ ਮਾਤਰਾ ਵਿਚ ਰੇਤ ਟਿੱਪਰਾਂ ਦੀ ਸਮਰੱਥਾ ਤੋਂ ਵੱਧ ਲੱਦੀ ਜਾਂਦੀ ਹੈ ਅਤੇ ਟਿੱਪਰਾਂ ਉਤੇ ਤਿੰਨ-ਤਿੰਨ ਫੁੱਟ ਤੋਂ ਉੱਪਰ ਫੱਟੇ ਲਗਾ ਕੇ ਰੇਤ ਨੂੰ ਉੱਪਰ ਤੱਕ ਭਰ ਲਿਆ ਜਾਂਦਾ ਹੈ ਜੋ ਸਰਾਸਰ ਕਾਨੂੰਨ ਦੇ ਉਲਟ ਹੈ। ਟਿੱਪਰ ਚਾਲਕਾਂ ਵੱਲੋਂ ਰੇਤੇ ਨਾਲ ਭਰੇ ਟਿੱਪਰ ਨੂੰ ਉੱਪਰੋਂ ਢੱਕਿਆ ਵੀ ਨਹੀਂ ਜਾਂਦਾ ਅਤੇ ਇਹ ਰੇਤਾ ਪਿੱਛੇ ਆ ਰਹੇ ਦੋ ਪਹੀਆ ਵਾਹਨ ਚਾਲਕਾਂ ਦੀਆਂ ਅੱਖਾਂ ਵਿੱਚ ਪੈਂਦੀ ਹੈ ਜਿਸ ਨਾਲ ਕਈ ਵਾਰ ਦੋ ਪਹੀਆ ਵਾਹਨ ਚਾਲਕ ਹਾਦਸਾ ਗ੍ਰਸਤ ਹੋ ਜਾਂਦੇ ਹਨ। ਲੋਕਾਂ ਦਾ ਕਹਿਣਾ ਹੈ ਕੁਝ ਟਿੱਪਰਾਂ ਦੇ ਪਿੱਛੇ ਨੰਬਰ ਵੀ ਨਹੀਂ ਲੱਗੇ ਹੁੰਦੇ ਜੋ ਕਈ ਤਰ੍ਹਾਂ ਦੇ ਸਵਾਲੀਆ ਨਿਸ਼ਾਨ ਖੜੇ ਕਰਦੇ ਹਨ। ਉਨ੍ਹਾਂ ਦੱਸਿਆ ਕਿ ਦਿਨ ਦਿਹਾੜੇ ਚੱਲਣ ਵਾਲੇ ਇਹ ਟਿੱਪਰ ਪੁਲਸ ਪ੍ਰਸ਼ਾਸਨ 'ਤੇ ਕਈ ਤਰ੍ਹਾਂ ਦੇ ਸਵਾਲ ਖੜੇ ਕਰਦੇ ਹਨ। ਲੋਕਾਂ ਦਾ ਕਹਿਣਾ ਹੈ ਕਿ ਪੁਲਸ ਪ੍ਰਸ਼ਾਸਨ ਹਾਦਸਾ ਵਾਪਰਨ ਤੋਂ ਬਾਅਦ ਹਰਕਤ ਵਿਚ ਆਉਂਦਾ ਹੈ ਜਦਕਿ ਪਹਿਲਾਂ ਇਨ੍ਹਾਂ ਓਵਰਲੋਡ ਟਿੱਪਰ ਚਾਲਕਾਂ ਦੇ ਖਿਲਾਫ ਕੋਈ ਸਖਤੀ ਨਾਲ ਕਾਰਵਾਈ ਨਹੀਂ ਕੀਤੀ ਜਾਂਦੀ। ਉਨ੍ਹਾਂ ਦੱਸਿਆ ਕਿ ਇਹ ਓਵਰਲੋਡ ਟਿੱਪਰ ਨੇ ਸੜਕਾਂ ਨੂੰ ਵੀ ਤੋੜ ਕੇ ਰੱਖ ਦਿੱਤਾ ਅਤੇ ਹੁਣ ਟੁੱਟੀਆਂ ਸੜਕਾਂ ਦੇ ਉਤੋਂ ਦੀ ਲੰਘਦੇ ਸਮੇਂ ਇਹ ਕਿਸੇ ਨੂੰ ਰਸਤਾ ਵੀ ਨਹੀਂ ਦਿੰਦੇ ਅਤੇ ਬਹੁਤ ਤੇਜ਼ ਸਪੀਡ ਨਾਲ ਓਵਰਲੋਡ ਟਿੱਪਰ ਸੜਕ 'ਤੇ ਦੌੜਦੇ ਨਜ਼ਰ ਆਉਂਦੇ ਹਨ। ਲੋਕਾਂ ਨੇ ਜ਼ਿਲ੍ਹਾ ਪੁਲਸ ਮੁਖੀ ਅਤੇ ਆਰਟੀਓ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਓਵਰਲੋਡ ਟਿੱਪਰ ਚਾਲਕਾਂ ਖਿਲਾਫ ਸਖਤੀ ਨਾਲ ਕਾਰਵਾਈ ਕੀਤੀ ਜਾਵੇ ਤਾਂ ਜੋ ਕੋਈ ਵੀ ਵੱਡਾ ਹਾਦਸਾ ਨਾ ਵਾਪਰ ਸਕੇ।

## ਕਾਂਗਰਸੀ ਉਮੀਦਵਾਰ ਕਰਨਬੀਰ ਸਿੰਘ ਬੁਰਜ ਨੇ ਝਬਾਲ 'ਚ ਖੋਲ੍ਹਿਆ ਚੋਣ ਦਫ਼ਤਰ

**ਝਬਾਲ (ਹਰਜਿੰਦਰ ਸਿੰਘ ਸੋਨੀ)**-ਵਿਧਾਨ ਸਭਾ ਹਲਕਾ ਤਰਨਤਾਰਨ ਤੋਂ ਜ਼ਿਮਨੀ ਚੋਣ ਲਈ ਕਾਂਗਰਸ ਪਾਰਟੀ ਦੇ ਉਮੀਦਵਾਰ ਕਰਨਬੀਰ ਸਿੰਘ ਬੁਰਜ ਦੇ ਦਫ਼ਤਰ ਦਾ ਉਦਘਾਟਨ ਕੀਤਾ ਗਿਆ।ਇਸ ਮੌਕੇ ਪਾਰਟੀ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਸਾਂਸਦ ਗੁਰਜੀਤ ਸਿੰਘ ਔਜਲਾ, ਸਾਬਕਾ ਕੈਬਨਿਟ ਮੰਤਰੀ, ਹਲਕਾ ਵਿਧਾਇਕ ਰਾਜਾਸਾਂਸੀ ਤੇ ਤਰਨਤਾਰਨ ਹਲਕਾ ਚੋਣ ਇੰਚਾਰਜ ਸੁਖਬਿੰਦਰ ਸਿੰਘ ਸੁੱਖਸਰਕਾਰੀਆ, ਸਾਬਕਾ ਵਧਾਇਕ ਸੁਖਪਾਲ ਸਿੰਘ ਭੁੱਲਰ, ਇੰਦਰਬੀਰ ਸਿੰਘ ਬੁਲਾਰੀਆ, ਪੀਪੀਸੀਸੀ ਮੈਂਬਰ ਹਰਸ਼ਰਨ ਸਿੰਘ ਮੱਲਾ ਸੋਹਲ, ਰਾਜਬੀਰ ਸਿੰਘ ਭੁੱਲਰ, ਸਾਬਕਾ ਡਿਪਟੀ ਮੇਅਰ ਰਮਨ ਬਖਸ਼ੀ, ਸਾਬਕਾ ਡੀਸੀ ਬਲਵਿੰਦਰ ਸਿੰਘ ਧਾਲੀਵਾਲ, ਨਰਿੰਦਰ ਸਿੰਘ ਸੰਧੂ ਬੁਲਾਰਾ ਕਾਂਗਰਸ ਪਾਰਟੀ, ਐਡਵੋਕੇਟ ਜਗਮੀਤ ਸਿੰਘ ਢਿੱਲੋਂ ਗੰਡੀਵਿੰਡ ਬੁਲਾਰਾ ਕਾਂਗਰਸ ਪਾਰਟੀ, ਸਾਬਕਾ ਵਾਇਸ ਚੇਅਰਮੈਨ ਨਰਿੰਦਰ ਸਿੰਘ ਛਾਪਾ, ਸਾਬਕਾ ਪ੍ਰਧਾਨ ਆੜਤੀ ਐਸੋਸੀਏਸ਼ਨ ਤਸਬੀਰ ਸਿੰਘ ਔਲਖ ਠੱਠੀ, ਸਰਪੰਚ ਗੁਰਚਰਨ ਸਿੰਘ ਖੈਰਦੀ ਸਮੇਤ ਕਾਂਗਰਸ ਪਾਰਟੀ ਦੇ ਸਥਾਨਿਕ ਆਗੂ ਤੇ ਵਰਕਰ ਵੀ ਹਾਜ਼ਰ ਸਨ।



## ਪੰਜਾਬ ਨੰਬਰਦਾਰਾ ਯੂਨੀਅਨ ਵੱਲੋਂ ਭਲਕ ਨੂੰ ਰੋਸ ਧਰਨੇ ਦਾ ਐਲਾਨ



**ਮਜੀਠਾ (ਸੋਇਮ ਆਨੰਦ)**-ਪੰਜਾਬ ਨੰਬਰਦਾਰਾ ਯੂਨੀਅਨ 643 ਦੀ ਅਹਿਮ ਮੀਟਿੰਗ ਤਹਿਸੀਲ ਪ੍ਰਧਾਨ ਨੰਬਰਦਾਰ ਰਣਜੀਤ ਸਿੰਘ ਰਾਜਾ ਮੀਆਂ ਪੰਧੇਰ ਦੀ ਅਗਵਾਈ ਹੇਠ ਹੋਈ ਜਿਸ ਵਿੱਚ 25 ਅਕਤੂਬਰ ਨੂੰ ਤਰਨ ਤਾਰਨ ਵਿਖੇ ਹੋ ਰਹੀ ਜ਼ਿਮਨੀ ਚੋਣ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਮੀਤ ਸਿੰਘ ਸੰਧੂ ਦੀ ਕੋਠੀ ਅੱਗੇ ਪੰਜਾਬ ਨੰਬਰਦਾਰਾ ਯੂਨੀਅਨ ਦੇ ਆਗੂਆਂ ਵੱਲੋਂ ਇਕ ਵਿਸ਼ਾਲ ਰੋਸ ਧਰਨਾ ਦਿੱਤਾ ਜਾ ਰਿਹਾ ਹੈ ਜੋ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਹਲਕਾ ਤਰਨਤਾਰਨ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਮੀਤ ਸਿੰਘ ਸੰਧੂ ਤੇ ਪੰਜਾਬ ਸਰਕਾਰ ਦੀ ਰਾਤਾਂ ਦੀ ਨੀਂਦ ਉਡਾ ਦੇਵੇਗਾ। ਨੰਬਰਦਾਰਾਂ ਦੀਆਂ ਕਈ ਮੰਗਾਂ ਹਨ ਜਿਹੜੀਆਂ ਵਿਧਾਇਕਾਂ ਅਤੇ ਮੰਤਰੀਆਂ ਨੂੰ ਦੱਸਣ ਦੇ ਬਾਵਜੂਦ ਹੁਣ ਤੱਕ ਪੂਰੀਆਂ ਨਹੀਂ ਕੀਤੀਆਂ ਗਈਆਂ ਜਿਸ ਨੂੰ ਲੈ ਕੇ ਨੰਬਰਦਾਰਾਂ 'ਚ ਭਾਰੀ ਰੋਸ ਹੈ। ਇਸ ਮੌਕੇ ਕਸ਼ਮੀਰ ਸਿੰਘ, ਮੇਜਰ ਸਿੰਘ ਚੌਗਾਵਾਂ, ਪਲਵਿੰਦਰ ਸਿੰਘ, ਜਗੀਰ ਸਿੰਘ ਕੋਟਲਾ ਖੁਰਦ, ਜਗੀਰ ਸਿੰਘ, ਜਸਪਾਲ ਸਿੰਘ ਮਾਂਗਾ ਸਰਾਏ, ਅਵਤਾਰ ਸਿੰਘ ਰੂਪੋਵਾਲੀ ਖੁਰਦ, ਓਂਕਾਰ ਸਿੰਘ, ਹਰਚਰਨ ਸਿੰਘ, ਗੁਰਲਾਲ ਸਿੰਘ ਤੋਂ ਇਲਾਵਾ ਕਈ ਆਗੂ ਹਾਜ਼ਰ ਸਨ।

# ਈ ਟੀ ਓ ਨੇ ਬੰਡਾਲਾ ਵਿਖੇ ਵੱਖ-ਵੱਖ ਵਿਕਾਸ ਕਾਰਜਾਂ ਦਾ ਰੱਖਿਆ ਨੀਂਹ ਪੱਥਰ



**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪਿੰਡਾਂ ਦੇ ਵਿਕਾਸ ਲਈ ਵਚਨਬੱਧ ਹੈ ਅਤੇ ਪਿੰਡ ਵਾਸੀਆਂ ਨੂੰ ਵੀ ਸ਼ਹਿਰ ਵਰਗੀਆਂ ਸਾਰੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈਟੀਓ ਨੇ ਹਲਕਾ ਜੰਡਿਆਲਾ ਗੁਰੂ ਅਧੀਨ ਪੈਂਦੇ ਪਿੰਡ ਬੰਡਾਲਾ ਵਿਖੇ ਵੱਖ-ਵੱਖ ਵਿਕਾਸ ਕਾਰਜਾਂ ਦਾ ਸਾਂਝਾ ਉਦਘਾਟਨ ਕਰਨ ਸਮੇਂ ਕੀਤਾ ।ਈਟੀਓ ਨੇ ਲੋਕਾਂ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਪਿੰਡ ਬੰਡਾਲਾ ਵਿਖੇ 15 ਕਰੋੜ 9 ਲੱਖ ਰੁਪਏ ਦੀ ਲਾਗਤ ਨਾਲ ਵੱਖ ਵੱਖ ਵਿਕਾਸ ਕਾਰਜ ਕੀਤੇ ਜਾਣਗੇ ਜਿਨ੍ਹਾਂ ਵਿੱਚ ਯੋਗੀ ਸਿੱਧ ਪੀਰ ਬਾਬਾ ਦੀ ਦਰਗਾਹ ਨੂੰ ਜਾਂਦੀ ਮੇਨ ਸੜਕ ਦਾ ਸੁੰਦਰੀਕਰਨ, ਯਾਦਗਾਰੀ ਗੇਟ, ਕਮਿਊਨਟੀ ਹਾਲ, ਵੈਟਰਨਰੀ ਹਸਪਤਾਲ ਅਤੇ ਪ੍ਰਾਇਮਰੀ ਹੈਲਥ ਸੈਂਟਰ ਤੋਂ ਇਲਾਵਾ ਗਲੀਆਂ-ਨਾਲੀਆਂ, ਪਾਰਕਾਂ ਤੇ ਲਾਇਬ੍ਰੇਰੀ ਵੀ ਬਣਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਇਨ੍ਹਾਂ ਸਾਰੇ ਵਿਕਾਸ ਕਾਰਜਾਂ ਦੇ ਟੈਂਡਰ ਅਲਾਟ ਹੋ ਚੁੱਕੇ ਹਨ ਅਤੇ ਆਉਂਦੇ 6 ਮਹੀਨਿਆਂ ਦੇ ਅੰਦਰ ਅੰਦਰ ਸਾਰੇ ਵਿਕਾਸ ਕਾਰਜ ਮੁਕੰਮਲ ਹੋ ਜਾਣਗੇ ਅਤੇ ਪਿੰਡ ਬੰਡਾਲਾ ਦੀ ਨੁਹਾਰ ਬਦਲ ਜਾਵੇਗੀ। ਲੋਕਾਂ ਦੇ ਇਕੱਠ ਨੂੰ ਸੰਬੋਧਨ ਕਰਦੇ ਹੋਏ ਕੈਬਨਿਟ ਮੰਤਰੀ ਨੇ ਕਿਹਾ ਕਿ ਅਸੀਂ ਹਲਕੇ ਵਿੱਚ ਵਿਕਾਸ ਦੇ ਨਾਮ 'ਤੇ ਵੋਟਾਂ ਦੀ ਮੰਗ ਕਰਾਂਗੇ।ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਤਾਂ ਬੰਡਾਲਾ ਹਲਕੇ ਦੇ ਕੋਈ ਵੀ ਸਾਰ ਨਹੀਂ ਲਈ ਅਤੇ ਇਹ ਪਿੰਡ ਵਿਕਾਸ ਪੱਖੋਂ ਅਣਗੌਲਿਆ ਹੀ ਰਿਹਾ ਹੈ।ਉਨ੍ਹਾਂ ਕਿਹਾ ਕਿ ਮੈਂ ਆਪਣੇ ਹਲਕੇ ਵਿੱਚ ਕੋਈ ਸਰਕਾਰੀ ਸਕੂਲ ਅਜਿਹਾ ਨਹੀਂ ਰਹਿਣ ਦਿੱਤਾ ਜਿਸ ਦੀਆਂ ਲੋੜਾਂ ਪੂਰੀਆਂ ਨਹੀਂ ਕੀਤੀਆਂ।ਉਨ੍ਹਾਂ ਕਿਹਾ ਕਿ ਇਲਾਕੇ ਵਿੱਚ ਬਹੁਤੀਆਂ ਸੜਕਾਂ ਚੌੜੀਆਂ ਬਣਾਈਆਂ ਜਾ ਰਹੀਆਂ ਹਨ ਅਤੇ ਲਿੰਕ ਸੜਕਾਂ ਦੀ ਮੁਰੰਮਤ ਵੀ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਅਸੀਂ ਆਪਣੇ ਕੰਮਾਂ ਦੇ ਅਧਾਰ ਤੇ ਲੋਕਾਂ ਦੀ ਕਚਹਿਰੀ ਵਿੱਚ ਜਾਵਾਂਗੇ ਅਤੇ ਭਾਰੀ ਬਹੁਮੱਤ ਨਾਲ ਜਿੱਤ ਪ੍ਰਾਪਤ ਕਰਾਂਗੇ।ਇਸ ਮੌਕੇ ਡਾ. ਗੁਰਵਿੰਦਰ ਸਿੰਘ ਚੇਅਰਮੈਨ, ਮਨਪ੍ਰੀਤ ਸਿੰਘ ਸਰਪੰਚ ਨਵੀਂ ਆਬਾਦੀ, ਨਿਸ਼ਾਨ ਸਿੰਘ ਸਰਪੰਚ, ਅਨੋਖ ਸਿੰਘ ਸਰਪੰਚ ਧਾਰੜ, ਰਣਜੀਤ ਸਿੰਘ ਸਰਪੰਚ ਸੁਖੇਵਾਲ, ਗੁਰਮੁੱਖ ਸਿੰਘ ਸਰਪੰਚ ਸਰਜਾ, ਸਰਬਜੀਤ ਸਿੰਘ ਡਿੰਪੀ ਪ੍ਰਧਾਨ ਆਮ ਆਦਮੀ ਪਾਰਟੀ ਸ਼ਹਿਰੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ ।

# ਸਿਵਲ ਤੇ ਪੁਲਸ ਵਿਭਾਗ ਦੀਆਂ ਟੀਮਾਂ ਨੇ ਪਿੰਡਾਂ 'ਚ ਪਰਾਲੀ ਪ੍ਰਬੰਧਨ ਜਾਗਰੂਕਤਾ ਹਿੱਤ ਆਰੰਭੀ ਸਾਂਝੀ ਮੁਹਿੰਮ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**



ਜਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਵਲੋਂ ਝੋਨੇ ਦੀ ਫਸਲ ਦੀ ਰਹਿੰਦ-ਖੂੰਹਦ ਨੂੰ ਨਾ ਸਾੜਨ ਲਈ ਜਾਗਰੂਕਤਾ ਮੁਹਿੰਮ ਵਿੱਢੀ ਗਈ ਹੈ ਜਿਸ ਦੇ ਚਲਦਿਆਂ ਸਿਵਲ ਤੇ ਪੁਲਸ ਵਿਭਾਗ ਦੀਆਂ ਸਾਂਝੀਆਂ ਟੀਮਾਂ ਵੱਲੋਂ ਪਿੰਡਾਂ ਵਿੱਚ ਜਾ ਕੇ ਪਰਾਲੀ ਪ੍ਰਬੰਧਨ ਲਈ ਜਾਗਰੂਕ ਕੀਤਾ ਗਿਆ।ਹੌਟ ਸਪੌਟ ਪਿੰਡ ਵਡਾਲਾ ਗ੍ਰੰਥੀਆਂ ਵਿੱਚ ਬਲਾਕ ਕੋਆਰਡੀਨੇਟਰ ਮਨਪ੍ਰੀਤ ਸਿੰਘ ਕਲਸਟਰ ਅਫਸਰ ਸ਼ਰਨ ਪਾਲ ਸਿੰਘ ਅਤੇ ਨੋਡਲ ਅਫਸਰ ਰੋਬਿਨ ਵੱਲੋਂ ਵਿਜ਼ਿਟ ਕੀਤੀ ਗਈ।ਇਸ ਮੌਕੇ ਕਿਸਾਨਾਂ ਨੇ ਭਰੋਸਾ ਦਿੱਤਾ ਕਿ ਪਿੰਡ ਵਿੱਚ ਕਿਸੇ ਵੀ ਕਿਸਾਨ ਵੱਲੋਂ ਝੋਨੇ ਦੀ ਪਰਾਲੀ ਨੂੰ ਅੱਗ ਨਹੀਂ ਲਗਾਈ ਜਾਵੇਗੀ ਅਤੇ ਝੋਨੇ ਦੀ ਪਰਾਲੀ ਨੂੰ ਖੇਤਾਂ ਵਿੱਚ ਵਾਹ ਕੇ ਹੀ ਅਗਲੀ ਫਸਲ ਦੀ ਬਿਜਾਈ ਕੀਤੀ ਜਾਵੇਗੀ।ਗੱਲਬਾਤ ਕਰਦੇ ਕਲੱਸਟਰ ਅਫਸਰ ਮਨਪ੍ਰੀਤ ਸਿੰਘ ਨੇ ਕਿਹਾ ਕਿ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਦਿਸ਼ਾ ਨਿਰਦੇਸ਼ ਹੇਠ ਫਸਲਾਂ ਦੇ ਰਹਿੰਦ ਖੂੰਹਦ ਨੂੰ ਸਾਂਭਣ ਲਈ ਪਿੰਡਾ ਵਿੱਚ ਜਾ ਕੇ ਕਿਸਾਨਾਂ ਕੋਲੋਂ ਸਹਿਯੋਗ ਮੰਗਿਆ ਜਾ ਰਿਹਾ ਹੈ ਅਤੇ ਕਿਸਾਨਾਂ ਵੱਲੋਂ ਪਰਾਲੀ ਨਾ ਸਾੜਨ ਦਾ ਭਰੋਸਾ ਦਿੱਤਾ ਜਾ ਰਿਹਾ ਹੈ। ਉਹਨਾਂ ਦੱਸਿਆ ਕਿ ਪਿੰਡ ਵਾਸੀਆਂ ਨੂੰ ਪਰਾਲੀ ਨੂੰ ਅੱਗ ਲਗਾਉਣ ਦੇ ਮਾੜੇ ਪ੍ਰਭਾਵ ਬਾਰੇ ਜਾਣਕਾਰੀ ਦਿੱਤੀ ਗਈ ਹੈ ਅਤੇ ਦੱਸਿਆ ਗਿਆ ਕਿ ਅੱਗ ਲਗਾਉਣ ਨਾਲ ਮਿੱਟੀ ਦੇ ਪੌਸ਼ਟਿਕ ਤੱਤ ਖਤਮ ਹੋ ਜਾਂਦੇ ਹਨ ਅਤੇ ਮਿੱਟੀ ਵਿੱਚ ਮੌਜੂਦ ਮਦਦਗਾਰ ਬੈਕਟੀਰੀਆ ਵੀ ਮਰ ਜਾਂਦੇ ਹਨ, ਜੋ ਕਿ ਫਸਲਾਂ ਲਈ ਬਹੁਤ ਲਾਭਦਾਇਕ ਹੁੰਦੇ ਹਨ ਜਿਸ ਕਰਕੇ ਕਿਸਾਨਾਂ ਨੂੰ ਅਗਲੇ ਸੀਜ਼ਨ ਹੋਰ ਵੀ ਜ਼ਿਆਦਾ ਖਾਦ ਦੀ ਵਰਤੋਂ ਕਰਕੇ ਇੰਨਾ ਪੌਸ਼ਟਿਕ ਤੱਤਾਂ ਨੂੰ ਮੁੜ ਸੁਰਜੀਤ ਕਰਨਾ ਪੈਂਦਾ ਹੈ, ਜਿਸ ਨਾਲ ਕਿਸਾਨਾਂ ਦੀ ਫਸਲ ਹੀ ਲਾਗਤ ਵਿੱਚ ਵਾਧਾ ਹੁੰਦਾ ਹੈ ਅਤੇ ਅੱਗ ਲਗਾਉਣ ਨਾਲ ਜੋ ਵਾਤਾਵਰਨ ਖਰਾਬ ਹੁੰਦਾ ਹੈ ਉਸ ਨਾਲ ਜੀਵ-ਜੰਤੂ ਅਤੇ ਪਸ਼ੂ ਪੰਛੀਆਂ ਨੂੰ ਵੀ ਨੁਕਸਾਨ ਝੱਲਣਾ ਪੈਂਦਾ ਹੈ।ਇਸ ਤੋਂ ਇਲਾਵਾ ਪਿੰਡ ਵਿੱਚ ਮੌਜੂਦ ਖੇਤੀ ਸੰਦਾਂ ਦੀ ਜਾਣਕਾਰੀ ਦਿੱਤੀ ਗਈ ਅਤੇ ਦੱਸਿਆ ਗਿਆ ਕਿ ਸੁਪਰਸੀਡਰ ਅਤੇ ਹੋਰ ਸੰਦਾਂ ਨਾਲ ਬਿਨਾਂ ਅੱਗ ਲਗਾਏ ਕਣਕ ਦੀ ਬਿਜਾਈ ਕੀਤੀ ਜਾ ਸਕਦੀ ਹੈ। ਕੈਂਪ ਵਿੱਚ ਨਾਇਬ ਤਹਿਸੀਲਦਾਰ ਸਤਨਾਮ ਸਿੰਘ, ਪੁਲਸ ਚੌਕੀ ਵਡਾਲਾ ਗ੍ਰੰਥੀਆਂ ਤੋਂ ਬਲਰਾਜ ਸਿੰਘ ਏਐੱਸਆਈ, ਰਣਜੀਤ ਸਿੰਘ ਹੈੱਡ ਕਾਂਸਟੇਬਲ ਪਿੰਡ ਦੇ ਸਰਪੰਚ ਕਰਨੈਲ ਸਿੰਘ ਅਤੇ ਹੋਰ ਅਗਾਂਹਵਧੂ ਕਿਸਾਨਾਂ ਵੱਲੋਂ ਸ਼ਮੂਲੀਅਤ ਕੀਤੀ ਗਈ।

## ਕੋਟ ਬੁੱਢਾ ਵਿਖੇ ਕਿਸਾਨ ਸਿਖਲਾਈ ਕੈਂਪ ਆਯੋਜਿਤ



**ਪੱਟੀ (ਬਲਦੇਵ ਸਿੰਘ ਸੰਧੂ)**-ਕਿਸਾਨ ਭਲਾਈ ਵਿਭਾਗ ਬਲਾਕ ਪੱਟੀ ਅਤੇ ਕ੍ਰਿਸ਼ੀ ਵਿਗਿਆਨ ਕੇਂਦਰ ਬੂਹ ਨੇ ਪਿੰਡ ਕੋਟ ਬੁੱਢਾ ਵਿਖੇ ਹਾੜ੍ਹੀ ਦੀਆਂ ਫਸਲਾਂ ਅਤੇ ਪਰਾਲੀ ਪ੍ਰਬੰਧਨ ਸਬੰਧੀ ਤਕਨੀਕੀ ਜਾਣਕਾਰੀ ਦੇਣ ਹਿਤ ਬਲਾਕ ਪੱਧਰੀ ਕਿਸਾਨ ਸਿਖਲਾਈ ਕੈਂਪ ਲਗਾਇਆ।ਇਸ ਮੌਕੇ ਬਲਾਕ ਖੇਤੀਬਾੜੀ ਅਫਸਰ ਪੱਟੀ ਡਾ. ਭੁਪਿੰਦਰ ਸਿੰਘ, ਡਿਪਟੀ ਡਾਇਰੈਕਟਰ ਬੂਹ ਡਾ. ਪ੍ਰਭਜੀਤ ਸਿੰਘ, ਡਾ. ਨਵਤੇਜ ਸਿੰਘ ਬਰਾੜ, ਗੁਰਪ੍ਰੀਤ ਸਿੰਘ ਬੀਟੀਐਮ, ਅਮਨਦੀਪ ਸਿੰਘ ਏਈਓ, ਰਜਿੰਦਰ ਕੁਮਾਰ ਏਈਓ, ਮਨਮੋਹਨ ਸਿੰਘ ਏਈਓ ਅਤੇ ਪ੍ਰਮਿੰਦਰ ਕੌਰ ਏਡੀਓ ਆਧਾਰਿਤ ਟੀਮ ਨੇ ਕਿਸਾਨਾਂ ਨੂੰ ਜਾਣਕਾਰੀ ਦਿੱਤੀ।ਇਸ ਮੌਕੇ ਡਾਕਟਰ ਭੁਪਿੰਦਰ ਸਿੰਘ ਏਓ ਨੇ ਕਿਹਾ ਕਿ ਕੁਦਰਤੀ ਆਫਤਾਂ , ਜਲਵਾਯੂ ਤਬਦੀਲੀ ਆਦਿ ਨਾਲ ਹੁੰਦੇ ਨੁਕਸਾਨ ਨੂੰ ਤਾਂ ਹੀ ਘਟਾਇਆ ਜਾ ਸਕਦਾ ਹੈ ਜੇਕਰ ਅਸੀਂ ਇਸ ਸੰਬੰਧੀ ਸਿੱਖਿਅਤ ਹੋ ਕੇ ਕੁਦਰਤ ਨਾਲ ਇੱਕਮਿਕ ਹੋਈਏ।ਇਸ ਮੌਕੇ ਕ੍ਰਿਸ਼ੀ ਵਿਗਿਆਨ ਕੇਂਦਰ ਤੋਂ ਡਿਪਟੀ ਡਾਇਰੈਕਟਰ ਡਾ ਪ੍ਰਭਜੀਤ ਸਿੰਘ ਅਤੇ ਡਾ. ਨਵਜੋਤ ਸਿੰਘ ਬਰਾੜ ਨੇ ਕਣਕ ਦੀ ਕਾਸ਼ਤ ਅਤੇ ਫਸਲੀ ਵਿਭਿੰਨਤਾ ਤਹਿਤ ਘਰੇਲੂ ਖ਼ਪਤ ਲਈ ਕਨੌਲਾ ਸਰੋਂ ਦੀ ਕਾਸ਼ਤ ਕਰਨ ਅਤੇ ਪਰਾਲੀ ਨੂੰ ਸੋਧ ਕੇ ਪਸ਼ੂ ਚਾਰੇ ਵਜੋਂ ਵਰਤਣ ਦੀ ਜਾਣਕਾਰੀ ਸਾਂਝੀ ਕੀਤੀ।ਇਸ ਮੌਕੇ ਨਿਸ਼ਾਨ ਸਿੰਘ ਖੇਤੀ ਉਪ ਨਿਰੀਖਕ, ਦਿਲਬਾਗ ਸਿੰਘ, ਫੀਲਡ ਵਰਕਰ, ਗੁਰਲਾਲ ਸਿੰਘ, ਰਾਜਬੀਰ ਸਿੰਘ ਅਤੇ ਆਸ-ਪਾਸ ਦੇ ਪਿੰਡਾਂ ਦੇ ਕਿਸਾਨਾਂ ਨੇ ਸਹਿਯੋਗ ਅਤੇ ਜਾਣਕਾਰੀ ਸਾਂਝੀ ਕੀਤੀ।

# ਤਰਨ ਤਾਰਨ ਜ਼ਿਮਨੀ ਚੋਣ ਦੀ ਜਿੱਤ 2027 'ਚ ਅਕਾਲੀ ਸਰਕਾਰ ਦਾ ਮੁੱਢ ਬੰਨ੍ਹੇਗੀ : ਬ੍ਰਹਮਪੁਰਾ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**

ਤਰਨ ਤਾਰਨ ਜ਼ਿਮਨੀ ਚੋਣ ਨੂੰ 2027 ਦੀਆਂ ਵਿਧਾਨ ਸਭਾ ਚੋਣਾਂ ਦਾ ਸੈਮੀਫਾਈਨਲ ਕਰਾਰ ਦਿੰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਮੀਤ ਪ੍ਰਧਾਨ ਅਤੇ ਹਲਕਾ ਖਡੂਰ ਸਾਹਿਬ ਦੇ ਇੰਚਾਰਜ ਰਵਿੰਦਰ ਸਿੰਘ ਬ੍ਰਹਮਪੁਰਾ ਨੇ ਕਿਹਾ ਕਿ ਭਾਵੇਂ ਇਸ ਚੋਣ ਨਾਲ ਮੌਜੂਦਾ ਆਪ ਸਰਕਾਰ ਨਹੀਂ ਬਦਲੇਗੀ, ਪਰ ਇੱਥੋਂ ਸ਼੍ਰੋਮਣੀ ਅਕਾਲੀ ਦਲ ਦੀ ਵੱਡੀ ਜਿੱਤ 2027 ਵਿੱਚ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਬਣਨ ਵਾਲੀ ਪੰਜਾਬ ਦੀ ਆਪਣੀ ਸਰਕਾਰ ਦਾ ਮੁੱਢ ਜ਼ਰੂਰ ਬੰਨ੍ਹੇਗੀ। ਉਹ ਅੱਜ ਪਿੰਡ ਕੋਟ ਦਸੌਂਦੀ ਮੱਲ ਵਿਖੇ ਅਵਤਾਰ ਸਿੰਘ ਦੇ ਗ੍ਰਹਿ ਵਿਖੇ ਪਾਰਟੀ ਉਮੀਦਵਾਰ ਬੀਬੀ ਸੁਖਵਿੰਦਰ ਕੌਰ ਰੰਧਾਵਾ ਦੇ ਹੱਕ ਵਿੱਚ ਹੋਈ ਇੱਕ ਭਰਵੀਂ ਵਰਕਰ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ।ਇਸ ਮੌਕੇ ਵਰਕਰਾਂ ਦੇ ਭਾਰੀ ਇਕੱਠ ਨੂੰ ਦੇਖਦਿਆਂ ਬ੍ਰਹਮਪੁਰਾ ਨੇ ਕਿਹਾ ਕਿ ਲੋਕਾਂ ਦਾ ਉਤਸ਼ਾਹ ਦੱਸਦਾ ਹੈ ਕਿ ਉਹ ਆਪ ਸਰਕਾਰ ਦੀ ਨਿਕੰਮੀ ਕਾਰਗੁਜ਼ਾਰੀ ਅਤੇ ਕਾਂਗਰਸ ਦੀ ਮੌਕਾਪ੍ਰਸਤੀ ਤੋਂ ਪੂਰੀ ਤਰ੍ਹਾਂ ਅੱਕ ਚੁੱਕੇ ਹਨ।ਉਨ੍ਹਾਂ ਕਿਹਾ ਕਿ ਲੋਕ ਅੱਜ ਵੀ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਵੇਲੇ ਹੋਏ ਬੇਮਿਸਾਲ ਵਿਕਾਸ, ਕਿਸਾਨਾਂ ਤੇ ਗਰੀਬਾਂ ਨੂੰ ਦਿੱਤੀਆਂ ਗਈਆਂ ਸਹੂਲਤਾਂ ਅਤੇ ਅਮਨ-ਕਾਨੂੰਨ ਦੇ ਸੁਨਹਿਰੀ ਦੌਰ ਨੂੰ ਯਾਦ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਆਪ ਸਰਕਾਰ ਨੇ ਝੂਠੇ ਵਾਅਦਿਆਂ ਨਾਲ ਲੋਕਾਂ ਨੂੰ ਠੱਗਿਆ ਹੈ ਅਤੇ ਹੁਣ ਲੋਕ ਇਨ੍ਹਾਂ ਨੂੰ ਸਬਕ ਸਿਖਾਉਣ ਲਈ ਕਾਹਲੇ ਹਨ।ਸ੍ਰ. ਬ੍ਰਹਮਪੁਰਾ ਨੇ ਕਿਹਾ ਕਿ ਤਰਨ ਤਾਰਨ ਦੇ ਲੋਕ ਸੁਖਬੀਰ ਸਿੰਘ ਬਾਦਲ ਦੀ ਦੂਰਅੰਦੇਸ਼ੀ ਲੀਡਰਸ਼ਿਪ ਨੂੰ ਪੰਜਾਬ ਦੇ ਭਵਿੱਖ ਲਈ ਜ਼ਰੂਰੀ ਸਮਝਦੇ ਹਨ ਅਤੇ ਉਨ੍ਹਾਂ ਨੂੰ ਮੁੜ ਮੁੱਖ ਮੰਤਰੀ ਵਜੋਂ ਦੇਖਣ ਲਈ ਉਤਾਵਲੇ ਹਨ।ਪਿੰਡ ਕੋਟ ਦਸੌਂਦੀ ਮੱਲ ਦੇ ਵਰਕਰਾਂ ਨੇ ਪੂਰੇ ਜੋਸ਼ ਨਾਲ ਭਰੋਸਾ ਦਿਵਾਇਆ ਕਿ ਉਹ ਪਿਛਲੀਆਂ ਚੋਣਾਂ ਵਾਂਗ ਇਸ ਵਾਰ ਵੀ ਪਿੰਡ ਵਿੱਚੋਂ ਬੀਬੀ ਸੁਖਵਿੰਦਰ ਕੌਰ ਰੰਧਾਵਾ ਨੂੰ ਭਾਰੀ ਬਹੁਮਤ ਨਾਲ ਜਿਤਾਉਣਗੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਅਵਤਾਰ ਸਿੰਘ, ਸਾਬਕਾ ਸਰਪੰਚ ਊਧਮ ਸਿੰਘ, ਜੋਗਾ ਸਿੰਘ, ਬਲਜਿੰਦਰ ਸਿੰਘ ਗੋਹਲਵੜ, ਕਸ਼ਮੀਰ ਸਿੰਘ, ਗੁਰਜੰਟ ਸਿੰਘ, ਗੁਰਬੀਰ ਸਿੰਘ, ਜਸਮੇਲ ਸਿੰਘ ਅਤੇ ਬਗੀਚਾ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਅਕਾਲੀ ਵਰਕਰ ਹਾਜ਼ਰ ਸਨ।

# ਸਕਿਓਰਿਟੀ ਗਾਰਡ (ਲੜਕੇ) ਲਈ ਇੰਟਰਵਿਊ 27 ਨੂੰ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਪਰਸ਼ੋਤਮ ਸਿੰਘ ਜ਼ਿਲ੍ਹਾ ਰੋਜ਼ਗਾਰ ਅਫਸਰ ਗੁਰਦਾਸਪੁਰ ਨੇ ਦੱਸਿਆ ਕਿ ਪਲੇਸਮੈਂਟ ਕੈਂਪ/ਰੋਜ਼ਗਾਰ ਮੇਲਾ ਤਹਿਤ ਸਕਿਓਰਿਟੀ ਐਂਡ ਇੰਟੈਲੀਜੈਂਟ ਸਰਵਿਸ ਇੰਡੀਆ ਲਿਮਟਿਡ ਵਿੱਚ ਸਕਿਉਰਿਟੀ ਗਾਰਡ ਲਈ (ਲੜਕੇ) ਦੀਆਂ ਪੋਸਟਾਂ ਲਈ ਇੰਟਰਵਿਊ 27 ਨੂੰ ਸਵੇਰੇ 10:00 ਤੋਂ 1:00 ਵਜੇ ਤੱਕ ਬੀਡੀਪੀਓ ਦਫ਼ਤਰ ਕਲਾਨੌਰ ਹੋਵੇਗੀ ਜਿਸ ਵਿੱਚ ਘੱਟੋ-ਘੱਟ ਯੋਗਤਾ ਦੱਸਵੀਂ ਪਾਸ ਲੜਕਿਆਂ ਦੀ ਲੋੜ ਹੈ।ਉਮਰ ਸੀਮਾ 19 ਤੋਂ 40 ਸਾਲ ਤੱਕ ਅਤੇ ਕੱਦ ਘੱਟ ਤੋਂ ਘੱਟ 5 ਫੁੱਟ 6 ਇੰਚ, ਭਾਰ 56 ਤੋਂ 90 ਕਿਲੋ, ਛਾਤੀ 80 ਸੈਂਟੀਮੀਟਰ ਤੋਂ 85 ਸੈਂਟੀਮੀਟਰ ਹੋਣੀ ਚਾਹੀਦੀ ਹੈ।ਉਨ੍ਹਾਂ ਦੱਸਿਆ ਕਿ ਤਨਖਾਹ 18000 ਤੋਂ 20000 ਰੁਪਏ ਹੈ। ਉਮੀਦਵਾਰ ਆਪਣੇ ਸਾਰੇ ਜ਼ਰੂਰੀ ਦਸਤਾਵੇਜ਼ ਜਿਵੇਂ ਕਿ 10ਵੀਂ, ਗ੍ਰੈਜੂਏਸ਼ਨ ਅਤੇ ਬਾਇਓਡਾਟਾ ਆਦਿ ਨਾਲ ਲੈ ਕੇ ਆਉਣਾ ਯਕੀਨੀ ਬਣਾਇਆ ਜਾਵੇ ।

# ਲਖਬੀਰ ਸਿੰਘ ਨੇ ਬਤੌਰ ਕਾਰਜਕਾਰੀ ਇੰਜੀਨੀਅਰ ਮੰਡਲ ਗੁਰਦਾਸਪੁਰ ਦਾ ਚਾਰਜ ਸੰਭਾਲਿਆ



**ਗੁਰਦਾਸਪੁਰ, (ਜਨਕ ਮਹਾਜਨ)**

ਲਖਬੀਰ ਸਿੰਘ ਨੇ ਬਤੌਰ ਕਾਰਜਕਾਰੀ ਇੰਜੀਨੀਅਰ ਮੰਡਲ ਗੁਰਦਾਸਪੁਰ ਦਾ ਚਾਰਜ ਸੰਭਾਲਣ ਉਪਰੰਤ ਦਫਤਰੀ ਕੰਮ-ਕਾਜ ਆਰੰਭ ਕਰ ਦਿੱਤਾ ਹੈ। ਮੰਡਲ ਦੇ ਸਮੂਹ ਉਪ ਮੰਡਲ ਅਫਸਰਾਂ ਅਤੇ ਕਰਮਚਾਰੀਆਂ ਨੇ ਉਨ੍ਹਾਂ ਦਾ ਗੁਲਦਸਤੇ ਭੇਟ ਕਰਕੇ ਭਰਵਾਂ ਸਵਾਗਤ ਕੀਤਾ। ਇੰਜੀਨੀਅਰ ਲਖਬੀਰ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਤੇ ਪਾਵਰਕਾਮ ਚੇਅਰਮੈਨ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਕੰਮ ਕਰਕੇ ਲੋਕਾਂ ਦੀਆਂ ਮੁਸ਼ਕਲਾਂ ਦੂਰ ਕੀਤੀਆਂ ਜਾਣਗੀਆਂ ਅਤੇ ਮੁਲਾਜ਼ਮਾਂ ਦੇ ਮਸਲੇ ਵੀ ਪਹਿਲ ਦੇ ਆਧਾਰ 'ਤੇ ਹੱਲ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਬਿਜਲੀ ਚੋਰੀ ਨੂੰ ਰੋਕਣ ਲਈ ਉਨ੍ਹਾਂ ਵੱਲੋਂ ਵਿਸ਼ੇਸ਼ ਟੀਮਾਂ ਦਾ ਗਠਨ ਕੀਤਾ ਜਾਵੇਗਾ। ਜ਼ਿਕਰਯੋਗ ਹੈ ਕਿ ਇੰਜ. ਲਖਬੀਰ ਸਿੰਘ ਮੁਕੇਰੀਆਂ ਤੋਂ ਤਬਦੀਲ ਹੋ ਕੇ ਆਏ ਹਨ। ਇਸ ਮੌਕੇ ਐੱਸਡੀਓ ਗੁਰਮੀਤ ਸਿੰਘ, ਐੱਸਡੀਓ ਅਮਨਦੀਪ ਸਿੰਘ, ਐੱਸਡੀਓ ਰਵਿੰਦਰ ਕੁਮਾਰ, ਐੱਸਡੀਓ ਰਜਤ ਸਿੰਘ, ਐੱਸਡੀਓ ਚੰਦਨਜੀਤ, ਐੱਸਡੀਓ ਪੰਕਜ ਦਿਗਪਾਲ, ਭੁਪਿੰਦਰ ਸਿੰਘ ਕਲੇਰ ਐੱਸਡੀਓ ਗੁਰਦਾਸਪੁਰ, ਹਰਮਿੰਦਰ ਸਿੰਘ, ਲਖਵਿੰਦਰ ਸਿੰਘ ਜੇਈ., ਸਰਵਣ ਸਿੰਘ ਜੇਈ, ਅਦਿੱਤਿਯ ਸਰਕਲ ਅਸਿਸਟੈਂਟ ਮੁਕੇਰੀਆਂ, ਕਸ਼ਮੀਰ ਸਿੰਘ, ਸੁਖੇਦਵ ਜੇਈ., ਅਰੁਣ ਕੁਮਾਰ ਸੁਪਰਡੈਂਟ ਤੋਂ ਇਲਾਵਾ ਦਵਿੰਦਰ ਸਿੰਘ ਗੁਨੋਪੁਰ ਅਤੇ ਹੋਰ ਬਿਜਲੀ ਮੁਲਾਜ਼ਮ ਹਾਜ਼ਰ ਸਨ।

## ਜ਼ਿਲ੍ਹੇ ਦੀਆਂ ਮੰਡੀਆਂ 'ਚ ਹੁਣ ਤੱਕ ਝੋਨੇ ਦੀ 436600 ਮੀਟਰਕ ਟਨ ਖਰੀਦ ਹੋਈ : ਏ ਡੀ ਸੀ



**ਬਟਾਲਾ, (ਡਾ. ਮਲਵਿੰਦਰ ਸਿੰਘ)**-ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਬੀਤੀ ਸ਼ਾਮ ਤੱਕ 454999 ਮੀਟਰਕ ਟਨ ਝੋਨੇ ਦੀ ਫਸਲ ਦੀ ਆਮਦ ਹੋਈ ਸੀ, ਜਿਸ ਵਿੱਚੋਂ 436600 ਮੀਟਰਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ ਅਤੇ 89 ਫੀਸਦ ਤੋਂ ਫਸਲ ਦੀ ਚੁਕਾਈ ਕੀਤੀ ਜਾ ਚੁੱਕੀ ਹੈ ਅਤੇ ਫਸਲ ਦੀ ਚੁਕਾਈ ਨਾਲੋਂ ਨਾਲ ਜਾਰੀ ਹੈ।ਕਿਸਾਨਾਂ ਦੇ ਖਾਤਿਆਂ ਵਿੱਚ ਕਰੀਬ 961 ਕਰੋੜ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ।ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਹਰਜਿੰਦਰ ਸਿੰਘ ਬੇਦੀ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਝੋਨੇ ਦੀ ਫਸਲ ਕੱਟਣ ਉਪਰੰਤ ਇੰਨ ਸੀਟੂ ਵਿਧੀ ਨਾਲ ਫਸਲ ਦੀ ਰਹਿੰਦ ਖੂੰਹਦ ਨੂੰ ਖੇਤ ਵਿੱਚ ਵਾਹ ਕੇ ਕਣਕ ਦੀ ਬਿਜਾਈ ਕਰਨ ਜਾਂ ਐਕਸ ਸੀਟੂ ਵਿਧੀ ਰਾਹੀਂ ਪਰਾਲੀ ਪ੍ਰਬੰਧਨ ਲਈ ਖੇਤੀ ਮਸ਼ੀਨਰੀ ਦੀ ਵਰਤੋਂ ਕਰਨ। ਪਰਾਲੀ ਸਾੜਨ ਦੀ ਬਜਾਏ ਗੱਠਾਂ ਬਣਾਈਆਂ ਜਾਣ।ਉਨ੍ਹਾਂ ਕਿਹਾ ਕਿ ਬਹੁਤ ਸਾਰੇ ਕਿਸਾਨ ਜਿਵੇਂ ਧਾਰੀਵਾਲ ਨੇੜੇ ਪਿੰਡ ਸੋਹਲ ਵਿਖੇ ਪਰਾਲੀ ਪ੍ਰਬੰਧਨ (ਗੱਠਾਂ ਬਣਾ ਕੇ) ਰਾਹੀਂ ਆਪਣੀ ਆਰਥਿਕਤਾ ਵਿੱਚ ਵਾਧਾ ਕਰ ਰਹੇ ਹਨ।ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਝੋਨੇ ਦੀ ਕਟਾਈ ਝੋਨਾ ਪੂਰੀ ਤਰ੍ਹਾਂ ਪੱਕਣ ਤੇ ਹੀ ਕੀਤੀ ਜਾਵੇ ਅਤੇ ਕੇਵਲ ਸੁੱਕਾ ਝੋਨਾ ਹੀ ਮੰਡੀਆਂ ਵਿੱਚ ਵੇਚਣ ਲਈ ਲਿਆਂਦਾ ਜਾਵੇ।ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਵੱਲੋਂ ਖ਼ਰੀਦ ਵੇਲੇ ਝੋਨੇ ਵਿੱਚ ਨਮੀ ਦੀ ਹੱਦ 17 ਫ਼ੀਸਦੀ ਨਿਰਧਾਰਿਤ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਜੇਕਰ ਕਿਸੇ ਕਿਸਾਨ ਦੇ ਝੋਨੇ ਦੀ ਫ਼ਸਲ ਵਿੱਚ 17 ਫ਼ੀਸਦੀ ਤੋਂ ਵੱਧ ਦੀ ਨਮੀ ਪਾਈ ਜਾਂਦੀ ਹੈ ਤਾਂ ਉਸ ਦੀ ਜਿਨਸ ਦੀ ਖ਼ਰੀਦ ਨਹੀਂ ਹੋ ਪਾਉਂਦੀ, ਜਿਸ ਕਾਰਨ ਕਿਸਾਨਾਂ ਨੂੰ ਮੰਡੀ ਵਿੱਚ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ।ਦੱਸਣਯੋਗ ਹੈ ਕਿ ਪਨਗਰੇਨ ਵੱਲੋਂ 167409 ਮੀਟਰਕ ਟਨ, ਮਾਰਕਫੈੱਡ ਵੱਲੋਂ 114295 ਮੀਟਰਕ ਟਨ, ਪਨਸਪ ਵਲੋਂ 85767 ਮੀਟਰਕ ਟਨ, ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਵੱਲੋਂ 69121 ਅਤੇ ਪ੍ਰਾਈਵੇਟ ਖਰੀਦ 08 ਮੀਟਰਕ ਟਨ ਝੋਨੇ ਦੀ ਖਰੀਦ ਕੀਤੀ ਗਈ ਹੈ।

## ਲੋਕ ਕਾਂਗਰਸ ਨੂੰ ਇਤਿਹਾਸਕ ਜਿੱਤ ਦਿਵਾਉਣਗੇ : ਰਾਜਬੀਰ ਪੱਖੋਕੇ

**ਝਬਾਲ (ਹਰਜਿੰਦਰ ਸਿੰਘ ਸੋਨੀ)**-ਪੰਜਵੜ ਕਲਾਂ ਵਿਖੇ ਆਪਣੇ ਸਾਥੀਆਂ ਨਾਲ ਚੋਣ ਪ੍ਰਚਾਰ ਕਰਦੇ ਹੋਏ ਪੰਜਾਬ ਪ੍ਰਦੇਸ਼ ਕਾਂਗਰਸ ਦੇ ਸੂਬਾ ਮੀਤ ਪ੍ਰਧਾਨ ਰਾਜਬੀਰ ਸਿੰਘ ਪੱਖੋਕੇ ਨੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆਂ ਕਿਹਾ ਕਿ ਵਿਧਾਨ ਸਭਾ ਹਲਕਾ ਖਡੂਰ ਸਾਹਿਬ ਦੇ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਦੀ ਅਗਵਾਈ ਹੇਠ ਤਰਨਤਾਰਨ ਜ਼ਿਮਨੀ ਚੋਣ ਵਿੱਚ ਹਲਕਾ ਖਡੂਰ ਸਾਹਿਬ ਦੇ ਕਾਂਗਰਸੀ ਆਗੂ ਤੇ ਵਰਕਰ ਕਾਂਗਰਸੀ ਉਮੀਦਵਾਰ ਕਰਨਬੀਰ ਸਿੰਘ ਬੁਰਜ ਦੀ ਜਿੱਤ 'ਚ ਦਿਨ ਰਾਤ ਇੱਕ ਕਰ ਦੇਣਗੇ।ਪੱਖੋਕੇ ਨੇ ਕਿਹਾ ਕਿ ਪੰਜਾਬ ਵਿੱਚ ਵਿੱਚ ਅਮਨ ਕਾਨੂੰਨ ਦੀ ਮਾੜੀ ਸਥਿਤੀ ਕਾਰਨ ਡਰ ਅਤੇ ਭੈਅ ਵਿੱਚ ਦਿਨ ਕੱਟ ਰਹੇ ਲੋਕ ਤਰਨਤਾਰਨ ਜ਼ਿਮਨੀ ਚੋਣ ਵਿੱਚ ਕਾਂਗਰਸ ਨੂੰ ਇਤਿਹਾਸਕ ਜਿੱਤ ਦਿਵਾ ਕੇ 2027 'ਚ ਕਾਂਗਰਸ ਦੀ ਸਰਕਾਰ ਬਣਾਉਣ ਲਈ ਬੇਸਬਰੀ ਨਾਲ ਸਮੇਂ ਦੀ ਉਡੀਕ ਕਰ ਰਹੇ ਹਨ।ਪੱਖੋਕੇ ਨੇ ਕਿਹਾ ਕਿ ਕਾਂਗਰਸ ਤਰਨਤਾਰਨ ਜ਼ਿਮਨੀ ਚੋਣ ਜਿੱਤ ਲੋਕਾਂ ਦੇ ਜਜ਼ਬਾਤਾਂ ਦੀ ਤਰਜਮਾਨੀ ਕਰਦੇ ਹੋਏ ਪੰਜਾਬ ਦੇ ਸਰਬਪੱਖੀ ਵਿਕਾਸ ਲਈ ਵਚਨਬੱਧਤਾ ਨਾਲ ਯਤਨਸ਼ੀਲ ਰਹੇਗੀ।ਇਸ ਮੌਕੇ ਗੁਰਨਾਮ ਸਿੰਘ ਰੰਧਾਵਾ, ਦਵਿੰਦਰ ਸਿੰਘ, ਰਵਿੰਦਰਪਾਲ ਸਿੰਘ, ਨੰਬਰਦਾਰ ਕੁਲਦੀਪ ਸਿੰਘ, ਕਿਸ਼ਨ ਸਿੰਘ ਪੱਖੋਕੇ, ਗੁਰਭੇਜ ਸਿੰਘ ਦੀਨੇਵਾਲ, ਗੁਰਜੰਟ ਸਿੰਘ ਖੱਬੇ ਡੋਗਰਾ, ਕਰਤਾਰ ਸਿੰਘ ਕੱਲਾ, ਯੁਵਰਾਜ ਸਿੰਘ ਬਾਠ, ਕੇਵਲ ਸਿੰਘ ਬਾਠ, ਸੁਬੇਗ ਸਿੰਘ ਮਾਲਚੱਕ, ਗੋਗਾ ਪਹਿਲਵਾਨ ਬਾਣੀਆਂ, ਪ੍ਰਭਜੀਤ ਸਿੰਘ ਦੁੱਗਲਵਾਲ, ਸ਼ੇਰ ਸਿੰਘ ਸੰਘਾ ਆਦਿ ਹਾਜ਼ਰ ਸਨ।

# ਦੀਵਾਲੀ ਮੌਕੇ ਆਰ. ਡੀ. ਖੋਸਲਾ ਡੀਏਵੀ ਸਕੂਲ 'ਚ ਲਗਾਈ ਸ਼ਾਨਦਾਰ ਕਲਾ ਪ੍ਰਦਰਸ਼ਨੀ



**ਬਟਾਲਾ (ਡਾ. ਮਾਲਵਿੰਦਰ ਸਿੰਘ)**

ਆਰ. ਡੀ. ਖੋਸਲਾ ਡੀਏਵੀ ਮਾਡਲ ਸੀਨੀਅਰ ਸੈਕੰਡਰੀ ਸਕੂਲ, ਬਟਾਲਾ ਵਿਖੇ ਦੀਵਾਲੀ ਮੌਕੇ ਇੱਕ ਸ਼ਾਨਦਾਰ ਕਲਾ ਪ੍ਰਦਰਸ਼ਨੀ ਦਾ ਆਯੋਜਨ ਕੀਤਾ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੈ ਖੋਸਲਾ, ਪ੍ਰਿੰਸੀਪਲ ਡਾ. ਬਿੰਦੂ ਭੱਲਾ ਅਤੇ ਪ੍ਰਬੰਧਕੀ ਕਮੇਟੀ ਦੇ ਮੈਂਬਰ ਭੁਪਿੰਦਰ ਸਿੰਘ, ਵਰਿੰਦਰ ਕਾਂਸਰਾ, ਸਿਧਾਂਤ ਖੋਸਲਾ, ਮੋਨਿਕਾ ਖੋਸਲਾ ਤੇ ਮਨੀਸ਼ਾ ਖੋਸਲਾ ਦੁਆਰਾ ਦੀਵਾ ਜਗਾਉਣ ਨਾਲ ਹੋਈ।ਉਨ੍ਹਾਂ ਸਾਰਿਆਂ ਨੂੰ ਦੀਵਾਲੀ ਦੀਆਂ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਇਹ ਤਿਉਹਾਰ ਸਾਨੂੰ ਸੱਚਾਈ ਅਤੇ ਧਰਮ ਦੇ ਮਾਰਗ ਤੇ ਚੱਲਣ ਲਈ ਪ੍ਰੇਰਿਤ ਕਰਦਾ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਇਸ ਤਿਉਹਾਰ ਨੂੰ ਸਾਦਗੀ ਅਤੇ ਵਾਤਾਵਰਣ ਪ੍ਰਤੀ ਸੁਚੇਤ ਹੋ ਕੇ ਖੁਸ਼ੀ-ਖੁਸ਼ੀ ਮਨਾਉਣ ਦੀ ਅਪੀਲ ਕੀਤੀ।ਕਲਾ ਪ੍ਰਦਰਸ਼ਨੀ ਵਿੱਚ ਵਿਦਿਆਰਥੀਆਂ ਨੇ ਵਾਤਾਵਰਣ ਸੁਰੱਖਿਆ, ਸਵਦੇਸ਼ੀ ਸਮੱਗਰੀ ਦੀ ਵਰਤੋਂ, ਸਫਾਈ ਅਤੇ ਸਕਾਰਾਤਮਕ ਸੋਚ 'ਤੇ ਆਧਾਰਿਤ ਪੇਂਟਿੰਗਾਂ ਅਤੇ ਵੱਖ-ਵੱਖ ਹੱਥ ਨਾਲ ਬਣੀਆਂ ਕਲਾਕ੍ਰਿਤੀਆਂ ਪ੍ਰਦਰਸ਼ਿਤ ਕੀਤੀਆਂ, ਜਿਸ ਵਿੱਚ ਦੀਵੇ ਸਜਾਵਟ, ਫੁੱਲਾਂ ਦੇ ਹਾਰ, ਲਟਕਣ, ਕਢਾਈ ਅਤੇ ਫੈਬਰਿਕ ਪੇਂਟਿੰਗ, ਸ਼ੀਸ਼ੇ ਦੀਆਂ ਪੇਂਟਿੰਗਾਂ, ਪੋਸਟਰ, ਕੰਧ ਪੇਂਟਿੰਗ, ਕਾਰ ਲਟਕਣ, ਫੋਟੋ ਫਰੇਮ ਅਤੇ ਹੱਥ ਨਾਲ ਬਣੀਆਂ ਮੋਮਬੱਤੀਆਂ ਸ਼ਾਮਲ ਸਨ।ਪੂਰਾ ਸਕੂਲ ਕੈਂਪਸ ਖੁਸ਼ੀ, ਰੰਗ ਅਤੇ ਰੌਸ਼ਨੀ ਦਾਇੱਕ ਜੀਵੰਤ ਮਿਸ਼ਰਣ ਸੀ।ਸਕੂਲ ਦੇ ਸਾਰੇ ਵਿਦਿਆਰਥੀਆਂ ਨੇ ਆਪਣੀ ਸਿਰਜਣਾਤਮਕ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ ਵਿਦਿਆਰਥੀਆਂ ਨੇ ਰੰਗ ਬਰੰਗੀਆਂ ਰੰਗੋਲੀਆਂ, ਦੀਵੇ ਸਜਾਵਟ, ਪੋਸਟਰ, ਸੁੰਦਰ ਫੁੱਲਾਂ, ਲਟਕਣਾ ਅਤੇ ਦੀਵਿਆਂ ਦੇ ਨਾਲ ਆਪਣੀਆਂ ਆਪਣੀਆਂ ਜਮਾਤਾਂ ਨੂੰ ਸਜਾਇਆ।ਸਕੂਲ ਦੀਆਂ ਦੀਵਾਰਾਂ ਬੱਚਿਆਂ ਦੀਆਂ ਕਲਾਤਮਿਕ ਸੋਚ ਅਤੇ ਉਤਸ਼ਾਹ ਨਾਲ ਸਜੀਆਂ ਨਜ਼ਰ ਆਈਆਂ। ਪ੍ਰੋਗਰਾਮ ਦੇ ਅੰਤ ਵਿੱਚ ਪ੍ਰਿੰਸੀਪਲ ਬਿੰਦੂ ਭੱਲਾ ਨੇ ਸਾਰਿਆਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਦੀਵਾਲੀ ਦਾ ਤਿਉਹਾਰ ਕੇਵਲ ਤਿਉਹਾਰ ਹੀ ਨਹੀਂ ਸਗੋਂ ਹਨੇਰੇ ਤੋਂ ਪ੍ਰਕਾਸ਼, ਨਕਾਰਾਤਮਿਕਤਾ ਤੋਂ ਸਕਾਰਾਤਮਿਕਤਾ ਦੀ ਯਾਤਰਾ ਦਾ ਪ੍ਰਤੀਕ ਹੈ।ਸਾਨੂੰ ਸਾਰਿਆਂ ਨੂੰ ਇਸ ਦੀਵਾਲੀ ਤੇ ਆਪਣੇ ਜੀਵਨ ਵਿੱਚ ਸਕਾਰਾਤਮਕ ਸੋਚ, ਸੱਚਾਈ ਅਤੇ ਸਦਭਾਵਨਾ ਦਾ ਦੀਵਾ ਜਗਾਉਣਾ ਚਾਹੀਦਾ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਸੰਦੇਸ਼ ਦਿੱਤਾ ਕਿ ਉਹ ਦੂਸਰਿਆਂ ਦੇ ਜੀਵਨ ਨੂੰ ਪ੍ਰਕਾਸ਼ਮਾਨ ਕਰਨ ਵਾਲੇ ਦੀਪਕ ਬਣਨ।

# ਡੀਸੀ ਦਲਵਿੰਦਰਜੀਤ ਸਿੰਘ ਨੂੰ ਸ਼ਾਨਦਾਰ ਸੇਵਾਵਾਂ ਨਿਭਾਉਣ ਸਦਕਾ ਦਿੱਤੀ ਨਿੱਘੀ ਵਿਦਾਇਗੀ ਪਾਰਟੀ

**ਧਾਰੀਵਾਲ/ਗੁਰਦਾਸਪੁਰ, ਡੇਰਾ ਬਾਬਾ ਨਾਨਕ (ਮਨਦੀਪ ਸਿੰਘ ਵਿੱਕੀ, ਜਨਕ ਮਹਾਜਨ, ਰਮੇਸ਼ ਸ਼ਰਮਾ)**



ਦਲਵਿੰਦਰਜੀਤ ਸਿੰਘ, ਆਈਏਐੱਸ (2017), ਡਿਪਟੀ ਕਮਿਸ਼ਨਰ ਗੁਰਦਾਸਪੁਰ ਦੀ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਬਤੌਰ ਡਿਪਟੀ ਕਮਿਸ਼ਨਰ ਵਜੋਂ ਤਾਇਨਾਤੀ ਹੋਈ ਹੈ।ਗੁਰਦਾਸਪੁਰ ਵਿਖੇ ਦਲਵਿੰਦਰਜੀਤ ਸਿੰਘ, ਡਿਪਟੀ ਕਮਿਸ਼ਨਰ ਨੂੰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨਿੱਘੀ ਵਿਦਾਇਗੀ ਪਾਰਟੀ ਦਿੱਤੀ ਗਈ। ਇਸ ਮੌਕੇ ਡਾ. ਹਰਜਿੰਦਰ ਸਿੰਘ ਬੇਦੀ, ਵਧੀਕ ਡਿਪਟੀ ਕਮਿਸ਼ਨਰ (ਜ), ਜਸਪਿੰਦਰ ਸਿੰਘ, ਐੱਸਡੀਐੱਮ. ਦੀਨਾਨਗਰ, ਮਨਜੀਤ ਸਿੰਘ ਰਾਜਲਾ, ਐੱਸਡੀਐੱਮ, ਗੁਰਦਾਸਪੁਰ, ਵਿਕਰਮਜੀਤ ਸਿੰਘ ਪਾਂਥੇ ਐੱਸਡੀਐੱਮ, ਬਟਾਲਾ, ਜਯੋਤਸਨਾ ਸਿੰਘ ਐੱਸਡੀਐੱਮ ਕਲਾਨੌਰ, ਆਦਿੱਤਿਆ ਸ਼ਰਮਾ ਐੱਸਡੀਐੱਮ ਡੇਰਾ ਬਾਬਾ ਨਾਨਕ, ਗੁਰਮੰਦਿਰ ਸਿੰਘ ਐੱਸਡੀਐੱਮ ਫਤਿਹਗੜ੍ਹ ਚੂੜੀਆਂ, ਆਦਿੱਤਿਆ ਗੁਪਤਾ ਸਹਾਇਕ ਕਮਿਸ਼ਨਰ (ਜ), ਕੁਲਦੀਪ ਚੰਦ ਸਹਾਇਕ ਕਮਿਸ਼ਨਰ, ਨਵਜੋਤ ਸ਼ਰਮਾ ਆਰਟੀਏ, ਜਸਕਰਨ ਸਿੰਘ ਜਿਲਾ ਮਾਲ ਅਫਸਰ, ਸਮੇਤ ਵੱਖ-ਵੱਖ ਅਧਿਕਾਰੀ ਮੌਜੂਦ ਸਨ।ਦੱਸਣਯੋਗ ਹੈ ਕਿ ਆਦਿੱਤਿਆ ਉੱਪਲ ਆਈਏਐੱਸ (2015) ਡਿਪਟੀ ਕਮਿਸ਼ਨਰ ਪਠਾਨਕੋਟ, ਡਿਪਟੀ ਕਮਿਸ਼ਨਰ ਗੁਰਦਾਸਪੁਰ ਵਜੋਂ ਤਾਇਨਾਤ ਹੋਏ ਹਨ।ਇਸ ਮੌਕੇ ਵੱਖ-ਵੱਖ ਅਧਿਕਾਰੀਆਂ ਨੇ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਦੀ ਅਗਵਾਈ ਵਿੱਚ ਕੀਤੇ ਵੱਖ-ਵੱਖ ਕਾਰਜਾਂ ਦੀ ਸਰਾਹਨਾ ਕਰਦਿਆਂ ਕਿਹਾ ਕਿ ਡਿਪਟੀ ਕਮਿਸ਼ਨਰ ਦੇ ਮਾਰਗ ਦਰਸ਼ਨ ਸਦਕਾ ਹਰ ਇਕ ਕੰਮ ਨੂੰ ਸਹਿਜ ਨਾਲ ਕੀਤਾ ਗਿਆ ਅਤੇ ਉਨ੍ਹਾਂ ਵਲੋਂ ਹਮੇਸ਼ਾ ਖੁਦ ਅੱਗੇ ਹੋ ਕੇ ਹਰੇਕ ਕਾਰਜ ਵਿੱਚ ਸਹਿਯੋਗ ਦਿੱਤਾ ਗਿਆ ।ਉਨ੍ਹਾਂ ਕਿਹਾ ਕਿ ਡਿਪਟੀ ਕਮਿਸ਼ਨਰ ਦੇ ਕਾਰਜਕਾਲ ਦੌਰਾਨ ਨੈਸ਼ਨਲ ਹਾਈਵੇ ਨਾਲ ਸਬੰਧਤ ਮੁੱਦੇ, ਮਾਣਯੋਗ ਪ੍ਰਧਾਨ ਮੰਤਰੀ, ਮਾਣਯੋਗ ਮੁੱਖੀ ਮੰਤਰੀ ਅਤੇ ਗਵਨਰ ਪੰਜਾਬ ਅਤੇ ਕੇਂਦਰੀ ਮੰਤਰੀਆਂ ਦੇ ਗੁਰਦਾਸਪੁਰ ਵਿੱਚ ਫੇਰੀ, ਸੰਧੂਰ ਆਪ੍ਰੇਸ਼ਨ, ਯੁੱਧ ਨਸ਼ਿਆਂ ਵਿਰੁੱਧ ਮੁਹਿੰਮ, ਜ਼ਿਲ੍ਹੇ ਦੀ ਅਮੀਰ ਵਿਰਾਸਤ ਨੂੰ ਸੰਭਾਲਣ ਲਈ ਕੀਤੇ ਯਤਨ ਅਤੇ ਹੜ੍ਹਾਂ ਦੌਰਾਨ ਡਿਪਟੀ ਕਮਿਸ਼ਨਰ ਵਲੋਂ ਹੜ ਪੀੜਤਾਂ ਦੀ ਕੀਤੀ ਸੇਵਾ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ।ਇਸ ਮੌਕੇ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਜ਼ਿਲ੍ਹਾ ਵਾਸੀਆਂ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੀ ਸਮੁੱਚੀ ਟੀਮ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਉਨ੍ਹਾਂ ਨੂੰ ਗੁਰਦਾਸਪੁਰ ਜ਼ਿਲ੍ਹੇ ਦੀ ਪਵਿੱਤਰ ਧਰਤੀ ਤੇ ਲੋਕਾਂ ਦੀ ਸੇਵਾ ਕਰਨ ਦਾ ਮੌਕਾ ਮਿਲਿਆ ਅਤੇ ਗੁਰਦਾਸਪੁਰ ਵਾਸੀ ਹਮੇਸ਼ਾ ਉਨ੍ਹਾਂ ਦੇ ਦਿਲ ਵਿੱਚ ਵਸੇ ਰਹਿਣਗੇ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਵਾਸੀਆਂ ਵਲੋਂ ਦਿੱਤੇ ਪਿਆਰ ਨੂੰ ਹਮੇਸ਼ਾ ਯਾਦ ਰੱਖਣਗੇ ਅਤੇ ਇਥੇ ਬਿਤਾਇਆ ਹਰ ਪਲ ਉਨ੍ਹਾਂ ਦੇ ਚੇਤਿਆਂ ਵਿੱਚ ਰਹੇਗਾ।ਦੱਸਣਯੋਗ ਹੈ ਕਿ ਦਲਵਿੰਦਰਜੀਤ ਸਿੰਘ ਆਈਏਐੱਸ (2017) ਡਿਪਟੀ ਕਮਿਸ਼ਨਰ ਗੁਰਦਾਸਪੁਰ ਤੋਂ ਬਦਲ ਕੇ ਗੁਰੂ ਦੀ ਨਗਰੀ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਡਿਪਟੀ ਕਮਿਸ਼ਨਰ ਵਜੋਂ ਤਾਇਨਾਤ ਹੋਏ ਹਨ।

# happy diwali ਦੀਵਾਲੀ ਅਤੇ ਵਿਸ਼ਵਕਰਮਾ ਦੇ ਪਵਿੱਤਰ ਤਿਉਹਾਰ 'ਤੇ ਸਰਦੂਲਗੜ੍ਹ ਦਾ ਵਿਸ਼ੇਸ਼ ਸਪਲੀਮੈਂਟ


























































## ਸ੍ਰੀ ਅਨੰਦਪੁਰ ਸਾਹਿਬ 'ਚ ਝੋਨੇ ਦੀ ਖਰੀਦ ਸੁਚਾਰੂ ਢੰਗ ਨਾਲ ਜਾਰੀ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਦਿਸ਼ਾ ਨਿਰਦੇਸ਼ਾ ਤਹਿਤ ਮੰਡੀਆਂ ਵਿੱਚ ਝੋਨੇ ਦੀ ਖਰੀਦ ਦੇ ਸੁਚੱਜੇ ਪ੍ਰਬੰਧ ਕੀਤੇ ਹੋਏ ਹਨ। ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਵੱਲੋਂ ਅਧਿਕਾਰੀਆਂ ਨੂੰ ਅਨਾਜ ਮੰਡੀਆਂ ਵਿੱਚ ਖਰੀਦ ਪ੍ਰਬੰਧਾਂ ਤੇ ਨਿਗਰਾਨੀ ਰੱਖਣ ਦੀ ਹਦਾਇਤ ਕੀਤੀ ਹੈ। ਸ੍ਰੀ ਅਨੰਦਪੁਰ ਸਾਹਿਬ ਦੀਆਂ ਅਨਾਜ ਮੰਡੀਆਂ ਵਿੱਚ ਝੋਨੇ ਦੀ ਆਮਦ ਨੇ ਰਫਤਾਰ ਫੜ ਲਈ ਹੈ। ਖਰੀਦ ਏਜੰਸੀਆਂ ਵੱਲੋਂ ਵੀ ਬਿਨਾਂ ਰੁਕਾਵਟ ਖਰੀਦ ਕੀਤੀ ਜਾ ਰਹੀ ਹੈ। ਸ੍ਰੀ ਅਨੰਦਪੁਰ ਸਾਹਿਬ ਵਿੱਚ ਚੱਲ ਰਹੀ ਝੋਨੇ ਦੀ ਖਰੀਦ ਪ੍ਰਕਿਰਿਆ ਸੁਚਾਰੂ ਢੰਗ ਨਾਲ ਚੱਲ ਰਹੀ ਹੈ।



ਇਹ ਜਾਣਕਾਰੀ ਜਸਪ੍ਰੀਤ ਸਿੰਘ ਉਪ ਮੰਡਲ ਮੈਜਿਸਟ੍ਰੇਟ ਸ੍ਰੀ ਅਨੰਦਪੁਰ ਸਾਹਿਬ ਨੇ ਦਿੱਤੀ। ਉਨ੍ਹਾਂ ਨੇ ਦੱਸਿਆ ਕਿ 22 ਅਕਤੂਬਰ 2025 ਤੱਕ ਕੁੱਲ 12 ਮੰਡੀਆਂ ਵਿੱਚ 12220 ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਹੈ, ਜਿਸ ਵਿੱਚੋਂ 12220 ਮੀਟ੍ਰਿਕ ਟਨ ਝੋਨਾ ਖਰੀਦਿਆ ਜਾ ਚੁੱਕਾ ਹੈ। 23 ਅਕਤੂਬਰ ਤੱਕ ਦੀ ਖਰੀਦ 12220 ਮੀਟ੍ਰਿਕ ਟਨ ਹੈ। 22 ਅਕਤੂਬਰ ਨੂੰ 1015 ਮੀਟ੍ਰਿਕ ਟਨ ਝੋਨੇ ਦੀ ਖਰੀਦ ਹੋਈ, ਜਿਸ ਵਿੱਚੋਂ 1015 ਮੀਟ੍ਰਿਕ ਟਨ ਝੋਨਾ ਸਰਕਾਰੀ ਏਜੰਸੀਆਂ ਵੱਲੋਂ ਖਰੀਦੀਆ ਗਿਆ। ਉਨ੍ਹਾਂ ਦੱਸਿਆ ਕਿ ਹੁਣ ਤੱਕ 8922 ਮੀਟ੍ਰਿਕ ਟਨ ਝੋਨੇ ਦੀ ਲਿਫਟਿੰਗ ਹੋ ਚੁੱਕੀ ਹੈ।ਸਕੱਤਰ ਮਾਰਕੀਟ ਕਮੇਟੀ ਨੇ ਦੱਸਿਆ ਕਿ ਸਾਰੀਆਂ ਖਰੀਦ ਏਜੰਸੀਆਂ ਵੱਲੋਂ ਕਿਸਾਨਾਂ ਨੂੰ ਸਮੇਂ-ਸਿਰ ਭੁਗਤਾਨ ਕੀਤਾ ਜਾ ਰਿਹਾ ਹੈ।

## ਅੱਖਾਂ ਦਾ ਚੈੱਕਅਪ ਕੈਂਪ ਭਲਕੇ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**


ਗੁਰੂ ਨਾਨਕ ਮੋਦੀਖਾਨਾ ਚੈਰੀਟੇਬਲ ਟਰੱਸਟ ਲੋਹੀਆਂ ਖ਼ਾਸ, ਗੁ: ਸਿੱਖ ਸੈਂਟਰ ਆਫ਼ ਸਿਆਟਲ ਅਮਰੀਕਾ ਅਤੇ ਸੋਚ ਸੈਂਟਰ ਸਿਆਟਲ ਅਮਰੀਕਾ ਵੱਲੋਂ ਮਿਸ਼ਨ: ਅੱਖਾਂ ਦੀ ਜੋਤ ਤਹਿਤ ਸੁਲਤਾਨਪੁਰ ਲੋਧੀ ਦੇ ਹੜ੍ਹ ਤੋਂ ਪ੍ਰਭਾਵਿਤ ਖੇਤਰ ਵਿੱਚ ਪਿੰਡ ਬਾਊਪੁਰ ਜਦੀਦ ਦੇ ਗੁ: ਬਾਬਾ ਤਾਰਾ ਸਿੰਘ ਜੀ ਬਾਬਾ ਹਰਦਿਆਲ ਸਿੰਘ ਜੀ ਵਿਖੇ 26 ਅਕਤੂਬਰ ਦਿਨ ਐਤਵਾਰ ਸਵੇਰੇ 9:30 ਵਜੇ ਤੋਂ ਦੁਪਹਿਰ 3 ਵਜੇ ਤੱਕ ਲਗਾਏ ਜਾ ਰਹੇ ਕੈਂਪ ਦੌਰਾਨ ਅੱਖਾਂ ਦੇ ਮਾਹਿਰ ਡਾਕਟਰ ਮਰੀਜ਼ਾਂ ਦੀਆਂ ਅੱਖਾਂ ਦਾ ਚੈੱਕਅਪ ਕਰਨਗੇ, ਉਪਰੰਤ ਚਿੱਟੇ ਮੋਤੀਏ ਤੋਂ ਪੀੜ੍ਹਤ ਮਰੀਜ਼ਾਂ ਦੇ ਮੁਫ਼ਤ ਅਪ੍ਰੇਸ਼ਨ ਪਿਮਸ ਹਸਪਤਾਲ ਜਲੰਧਰ ਵਿੱਚ ਕੀਤੇ ਜਾਣਗੇ। ਜਾਣਕਾਰੀ ਦਿੰਦਿਆਂ ਸਤਿੰਦਰ ਸਿੰਘ ਖ਼ਾਲਸਾ, ਸੁਖਜੀਤ ਸਿੰਘ, ਦਲਬੀਰ ਸਿੰਘ, ਅਮਰਜੀਤ ਸਿੰਘ ਨੇਂ ਦੱਸਿਆ ਕਿ ਸਮਾਜ ਸੇਵੀ ਸੰਸਥਾ 'ਸੋਚ ਸੈਂਟਰ ਸਿਆਟਲ' (ਅਮਰੀਕਾ) ਵੱਲੋਂ ਮਨੁੱਖਤਾ ਦੀ ਸੇਵਾ ਦੇ ਹਰੇਕ ਕਾਰਜ ਵਿੱਚ ਸਾਨੂੰ ਵਡਮੁੱਲਾ ਯੋਗਦਾਨ ਦਿੱਤਾ ਜਾਂਦਾ ਹੈ। ਮੌਜੂਦਾ ਕੈਂਪ ਦੌਰਾਨ ਅੱਖਾਂ ਦੀ ਦਵਾਈ ਅਤੇ ਐਨਕਾਂ ਮੁਫ਼ਤ ਦਿੱਤੀਆਂ ਜਾਣਗੀਆਂ, ਅਪ੍ਰੇਸ਼ਨ ਵਾਸਤੇ ਮਰੀਜ਼ਾਂ ਨੂੰ ਪਿਮਸ ਹਸਪਤਾਲ ਲਿਜਾਣ ਤੇ ਲਿਆਉਣ ਦੀ ਸੇਵਾ ਟਰੱਸਟ ਦੀਆਂ ਐਂਬੂਲੈਂਸਾਂ ਰਾਹੀਂ ਨਿਭਾਈ ਜਾਵੇਗੀ। ਇਸ ਮੌਕੇ ਅਮਨਦੀਪ ਸਿੰਘ ਅਤੇ ਸੁਖਵਿੰਦਰ ਸਿੰਘ ਵੀ ਮੌਜੂਦ ਸਨ।




## ਦੀਵਾਲੀ ਦਾ ਤਿਉਹਾਰ ਅਮਨ ਸ਼ਾਂਤੀ ਨਾਲ ਲੰਘਿਆ : ਡੀ ਐੱਸ ਪੀ



**ਫਿਲੌਰ, (ਨਿਰਮਲ)**- ਫਿਲੌਰ ਸਬ ਡਿਵੀਜ਼ਨ ਦੇ ਡੀ ਐੱਸ ਪੀ ਐਸ ਐਸ ਬਲ ਨੇ ਦੱਸਿਆ ਕਿ ਇਸ ਵਾਰ ਫਿਲੌਰ ਸਬ ਡਬੀਜ਼ਨ ਵਿੱਚ ਦਿਵਾਲੀ ਦਾ ਤਿਉਹਾਰ ਅਮਨ ਸ਼ਾਂਤੀ ਨਾਲ ਲੰਘਿਆ ਕਿਸੇ ਪਾਸਿਓਂ ਵੀ ਬੁਰੀ ਘਟਨਾ ਦਾ ਸਮਾਚਾਰ ਨਹੀਂ ਹੈ। ਫਿਲੌਰ ਇਲਾਕੇ ਵਿੱਚ ਭਾਰੀ ਗਿਣਤੀ ਵਿੱਚ ਪੁਲਸ ਤੈਨਾਤ ਕੀਤੀ ਗਈ ਸੀ ਜੋ ਦਿਨ ਰਾਤ ਗਸ਼ਤ ਕਰ ਰਹੀ ਸੀ ਤੇ ਭੈੜੇ ਅੰਨਸਰਾਂ ਤੇ ਕਰੜੀ ਨਜ਼ਰ ਰੱਖੀ ਹੋਈ ਸੀ। ਇਲਾਕੇ ਦੇ ਪੰਚਾਂ, ਸਰਪੰਚਾਂ, ਲੰਬੜਦਾਰਾਂ, ਪਤਵੰਤੇ ਸੱਜਣਾਂ ਦਾ ਵੀ ਪੁਲਸ ਨੂੰ ਸਹਿਯੋਗ ਸੀ ਇਸੇ ਕਾਰਨ ਇਲਾਕੇ ਵਿੱਚ ਤਿਉਹਾਰ ਪੁਰ ਅਮਨ ਬੀਤਿਆ। ਥਾਣਾ ਫਿਲੌਰ ਮੁਖੀ ਅਮਨ ਸੈਣੀ ਥਾਣਾ ਗੁਰਾਇਆ ਦੇ ਐੱਸ ਐੱਚ ਓ ਸਿਕੰਦਰ ਸਿੰਘ ਵਿਰਕ ਦੀ ਅਹਿਮ ਭੂਮਿਕਾ ਰਹੀ ਉਨ੍ਹਾਂ ਆਪਣੀ ਡਿਊਟੀ ਪੂਰੀ ਤਨਦੇਹੀ ਨਾਲ ਨਿਭਾਈ।




## ਗੁਰਮਿੰਦਰ ਸਿੰਘ ਨੇ ਵੇਟਲਿਫਟਿੰਗ ਮੁਕਾਬਲੇ 'ਚ ਜਿੱਤਿਆ ਸੋਨੇ ਦਾ ਤਗਮਾ



**ਗੁਰਾਇਆ (ਬਿੰਦਰ ਸੁਮਨ)**

ਸ੍ਰੀ ਹਨੁਮਤ ਇੰਟਰਨੈਸ਼ਨਲ ਪਬਲਿਕ ਸਕੂਲ, ਗੋਰਾਇਆ ਦੇ ਹੋਣਹਾਰ ਵਿਦਿਆਰਥੀ ਗੁਰਮਿੰਦਰ ਸਿੰਘ ਨੇ ਹਾਲ ਹੀ ਵਿੱਚ ਜੰਡਿਆਲਾ ਵਿੱਚ ਹੋਏ ਜ਼ਿਲ੍ਹਾ ਪੱਧਰੀ ਵੈਟਲਿਫਟਿੰਗ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ 79 ਕਿਲੋਗ੍ਰਾਮ ਭਾਰ ਸ਼੍ਰੇਣੀ ਵਿੱਚ ਸੋਨੇ ਦਾ ਤਗਮਾ ਹਾਸਲ ਕੀਤਾ।ਇਸ ਮੁਕਾਬਲੇ ਵਿੱਚ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ ਤੋਂ ਕਈ ਪ੍ਰਤੀਭਾਵਾਨ ਵਿਦਿਆਰਥੀਆਂ ਨੇ ਹਿੱਸਾ ਲਿਆ। ਸਖ਼ਤ ਮੁਕਾਬਲੇ ਦੇ ਬਾਵਜੂਦ, ਗੁਰਮਿੰਦਰ ਸਿੰਘ ਨੇ ਆਪਣੇ ਮਿਹਨਤ, ਸਮਰਪਣ ਅਤੇ ਦ੍ਰਿੜ ਨਿਸ਼ਚੇ ਦੇ ਜ਼ਰੀਏ ਸਭ ਨੂੰ ਪਿੱਛੇ ਛੱਡਦੇ ਹੋਏ ਇਹ ਕਾਮਯਾਬੀ ਪ੍ਰਾਪਤ ਕੀਤੀ।ਸਕੂਲ ਦੀ ਪ੍ਰਿੰਸੀਪਲ ਮੈਡਮ ਆਰਤੀ ਸੋਬਤੀ ਨੇ ਇਸ ਉਪਲਬਧੀ 'ਤੇ ਮਾਣ ਪ੍ਰਗਟਾਉਂਦੇ ਹੋਏ ਕਿਹਾ, ਗੁਰਮਿੰਦਰ ਸਿੰਘ ਨੇ ਸਾਬਤ ਕਰ ਦਿੱਤਾ ਹੈ ਕਿ ਲਗਾਤਾਰ ਅਭਿਆਸ ਅਤੇ ਆਤਮਵਿਸ਼ਵਾਸ ਨਾਲ ਕੋਈ ਵੀ ਮੰਜ਼ਿਲ ਅਸੰਭਵ ਨਹੀਂ ਰਹਿੰਦੀ। ਉਸਦੀ ਇਹ ਕਾਮਯਾਬੀ ਹੋਰ ਵਿਦਿਆਰਥੀਆਂ ਲਈ ਪ੍ਰੇਰਣਾ ਦਾ ਸਰੋਤ ਬਣੇਗੀ। ਸਕੂਲ ਪ੍ਰਬੰਧਕ ਕਮੇਟੀ, ਅਧਿਆਪਕਾਂ ਅਤੇ ਸਾਰੇ ਵਿਦਿਆਰਥੀਆਂ ਨੇ ਗੁਰਮਿੰਦਰ ਸਿੰਘ ਨੂੰ ਇਸ ਸ਼ਾਨਦਾਰ ਉਪਲਬਧੀ ਲਈ ਦਿਲੋਂ ਵਧਾਈ ਦਿੱਤੀ ਅਤੇ ਉਸਦੇ ਚਮਕਦਾਰ ਭਵਿੱਖ ਲਈ ਸ਼ੁਭਕਾਮਨਾਵਾਂ ਪ੍ਰਗਟ ਕੀਤੀਆਂ। ਇਸ ਮੌਕੇ 'ਤੇ ਸਕੂਲ ਦੇ ਕੋਚ ਬੂਬਲ, ਨਿਖਿਲ ਅਤੇ ਸੁਖਪ੍ਰੀਤ ਵੀ ਹਾਜ਼ਰ ਸਨ, ਜਿਨ੍ਹਾਂ ਦੀ ਪ੍ਰਿੰਸੀਪਲ ਨੇ ਵਿਸ਼ੇਸ਼ ਪ੍ਰਸ਼ੰਸਾ ਕੀਤੀ।

## ਵਿਸ਼ਵਕਰਮਾ ਦਿਵਸ ਮਨਾਇਆ



**ਚੰਡੀਗੜ੍ਹ (ਗੁਰਜੀਤ ਬਿੱਲਾ)**-ਸ਼੍ਰੀ ਵਿਸ਼ਵਕਰਮਾ ਸਭਾ ਰਜਿਸਟਰਡ ਦੁਆਰਾ ਸ਼੍ਰੀ ਵਿਸ਼ਵਕਰਮਾ ਪੂਜਾ ਦਿਵਸ ਪਿੰਡ ਪਲਸੌਰਾ ਯੂ ਟੀ ਚੰਡੀਗੜ੍ਹ ਵਿਖੇ ਹਜ਼ਾਰਾਂ ਦੀ ਗਿਣਤੀ ਵਿੱਚ ਪਹੁੰਚੀ ਸੰਗਤ ਦੁਆਰਾ ਸ਼ਰਧਾਪੂਰਵਕ ਅਤੇ ਧੂਮਧਾਮ ਨਾਲ਼ ਮਨਾਇਆ ਗਿਆ। ਇਸ ਵਿੱਚ ਮੁੱਖ ਮਹਿਮਾਨ ਸਰਦਾਰ ਸਤਨਾਮ ਸਿੰਘ ਸੰਧੂ ਪਾਰਲੀਮੈਂਟ ਮੈਂਬਰ ਤੇ ਚੰਡੀਗੜ੍ਹ ਯੂਨੀਵਰਸਿਟੀ ਦੇ ਚਾਂਸਲਰ ਪਹੁੰਚੇ। ਵਿਸ਼ੇਸ਼ ਮਹਿਮਾਨਾਂ ਵਿੱਚ ਅਨਿਲ ਦੂਬੇ ਸਾਬਕਾ ਡਿਪਟੀ ਮੇਅਰ, ਦਰਸ਼ਨ ਗਰਗ, ਦਲਜੀਤ ਲੰਬੜਦਾਰ, ਬਲਬੀਰ ਚੰਦ, ਮਨਦੀਪ ਸਿੰਘ ਧੀਮਾਨ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੌਕੇ ਤੇ ਸਵੇਰੇ ਹਵਨ ਕਰਨ ਤੋਂ ਬਾਅਦ ਸ਼ਰਧਾਲੂਆਂ ਦੁਆਰਾ ਸ੍ਰੀ ਵਿਸ਼ਵਕਰਮਾ ਭਗਵਾਨ ਦੇ ਦਰਸ਼ਨ ਕਰਕੇ ਪੂਜਾ ਅਰਾਧਨਾ ਕੀਤੀ। ਸੰਗਤਾਂ ਲਈ ਚਾਹ ਬਰੈਡ ਪਕੋੜਿਆਂ ਦਾ ਲੰਗਰ ਲਗਾਇਆ ਗਿਆ। ਸ੍ਰੀ ਵਿਸ਼ਵਕਰਮਾ ਦੀ ਉਸਤਤ ਵਿੱਚ ਢਾਡੀ ਜੱਥਿਆਂ ਦੁਆਰਾ ਵਾਰਾਂ ਗਾਈਆਂ ਗਈਆ। ਹੁਸ਼ਿਆਰ ਮਾਹੀ, ਰਮਨ ਸੱਗੂ, ਲੱਖਵੀਰ ਲੱਖਾ, ਜਸਪ੍ਰੀਤ ਜੱਸੀ, ਮਿਸ ਰੰਜਨਾ, ਬਲਦੇਵ ਕਾਕੜੀ, ਹਰਿੰਦਰ ਹਰ, ਦਿਵਯਾ ਜੁਗਨੀ ਕਲਾਕਾਰਾਂ ਵੱਲੋ ਧਾਰਮਿਕ ਤੇ ਸੱਭਿਆਚਾਰ ਗਾਣਿਆਂ ਦੁਆਰਾ ਬਾਬਾ ਜੀ ਦਾ ਗੁਣਗਾਨ ਕੀਤਾ ਗਿਆ। ਦੁਪਹਿਰ ਸਮੇਂ ਵਿਸ਼ੇਸ਼ ਤੌਰ 'ਤੇ ਤਿਆਰ ਕੀਤਾ ਗਿਆ ਲੰਗਰ ਸੰਗਤਾਂ ਵਿੱਚ ਵਰਤਾਇਆ ਗਿਆ। ਮਹਿਲਾਂ ਕੀਰਤਨ ਮੰਡਲੀ ਵੱਲੋ ਵਿਸ਼ੇਸ਼ ਪ੍ਰੋਗਰਾਮ ਕਰਕੇ ਆਈਆਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਵਿਸ਼ੇਸ਼ ਮੌਕੇ ਤੇ ਪ੍ਰਧਾਨ ਦਿਲਬਾਗ਼ ਸਿੰਘ, ਉਪ ਪ੍ਰਧਾਨ ਭਜਨ ਲਾਲ, ਸਕੱਤਰ ਮੁਲਖ ਰਾਜ, ਚੇਅਰਮੈਨ ਅਸ਼ੋਕ ਕੁਮਾਰ ਕੈਸ਼ੀਅਰ ਓਮ ਪ੍ਰਕਾਸ਼, ਕਾਰਜਕਾਰੀ ਮੈਂਬਰ ਸੁਰਜੀਤ ਰਾਮ, ਚੰਨਣ ਰਾਮ, ਕੁਲਵੰਤ ਸਿੰਘ ਅਮਰਜੀਤ ਸਿੰਘ ਅਤੇ ਜਸਵਿੰਦਰ ਕੁਮਾਰ ਜੀ ਹਾਜ਼ਰ ਸਨ।